ਸ਼ੁੱਕਰਵਾਰ, 30 ਅਕਤੂਬਰ, 2026
14 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 150

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • FRIDAY, 30 OCTOBER, 2026   ਜਲੰਧਰ   YouTube nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

ਜਮਾਤੀ ਸੰਘਰਸ਼ 'ਤੇ ਟੇਕ ਰੱਖਦਿਆਂ ਲੋਕ ਵਿਰੋਧੀ ਸਰਕਾਰਾਂ ਨੂੰ ਬੇਨਕਾਬ ਕਰਨ ਦਾ ਸੱਦਾ

ਆਰ ਐੱਸ ਐੱਸ ਹਿਟਲਰੀ ਨੀਤੀਆਂ ਨੂੰ ਇੰਨ-ਬਿੰਨ ਲਾਗੂ ਕਰਨ 'ਚ ਗਲਤਾਨ : ਧਾਲੀਵਾਲ; ਅੰਦੋਲਨ ਨਵੀਂ ਕਰਵਟ ਲੈ ਰਿਹੈ : ਅਰਸ਼ੀ; ਮੌਜੂਦਾ ਸਿਸਟਮ ਬਦਲਣਾ ਪੈਣਾ : ਬਰਾੜ, ਗੋਰੀਆ

ਧਾਲੀਵਾਲ ਪੰਜਾਬ ਏਟਕ ਦੇ ਪ੍ਰਧਾਨ, ਆਸਲ ਜਨਰਲ ਸਕੱਤਰ, ਸੁਖਦੇਵ ਸ਼ਰਮਾ ਵਰਕਿੰਗ ਪ੍ਰਧਾਨ ਚੁਣੇ ਗਏ

ਚੰਡੀਗੜ੍ਹ (ਗਿਆਨ ਸੈਦਪੁਰੀ)

'ਦੇਸ਼ ਦੇ ਲੋਕਾਂ ਦਾ ਧਨ ਲੁੱਟ ਕੇ ਕਾਰਪੋਰੇਟਾਂ ਨਾਲ ਯਰਾਨਾ ਪਾਲਦਿਆਂ ਮੋਦੀ ਸਰਕਾਰ ਬੇਰੁਜ਼ਗਾਰੀ, ਗਰੀਬੀ, ਭੁੱਖਮਰੀ ਤੇ ਹੋਰ ਅਨੇਕਾਂ ਮੁਸੀਬਤਾਂ ਦੀ ਜਨਮਦਾਤੀ ਬਣ ਗਈ ਹੈ। ਇੱਥੇ ਹੀ ਬਸ ਨਹੀਂ ਲਗਾਤਾਰ ਨਫਰਤੀ ਪ੍ਰਚਾਰ ਰਾਹੀਂ ਵੱਖ-ਵੱਖ ਭਾਈਚਾਰਿਆਂ ਦਰਮਿਆਨ ਦੀਵਾਰਾਂ ਖੜੀਆਂ ਕੀਤੀਆਂ ਜਾ ਰਹੀਆਂ ਹਨ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਏਟਕ ਆਗੂ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕੀਤਾ। ਉਹ ਇੱਥੇ ਚੱਲ ਰਹੀ ਏਟਕ ਦੀ 21ਵੀਂ ਸੂਬਾ ਕਾਨਫਰੰਸ ਦੇ ਦੂਸਰੇ ਸੈਸ਼ਨ ਵਿੱਚ ਰਿਪੋਰਟ ਪੇਸ਼ ਕਰ ਰਹੇ ਸਨ। ਉਹਨਾ ਮੋਦੀ ਸਰਕਾਰ ਦੀਆਂ ਬਦਨੀਤੀਆਂ, ਇਸ ਦੇ ਖਾਸਾ ਅਤੇ ਮੁਲਕ ਅੰਦਰ ਬਣਾਏ ਬੇਹੱਦ ਅਣਸੁਖਾਵੇਂ ਮਾਹੌਲ ਦੀ ਗੱਲ ਕਰਦਿਆਂ ਕਿਹਾ ਕਿ ਇਸ ਦੀ ਡੋਰ ਆਰ ਐੱਸ ਐੱਸ ਦੇ ਹੱਥ ਵਿੱਚ ਹੈ। ਆਰ ਐੱਸ ਐੱਸ ਹਿਟਲਰ ਦੀਆਂ ਤਾਨਾਸ਼ਾਹੀ ਨੀਤੀਆਂ ਨੂੰ ਇੰਨ-ਬਿੰਨ ਲਾਗੂ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡ ਰਿਹਾ। ਸਰਕਾਰ ਵੱਲੋਂ ਸਕੂਲਾਂ/ਕਾਲਜਾਂ ਦੀਆਂ ਕਿਤਾਬਾਂ ਵਿੱਚੋਂ ਪੁਰਾਣੇ ਇਤਿਹਾਸ ਨੂੰ ਕੱਢ ਕੇ ਖਾਸ ਖਿੱਤਿਆਂ ਦੀ ਭਾਸ਼ਾ, ਜੋ ਉਥੇ ਵਸਦੇ ਲੋਕਾਂ ਦੀ ਸੱਭਿਆਚਾਰਕ ਤੇ ਸਮਾਜਿਕ ਪਛਾਣ ਹੁੰਦੀ ਹੈ, ਨੂੰ ਖਤਮ ਕਰਨ ਦਾ ਕੁਚੱਜ ਕੀਤਾ ਜਾ ਰਿਹਾ ਹੈ।

ਇਸ ਦੇ ਨਾਲ ਹੀ ਲੋਕਾਂ ਦਾ ਪੈਸਾ ਖੋਹ ਕੇ ਧਨ ਕੁਬੇਰਾਂ ਦੀਆਂ ਤਿਜੌਰੀਆਂ ਨੂੰ ਹੋਰ ਭਰਿਆ ਜਾ ਰਿਹਾ ਹੈ। ਕਾਮਰੇਡ ਧਾਲੀਵਾਲ ਨੇ ਮਿਸਾਲ ਦਿੱਤੀ ਗਈ ਕਾਰਪੋਰੇਟ ਘਰਾਣਿਆਂ ਦਾ 18 ਲੱਖ ਕਰੋੜ ਰੁਪਇਆ ਮਾਫ ਕਰ ਦਿੱਤਾ ਗਿਆ ਹੈ। ਇਸ ਸੰਬੰਧ ਵਿੱਚ ਪਿਛਲੇ ਦਿਨਾਂ ਦੀ ਇੱਕ ਉਘੜਵੀਂ ਉਦਾਹਰਨ ਦਿੰਦਿਆਂ ਉਨ੍ਹਾ ਕਿਹਾ ਕਿ ਸੁਭਾਸ਼ ਚੰਦਰਾ ਦੇ ਬਾਈ ਹਜ਼ਾਰ ਛੇ ਕਰੋੜ ਕਰਜ਼ੇ ਵਿੱਚੋਂ ਸਿਰਫ ਛੇ ਕਰੋੜ ਲੈ ਕੇ 22 ਹਜ਼ਾਰ ਕਰੋੜ ਸਾਫ ਕਰ ਦਿੱਤਾ ਹੈ। ਉਹਨਾ ਜਮਹੂਰੀਅਤ ਦੇ ਘਾਣ ਤੋਂ ਲੈ ਕੇ ਡੇਰਾਵਾਦ ਕੁਚੱਕਰਾਂ ਦਾ ਜ਼ਿਕਰ ਕਰਦਿਆਂ ਹੋਕਾ ਦਿੱਤਾ ਕਿ ਜਮਾਤੀ ਸੰਘਰਸ਼ 'ਤੇ ਟੇਕ ਰੱਖਦਿਆਂ ਲੋਕ ਵਿਰੋਧੀ ਸਰਕਾਰਾਂ ਨੂੰ ਲੋਕ ਕਚਹਿਰੀ ਵਿੱਚ ਬੇਨਕਾਬ ਕਰਨ ਦਾ ਅਹਿਦ ਕੀਤਾ ਜਾਵੇ। ਕਾਮਰੇਡ ਧਾਲੀਵਾਲ ਨੇ ਅੰਤਰਰਾਸ਼ਟਰੀ ਅਤੇ ਪੰਜਾਬ ਦੇ ਹਾਲਾਤ ਦਾ ਵੀ ਰਿਪੋਰਟ ਵਿੱਚ ਜ਼ਿਕਰ ਕੀਤਾ। ਉਨ੍ਹਾ ਸਤੰਬਰ 2022 ਤੋਂ ਲੈ ਕੇ 21 ਅਕਤੂਬਰ 2020 ਤੱਕ ਪੰਜਾਬ ਏਟਕ ਦੀਆਂ ਸਰਗਰਮੀਆਂ ਦੀ ਵੀ ਜਾਣਕਾਰੀ ਦਿੱਤੀ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਵੀ ਚਾਨਣਾ ਪਾਇਆ।

ਇਸ ਦੌਰਾਨ ਸੀ ਪੀ ਆਈ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ, ਸਾਬਕਾ ਵਿਧਾਇਕ • ਬਾਕੀ ਸਫਾ 2 'ਤੇ

ਅੱਜ ਜੋਸ਼ੋ-ਖਰੋਸ਼ ਨਾਲ ਸ਼ੁਰੂ ਹੋਏਗਾ 'ਮੇਲਾ ਗ਼ਦਰੀ ਬਾਬਿਆਂ ਦਾ'

ਜਲੰਧਰ (ਕੇਸਰ)

ਦੇਸ਼ ਭਗਤ ਯਾਦਗਾਰ ਹਾਲ ਦਾ ਮਨਮੋਹਕ ਦ੍ਰਿਸ਼, ਮੇਲੇ 'ਚ ਸਜੇ ਪੰਡਾਲ, ਝੰਡੇ ਦੇ ਗੀਤ ਸਮੇਤ ਹਾਲ ਵਿੱਚ ਚੱਲ ਰਹੀਆਂ ਵੰਨ-ਸੁਵੰਨੀਆਂ ਕਲਾ-ਕਿਰਤਾਂ ਦੀਆਂ ਤਿਆਰੀਆਂ 'ਚ ਗ਼ਦਰੀ, ਬੱਬਰ ਅਕਾਲੀ, ਕਾਕੋਰੀ ਕਾਂਡ ਅਤੇ ਨੌਜਵਾਨ ਭਾਰਤ ਸਭਾ ਦੇ ਇਤਿਹਾਸ ਦੀਆਂ ਪ੍ਰਭਾਵਸ਼ਾਲੀ ਝਲਕਾਂ ਲੋਕਾਂ ਨੂੰ ਅਜੋਕੀਆਂ ਚੁਣੌਤੀਆਂ ਨਾਲ ਜੂਝਣ ਦੀ ਪ੍ਰੇਰਨਾ ਦੇਣਗੀਆਂ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ

ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ ਨੂੰ ਸਮਰਪਤ ਮੇਲੇ 'ਚ ਬੱਬਰਾਂ ਦੇ ਪਿੰਡਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਏਗਾ। ਬੱਬਰਾਂ ਦੇ ਪਿੰਡਾਂ ਵੱਲੋਂ ਮੇਲੇ ਦੇ ਲੰਗਰ ਲਈ ਰਾਸ਼ਨ ਲੈ ਕੇ ਜੱਥਿਆਂ ਦੇ ਜੱਥੇ ਪੁੱਜ ਰਹੇ ਹਨ। ਚਿੱਤਰਕਲਾ, ਫੋਟੋ ਕਲਾ, ਪੁਸਤਕ ਪ੍ਰਦਰਸ਼ਨੀ ਅਤੇ ਪੈਨਲ ਵਿਚਾਰ-ਚਰਚਾ ਨਾਲ 30 ਅਕਤੂਬਰ 2 ਵਜੇ ਤੋਂ ਸ਼ਮ੍ਹਾਂ ਰੌਸ਼ਨ ਕਰਕੇ ਸ਼ੁਰੂ ਹੋਣ ਵਾਲਾ ਮੇਲਾ ਲੋਕਾਂ ਦੇ ਚੇਤਿਆਂ ਦੀ ਪਟਾਰੀ 'ਚ ਅਭੁੱਲ ਯਾਦ ਬਣੇਗਾ।

31 ਅਕਤੂਬਰ ਨੂੰ ਕੁਇਜ਼, ਪੇਂਟਿੰਗ ਮੁਕਾਬਲਾ, ਦੁਪਹਿਰ ਵੇਲੇ ਤਰਕਸ਼ੀਲ • ਬਾਕੀ ਸਫਾ 2 'ਤੇ

ਸਾਬਕਾ ਕਾਂਗਰਸੀਆਂ ਨੇ ਸ਼ਾਹ ਨੂੰ ਮਨਾਇਆ!

ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ, ਸੁਨੀਲ ਜਾਖੜ, ਵਿਜੈ ਸਾਂਪਲਾ ਅਤੇ ਹੋਰ ਭਾਜਪਾ ਆਗੂਆਂ ਨਾਲ ਚਚੇਰੇ ਭਰਾ ਤੇ ਭਾਜਪਾ ਦੇ ਕੌਮੀ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਦੀ ਧੀ ਦੇ ਵਿਆਹ ਦੀ ਰਿਸੈਪਸ਼ਨ 'ਚ।

ਨਵੀਂ ਦਿੱਲੀ : ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਵਿਚਾਲੇ ਗੱਠਜੋੜ ਦੇ ਚਰਚੇ ਭਾਵੇਂ ਹੁਣ ਜ਼ੋਰ ਫੜ ਰਹੇ ਹਨ, ਪਰ ਭਾਜਪਾ ਦੇ ਚਾਰ ਆਗੂ ਅਜਿਹੇ ਹਨ, ਜਿਨ੍ਹਾਂ ਲਗਾਤਾਰ ਇਸ ਸਮਝੌਤੇ ਦੀ ਵਕਾਲਤ ਕੀਤੀ, ਉਹ ਵੀ ਉਸ ਵੇਲੇ, ਜਦੋਂ ਪਾਰਟੀ ਹਾਈਕਮਾਂਡ ਇਸ ਦੇ ਬਿਲਕੁਲ ਵੀ ਹੱਕ ਵਿੱਚ ਨਹੀਂ ਸੀ। ਸੂਤਰਾਂ ਮੁਤਾਬਕ ਇਸ ਸਾਲ 13 ਜੂਨ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਵਿੱਚ ਪੰਜਾਬ ਭਾਜਪਾ ਦੇ ਸੀਨੀਅਰ ਆਗੂਆਂ ਦੀ ਪਹਿਲੀ ਰਣਨੀਤਕ ਮੀਟਿੰਗ 'ਚ ਸ਼ਾਹ ਗੱਠਜੋੜ ਨਾ ਕਰਨ ਦੇ ਸਭ ਤੋਂ • ਬਾਕੀ ਸਫਾ 2 'ਤੇ

ਨਸ਼ਾ ਨੈੱਟਵਰਕ ਤੋੜਨ ਲਈ ਮੁਤਹਿਦਾ ਸੰਘਰਸ਼ ਦੀ ਲੋੜ : ਅਰਸ਼ੀ

ਮਾਨਸਾ (ਆਤਮਾ ਸਿੰਘ ਪਮਾਰ)-'ਸੂਬਾ ਸਰਕਾਰ ਦੀ ਬੇਕਿਰਕੀ ਤੇ ਬੇਧਿਆਨੀ ਕਾਰਨ ਨਸ਼ੇ ਪੰਜਾਬ ਦੀ ਜਵਾਨੀ ਨੂੰ ਲਗਾਤਾਰ ਆਪਣੀ ਲਪੇਟ 'ਚ ਲੈ ਰਹੇ ਹਨ, ਪ੍ਰੰਤੂ ਸਰਕਾਰ ਇਸ 'ਤੇ ਕੋਈ ਠੋਸ ਫ਼ੈਸਲਾ ਲੈਣ ਦੀ ਬਜਾਏ ਸੂਬੇ ਨੂੰ ਪੁਲਸ ਰਾਜ ਵੱਲ ਤੋਰ ਰਹੀ ਹੈ, ਜਿਸ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਜਾਣੀ ਚਾਹੀਦੀ ਹੈ। ਨਸ਼ੇ ਖਿਲਾਫ਼ ਤੇ

ਪਰਵਿੰਦਰ ਸਿੰਘ ਝੋਟੇ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਪਿਛਲੇ 17 ਦਿਨਾਂ ਤੋਂ ਚੱਲ ਰਿਹਾ ਇਹ ਮੰਚ ਕਿਸੇ ਇੱਕ ਧੜੇ ਜਾਂ ਧਿਰ ਦਾ ਨਹੀਂ, ਬਲਕਿ ਸਰਬ-ਸਾਂਝੇ ਸੰਘਰਸ਼ ਤੇ ਏਕਤਾ ਦਾ ਪ੍ਰਤੀਕ ਹੈ।' ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾ ਕਿਹਾ ਕਿ ਬੇਸ਼ੱਕ ਡਰੱਗ ਮਾਫੀਆ, ਨਸ਼ਾ ਤਸਕਰਾਂ ਤੇ ਸਿਸਟਮ ਦਾ ਦਾਇਰਾ ਵੱਡੀ ਪੱਧਰ 'ਤੇ ਆਪਣੇ • ਬਾਕੀ ਸਫਾ 2 'ਤੇ

ਅੱਜ-ਨਾਮਾ

ਪਾਰਟੀ ਮੀਟਿੰਗਾਂ ਦਾ ਦੌਰ ਸ਼ੁਰੂ ਹੋਇਆ,
ਸੂਚੀਆਂ ਲੱਗੇ ਨੇ ਕਰਨ ਤਿਆਰ ਮੀਆਂ।
ਜਿੱਥੋਂ ਜੀਹਨੂੰ ਵੀ ਚੋਣ ਲੜਵਾਈ ਜਾਣੀ,
ਦੇਣਾ ਹੈ ਆਖ ਉਹ ਕਰੇ ਪ੍ਰਚਾਰ ਮੀਆਂ।
ਕਿਹੜੀ ਸੀਟ ਲਈ ਅਜੇ ਤਾਂ ਚੁੱਪ ਚੰਗੀ,
ਕਹਾਂਗੇ ਹੁੰਦੀ ਬੱਸ ਪਈ ਵਿਚਾਰ ਮੀਆਂ।
ਜਨਤਕ ਅਸਰ ਦਾ ਕਿੱਥੇ ਹੈ ਜ਼ੋਰ ਦੇਣਾ,
ਵੇਖਣਾ ਕਿੱਥੇ ਆ ਉੱਚ ਮਿਆਰ ਮੀਆਂ।
ਕੀਹਦੀ ਟਿਕਟ ਪੱਕੀ ਪਰ ਚੁੱਪ ਰਹਿਣਾ,
ਦੇਣਾ ਗੱਲੀਂ ਹੈ ਕਿਹੜੇ ਨੂੰ ਟਾਲ ਮੀਆਂ।
ਆਪਣੇ ਕੋਲ ਨਾ ਕਿਹੜੇ ਥਾਂ ਯੋਗ ਬੰਦਾ,
ਹੁੰਦੀ ਕਿਸੇ ਦਲਬਦਲੂ ਦੀ ਭਾਲ ਮੀਆਂ।

-ਤੀਸ ਮਾਰ ਖਾਂ

ਕਿਸਾਨ ਖੁਦਕੁਸ਼ੀਆਂ ਰੋਕਣ ਦਾ ਸ਼ਿਵ ਸੈਨਿਕੀ ਨੁਸਖਾ

ਮੁੰਬਈ : ਮਹਾਰਾਸ਼ਟਰ ਦੀ ਸੱਤਾ ਵਿੱਚ ਭਾਈਵਾਲ ਸ਼ਿਵ ਸੈਨਾ ਦੇ



ਬੁਲਢਾਣਾ ਤੋਂ ਵਿਧਾਇਕ ਸੰਜੇ ਗਾਇਕਵਾੜ ਨੇ ਕਿਸਾਨ ਖੁਦਕੁਸ਼ੀਆਂ ਰੋਕਣ ਦਾ ਅਨੋਖਾ ਨੁਸਖਾ ਕੱਢਿਆ ਹੈ। ਉਸ ਦਾ ਕਹਿਣਾ ਹੈ ਕਿ ਜੇ ਕੋਈ ਵੀ ਕਿਸਾਨ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਨਹੀਂ ਹੁੰਦਾ ਅਤੇ ਜਾਨਵਰ ਲਾਸ਼ ਨੂੰ ਖਾਂਦੇ ਹਨ ਤਾਂ ਇਹ ਖੁਦਕੁਸ਼ੀ ਬਾਰੇ ਸੋਚ ਰਹੇ ਦੂਜਿਆਂ ਨੂੰ ਨਤੀਜਿਆਂ ਦਾ ਅਹਿਸਾਸ ਕਰਵਾ ਸਕਦਾ ਹੈ ਅਤੇ ਉਨ੍ਹਾਂ ਨੂੰ ਆਪਣੀ ਜਾਨ ਲੈਣ ਤੋਂ ਰੋਕ ਸਕਦਾ ਹੈ। ਆਰ ਟੀ ਆਈ ਬੇਨਤੀ ਦੇ ਜਵਾਬ ਵਿੱਚ ਇਸ ਮਹੀਨੇ ਦੱਸੇ ਗਏ ਅੰਕੜਿਆਂ ਮੁਤਾਬਕ ਮਹਾਰਾਸ਼ਟਰ ਵਿੱਚ ਜਨਵਰੀ 2022 ਅਤੇ ਜੂਨ 2026 ਦੇ ਵਿਚਕਾਰ 13,928 ਕਿਸਾਨ ਖੁਦਕੁਸ਼ੀਆਂ ਦਰਜ ਕੀਤੀਆਂ ਗਈਆਂ, ਜੋ ਕਿ ਔਸਤਨ ਹਰ ਰੋਜ਼ ਅੱਠ ਤੋਂ ਵੱਧ ਅਜਿਹੀਆਂ ਮੌਤਾਂ ਹਨ।

ਵਾਰਾਨਸੀ 'ਚ ਭਾਜਪਾ ਨੂੰ ਗੋਲ ਆਂਡਾ

ਵਿਧਾਨ ਪ੍ਰੀਸ਼ਦ ਦੇ ਟੀਚਰਜ਼ ਤੇ ਗ੍ਰੈਜੂਏਟਸ ਹਲਕੇ 'ਚ ਸਪਾ ਉਮੀਦਵਾਰ ਜਿੱਤੇ

ਵਾਰਾਨਸੀ : ਸਮਾਜਵਾਦੀ ਪਾਰਟੀ (ਸਪਾ) ਨੇ ਵਾਰਾਨਸੀ ਡਵੀਜ਼ਨ ਦੀਆਂ ਦੋਵੇਂ ਵਿਧਾਨ ਪ੍ਰੀਸ਼ਦ (ਐੱਮ ਐੱਲ ਸੀ) ਸੀਟਾਂ ਆਪਣੇ ਨਾਂਅ ਕਰਕੇ ਭਾਜਪਾ ਨੂੰ ਵੱਡਾ ਸਿਆਸੀ ਝਟਕਾ ਦਿੱਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਲੋਕ ਸਭਾ ਹਲਕੇ ਵਿੱਚ ਭਾਜਪਾ ਲਈ ਇਹ ਹਾਰ ਸਿਆਸੀ ਪੱਖੋਂ ਕਾਫੀ ਅਹਿਮ ਮੰਨੀ ਜਾ ਰਹੀ ਹੈ। ਵਾਰਾਣਸੀ ਅਧਿਆਪਕ ਹਲਕੇ ਤੋਂ ਸਪਾ ਉਮੀਦਵਾਰ ਲਾਲ ਬਿਹਾਰੀ ਯਾਦਵ ਨੇ ਆਪਣੀ • ਬਾਕੀ ਸਫਾ 2 'ਤੇ

ਇੰਡੀਆ ਬਲਾਕ 'ਚ ਸ਼ਾਮਲ ਹੋ ਸਕਦੇ ਹਨ ਕਾਕਰੋਚ

ਨਵੀਂ ਦਿੱਲੀ : ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਨੇ ਇੰਡੀਆ ਬਲਾਕ ਦੀ ਪਹਿਲੀ ਨਵੰਬਰ ਦੀ ਰੈਲੀ ਦਾ ਸਮਰਥਨ ਕੀਤਾ ਹੈ। ਇਸ ਦੇ ਨੇਤਾ ਆਸ਼ੂਤੋਸ਼ ਰੰਕਾ ਨੇ ਕਿਹਾ ਕਿ ਪਾਰਟੀ ਸਮਰਥਕ ਰਾਮਲੀਲ੍ਹਾ ਮੈਦਾਨ ਵਿੱਚ ਰੈਲੀ ਵਿੱਚ ਸ਼ਾਮਲ ਹੋ ਸਕਦੇ ਹਨ। ਸੀ ਜੇ ਪੀ ਨੇ ਇੰਡੀਆ ਬਲਾਕ ਵਿੱਚ ਸ਼ਾਮਲ ਹੋਣ ਦਾ ਸੰਕੇਤ ਵੀ ਦਿੱਤਾ ਹੈ ਅਤੇ ਇਸ ਮਾਮਲੇ 'ਤੇ ਪਾਰਟੀ ਵਰਕਰਾਂ ਤੋਂ ਫੀਡਬੈਕ ਮੰਗਿਆ ਹੈ। ਇਸੇ ਦੌਰਾਨ, ਰਾਹੁਲ ਗਾਂਧੀ ਨੇ ਵੀਰਵਾਰ ਵਿਦਿਆਰਥੀ ਸੰਗਠਨਾਂ ਨੂੰ ਪਹਿਲੀ ਨਵੰਬਰ ਨੂੰ 'ਦਿੱਲੀ ਚਲੋ' ਮਾਰਚ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਪੁਲਸ ਤਸ਼ੱਦਦ ਤੋਂ ਘਬਰਾਉਣ ਦੀ ਕੋਈ ਲੋੜ ਨਹੀਂ। ਉਨ੍ਹਾ ਕਿਹਾ ਕਿ ਇਹ ਕਿਸੇ ਇੱਕ ਪਾਰਟੀ ਦਾ ਮਾਰਚ ਨਹੀਂ, ਸਗੋਂ ਭਾਰਤ ਦੀ ਆਤਮਾ ਨੂੰ ਬਚਾਉਣ ਲਈ ਮਾਰਚ ਹੈ।



Extract of Unaudited Financial Results for the Quarter and Half Year Ended September 30, 2026

(₹ in lacs except otherwise stated)

Sr. No.	Particulars	Quarter Ended			Half Year Ended		Year Ended
		September 30, 2026	June 30, 2026	September 30, 2025	September 30, 2026	September 30, 2025	March 31, 2026
		Unaudited	Unaudited	Unaudited	Unaudited	Unaudited	Audited
1.	Total Income from Operations	33,095	31,430	27,960	64,525	54,956	1,14,687
2.	Net Profit/(Loss) for the period (before Tax, Exceptional and/or Extraordinary items)	6,189	5,500	4,637	11,689	8,888	18,880
3.	Net Profit/(Loss) for the period before tax (after Exceptional and/or Extraordinary items)	6,189	5,500	4,637	11,689	8,888	18,880
4.	Net Profit/(Loss) for the period after tax (after Exceptional and/or Extraordinary items)	4,561	4,130	3,489	8,691	6,690	14,139
5.	Total Comprehensive Income for the period [Comprising Profit/(Loss) for the period (after tax) and Other Comprehensive Income (after tax)] [refer note (ii)]	-	-	-	-	-	-
6.	Paid-up Equity Share Capital	4,547	4,547	4,529	4,547	4,529	4,542
7.	Reserves (excluding Revaluation Reserve) as shown in the Audited Balance sheet of the previous Year						1,41,561
8.	Securities Premium Account	71,058	71,058	70,177	71,058	70,177	70,889
9.	Net worth[1]	1,51,050	1,48,041	1,38,551	1,51,050	1,38,551	1,44,938
10.	Paid-up Debt Capital/ Outstanding Debt	86,376	68,559	57,685	86,376	57,685	49,943
11.	Outstanding Redeemable Preference Shares[2]	-	-	-	-	-	-
12.	Debt Equity Ratio[3]	0.57	0.46	0.41	0.57	0.41	0.34
13.	Earnings per share (of ₹10/- each) (for continuing operations)						
	13.1 Basic ₹ (non-annualised)	10.03	9.09	7.70	19.12	14.78	31.20
	13.2 Diluted ₹ (non-annualised)	9.98	9.06	7.67	19.04	14.72	31.09
14.	Capital Redemption Reserve[4]	-	-	-	-	-	-
15.	Debenture Redemption Reserve[4]	-	-	-	-	-	-
16.	Debt Service Coverage Ratio[5]	-	-	-	-	-	-
17.	Interest Service Coverage Ratio[5]	-	-	-	-	-	-

1 *Net worth is computed as per the Reserve Bank of India ("RBI") Direction No. RBI/DOR/2025-26/189 DOR.CRE.REC.108/07-03-002/2025-26 on Reserve Bank of India (Small Finance Banks - Concentration Risk Management) Directions, 2025, dated November 28, 2025.*
2 *The Bank has not issued any redeemable preference shares.*
3 *The Bank follows the guidelines issued by the Reserve Bank of India (RBI) from time to time with regard to the Capital Adequacy Ratio. Accordingly, debt-equity ratio is not applicable on the Bank. However, the Debt Equity Ratio is calculated as total borrowings to share capital plus reserves & surplus.*
4 *As per the Companies Act, 2013, the Bank is not required to create capital/debenture redemption reserve.*
5 *Being a Banking Company, Disclosure is not applicable as per SEBI (Listing Obligations and Disclosure requirements) Regulations, 2015.*

Notes:
(i) The above is an extract of the detailed format of quarter and half year ended Financial Results filed with the Stock Exchanges under Regulation 33 of the SEBI (Listing Obligations and Disclosure Requirements) Regulations, 2015. The full format of the quarter and half year ended Financial Results are available on the websites of the Stock Exchanges, www.nseindia.com and www.bseindia.com and of the bank www.capital.bank.in.
(ii) Information related to the total comprehensive income and other comprehensive income are not furnished as Ind AS is not yet made applicable to Bank.
(iii) The figures of the current quarter and corresponding previous quarter represent the difference between the year-to-date figures up to the end of the current period and the published figures up to the end of the previous quarter.
(iv) Additional information:

Sr. No.	Particulars	Quarter Ended			Half Year Ended		Year Ended
		September 30, 2026	June 30, 2026	September 30, 2025	September 30, 2026	September 30, 2025	March 31, 2026
		Unaudited	Unaudited	Unaudited	Unaudited	Unaudited	Audited
1	Percentage of shares held by Government of India	-	-	-	-	-	-
2	Return on Assets[1] (annualised)	1.39%	1.30%	1.26%	1.35%	1.22%	1.23%
3	Operating Margin[2]	19.62%	20.47%	18.12%	20.03%	18.56%	18.62%
4	Net Profit Margin[3]	13.78%	13.14%	12.48%	13.47%	12.17%	12.33%
5	Total Debt to Total Assets[4]	6.45%	5.29%	5.04%	6.45%	5.04%	4.11%
6	Gross NPA (₹ in lacs)	23,060	22,438	21,327	23,060	21,327	22,041
7	Net NPA (₹ in lacs)	10,794	10,206	10,748	10,794	10,748	10,604
8	% of Gross NPA	2.36%	2.47%	2.70%	2.36%	2.70%	2.54%
9	% of Net NPA	1.12%	1.14%	1.38%	1.12%	1.38%	1.24%
10	Capital Adequacy ratio (%)	20.78%	21.58%	24.23%	20.78%	24.23%	22.31%
11	Tier-I Ratio (%)	18.46%	19.17%	20.91%	18.46%	20.91%	19.58%

1 *Return on Assets means the ratio of profit after tax to average monthly total assets.*
2 *Operating Margin means Operating profit before provisions and contingencies to the total income.*
3 *Net Profit Margin means Net Profit to total income.*
4 *Total Debt to Total Assets means the ratio of total borrowings to total assets.*

(v) The other line items referred in SEBI (Listing Obligations and Disclosure Requirements) Regulations, 2015, pertinent disclosures have been made to the Bombay Stock exchange and National Stock Exchange and can be accessed on the website of the Stock Exchange on www.bseindia.com, www.nseindia.com and the Bank's URL www.capital.bank.in.
(vi) The above result has been approved by the Board of Directors in its meeting held on October 29, 2026.

Date: October 29, 2026
Place: Jalandhar

For and on Behalf of the Board of Directors of
Capital Small Finance Bank Limited
Sd/-
Sarvjit Singh Samra
Managing Director & CEO
(DIN:00477444)

Capital Small Finance Bank
Vishwas Se Vikas Tak

Capital Small Finance Bank Limited (CIN: L65110PB1999PLC022634)
Regd. & Head Office: "MIDAS Corporate Park", 3rd Floor, 37 G.T. Road, Jalandhar, Punjab, INDIA - 144 001
Tel.: 0181-505 1111, 505 2222 | **E-mail:** investorrelations@capitalbank.co.in | www.capital.bank.in

Scan for detailed financials

Adfactors 479

ਵਿਜੀਲੈਂਸ ਬਿਊਰੋ ਵੱਲੋਂ ਕੈਂਬਰਿਜ ਕਾਨਵੈਂਟ ਸਕੂਲ 'ਚ ਜਾਗਰੂਕਤਾ ਸੈਮੀਨਾਰ

ਕੋਟ ਈਸੇ ਖਾਂ (ਅਰੋੜਾ)-ਕੈਂਬਰਿਜ ਕਾਨਵੈਂਟ ਸਕੂਲਵਿਖੇ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਸੈਮੀਨਾਰ ਲਾਇਆ ਗਿਆ। ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਾਉਣਾ ਅਤੇ ਉਨ੍ਹਾਂ ਨੂੰ ਇਮਾਨਦਾਰੀ, ਨੈਤਿਕਤਾ ਤੇ ਸੱਚਾਈ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ 'ਇਮਾਨਦਾਰੀ ਨਾਲ ਖੁਸ਼ਹਾਲੀ' ਦਾ ਸੰਦੇਸ਼ ਦਿੰਦਿਆਂ ਵਿਦਿਆਰਥੀਆਂ ਨੂੰ ਸਮਾਜ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਆਪਣੀ ਭੂਮਿਕਾ ਨਿਭਾਉਣ ਵਾਸਤੇ ਉਤਸ਼ਾਹਤ ਕੀਤਾ ਗਿਆ। ਸੈਮੀਨਾਰ ਦੌਰਾਨ ਵਿਜੀਲੈਂਸ ਬਿਊਰੋ ਦੇ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਸਮਝਾਇਆ ਕਿ ਭ੍ਰਿਸ਼ਟਾਚਾਰ ਕਿਸੇ ਵੀ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਵੱਡੀ ਰੁਕਾਵਟ ਹੈ।ਰਿਸ਼ਵਤਖੋਰੀ, ਅਧਿਕਾਰਾਂ ਦੀ ਦੁਰਵਰਤੋਂ ਅਤੇ ਸਰਕਾਰੀ ਕੰਮਾਂ ਵਿੱਚ ਬੇਨਿਯਮੀਆਂ ਨਾ ਸਿਰਫ਼ ਪ੍ਰਸ਼ਾਸਨਿਕ ਪ੍ਰਣਾਲੀ ਨੂੰ ਕਮਜ਼ੋਰ ਕਰਦੀਆਂ ਹਨ, ਸਗੋਂ ਆਮ ਲੋਕਾਂ ਦੇ ਅਧਿਕਾਰਾਂ ਤੇ ਵਿਸ਼ਵਾਸ ਨੂੰ ਵੀ ਠੇਸ ਪਹੁੰਚਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਇੱਕ ਇਮਾਨਦਾਰ ਅਤੇ ਜ਼ਿੰਮੇਵਾਰ ਸਮਾਜ ਦੀ ਸਿਰਜਣਾ ਲਈ ਹਰ ਨਾਗਰਿਕ ਦਾ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕ ਹੋਣਾ ਬਹੁਤ ਜ਼ਰੂਰੀ ਹੈ।ਵਿਜੀਲੈਂਸ ਟੀਮ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਕਿ ਜੇਕਰ ਕੋਈ ਵਿਅਕਤੀ ਰਿਸ਼ਵਤ ਦੀ ਮੰਗ ਕਰਦਾ ਹੈ, ਆਪਣੇ ਅਹੁਦੇ ਜਾਂ ਅਧਿਕਾਰਾਂ ਦੀ ਦੁਰਵਰਤੋਂ ਕਰਦਾ ਹੈ ਜਾਂ ਸਰਕਾਰੀ ਕੰਮਾਂ ਅਤੇ ਫੰਡਾਂ ਵਿੱਚ ਬੇਨਿਯਮੀਆਂ ਕਰਦਾ ਹੈ, ਤਾਂ ਇਸ ਸਬੰਧੀ ਵਿਜੀਲੈਂਸ ਬਿਊਰੋ ਫਿਰੋਜ਼ਪੁਰ ਰੇਂਜ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਇਸ ਤੋਂ ਇਲਾਵਾ, ਅਜਿਹੇ ਮਾਮਲਿਆਂ ਦੀ ਸ਼ਿਕਾਇਤ ਲਈ ਟੋਲ-ਫ੍ਰੀ ਨੰਬਰ 1800-1800-1000 ਅਤੇ ਵਟਸਐਪ ਨੰਬਰ 95012-00200 ਵੀ ਸਾਂਝੇ ਕੀਤੇ ਗਏ। ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਭ੍ਰਿਸ਼ਟਾਚਾਰ ਪ੍ਰਤੀ ਜਾਗਰੂਕ ਰਹਿਣ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਵਿਰੁੱਧ ਆਵਾਜ਼ ਉਠਾਉਣ ਲਈ ਪ੍ਰੇਰਿਤ ਕਰਨ।

ਕਲੱਸਟਰ ਬਰੇ 'ਚ ਹੋਈਆਂ ਸੈਂਟਰ ਪੱਧਰੀ ਖੇਡਾਂ

ਮਾਨਸਾ (ਆਤਮਾ ਸਿੰਘ ਪਮਾਰ)-ਸੈਂਟਰ ਬਰੇ ਦੀਆਂ ਸੈਂਟਰ ਪੱਧਰੀ ਖੇਡਾਂ ਸੈਂਟਰ ਹੈਡ ਟੀਚਰ ਮਨਦੀਪ ਸਿੰਘ ਬਰੇ ਦੀ ਅਗਵਾਈ 'ਚ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਵਿਖੇ ਹੋਈਆਂ।ਖੇਡਾਂ 'ਚ ਬੱਚਿਆਂ ਦੇ ਅਥਲੈਟਿਕਸ, ਯੋਗਾ, ਜਿਮਨਾਸਟਿਕ, ਕਰਾਟੇ, ਕਬੱਡੀ ਨੈਸ਼ਨਲ ਸਟਾਈਲ ਪੰਜਾਬ ਸਟਾਈਲ ਰਿਲੇਅ ਰੇਸ, ਰੱਸਾ ਕਸ਼ੀ, ਗੋਲਾ ਸੁੱਟਣਾ, ਲੰਬੀ ਛਾਲ ਆਦਿ ਮੁਕਾਬਲੇ ਕਰਵਾਏ ਗਏ।ਮੁਕਾਬਲਿਆਂ 'ਚ ਸੈਂਟਰ ਦੇ ਸਕੂਲਾਂ ਨੇ ਭਾਗ ਲਿਆ ਹੁਣ ਇਹ ਵਿਦਿਆਰਥੀ ਅੱਗੇ ਬਲਾਕ ਪੱਧਰੀ ਖੇਡਾਂ ਦਾ ਹਿੱਸਾ ਬਣਨਗੇ।ਯੋਗਾ, ਜਿਮਨਾਸਟਿਕ, ਕਰਾਟਿਆਂ ਤੇ ਅਹਿਮਦਪੁਰ ਸਕੂਲ ਦੇ ਬੱਚੇ ਕਾਬਜ ਰਹੇ।ਇਹਨਾ ਚ ਰੱਸ-ਕਸ਼ੀ ਦੇ ਫਸਵੇ ਮੁਕਾਬਲਿਆਂ 'ਚ ਮੰਢਾਲੀ ਦੀ ਟੀਮ ਨੇ ਨਰਿੰਦਰਪੁਰਾ ਦੀ ਟੀਮ ਨੂੰ ਹਰਾਇਆ।ਇਸੇ ਪ੍ਰਕਾਰ ਹੀ ਕਬੱਡੀ ਦੇ ਮੁਕਾਬਲਿਆਂ 'ਚ ਨਰਿੰਦਰਪੁਰ ਦੀ ਟੀਮ ਪਹਿਲੇ ਅਤੇ ਅਹਿਮਦਪੁਰ ਦੀ ਟੀਮ ਦੂਸਰੇ ਸਥਾਨ 'ਤੇ ਰਹੀ।ਰਿਲੇਅ ਰੇਸ ਮੁਕਾਬਲਿਆਂ 'ਚ ਮੰਢਾਲੀ ਸਕੂਲ ਦੀ ਕੁੜੀਆਂ ਦੀ ਟੀਮ ਫਸਟ ਅਤੇ ਅਹਿਮਦਪੁਰ ਦੀ ਟੀਮ ਸੈਕਿੰਡ ਰਹੀ, ਰਿਲੇਅ ਮੁੰਡਿਆਂ ਦੇ ਮੁਕਾਬਲਿਆਂ 'ਚ ਮੰਢਾਲੀ ਸਕੂਲ ਫਸਟ ਅਤੇ ਨਰਿੰਦਰਪੁਰਾ ਸੈਕਿੰਡ ਰਹੇ। ਲੰਬੀ ਛਾਲ ਲੜਕੇ ਮੰਢਾਲੀ ਸਕੂਲ ਦਾ ਰਿਹਾ ਕਬਜ਼ਾ ਅਤੇ ਕੁੜੀਆਂ ਚੋਂ ਹਨੀ ਕੌਰ ਅਹਿਮਦਪੁਰ ਦੀ ਲੜਕੀ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸ ਸਮੇਂ ਸਕੂਲ ਮੁਖੀ ਅਮਨਦੀਪ ਸ਼ਰਮਾ, ਰਾਜਿੰਦਰ ਕੁਮਾਰ ਅਹਿਮਦਪੁਰ, ਮੈਡਮ ਗੀਤਾ ਬਾਲਾ ਨਰਿੰਦਰਪੁਰਾ, ਸਤਿੰਦਰ ਸਿੰਘ ਰਾਮ ਨਗਰ ਭੱਠਲਾ, ਮੱਖਣ ਸਿੰਘ ਮੰਢਾਲੀ, ਸਰਬਜੀਤ ਕੌਰ ਨਰਿੰਦਰਪੁਰਾ, ਰਜਿੰਦਰ ਕੁਮਾਰ, ਬਲਵੰਤ ਸਿੰਘ ਕਾਸ਼ਮਪੁਰ ਛੀਨਾ ਆਦਿ ਵੀ ਹਾਜ਼ਰ ਸਨ।

ਕਰਵਾ ਚੌਥ 'ਤੇ ਬੀਬੀ ਬਾਜਵਾ ਨੇ ਸੁਹਾਗਣਾਂ ਨੂੰ ਵੰਡੇ ਸੂਟ

ਨਾਭਾ (ਅਮਨ ਗਰਗ)-ਕਰਵਾਚੌਥ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਸਮਾਜ ਸੇਵਿਕਾ ਬੀਬੀ ਪਰਮਜੀਤ ਕੌਰ ਬਾਜਵਾ ਵੱਲੋਂ ਵੱਖ-ਵੱਖ ਥਾਵਾਂ 'ਤੇ ਜਾ ਕੇ ਸੁਹਾਗਣਾਂ ਨੂੰ ਕਰਵਾਚੌਥ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਨੂੰ ਸੂਟ ਭੇਟ ਕੀਤੇ ਗਏ। ਬੀਬੀ ਬਾਜਵਾ ਸਭ ਤੋਂ ਪਹਿਲਾਂ ਨਾਭਾ ਦੇ ਇਤਿਹਾਸਕ ਬੋਰਡਾਂ ਗੇਟ ਵਿਖੇ ਸਥਿਤ ਨਗਰ ਖੇੜਾ ਵਿਖੇ ਪਹੁੰਚੇ। ਉੱਥੇ ਉਨ੍ਹਾਂ ਨੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਇਕੱਤਰ ਹੋਈਆਂ ਸੁਹਾਗਣ ਔਰਤਾਂ ਨੂੰ ਸੂਟ ਵੰਡੇ ਅਤੇ ਉਨ੍ਹਾਂ ਦੇ ਸੁਹਾਗ ਦੀ ਲੰਮੀ ਉਮਰ ਲਈ ਦੁਆ ਕੀਤੀ। ਇਸ ਤੋਂ ਬਾਅਦ ਉਹ ਨੇੜਲੇ ਪਿੰਡ ਥੂਹੀ ਵਿਖੇ ਪਹੁੰਚੇ ਜਿਥੇ ਉਨ੍ਹਾਂ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੁਹਾਗਣਾਂ ਨੂੰ ਸੂਟ ਵੰਡੇ ਗਏ। ਇਸ ਮੌਕੇ ਬੀਬੀ ਬਾਜਵਾ ਨੇ ਕਿਹਾ ਕਿ ਸਾਡੇ ਰੀਤੀ-ਰਿਵਾਜ ਅਤੇ ਤਿਉਹਾਰ ਆਪਸੀ ਪਿਆਰ ਤੇ ਭਾਈਚਾਰਕ ਸਾਂਝ ਨੂੰ ਵਧਾਉਂਦੇ ਹਨ, ਅਤੇ ਉਨ੍ਹਾਂ ਦਾ ਮਕਸਦ ਸ਼ੁਭ ਦਿਹਾੜੇ 'ਤੇ ਭੈਣਾਂ ਦੇ ਚਿਹਰਿਆਂ 'ਤੇ ਖੁਸ਼ੀ ਲਿਆਉਣਾ ਹੈ।

ਭਾਜਪਾ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਲਈ ਜਾਗਰੂਕ ਰਿਹਾ ਜਾਵੇ : ਬੈਨੀਵਾਲ

ਮਲੋਟ (ਰਜਿੰਦਰ ਜੁਨੇਜਾ)-ਕਾਂਗਰਸ ਦੇ ਕੌਮੀ ਆਗੂ ਰਾਹੁਲ ਗਾਂਧੀ ਅਤੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਦੇਸ਼ ਭਰ ਵਿੱਚ ਵੋਟ ਚੋਰੀ ਰੋਕਣ ਲਈ ਚਲਾਈ ਗਈ ਮੁਹਿੰਮ ਦੇ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਦੀ ਅਗਵਾਈ ਹੇਠ ਮਲੋਟ ਵਿਖੇ ਇੱਕ ਵਿਸ਼ੇਸ਼ ਵਰਕਰਜ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮੈਂਬਰ ਪਾਰਲੀਮੈਂਟ ਉਮੇਦਾ ਰਾਮ ਬੈਨੀਵਾਲ ਨੇ ਮੁੱਖ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਦੀ ਸ਼ੁਰੂਆਤ ਦੌਰਾਨ ਬਲਾਕ ਪ੍ਰਧਾਨ ਸ਼ਿਵ ਕੁਮਾਰ ਸ਼ਿਵਾ ਨੇ ਆਏ ਹੋਏ ਆਗੂਆਂ ਅਤੇ ਵਰਕਰਾਂ ਦਾ ਸਵਾਗਤ ਕੀਤਾ ਅਤੇ ਦੋਸ਼ ਲਾਇਆ ਕਿ ਦੇਸ਼ ਵਿੱਚ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਕੇ ਵਿਰੋਧੀ ਧਿਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਇਸ ਮੌਕੇ ਸੰਬੋਧਨ ਕਰਦਿਆਂ ਉਮੇਦਾ ਰਾਮ ਬੈਨੀਵਾਲ ਨੇ ਕਿਹਾ ਕਿ ਦੇਸ਼ ਭਰ ਵਿੱਚ ਲਗਭਗ 13 ਕਰੋੜ ਅਤੇ ਪੰਜਾਬ ਅੰਦਰ ਕਰੀਬ 6 ਫ਼ੀਸਦੀ ਲੋਕਾਂ ਦੀਆਂ ਵੋਟਾਂ ਕੱਟੀਆਂ ਗਈਆਂ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਭਾਜਪਾ ਵੱਲੋਂ ਵੋਟ ਚੋਰੀ ਕਰਕੇ ਕਈ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਗਈਆਂ ਹਨ ਅਤੇ ਅਗਲੇ ਸਾਲ ਪੰਜਾਬ ਵਿੱਚ ਹੋਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਅਜਿਹੀਆਂ ਕੋਸ਼ਿਸ਼ਾਂ ਨੂੰ ਅਸਫ਼ਲ ਕਰਨ ਲਈ ਵਰਕਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਨੇ ਸਮੂਹ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਪੂਰੀ ਮਜ਼ਬੂਤੀ ਨਾਲ ਕੰਮ ਕਰ ਰਹੀ ਹੈ। ਇਸ ਇਕੱਠ ਵਿੱਚ ਹਰਚਰਨ ਸਿੰਘ ਬਰਾੜ ਸੋਥਾ, ਨੱਥੂ ਰਾਮ ਗਾਂਧੀ, ਗੁਰਜੰਟ ਸਿੰਘ ਬਰਾੜ ਕਿੱਲਿਆਂਵਾਲੀ, ਦਲਜੀਤ ਸਿੰਘ ਢਿੱਲੋਂ (ਪ੍ਰਧਾਨ ਕਿਸਾਨ ਸੈੱਲ), ਲੱਖਾ ਸਰਪੰਚ ਔਲਖ ਅਤੇ ਨਰਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

ਮਹਿੰਦੀ ਪ੍ਰਤੀਯੋਗਤਾ 'ਚ ਐੱਮ ਏ ਐੱਮ ਸਕੂਲ ਰਿਹਾ ਅੱਵਲ

ਸਮਰਾਲਾ (ਸੁਰਜੀਤ ਸਿੰਘ)-ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਵੱਲੋਂ ਸਕੂਲੀ ਬਚਿਆਂ ਦੀ ਮਹਿੰਦੀ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ।ਟਰੱਸਟ ਦੇ ਚੇਅਰਮੈਨ ਡਾ. ਜੀਤ ਰਾਵਲ ਨੇ ਦੱਸਿਆ ਕਿ 4 ਸਕੂਲਾਂ ਦੀਆਂ 16 ਲੜਕੀਆਂ ਨੇ ਮਹਿੰਦੀ ਪ੍ਰਤੀਯੋਗਤਾ ਵਿਚ ਹਿੱਸਾ ਲਿਆ।ਸਾਰਿਆਂ ਨੂੰ ਆਪਣੇ ਹੱਥ 'ਤੇ ਆਪਣੇ ਆਪ ਹੀ ਮਹਿੰਦੀ ਲਾਉਣ ਲਈ 60 ਮਿੰਟ ਦਾ ਸਮਾਂ ਦਿੱਤਾ ਗਿਆ।ਐਮ.ਏ.ਐਮ. ਸਕੂਲ ਦੀ ਲੜਕੀ ਜਸਲੀਨ ਕੌਰ ਨੂੰ ਪਹਿਲਾ ਇਨਾਮ, ਐਮ.ਏ.ਐਮ. ਸਕੂਲ ਦੀ ਲੜਕੀ ਰਸ਼ਮੀ ਅਤੇ ਕਿੰਡਰ ਗਾਰਟਨ ਸੀਨੀਅਰ ਸੈਕੰਡਰੀ ਸਕੂਲ ਦੀ ਲੜਕੀ ਅਰਸ਼ਦੀਪ ਕੌਰ ਨੂੰ ਦੂਜਾ ਇਨਾਮ, ਨਨਕਾਣਾ ਸਾਹਿਬ ਪਬਲਿਕ ਸਕੂਲ ਦੀ ਲੜਕੀ ਜਸਮੀਨ ਕੌਰ ਨੂੰ ਤੇ ਐਮ.ਏ.ਐਮ. ਸਕੂਲ ਦੀ ਲੜਕੀ ਹਸ਼ਮੀਤ ਕੌਰ ਨੂੰ ਤੀਜਾ ਇਨਾਮ ਦੇਣ ਦੀ ਘੋਸ਼ਣਾ ਕੀਤੀ ਗਈ। ਬਾਕੀ 4 ਸਕੂਲਾਂ ਦੀਆਂ 11 ਲੜਕੀਆਂ ਨੂੰ ਕੰਨਸੋਲੇਸ਼ਨ ਇਨਾਮ ਦੇਣ ਦੀ ਵੀ ਘੋਸ਼ਣਾ ਕੀਤੀ ਗਈ।ਐਮ.ਏ.ਐਮ. ਸਕੂਲ ਟੀਚਰ ਰਜਿੰਦਰ ਕੌਰ, ਕਿੰਡਰ ਗਾਰਟਨ ਸਕੂਲ ਟੀਚਰ ਸੁਖਵਿੰਦਰ ਕੌਰ, ਨਨਕਾਣਾ ਸਾਹਿਬ ਪਬਲਿਕ ਸਕੂਲ ਟੀਚਰ ਭੁਪਿੰਦਰ ਕੌਰ ਤੇ ਸੈਂਟੀਨਲ ਇੰਟਰਨੈਸ਼ਨਲ ਸਕੂਲ ਟੀਚਰ ਅੰਮ੍ਰਿਤ ਕੌਰ ਤੋਂ ਇਲਾਵਾ ਟਰੱਸਟੀ ਬਿਮਲਾ ਰਾਣੀ ਅਤੇ ਧਰਮ ਸਿੰਘ ਵੀ ਹਾਜ਼ਰ ਸਨ।ਇਹ ਇਨਾਮ ਅਤੇ ਪ੍ਰਮਾਣ ਪੱਤਰ ਇਸੇ ਸਾਲ 2 ਦਸੰਬਰ ਨੂੰ ਸੋਨਾਲੀ ਰਾਵਲ ਦੇ ਜਨਮ ਦਿਨ 'ਤੇ ਦਿੱਤੇ ਜਾਣਗੇ।ਟਰੱਸਟ ਵੱਲੋਂ 2 ਨਵੰਬਰ ਨੂੰ ਕੁਇਜ਼, 3 ਨਵੰਬਰ ਨੂੰ ਡਰਾਇੰਗ ਤੇ ਪੇਂਟਿੰਗ ਅਤੇ 4 ਨਵੰਬਰ ਨੂੰ ਸੁਲੇਖ ਪ੍ਰਤੀਯੋਗਤਾ ਕਰਵਾਈ ਜਾਵੇਗੀ।

ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਨਾਲ ਮਨਾਇਆ ਗਿਆ।ਸਮੁੱਚੇ ਸਕੂਲ ਕੰਪਲੈਕਸ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ ਤੇ ਚਾਰੇ ਪਾਸੇ ਇਲਾਹੀ ਬਾਣੀ ਦੀਆਂ ਗੂੰਜਾਂ ਨਾਲ ਰੂਹਾਨੀ ਮਾਹੌਲ ਬਣਿਆ ਹੋਇਆ ਸੀ।ਸਮਾਗਮ ਦੀ ਆਰੰਭਤਾ ਸਕੂਲ ਦੇ ਵਿਦਿਆਰਥੀਆਂ ਦੁਆਰਾ ਸ੍ਰੀ ਜਪੁਜੀ ਸਾਹਿਬ ਦੇ ਪਾਠ ਨਾਲ ਕੀਤੀ ਗਈ।ਇਸ ਤੋਂ ਉਪਰੰਤ ਸਕੂਲ ਦੇ ਧਾਰਮਿਕ ਅਤੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਮਿਲ ਕੇ 'ਧਨੁ ਧਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ' ਤੇ 'ਧਨੁ ਸ੍ਰੀ ਗੁਰੂ ਰਾਮਦਾਸ ਜੀ' ਵਰਗੇ ਇਲਾਹੀ ਸ਼ਬਦਾਂ ਦਾ ਮਨਮੋਹਕ ਕੀਰਤਨ ਕਰਕੇ ਆਈਆਂ ਹੋਈਆਂ ਸੰਗਤਾਂ ਅਤੇ ਵਿਦਿਆਰਥੀਆਂ ਨੂੰ ਨਾਮ ਰਸ ਨਾਲ ਸਰਸ਼ਾਰ ਕੀਤਾ।ਕੀਰਤਨ ਪ੍ਰਵਾਹ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ, ਉਨ੍ਹਾਂ ਦੇ ਉੱਚ-ਸੁੱਚੇ ਉਪਦੇਸ਼ਾਂ, ਨਿਮਰਤਾ, ਸੇਵਾ ਭਾਵਨਾ ਤੇ ਪਵਿੱਤਰ ਸ਼ਹਿਰ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ 'ਚ ਪਾਏ ਅਤੁਲ ਅਮੀਰ ਯੋਗਦਾਨ 'ਤੇ ਰੌਸ਼ਨੀ ਪਾਉਂਦੇ ਹੋਏ ਭਾਸ਼ਣ, ਕਵਿਤਾਵਾਂ ਤੇ ਢਾਡੀ ਵਾਰਾਂ ਪੇਸ਼ ਕੀਤੀਆਂ ਗਈਆਂ।ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਤੇ ਪ੍ਰਬੰਧਕੀ ਕਮੇਟੀ ਚੇਅਰਮੈਨ ਸ਼ੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਦੇ ਅਹੁਦੇਦਾਰਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦਰਸਾਏ ਹੋਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।

ਬਲਮਗੜ੍ਹ ਵਿਖੇ ਓਪਨ ਕਬੱਡੀ ਕੱਪ ਕਰਵਾਇਆ

ਸਨੌਰ (ਰਾਜਿੰਦਰ ਸਿੰਘ ਥਿੰਦ)-ਪਿੰਡ ਬਲਮਗੜ੍ਹ ਵਿਖੇ ਗ੍ਰਾਮ ਪੰਚਾਇਤ ਅਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਚੌਥਾ ਓਪਨ ਕਬੱਡੀ ਕੱਪ ਕਰਵਾਇਆ ਗਿਆ। ਇਸ ਖੇਡ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਾਬਕਾ ਚੇਅਰਮੈਨ ਅਤੇ ਟਕਸਾਲੀ ਕਾਂਗਰਸੀ ਆਗੂ ਚੌਧਰੀ ਨਿਰਮਲ ਸਿੰਘ ਭੱਟੀਆਂ ਨੇ ਸ਼ਿਰਕਤ ਕੀਤੀ। ਉਨ੍ਹਾਂ ਦੀ ਆਮਦ 'ਤੇ ਪ੍ਰਬੰਧਕਾਂ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਪਿੰਡ ਦੀ ਗ੍ਰਾਮ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਹੋਰ ਪਤਵੰਤੇ ਸੱਜਣਾਂ ਦੀ ਮੌਜੂਦਗੀ ਨੇ ਸਮਾਗਮ ਦੀ ਰੌਣਕ ਵਧਾਈ। ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਕਬੱਡੀ ਕੱਪ ਦੌਰਾਨ ਖਿਡਾਰੀਆਂ ਨੇ ਮੈਦਾਨ ਵਿੱਚ ਆਪਣੀ ਤਾਕਤ, ਫੁਰਤੀ, ਤਕਨੀਕ ਅਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕੀਤਾ। ਕਬੱਡੀ ਦੇ ਮੁਕਾਬਲਿਆਂ ਨੂੰ ਦੇਖਣ ਲਈ ਖੇਡ ਪ੍ਰੇਮੀ ਮੈਦਾਨ ਵਿੱਚ ਪਹੁੰਚੇ।

ਅਖੀਰ ਚ ਓਹਨਾ ਆਖਿਆ ਕਿ ਪਿੰਡ ਬਲਮਗੜ੍ਹ ਦੀ ਗ੍ਰਾਮ ਪੰਚਾਇਤ ਅਤੇ ਐਨ ਆਰ ਆਈ ਵੀਰਾਂ ਵੱਲੋਂ ਸਾਂਝੇ ਤੌਰ 'ਤੇ ਕਰਵਾਇਆ ਗਿਆ ਇਹ ਉਪਰਾਲਾ ਪਿੰਡ ਵਿੱਚ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਕਦਮ ਹੈ। ਇਸ ਮੌਕੇ ਯੂਥ ਦੇ ਰਵੀ ਗੁੱਜਰ, ਚੌਧਰੀ ਬਲਜੀਤ ਸਿੰਘ, ਚੌਧਰੀ ਦਰਸ਼ਨ ਨੰਬਰਦਾਰ, ਚੌਧਰੀ ਤਰਸੇਮ ਸਿੰਘ, ਚੌਧਰੀ ਰਾਮ ਕਰਨ, ਚੌਧਰੀ ਵੇਦ ਪ੍ਰਕਾਸ਼, ਚੌਧਰੀ ਬਲਵੀਰ ਸਿੰਘ, ਚੌਧਰੀ ਪ੍ਰਦੀਪ ਸਿੰਘ, ਚੌਧਰੀ ਜਸਵੀਰ ਸਿੰਘ, ਚੌਧਰੀ ਬੰਟੀ, ਹਰਦੀਪ ਸਿੰਘ, ਹਰਦੀਪ ਸਿੰਘ (ਕਰਮਾ), ਚੌਧਰੀ ਮਲਕੀਤ ਸਿੰਘ ਸਰਪੰਚ, ਚੌਧਰੀ ਸੁਖਵੀਰ ਸਿੰਘ ਸਰਪੰਚ, ਮਨੀ ਗੁੱਜਰ, ਸੁੱਖਾ ਗੁੱਜਰ, ਕ੍ਰਿਸ਼ਨ ਗੁੱਜਰ, ਜਸਵੀਰ ਗੁੱਜਰ, ਗੁਰਮੀਤ ਬਾਵਾਕੁਲਦੀਪ ਸਿੰਘ ਕਾਲਾ ਸਾਬਕਾ ਪ੍ਰਧਾਨ ਨਗਰ ਕੌਂਸਲ ਸਨੌਰ, ਤਰਨਵੀਰ ਸਿੰਘ ਗਨੌਰ, ਭਗਵੰਤ ਸਿੰਘ , ਰੇਸ਼ਮ ਸਿੰਘ, ਟੋਨੀ ਲਲੀਨਾ, ਚੌਧਰੀ ਬਲਜੀਤ ਸਿੰਘ ਤੇ ਹੋਰ ਹਾਜ਼ਰ ਸਨ।

ਮੋਗਾ ਵਿਖੇ ਭਾਜਪਾ ਆਗੂ ਬੰਸੀ ਲਾਲ ਗੁਰਜਰ ਪਹਿਲੀ ਨੂੰ ਪੁੱਜਣਗੇ

ਮੋਗਾ (ਇਕਬਾਲ ਸਿੰਘ ਖਹਿਰਾ)-ਵੀਰਵਾਰ ਨੂੰ ਮੋਗਾ ਵਿਖੇ ਭਾਜਪਾ ਕਿਸਾਨ ਮੋਰਚਾ ਪੰਜਾਬ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ 1 ਨਵੰਬਰ ਨੂੰ ਮੋਗਾ ਵਿਖੇ ਪਹੁੰਚ ਰਹੇ ਭਾਜਪਾ ਕਿਸਾਨ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਬੰਸੀ ਲਾਲ ਗੁਰਜਰ ਦੀ ਆਮਦ ਅਤੇ ਸੂਬਾ ਕਾਰਜਕਾਰਨੀ ਮੀਟਿੰਗ ਦੀਆਂ ਤਿਆਰੀਆਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਭਾਜਪਾ ਕਿਸਾਨ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਮਨਪ੍ਰੀਤ ਸਿੰਘ ਤਲਵੰਡੀ, ਜ਼ਿਲ੍ਹਾ ਪ੍ਰਧਾਨ ਲਖਵੰਤ ਸਿੰਘ ਸਾਫੂਵਾਲਾ, ਮੇਜਰ ਸਿੰਘ ਟਿੱਬੀ, ਸਿਕੰਦਰ ਸਿੰਘ, ਜਸਵੰਤ ਸਿੰਘ ਰਿਆੜ, ਸੁਖਦੀਪ ਸਿੰਘ ਬਰਾੜ, ਅਮਨਦੀਪ ਸਿੰਘ ਪੂਨੀਆ ਸਮੇਤ ਹੋਰ ਪ੍ਰਮੁੱਖ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

ਰੋਟਰੀ ਕਲੱਬ ਮੋਗਾ ਵੱਲੋਂ ਏਕਨੂਰ ਜੌਹਲ ਦਾ ਸਨਮਾਨ

ਮੋਗਾ (ਇਕਬਾਲ ਸਿੰਘ ਖਹਿਰਾ)-ਰੋਟਰੀ ਕਲੱਬ ਮੋਗਾ ਸਿਟੀ ਨੇ ਆਪਣਾ ਸਿਲਵਰ ਜੁਬਲੀ ਸਮਾਰੋਹ ਵਾਹ ਪੰਜਾਬ ਬੜੇ ਉਤਸ਼ਾਹ ਨਾਲ ਮਨਾਇਆ। ਹਲਕਾ ਵਿਧਾਇਕ 2 ਅਮਨਦੀਪ ਕੌਰ ਅਰੋੜਾ, ਬੀ ਬੀ ਐਸ ਗਰੁੱਪ ਦੇ ਚੇਅਰਮੈਨ ਸੰਜੀਵ ਸੈਣੀ ਅਤੇ ਸਾਬਕਾ ਵਿਧਾਇਕ ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਮੁੱਖ ਮਹਿਮਾਨ ਵਜੋਂ ਮੌਜੂਦ ਸਨ।ਸਮਾਗਮ ਦੌਰਾਨ ਕਲੱਬ ਦੇ ਪ੍ਰਧਾਨ ਰਾਜੀਵ ਬੇਦੀ, ਸਕੱਤਰ ਗੁਰਪ੍ਰੀਤ ਸਿੰਘ ਅਤੇ ਚੇਅਰਮੈਨ ਵਿਜੇ ਮਦਨ ਵੀ ਹਾਜ਼ਰ ਸਨ। ਇਸ ਮੌਕੇ ਅੰਤਰਰਾਸ਼ਟਰੀ ਬਾਸਕਟਬਾਲ ਖਿਡਾਰੀ ਏਕਨੂਰ ਜੌਹਲ ਜਿਸ ਨੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਵੱਡੀਆਂ ਜਿੱਤਾਂ ਦਰਜ ਕਰਕੇ ਦੇਸ਼ ਦੇ ਨਾਲ ਨਾਲ ਮੋਗਾ ਦਾ ਨਾਮ ਰੌਸ਼ਨ ਕੀਤਾ,ਨੂੰ ਰੋਟਰੀ ਕਲੱਬ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਮੱਟਾ ਜੌਹਲ ਨੇ ਸਾਰੇ ਕਲੱਬ ਮੈਂਬਰ ਅਤੇ ਇਸ ਸਨਮਾਨ ਸਮਾਰੋਹ ਵਿੱਚ ਪੁੱਜੇ ਸਮੁੱਚੇ ਪਤਵੰਤਿਆਂ ਦਾ ਧੰਨਵਾਦ ਕੀਤਾ।

ਸਾਲਾਨਾ ਪਛਾਣ ਤੇ ਸ਼ਿਕਾਇਤਾਂ ਸੰਬੰਧੀ ਦੇਸ਼ ਵਿਆਪੀ ਮੁਹਿੰਮ ਪਹਿਲੀ ਤੋਂ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਰੱਖਿਆ ਲੇਖਾ ਪ੍ਰਧਾਨ ਕੰਟਰੋਲਰ (ਪ.ਕ.) ਚੰਡੀਗੜ੍ਹ ਦੇ ਨਿਰਦੇਸ਼ਾਂ ਅਨੁਸਾਰ, ਸਪੱਰਸ਼ ਸੇਵਾ ਕੇਂਦਰ ਫਿਰੋਜ਼ਪੁਰ ਛਾਉਣੀ ਵਿਖੇ ਰੱਖਿਆ ਪੈਨਸ਼ਨ ਨਾਲ ਸਬੰਧਤ ਸਪੱਰਸ਼ ਪੈਨਸ਼ਨਰਾਂ ਅਤੇ ਫੈਮਿਲੀ ਪੈਨਸ਼ਨਰਾਂ ਦੀ ਸਾਲਾਨਾ ਪਛਾਣ ਕਰਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਡੀ.ਓ.ਪੀ. ਐਂਡ ਪੀ.ਡਬਲਯੂ. ਵੱਲੋਂ ਦੇਸ਼-ਵਿਆਪੀ ਡੀ.ਐੱਲ.ਸੀ. ਮੁਹਿੰਮ 5.0 (ਡਿਜੀਟਲ ਲਾਈਫ ਸਰਟੀਫਿਕੇਟ) ਤਹਿਤ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਇਹ ਮੁਹਿੰਮ 1 ਨਵੰਬਰ ਤੋਂ ਸ਼ੁਰੂ ਹੋ ਕੇ 30 ਨਵੰਬਰ 2026 ਤੱਕ ਜਾਰੀ ਰਹੇਗੀ। ਸਪੱਰਸ਼ ਸੇਵਾ ਕੇਂਦਰ ਫਿਰੋਜ਼ਪੁਰ ਛਾਉਣੀ ਦੇ ਇੰਚਾਰਜ ਕੇ. ਐੱਲ. ਵਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦੌਰਾਨ ਰੱਖਿਆ ਪੈਨਸ਼ਨਰ ਆਪਣੀ ਸਾਲਾਨਾ ਪਛਾਣ ਕਰਵਾ ਸਕਦੇ ਹਨ ਅਤੇ ਪੈਨਸ਼ਨ ਨਾਲ ਸਬੰਧਤ ਆਪਣੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਵਾ ਸਕਦੇ ਹਨ।

ਓ ਬੀ ਸੀ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਗੁਰਭੇਜ ਸਿੰਘ ਟਿੱਬੀ ਦਾ ਸਨਮਾਨ

ਫ਼ਿਰੋਜ਼ਪੁਰ (ਗੁਰਬਚਨ ਸਿੰਘ)-ਜ਼ਿਲ੍ਹਾ ਕਾਂਗਰਸ ਕਮੇਟੀ ਫ਼ਿਰੋਜ਼ਪੁਰ ਵੱਲੋਂ ਪੰਜਾਬ ਪ੍ਰਦੇਸ਼ ਓ ਬੀ ਸੀ ਕਾਂਗਰਸ ਦੇ ਨਵ-ਨਿਯੁਕਤ ਕਾਰਜਕਾਰੀ ਪ੍ਰਧਾਨ ਗੁਰਭੇਜ ਸਿੰਘ ਟਿੱਬੀ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਫ਼ਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਦੀ ਅਗਵਾਈ ਹੇਠ ਆਯੋਜਿਤ ਪ੍ਰੈੱਸ ਕਾਨਫ਼ਰੰਸ ਵਿੱਚ ਗੁਰਭੇਜ ਸਿੰਘ ਟਿੱਬੀ ਸਮੇਤ ਕਈ ਸੀਨੀਅਰ ਕਾਂਗਰਸੀ ਆਗੂਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਕੁਲ ਹਿੰਦ ਕਾਂਗਰਸ ਕਮੇਟੀ ਮੈਂਬਰ ਅਤੇ ਸੰਸਦ ਮੈਂਬਰ ਓਮਕਾਰ ਰਾਮ ਬੈਨੀਵਾਲ, ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ, ਫ਼ਿਰੋਜ਼ਪੁਰ ਦਿਹਾਤੀ ਦੀ ਹਲਕਾ ਇੰਚਾਰਜ ਆਸ਼ੂ ਬਾਂਗੜ, ਗੁਰਦੀਪ ਸਿੰਘ ਢਿੱਲੋਂ, ਜੋਗਿੰਦਰ ਪਾਲ ਸਿੰਘ ਭਾਟਾ, ਰਵਿਦਰ ਸਿੰਘ ਤੂਤ, ਸਤਨਾਲ ਸਿੰਘ ਢਿਲੋ ਸਮੇਤ ਹੋਰ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ। ਇਸ ਮੌਕੇ ਲੋਕਤੰਤਰ ਨੂੰ ਮਜ਼ਬੂਤ ਕਰਨ, ਯੋਗ ਵੋਟਰਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਅਤੇ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।ਇਸ ਮੌਕੇ ਗੁਰਭੇਜ ਸਿੰਘ ਟਿੱਬੀ ਨੇ ਕਿਹਾ ਕਿ ਓ ਬੀ ਸੀ ਭਾਈਚਾਰੇ ਦੇ ਹੱਕਾਂ, ਹਿੱਤਾਂ ਅਤੇ ਆਵਾਜ਼ ਦੀ ਨੁਮਾਇੰਦਗੀ ਕਰਨਾ ਉਨ੍ਹਾਂ ਦੀ ਅਹਿਮ ਜ਼ਿੰਮੇਵਾਰੀ ਹੈ। ਉਹ ਓ ਬੀ ਸੀ ਸਮਾਜ ਦੇ ਹਰ ਵਰਗ ਨਾਲ ਜੁੜੇ ਮੁੱਦਿਆਂ ਨੂੰ ਉਠਾਉਣ ਅਤੇ ਪਛੜੇ ਵਰਗਾਂ ਦੇ ਹੱਕਾਂ ਦੀ ਰਾਖੀ ਲਈ ਆਪਣੀ ਭੂਮਿਕਾ ਨਿਭਾਉਣ ਵਾਸਤੇ ਵਚਨਬੱਧ ਹਨ।

ਸ਼ਾਂਤੀ ਵਿੱਦਿਆ ਮੰਦਿਰ ਵਿਖੇ ਮਹਿੰਦੀ ਮੁਕਾਬਲਾ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਸ਼ਾਂਤੀ ਵਿੱਦਿਆ ਮੰਦਿਰ ਵਿਖੇ ਕਰਵਾ ਚੌਥ ਦੇ ਪਵਿੱਤਰ ਤਿਉਹਾਰ ਦੇ ਸਬੰਧ ਵਿਚ ਇਕ ਵਿਸ਼ੇਸ਼ ਇੰਟਰ ਹਾਊਸ ਮਹਿੰਦੀ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿਚ ਸਕੂਲ ਦੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਅੰਦਰੂਨੀ ਕਲਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਅਧਿਆਪਕਾਵਾਂ ਦੇ ਹੱਥਾਂ 'ਤੇ ਮਹਿੰਦੀ ਦੇ ਬਹੁਤ ਹੀ ਸੁੰਦਰ, ਆਕਰਸ਼ਕ ਅਤੇ ਬਾਰੀਕ ਡਿਜ਼ਾਈਨ ਉੱਕਰੇ। ਸਖ਼ਤ ਮੁਕਾਬਲੇ ਤੋਂ ਬਾਅਦ ਨਤੀਜਿਆਂ ਦੀ ਘੋਸ਼ਣਾ ਕੀਤੀ ਗਈ, ਜਿਸ ਵਿਚ ਸ਼ਕਤੀ ਹਾਊਸ ਦੇ ਵਿਦਿਆਰਥੀਆਂ ਨੇ ਆਪਣੀ ਬਿਹਤਰੀਨ ਕਲਾ ਦਾ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ। ਵੀਰ ਹਾਊਸ ਨੇ ਦੂਜਾ ਸਥਾਨ, ਸ਼ਾਂਤੀ ਹਾਊਸ ਨੇ ਤੀਜਾ ਸਥਾਨ ਅਤੇ ਗਿਆਨ ਹਾਊਸ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਵੱਲੋਂ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਮਿਹਨਤ ਅਤੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਜੇਤੂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਸਰਟੀਫਿਕੇਟ ਵੰਡੇ ਗਏ।

ਸਫਾ 1 ਦੇ ਬਾਕੀ...

ਜਮਾਤੀ ਸੰਘਰਸ਼ 'ਤੇ ਟੇਕ ...

ਤੇ ਕਿਸਾਨ ਆਗੂ ਹਰਦੇਵ ਸਿੰਘ ਅਰਸ਼ੀ ਨੇ ਵਧਾਈ ਦਿੰਦਿਆਂ ਕਾਨਫਰੰਸ ਦੀ ਸਫਲਤਾ ਦੀ ਕਾਮਨਾ ਕੀਤੀ। ਉਹਨਾ ਇਸ ਗੱਲ ਨੂੰ ਸ਼ੁਭ ਸ਼ਗਨ ਆਖਿਆ ਕਿ ਕਿਸਾਨ ਤੇ ਮਜ਼ਦੂਰ ਏਕਤਾ ਮਜ਼ਬੂਤ ਹੋਈ ਹੈ। ਉਹਨਾ ਕਿਹਾ ਕਿ ਸਾਡੇ ਅੱਗੇ ਵੱਡੇ ਚੈਲੰਜ ਹਨ। ਇਸ ਦੌਰਾਨ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ ਅਤੇ ਨੌਜਵਾਨਾਂ ਦਾ ਅੰਦੋਲਨ ਵੀ ਨਵੀਂ ਤੇ ਉਤਸ਼ਾਹਜਨਕ ਕਰਵਟ ਲੈ ਰਿਹਾ ਹੈ।

ਅਰਸ਼ੀ ਨੇ ਅੰਤਰਰਾਸ਼ਟਰੀ ਪੱਧਰ 'ਤੇ ਵਾਪਰੇ ਇੱਕ ਘਟਨਾਕਰਮ 'ਤੇ ਵੀ ਡੈਲੀਗੇਟਾਂ ਨਾਲ ਖੁਸ਼ੀ ਸਾਂਝੀ ਕੀਤੀ। ਉਹਨਾ ਦੱਸਿਆ ਕਿ ਲੂਲਾ ਡੀ ਸਿਲਵਾ ਦੁਨੀਆ ਦੇ ਪ੍ਰਭਾਵਸ਼ਾਲੀ ਖੱਬੇ-ਪੱਖੀ ਆਗੂ ਹਨ, ਉਹ ਚੌਥੀ ਵਾਰ ਬ੍ਰਾਜ਼ੀਲ ਦੇ ਰਾਸ਼ਟਰਪਤੀ ਬਣੇ ਹਨ। ਇਹ ਸਮੁੱਚੇ ਸੰਸਾਰ ਦੇ ਕਮਿਊਨਿਸਟਾਂ ਲਈ ਮਾਣ ਵਾਲੀ ਗੱਲ ਹੈ।ਉਹਨਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਸੰਗਠਿਤ ਕਾਮਿਆਂ ਨੂੰ ਸੰਗਠਿਤ ਕਰਕੇ ਉਹਨਾਂ ਦੀ ਜ਼ਿੰਦਗੀ ਦੀ ਬਿਹਤਰੀ ਲਈ ਉਪਰਾਲੇ ਕਰਨ ਦੀ ਜ਼ਰੂਰਤ ਹੈ। ਸੀ ਪੀ ਆਈ ਦੇ ਕੌਮੀ ਸਕੱਤਰ ਤੇ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਨੇ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਹੁਤ ਸਾਰੇ ਮਸਲਿਆਂ, ਸਮੱਸਿਆਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੌਜੂਦਾ ਸਿਸਟਮ ਦੇ ਰਹਿੰਦਿਆਂ ਵਿਸ਼ਾਲ ਮਸਲਿਆਂ ਦਾ ਹੱਲ ਸੰਭਵ ਨਹੀਂ। ਇਸ ਲਈ ਇਸ ਸਿਸਟਮ ਨੂੰ ਖਤਮ ਕਰਨ ਲਈ ਹੀਲੇ-ਵਸੀਲੇ ਲਾ ਦੇਣੇ ਚਾਹੀਦੇ ਹਨ। ਸਿਸਟਮ ਬਦਲਣ ਤੋਂ ਬਿਨਾਂ ਹੋਰ ਕੋਈ ਚਾਰਾ ਨਹੀਂ। ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਗੁਲਜਾਰ ਸਿੰਘ ਗੋਰੀਆ ਨੇ ਸਫਲ ਕਾਨਫਰੰਸ ਦੀ ਵਧਾਈ ਦਿੱਤੀ। ਉਹਨਾ ਕਿਹਾ ਕਿ ਏਟਕ ਦਾ ਸ਼ਾਨਦਾਰ ਇਤਿਹਾਸ ਮਾਣ ਕਰਨ ਯੋਗ ਹੈ। ਗੋਰੀਆ ਨੇ ਵੀ ਅਸੰਗਠਿਤ ਮਜ਼ਦੂਰ ਹਿੱਸਿਆਂ ਵੱਲ ਧਿਆਨ ਦੇਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾ ਏਟਕ ਨੂੰ ਹੋਰ ਵਿਸ਼ਾਲ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਨਿਰਮਲ ਸਿੰਘ ਧਾਲੀਵਾਲ ਵੱਲੋਂ ਡੈਲੀਗੇਟਾਂ ਅੱਗੇ ਪੇਸ਼ ਕੀਤੀ ਗਈ ਰਿਪੋਰਟ 'ਤੇ ਭਰਪੂਰ ਤੇ ਉਸਾਰੂ ਬਹਿਸ ਹੋਈ। ਬਹਿਸ ਵਿੱਚ ਸੁਰਿੰਦਰ ਪਾਲ ਸਿੰਘ ਲਹੌਰੀਆ, ਦੇਵੀ ਕੁਮਾਰ ਸਰਹਾਲੀ ਕਲਾਂ, ਕਸ਼ਮੀਰ ਸਿੰਘ ਗਦਾਈਆ, ਮਲਕੀਤ ਸਿੰਘ ਬਾਸਰਕੇ, ਐੱਸ ਪੀ ਸਿੰਘ, ਮੁਹੰਮਦ ਖਲੀਲ, ਬਖਤਾਵਰ ਸਿੰਘ, ਆਰ ਕੇ ਤਿਵਾੜੀ, ਖੁਸ਼ੀਆ ਸਿੰਘ, ਸਰੋਜ ਛਪੜੀ ਵਾਲਾ, ਕ੍ਰਿਸ਼ਨ ਚੌਹਾਨ, ਬਾਵਾ ਜੀ, ਮੋਹਣ ਲਾਲ ਵਰਮਾ, ਗੁਰਮੇਲ ਸਿੰਘ ਮੈਲਡੇ, ਗੁਰਮੀਤ ਸਿੰਘ ਧਾਲੀਵਾਲ, ਤੀਰਥ ਸਿੰਘ, ਜਗਸੀਰ ਸਿੰਘ ਖੋਸਾ, ਰਾਜ ਕੁਮਾਰ ਚੰਡੀਗੜ੍ਹ, ਪਰਮਜੀਤ ਸਿੰਘ ਢਾਬਾਂ, ਨਰਿੰਦਰ ਬੱਲ ਆਦਿ ਨੇ ਰਿਪੋਰਟ 'ਤੇ ਚਰਚਾ ਕੀਤੀ ਸੁਖਦੇਵ ਸ਼ਰਮਾ ਨੇ ਵੱਖ-ਵੱਖ 13 ਮਤੇ ਪੇਸ਼ ਕੀਤੇ। ਜਗਦੀਸ਼ ਸਿੰਘ ਚਾਹਲ ਨੇ ਮਤੇ ਪਾਸ ਕਰਨ ਲਈ ਡੈਲੀਗੇਟਾਂ ਦਾ ਹੁੰਗਾਰਾ ਮੰਗਿਆ, ਸਾਰੇ ਡੈਲੀਗੇਟਾਂ ਨੇ ਦੋਵੇਂ ਹੱਥ ਖੜੇ ਕਰਕੇ ਮਤਿਆਂ ਨੂੰ ਪ੍ਰਵਾਨਗੀ ਦਿੱਤੀ। ਇਸ ਉਪਰੰਤ ਨਿਰਮਲ ਸਿੰਘ ਧਾਲੀਵਾਲ ਨੇ ਬਹਿਸ ਵਿੱਚ ਉੱਠੇ ਸਵਾਲਾਂ ਦਾ ਸਵਾਗਤ ਕਰਦੇ ਹੋਏ ਜਵਾਬ ਦਿੱਤੇ। ਉਨ੍ਹਾ ਉਠਾਏ ਗਏ ਹਰੇਕ ਨੁਕਤੇ ਦਾ ਵਿਸਥਾਰ ਨਾਲ ਵਰਣਨ ਕੀਤਾ।

ਪੰਜਾਬ ਏਟਕ ਦੀ ਨਵੀਂ ਟੀਮ ਚੁਣੇ ਜਾਣ ਉਪਰੰਤ ਦੋ ਦਿਨਾ ਸੂਬਾ ਕਾਨਫਰੰਸ ਸਮਾਪਤੀ ਵੱਲ ਵਧ ਗਈ। ਨਵੀਂ ਲੀਡਰਸ਼ਿਪ ਦੇ ਮੁੱਖ ਅਹੁਦੇਦਾਰਾਂ ਵਿਚ ਨਿਰਮਲ ਸਿੰਘ ਧਾਲੀਵਾਲ ਪ੍ਰਧਾਨ, ਬੰਤ ਸਿੰਘ ਬਰਾੜ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਸਿੰਘ ਆਸਲ ਜਨਰਲ ਸਕੱਤਰ, ਸੁਖਦੇਵ ਸ਼ਰਮਾ ਵਰਕਿੰਗ ਪ੍ਰਧਾਨ ਤੇ ਜਗਦੀਸ਼ ਸਿੰਘ ਚਾਹਲ ਸੀਨੀਅਰ ਮੀਤ ਪ੍ਰਧਾਨ ਚੁਣੇ ਗਏ।

ਅੱਜ ਜੋਸ਼ੋ-ਖਰੋਸ਼ ਨਾਲ...

ਵਿਗਿਆਨਕ ਚੇਤਨਾ ਦੀ ਲੋਅ ਵੰਡਦੀਆਂ ਕਲਾ-ਕਿਰਤਾਂ ਤੋਂ ਇਲਾਵਾ ਨਾਮਵਰ ਵਿਦਵਾਨ ਪ੍ਰਜੌਏ ਗੁਹਾ ਠਾਕੁਰਤਾ ਮੁਲਕ ਦੇ ਚਰਚਿਤ ਸੁਆਲਾਂ ਨੂੰ ਮੁਖ਼ਾਤਿਬ ਹੋਣਗੇ। ਸ਼ਾਮ 4 ਵਜੇ ਪੁਸਤਕ ਲੋਕ ਅਰਪਣ ਸਮਾਗਮ ਅਤੇ ਕਵੀ ਦਰਬਾਰ ਠੀਕ 7 ਵਜੇ ਦਸਤਾਵੇਜ਼ੀ ਫ਼ਿਲਮ 'ਚੜ੍ਹਦੀ ਕਲਾ' (ਦਿੱਲੀ ਕਿਸਾਨ ਮੋਰਚੇ ਬਾਰੇ) ਨਕੁਲ ਸਾਹਨੀ ਦੀ ਨਿਰਦੇਸ਼ਨਾ 'ਚ ਪੇਸ਼ ਕਰੇਗਾ 'ਪੀਪਲਜ਼ ਵਾਇਸ'। ਪਹਿਲੀ ਨਵੰਬਰ ਕਮੇਟੀ ਮੈਂਬਰ ਦਰਸ਼ਨ ਖਟਕੜ ਝੰਡਾ ਲਹਿਰਾਉਣ ਉਪਰੰਤ ਵਿਚਾਰ ਸਾਂਝੇ ਕਰਨਗੇ। ਅਮੋਲਕ ਸਿੰਘ ਦੀ ਰਚਨਾ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ 'ਚ ਦੋ ਦਰਜਨ ਨਾਟਕ ਮੰਡਲੀਆਂ ਦੇ 100 ਕਲਾਕਾਰ ਪੇਸ਼ ਕਰਨਗੇ ਸੰਗੀਤ ਨਾਟ-ਓਪੇਰਾ 'ਬਦਲ ਦਿਓ ਸਮਾਜ'। ਨਾਮਵਰ ਵਿਦਵਾਨ, ਜਮਹੂਰੀ ਹੱਕਾਂ ਦੀ ਸਿਰਕੱਢ ਆਗੂ ਅਤੇ ਰੰਗਕਰਮੀ ਡਾ. ਨਵਸ਼ਰਨ ਸਮੇਂ ਦੇ ਮਘਦੇ ਸੁਆਲਾਂ ਬਾਰੇ ਵਿਚਾਰ ਪੇਸ਼ ਕਰਨਗੇ। ਪਹਿਲੀ ਨਵੰਬਰ ਦਿਨ ਦੇ ਸਮਾਗਮ 'ਚ ਏਕੱਤਰ ਚੰਡੀਗੜ੍ਹ ਸਕੂਲ ਆਫ਼ ਡਰਾਮਾ ਵੱਲੋਂ ਗੁਰਸ਼ਰਨ ਭਾਅ ਜੀ ਦਾ ਨਾਟਕ ਪੇਸ਼ ਕਰਨਗੇ 'ਤਮਾਸ਼ਾ-ਏ-ਹਿੰਦੋਸਤਾਨ'। ਪਹਿਲੀ ਨਵੰਬਰ ਸਾਰੀ ਰਾਤ ਭੰਡ, ਨਾਟਕ, ਗੀਤ-ਸੰਗੀਤ ਅਤੇ ਹੋਰ ਬਹੁਤ ਕੁਝ ਨਵਾਂ ਨਵੇਲਾ ਹੋਏਗਾ, ਜਿਸ ਵਿੱਚ ਕਰਾਂਤੀਪਾਲ, ਹਰਕੇਸ਼ ਚੌਧਰੀ, ਕੇਵਲ ਧਾਲੀਵਾਲ, ਅਨੀਤਾ ਸ਼ਬਦੀਸ਼ ਨਾਟਕਾਂ ਦਾ ਰੰਗ ਭਰਨਗੇ। ਮੇਲੇ 'ਚ ਲੱਗਣ ਵਾਲੀ ਪੁਸਤਕ ਪ੍ਰਦਰਸ਼ਨੀ ਵਿਸ਼ੇਸ਼ ਖਿੱਚ ਦਾ ਕੇਂਦਰ ਹੋਏਗੀ।

ਵਾਰਾਨਸੀ 'ਚ ਭਾਜਪਾ...

ਸੀਟ ਬਰਕਰਾਰ ਰੱਖੀ ਹੈ ਜਦਕਿ ਗ੍ਰੈਜੂਏਟ ਹਲਕੇ ਤੋਂ ਮੌਜੂਦਾ ਸਪਾ ਐੱਮ ਐੱਲ ਸੀ ਆਸ਼ੂਤੋਸ਼ ਸਿਨਹਾ ਨੇ ਭਾਜਪਾ ਉਮੀਦਵਾਰ ਕੇਦਾਰਨਾਥ ਸਿੰਘ ਨੂੰ ਕਰਾਰੀ ਮਾਤ ਦਿੱਤੀ। ਕੇਦਾਰਨਾਥ ਸਿੰਘ ਨੇ ਵੋਟਾਂ ਦੀ ਗਿਣਤੀ ਪੂਰੀ ਹੋਣ ਤੋਂ ਪਹਿਲਾਂ ਹੀ ਫੇਸਬੁੱਕ 'ਤੇ ਪੋਸਟ ਪਾ ਕੇ ਆਪਣੀ ਹਾਰ ਸਵੀਕਾਰ ਕਰ ਲਈ।

ਵਾਰਾਣਸੀ ਨਾ ਸਿਰਫ ਪ੍ਰਧਾਨ ਮੰਤਰੀ ਦਾ ਲੋਕ ਸਭਾ ਹਲਕਾ ਹੈ, ਸਗੋਂ ਇਹ ਪਾਰਟੀ ਦਾ ਪ੍ਰਮੁੱਖ ਵਿਚਾਰਧਾਰਕ ਅਤੇ ਸਿਆਸੀ ਗੜ੍ਹ ਵੀ ਮੰਨਿਆ ਜਾਂਦਾ ਹੈ। ਦੋਵੇਂ ਐੱਮ ਐੱਲ ਸੀ ਸੀਟਾਂ ਜਿੱਤਣ ਨਾਲ ਸਮਾਜਵਾਦੀ ਪਾਰਟੀ ਨੇ ਖਿੱਤੇ ਦੇ ਅਧਿਆਪਕਾਂ ਅਤੇ ਪੜ੍ਹੇ-ਲਿਖੇ ਗ੍ਰੈਜੂਏਟ ਵੋਟਰਾਂ ਦਰਮਿਆਨ ਆਪਣੀ ਮਜ਼ਬੂਤ ਪਕੜ ਦਾ ਸਬੂਤ ਦਿੱਤਾ ਹੈ। ਭਾਜਪਾ ਨੂੰ ਇਹ ਹਾਰ ਉਸ ਵੇਲੇ ਝੱਲਣੀ ਪਈ ਹੈ ਜਦੋਂ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਇਨ੍ਹਾਂ ਚੋਣਾਂ ਵਿੱਚ ਪੂਰੀ ਤਾਕਤ ਝੋਕੀ ਹੋਈ ਸੀ ਅਤੇ ਜ਼ੋਰਦਾਰ ਪ੍ਰਚਾਰ ਮੁਹਿੰਮ ਚਲਾਈ ਗਈ ਸੀ। ਉੱਧਰ ਇੱਕ ਬੇਹੱਦ ਫਸਵੇਂ ਅਤੇ ਦਿਲਚਸਪ ਮੁਕਾਬਲੇ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਅਤੇ ਮੌਜੂਦਾ ਐੱਮ ਐੱਲ ਸੀ ਅਭਿਜੀਤ ਵਣਜਾਰੀ ਨੇ ਭਾਜਪਾ ਉਮੀਦਵਾਰ ਨੂੰ 3,271 ਵੋਟਾਂ ਦੇ ਫਰਕ ਨਾਲ ਹਰਾ ਕੇ ਨਾਗਪੁਰ ਡਵੀਜ਼ਨ ਗ੍ਰੈਜੂਏਟਸ (ਗ੍ਰੈਜੂਏਟ ਹਲਕੇ) ਦੀ ਸੀਟ 'ਤੇ ਆਪਣਾ ਕਬਜ਼ਾ ਬਰਕਰਾਰ ਰੱਖਿਆ ਹੈ।

ਮੰਗਲਵਾਰ ਸਵੇਰ ਤੋਂ ਸ਼ੁਰੂ ਹੋਈ ਵੋਟਾਂ ਦੀ ਗਿਣਤੀ ਦਾ ਅਮਲ ਵੀਰਵਾਰ ਤੜਕੇ ਜਾ ਕੇ ਮੁਕੰਮਲ ਹੋਇਆ। ਇਹ ਹਾਰ ਭਾਜਪਾ ਲਈ ਇਸ ਕਰਕੇ ਵੱਡਾ ਸਿਆਸੀ ਝਟਕਾ ਹੈ ਕਿਉਂਕਿ ਨਾਗਪੁਰ ਮਹਾਰਾਸ਼ਟਰ ਦੇ ਮੁੱਖ ਮੰਤਰੀ ਦਵਿੰਦਰ ਫੜਨਵੀਸ ਅਤੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਦਾ ਗ੍ਰਹਿ ਖੇਤਰ ਹੈ ਅਤੇ ਦੋਵਾਂ ਆਗੂਆਂ ਨੇ ਭਾਜਪਾ ਉਮੀਦਵਾਰ ਦੇ ਹੱਕ ਵਿੱਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ ਸੀ।

ਫ਼ਿਰੋਜ਼ਪੁਰ ਮੰਡਲ 'ਚ ਠੇਕੇ ਤੋਂ ਮਿਲੇਗਾ 5.51 ਕਰੋੜ ਦਾ ਮਾਲੀਆ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਫ਼ਿਰੋਜ਼ਪੁਰ ਮੰਡਲ ਵਿਚ ਈ-ਟੈਂਡਰਿੰਗ ਰਾਹੀਂ ਟਰੇਨ ਨੰਬਰ 12904 (ਗੋਲਡਨ ਟੈਂਪਲ ਮੇਲ) ਵਿਚ ਤਿੰਨ ਸਾਲਾਂ ਲਈ ਅਤੇ ਟਰੇਨ ਨੰਬਰ 04616 (ਫ਼ਿਰੋਜ਼ਪੁਰ ਕੈਂਟ-ਪਟਨਾ ਸਪੈਸ਼ਲ) 'ਚ 90 ਦਿਨਾਂ ਲਈ ਐੱਸ ਐੱਲ ਆਰ ਲੀਜ਼ਿੰਗ ਠੇਕਾ ਸਫ਼ਲਤਾਪੂਰਵਕ ਅਲਾਟ ਕੀਤਾ ਗਿਆ ਹੈ। ਇਸ ਦੇ ਸ਼ੁਰੂ ਹੋਣ ਨਾਲ ਯਾਤਰੀਆਂ ਨੂੰ ਸੁਵਿਧਾ ਮਿਲੇਗੀ ਅਤੇ ਰੇਲਵੇ ਦੀ ਆਮਦਨ ਵਿਚ ਵੀ ਵਾਧਾ ਹੋਵੇਗਾ। ਇਨ੍ਹਾਂ ਟਰੇਨਾਂ ਵਿਚ ਐੱਸ ਐੱਲ ਆਰ ਲੀਜ਼ਿੰਗ ਠੇਕੇ ਤੋਂ ਰੇਲਵੇ ਨੂੰ 5.51 ਕਰੋੜ ਦਾ ਮਾਲੀਆ ਪ੍ਰਾਪਤ ਹੋਵੇਗਾ। ਐੱਸ ਐੱਲ ਆਰ ਲੀਜ਼ਿੰਗ ਵਿਵਸਥਾ ਨਾਲ ਰੇਲਵੇ ਨੂੰ ਵਾਧੂ ਮਾਲੀਆ ਮਿਲਦਾ ਹੈ ਅਤੇ ਟਰੇਨਾਂ ਵਿਚ ਉਪਲਬੱਧ ਜਗ੍ਹਾ ਦੀ ਬਿਹਤਰ ਵਰਤੋਂ ਯਕੀਨੀ ਹੁੰਦੀ ਹੈ।

ਸਾਬਕਾ ਕਾਂਗਰਸੀਆਂ...

ਵੱਡੇ ਹਮਾਇਤੀ ਸਨ। ਸ਼ਾਹ ਨੇ ਹਾਜ਼ਰ ਨੇਤਾਵਾਂ ਨੂੰ ਪੁੱਛਿਆ ਸੀ ਕਿ ਗੱਠਜੋੜ ਦੇ ਹੱਕ ਵਿੱਚ ਕੌਣ-ਕੌਣ ਹੈ, ਇਸ 'ਤੇ ਤਿੰਨ ਹੱਥ ਖੜ੍ਹੇ ਹੋਏ ਸਨ। ਇਹ ਆਗੂ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ, ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਅਤੇ ਕੈਪਟਨ ਅਮਰਿੰਦਰ ਸਿੰਘ ਦੀ ਬੇਟੀ ਤੇ ਭਾਜਪਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਸਨ। ਭਾਜਪਾ ਸੂਤਰਾਂ ਨੇ ਦੱਸਿਆ ਕਿ ਇਨ੍ਹਾਂ ਤਿੰਨਾਂ ਆਗੂਆਂ ਨੇ ਲਗਾਤਾਰ ਅਕਾਲੀ ਦਲ ਨਾਲ ਸਮਝੌਤੇ ਦੀ ਪੈਰਵੀ ਕੀਤੀ ਹੈ। ਉਨ੍ਹਾਂ ਦਲੀਲ ਦਿੱਤੀ ਕਿ ਪੰਜਾਬ ਵਿੱਚ ਬਣ ਰਹੇ ਬਹੁ-ਕੋਣੀ ਮੁਕਾਬਲੇ ਅਤੇ ਮੌਜੂਦਾ ਸਿਆਸੀ ਹਾਲਾਤ ਵਿੱਚ ਇਹ ਗਠਜੋੜ ਪਾਰਟੀ ਲਈ ਇੱਕ ਵੱਡੀ ਤਾਕਤ ਸਾਬਤ ਹੋਵੇਗਾ। ਕੈਪਟਨ ਅਮਰਿੰਦਰ ਸਿੰਘ ਵੀ ਗੱਠਜੋੜ ਦੇ ਹੱਕ ਵਿੱਚ ਡਟਦੇ ਰਹੇ ਹਨ।

ਨਸ਼ਾ ਨੈੱਟਵਰਕ...

ਪੈਰ ਪਸਾਰ ਚੁੱਕਾ ਹੈ, ਪ੍ਰੰਤੂ ਇਸ ਦੇ ਖਿਲਾਫ ਲੜਦਿਆਂ ਪਰਵਿੰਦਰ ਸਿੰਘ ਝੋਟਾ ਆਪਣੀ ਜ਼ਿੰਦਗੀ ਦਾਅ 'ਤੇ ਲਗਾ ਕੇ ਸਾਡੇ ਮੋਢਿਆਂ 'ਤੇ ਇਸ ਦੇ ਖ਼ਾਤਮੇ ਲਈ ਵੱਡੀ ਜ਼ਿੰਮੇਵਾਰੀ ਛੱਡ ਗਿਆ ਹੈ, ਹੁਣ ਲੋੜ ਇਸ ਗੱਲ ਦੀ ਹੈ ਕਿ ਸਾਰੀਆਂ ਧਾਰਮਿਕ, ਸਮਾਜਿਕ, ਵਪਾਰਕ, ਜਨਤਕ, ਜਮਹੂਰੀ ਤੇ ਰਾਜਸੀ ਧਿਰਾਂ ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਨਸ਼ਿਆਂ ਪ੍ਰਤੀ ਸੰਵੇਦਨਸ਼ੀਲਤਾ ਨਾਲ ਲੜਨ ਲਈ ਇੱਕਮੁੱਠਤਾ ਦਾ ਮੁਜ਼ਾਹਰਾ ਕਰਨ। ਅਜਿਹਾ ਕਰਦਿਆਂ ਹੀ ਇਹ ਮਜ਼ਬੂਤ ਅੰਦੋਲਨ ਸਰਕਾਰ ਨੂੰ ਨਸ਼ਿਆਂ ਦੇ ਖਿਲਾਫ ਢੁਕਵੇਂ ਯਤਨ ਕਰਨ ਤੇ ਪਰਵਾਰ ਨੂੰ ਇਨਸਾਫ ਦੇਣ ਲਈ ਮਜਬੂਰ ਕਰ ਸਕੇਗਾ।

ਤੰਦਰੁਸਤ ਇਨਸਾਨ ਲੋੜਵੰਦ ਮਰੀਜ਼ਾਂ ਦੀ ਜਾਨ ਬਚਾ ਕੇ ਦੀਵਾਲੀ ਮਨਾਉਣ : ਹਰਦੀਪ ਸਨੌਰ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ਼੍ਰੀ ਫਤਹਿਗੜ੍ਹ ਸਾਹਿਬ ਵਿਖੇ ਪ੍ਰਾਈਵੇਟ ਹਸਪਤਾਲ ਵਿਚ ਦਾਖਲ ਮਰੀਜ਼ ਲਈ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਅਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਬੀਤੀ ਰਾਤ ਵਰਧਮਾਨ ਹਸਪਤਾਲ ਬਲੱਡ ਸੈਂਟਰ ਵਿਖੇ ਪਹੁੰਚ ਕੇ ਪਲੇਟਲੈੱਟ ਸੈੱਲ ਦਾਨ ਕੀਤੇ। ਇਸ ਮੌਕੇ ਪਰਿਵਾਰਕ ਮੈਂਬਰ ਦਵਿੰਦਰ ਸਿੰਘ ਹਰਿਓਂ, ਰਮਨੀਤ ਸਿੰਘ ਤੇ ਗੁਰਮੀਤ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਸਮੂਹ ਤੰਦਰੁਸਤ ਇਨਸਾਨ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਖੂਨਦਾਨ ਕਰਨ ਤਾਂ ਜੋ ਉਹ ਮਰੀਜ਼ ਤੰਦਰੁਸਤ ਹੋ ਕੇ ਆਪਣੇ ਘਰ ਜਾ ਕੇ ਪਰਿਵਾਰਕ ਮੈਂਬਰਾਂ ਨਾਲ ਦੀਵਾਲੀ ਦਾ ਤਿਓਹਾਰ ਮਨਾ ਸਕਣ। ਉਨ੍ਹਾਂ ਦੱਸਿਆ ਕਿ ਉਹ ਜਿਵੇਂ ਹੋਰਨਾਂ ਤੰਦਰੁਸਤ ਇਨਸਾਨਾਂ ਨੂੰ ਖ਼ੂਨਦਾਨ ਅਤੇ ਪਲੇਟਲੈੱਟ ਸੈੱਲ ਦਾਨ ਕਰਨ ਲਈ ਪ੍ਰੇਰਦੇ ਹਨ, ਉਵੇਂ ਹੀ ਖੁਦ ਵੀ ਅਤੇ ਉਨ੍ਹਾਂ ਦੇ ਸਾਥੀ ਵੀ ਖ਼ੂਨਦਾਨ ਅਤੇ ਪਲੇਟਲੈੱਟ ਸੈੱਲ ਦਾਨ ਕਰਨ ਲਈ ਤੱਤਪਰ ਰਹਿੰਦੇ ਹਨ। ਹਰਦੀਪ ਸਨੌਰ ਨੇ ਖੁਦ 17 ਵਾਰ ਖ਼ੂਨਦਾਨ ਕੀਤਾ ਹੈ ਅਤੇ ਕਰੋਨਾ ਕਾਲ ਦੌਰਾਨ ਇੱਕ ਵਾਰ ਪਲੇਟਲੈੱਟ ਸੈੱਲ ਦਾਨ ਕੀਤੇ ਸਨ, ਮਨੁੱਖਤਾ ਦੀ ਸੇਵਾ ਵਿਚ ਇਹ ਉਨ੍ਹਾਂ ਦੀ 19ਵੀਂ ਹਾਜ਼ਰੀ ਹੈ। ਉਨ੍ਹਾਂ ਕਿਹਾ ਕਿ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਨਾਲ ਮਿਲ ਕੇ ਸਾਲ 2026 ਵਿਚ 3 ਵਾਰ ਖ਼ੂਨਦਾਨ ਕਰਨ ਵਾਲਿਆਂ ਦਾ 5 ਨਵੰਬਰ ਨੂੰ ਵਿਸ਼ੇਸ਼ ਤੌਰ *ਤੇ ਸਨਮਾਨ ਕੀਤਾ ਜਾਵੇਗਾ।

ਬਰਸਟ ਵੱਲੋਂ ਨਵੇਂ ਸੜਕੀ ਪ੍ਰੋਜੈਕਟ ਦੀ ਸ਼ੁਰੂਆਤ

ਸਮਾਣਾ (ਇਕਬਾਲ ਸਿੰਘ ਬੱਲ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪੇਂਡੂ ਖੇਤਰਾਂ ਦੇ ਵਿਕਾਸ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸ ਦੇ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਨਵੇਂ ਸੜਕੀ ਪ੍ਰੋਜੈਕਟ ਦਾ ਰਿਬਨ ਕੱਟ ਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ।ਇਸ ਸੜਕ ਦੇ ਨਿਰਮਾਣ ਕਾਰਜ ਸ਼ੁਰੂ ਹੋਣ ਨਾਲ ਲੰਬੇ ਸਮੇਂ ਤੋਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਬਰਸਟ ਵੱਲੋਂ ਪਾਤੜਾਂ ਰੋਡ 'ਤੇ ਸਥਿਤ ਮਹਾਂਵੀਰ ਰਾਈਸ ਮਿੱਲ ਵਿਖੇ ਆਯੋਜਤ ਸਮਾਗਮ ਦੌਰਾਨ ਇਸ ਨਵੇਂ ਸੜਕੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ।ਇਸ ਨਵੇਂ ਪ੍ਰੋਜੈਕਟ ਤਹਿਤ ਸਮਾਣਾ-ਪਾਤੜਾਂ ਰੋਡ ਤੋਂ ਗੜ੍ਹੀ ਸਾਹਿਬ ਜਾਣ ਵਾਲੀ 1 ਕਿਲੋਮੀਟਰ ਲੰਬੀ ਸੜਕ ਦੀ ਨਵੀਂ ਉਸਾਰੀ ਕੀਤੀ ਜਾਵੇਗੀ।ਇਸ ਅਹਿਮ ਸੜਕੀ ਪ੍ਰੋਜੈਕਟ ਨੂੰ ਮੁਕੰਮਲ ਕਰਨ 'ਤੇ ਕਰੀਬ 35 ਲੱਖ ਰੁਪਏ ਦੀ ਲਾਗਤ ਆਵੇਗੀ।ਚੇਅਰਮੈਨ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਰਮਾਣ ਕਾਰਜਾਂ ਵਿੱਚ ਗੁਣਵੱਤਾ ਦਾ ਖ਼ਾਸ ਧਿਆਨ ਰੱਖਿਆ ਜਾਵੇ ਤੇ ਇਸ ਨੂੰ ਮਿੱਥੇ ਸਮੇਂ ਦੇ ਅੰਦਰ ਪੂਰਾ ਕੀਤਾ ਜਾਵੇ ਤਾਂ ਜੁ ਆਮ ਲੋਕਾਂ ਨੂੰ ਜਲਦ ਤੋਂ ਜਲਦ ਰਾਹਤ ਮਿਲ ਸਕੇ।ਬਰਸਟ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਅਤੇ ਹਰ ਖੇਤਰ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਪਿੰਡਾਂ ਤੇ ਸ਼ਹਿਰਾਂ ਦੇ ਆਪਸੀ ਸੰਪਰਕ ਨੂੰ ਬਿਹਤਰ ਬਣਾਉਣ ਲਈ ਸੜਕਾਂ ਦਾ ਨੈੱਟਵਰਕ ਮਜ਼ਬੂਤ ਕਰਨਾ ਸਰਕਾਰ ਦੀ ਮੁੱਖ ਤਰਜੀਹਾਂ ਵਿੱਚੋਂ ਇੱਕ ਹੈ।

ਡੇਅਰੀ ਵਿਕਾਸ ਵਿਭਾਗ ਵੱਲੋਂ ਲੋਕਾਂ ਨੂੰ ਦੁੱਧ ਦੀ ਗੁਣਵੱਤਾ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ

ਲੁਧਿਆਣਾ (ਰਾਜ ਸਿੰਗਲਾ)-ਡੇਅਰੀ ਵਿਕਾਸ ਵਿਭਾਗ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਉਹ ਦੁੱਧ ਦੀ ਗੁਣਵੱਤਾ ਪ੍ਰਤੀ ਜਾਗਰੂਕ ਰਹਿਣ ਤੇ ਸਮੇਂ-ਸਮੇਂ ਵਿਭਾਗ ਵੱਲੋਂ ਲਾਏ ਜਾ ਰਹੇ ਕੈਂਪਾਂ ਦਾ ਲਾਭ ਉਠਾ ਕੇ ਦੁੱਧ ਦੀ ਸਮਾਨਤਾ ਅਤੇ ਸ਼ੁੱਧਤਾ ਦੀ ਜਾਂਚ ਕਰਾਉਂਦੇ ਰਹਿਣ।ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ ਨਿਰੰਤਰ ਦੁੱਧ ਜਾਗਰੂਕਤਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ, ਜਿਸਦੇ ਤਹਿਤ ਵੱਖ-ਵੱਖ ਥਾਵਾਂ 'ਤੇ ਆਮ ਲੋਕਾਂ ਵੱਲੋਂ ਲਿਆਂਦੇ ਗਏ ਦੁੱਧ ਦੇ ਸੈਂਪਲਾਂ ਦੀ ਮੌਕੇ 'ਤੇ ਹੀ ਟੈਸਟਿੰਗ ਕੀਤੀ ਜਾਂਦੀ ਹੈ।ਇਸੇ ਲੜੀ ਤਹਿਤ ਖੰਨਾ ਸ਼ਹਿਰ ਵਿਖੇ ਦੁੱਧ ਖਪਤਕਾਰਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ 2 ਵਿਸ਼ੇਸ਼ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਾਏ ਗਏ।ਇਹ ਕੈਂਪ ਸ਼ਹਿਰ ਦੇ ਨਵੀਂ ਆਬਾਦੀ ਤੇ ਆਜ਼ਾਦ ਨਗਰ ਇਲਾਕਿਆਂ ਵਿੱਚ ਆਯੋਜਿਤ ਕੀਤੇ ਗਏ ਜਿੱਥੇ ਆਮ ਲੋਕਾਂ ਵੱਲੋਂ ਲਿਆਂਦੇ ਗਏ ਦੁੱਧ ਦੇ ਸੈਂਪਲਾਂ ਦੀ ਮੌਕੇ 'ਤੇ ਹੀ ਟੈਸਟਿੰਗ ਕੀਤੀ ਗਈ।ਪਹਿਲਾ ਕੈਂਪ ਨਵੀਂ ਆਬਾਦੀ ਵਿਖੇ ਲਾਇਆ ਗਿਆ, ਜਿਸ ਵਿੱਚ ਕੁੱਲ 32 ਦੁੱਧ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ। ਟੈਸਟਿੰਗ ਦੌਰਾਨ 15 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਨਿਰਧਾਰਤ ਪੈਮਾਨੇ ਤੋਂ ਵੱਧ ਪਾਈ ਗਈ।ਇਸੇ ਤਰ੍ਹਾਂ ਦੂਜਾ ਕੈਂਪ ਆਜ਼ਾਦ ਨਗਰ ਵਿਖੇ ਲਾਇਆ ਗਿਆ, ਜਿੱਥੇ 31 ਦੁੱਧ ਦੇ ਸੈਂਪਲ ਟੈਸਟ ਕੀਤੇ ਗਏ ਅਤੇ ਇਨ੍ਹਾਂ ਵਿੱਚੋਂ 14 ਸੈਂਪਲਾਂ ਵਿੱਚ ਪਾਣੀ ਦੀ ਮਿਲਾਵਟ (ਮਾਤਰਾ ਵੱਧ) ਵੇਖਣ ਨੂੰ ਮਿਲੀ।ਕੁੱਲ ਮਿਲਾ ਕੇ ਦੋਵਾਂ ਕੈਂਪਾਂ ਵਿੱਚ ਟੈਸਟ ਕੀਤੇ ਗਏ 63 ਸੈਂਪਲਾਂ ਵਿੱਚੋਂ 29 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਨਿਕਲੀ।

ਕਾਂਗਰਸ 'ਚ ਪੂਰੀ ਇਕਜੁਟਤਾ, ਬਹੁਮਤ ਨਾਲ ਸਰਕਾਰ ਬਣਾਏਗੀ : ਡਾ. ਗੁਰਦੇਵ ਸਿੰਘ

ਮਮਦੋਟ (ਜਸਬੀਰ ਸਿੰਘ ਕੰਬੋਜ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਦੀ ਅਗਵਾਈ ਵਿਚ ਕਾਂਗਰਸ ਪਾਰਟੀ 2027 ਵਿਚ ਪੂਰੀ ਤਰਾਂ ਇਕਜੁਟਤਾ ਤੇ ਆਤਮਵਿਸ਼ਵਾਸ਼ ਨਾਲ ਚੋਣਾਂ ਲੜਕੇ ਪੰਜਾਬ ਵਿਚ ਆਪਣੇ ਬਲਬੂਤੇ ਪੂਰਨ ਬਹੁਮਤ ਨਾਲ ਸਰਕਾਰ ਬਣਾਏਗੀ।ਇਸ ਗੱਲ ਦਾ ਪ੍ਰਗਟਾਵਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਡਾਕਟਰ ਗੁਰਦੇਵ ਸਿੰਘ ਨੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਤੇ ਮੈਂਬਰ ਪਾਰਲੀਮੈਂਟ ਉਦੇਭਾਨ ਨਾਲ ਵਿਸ਼ੇਸ਼ ਮੀਟਿੰਗ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ ਕਾਂਗਰਸ ਪਾਰਟੀ ਦੇ ਜੁਝਾਰੂ ਵਰਕਰਾਂ ਤੇ ਆਗੂਆਂ ਨੂੰ ਵਧੀਆ ਕਾਰਗੁਜ਼ਾਰੀ ਦਿਖਾਈ ਹੈ ਤੇ ਹੁਣ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਾਸਤੇ ਪਾਰਟੀ ਦੇ ਆਦੇਸ਼ਾਂ ਤੇ ਸਰਗਰਮੀਆਂ ਜਾਰੀ ਹਨ ਤੇ ਉਮੀਦ ਕਰਦੇ ਹਾਂ ਕਿ ਇਸ ਵਾਰ ਨਤੀਜੇ ਵੀ ਬੇਹਤਰ ਹੋਣਗੇ।

ਸਹਿਕਾਰੀ ਬੈਂਕਾਂ ਵੱਲੋਂ ਕਿਸਾਨਾਂ 'ਤੇ ਮੜ੍ਹੀਆਂ ਜਾ ਰਹੀਆਂ ਮਾਰੂ ਸ਼ਰਤਾਂ : ਪੀਰ ਮੁਹੰਮਦ

ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਸੀਨੀਅਰ ਪ੍ਰਧਾਨ ਅਤੇ ਮੁੱਖ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਸਹਿਕਾਰੀ ਬੈਂਕਾਂ (ਕੋ-ਓਪਰੇਟਿਵ ਬੈਂਕਾਂ) ਵੱਲੋਂ ਕਿਸਾਨਾਂ ਨੂੰ ਨਵੇਂ ਕਰਜ਼ੇ ਦੇਣ ਤੋਂ ਨਾਂਹ ਕਰਨ ਅਤੇ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਪਾਲਿਸੀ ਦੀਆਂ ਨਵੀਆਂ ਮਾਰੂ ਸ਼ਰਤਾਂ ਮੜ੍ਹਨ ਦੀ ਕਰੜੀ ਨਿਖੇਧੀ ਕੀਤੀ ਹੈ।ਪੀਰ ਮੁਹੰਮਦ ਨੇ ਕਿਹਾ ਕਿ ਇਹ ਬਹੁਤ ਹੀ ਗੰਭੀਰ ਅਤੇ ਚਿੰਤਾਜਨਕ ਮੁੱਦਾ ਹੈ ਕਿ ਰਾਜ ਦੇ ਸਹਿਕਾਰੀ ਬੈਂਕਾਂ ਵਿੱਚ ਨਵੇਂ ਖਾਤੇ ਖੋਲ੍ਹਣ ਅਤੇ ਕਰਜ਼ੇ ਦੇਣ ਦਾ ਕੰਮ ਬੰਦ ਕਰ ਦਿੱਤਾ ਗਿਆ ਹੈ।ਬੈਂਕ ਅਧਿਕਾਰੀਆਂ ਅਤੇ ਪ੍ਰਬੰਧਕਾਂ ਵੱਲੋਂ ਨਵੀਆਂ ਸ਼ਰਤਾਂ ਲਾਗੂ ਕਰਕੇ ਕਿਸਾਨਾਂ ਨੂੰ ਕਰਜ਼ਾ ਪ੍ਰਕਿਰਿਆ ਤੋਂ ਵਾਂਝੇ ਕੀਤਾ ਜਾ ਰਿਹਾ ਹੈ।ਉਨ੍ਹਾਂ ਬਿਆਨ ਵਿੱਚ ਖੁਲਾਸਾ ਕੀਤਾ ਕਿ ਰਾਸ਼ਟਰੀ ਖੇਤੀਬਾੜੀ ਅਤੇ ਵਾਤਾਵਰਣ/ਪ੍ਰਬੰਧਨ ਵਿਕਾਸ ਬੈਂਕ (ਨਾਬਾਰਡ) ਦੀਆਂ ਹਦਾਇਤਾਂ ਦੇ ਹਵਾਲੇ ਨਾਲ ਪੰਜਾਬ ਵਿੱਚ ਕਿਸਾਨਾਂ ਦੇ ਕਰਜ਼ਿਆਂ ਵਿੱਚ 2400 ਕਰੋੜ ਰੁਪਏ ਦੀ ਵੱਡੀ ਕਟੌਤੀ ਕੀਤੀ ਗਈ ਹੈ।ਨਵੀਂ ਨੀਤੀ ਮੁਤਾਬਕ ਕਿਸਾਨਾਂ ਦੇ ਹਿੱਸੇ ਦੀ ਰਕਮ 2000 ਰੁਪਏ ਤੋਂ ਵਧਾ ਕੇ 6000 ਤੋਂ 9000 ਰੁਪਏ ਤੱਕ ਕਰ ਦਿੱਤੀ ਗਈ ਹੈ ਅਤੇ 2 ਲੱਖ ਰੁਪਏ ਤੋਂ ਉੱਪਰ ਦੇ ਕਰਜ਼ੇ ਲਈ ਕਿਸਾਨਾਂ ਨੂੰ ਆਪਣੀਆਂ ਜ਼ਮੀਨਾਂ ਗਹਿਣੇ ਰੱਖਣ ਲਈ ਮਜਬੂਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਪ੍ਰਤੀ ਆਪਣਾ ਰਵੱਈਆ ਸੁਹਿਰਦ ਬਣਾਵੇ ਅਤੇ ਕਿਸਾਨਾਂ ਨੂੰ ਕਰਜ਼ਾ ਲੈਣ ਸਮੇਂ ਆਉਂਦੀਆਂ ਸਾਰੀਆਂ ਮੁਸ਼ਕਲਾਂ ਤੇ ਸ਼ਰਤਾਂ ਨੂੰ ਤੁਰੰਤ ਦੂਰ ਕਰੇ।

ਆਬਕਾਰੀ ਵਿਭਾਗ ਨੇ ਨਾਜਾਇਜ਼ ਸ਼ਰਾਬ ਦੀ ਰੋਕਥਾਮ ਲਈ ਮੁਹਿੰਮ ਚਲਾਈ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ਼੍ਰੀ ਜਤਿੰਦਰਾ ਜੋਰਵਾਲ, ਆਈ.ਏ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸ਼੍ਰੀ ਰਾਜੇਸ਼ ਐਰੀ, ਡਿਪਟੀ ਕਮਿਸ਼ਨਰ ਆਬਕਾਰੀ ਦੀ ਰਹਿਨੁਮਾਈ ਹੇਠ, ਸ਼੍ਰੀ ਸੁਨੀਲ ਗੁਪਤਾ, ਸਹਾਇਕ ਕਮਿਸ਼ਨਰ ਆਬਕਾਰੀ ਅਤੇ ਆਬਕਾਰੀ ਅਫ਼ਸਰ ਸ੍ਰੀ ਜੈਸਲਪ੍ਰੀਤ ਸਿੰਘ ਦੇ ਮਾਰਗ ਦਰਸ਼ਨ ਅਨੁਸਾਰ ਆਬਕਾਰੀ ਵਿਭਾਗ ਵੱਲੋਂ ਨਾਜਾਇਜ਼ ਸ਼ਰਾਬ ਦੀ ਰੋਕਥਾਮ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਆਬਕਾਰੀ ਇੰਸਪੈਕਟਰ ਸ਼੍ਰੀ ਮੁਨੀਸ਼ ਕਥੂਰੀਆ ਅਤੇ ਆਬਕਾਰੀ ਇੰਸਪੈਕਟਰ ਸ਼੍ਰੀ ਤਜਿੰਦਰ ਸਿੰਘ ਵੱਲੋਂ ਲੋਕਾਂ ਨੂੰ ਨਾਜਾਇਜ਼ ਸ਼ਰਾਬ ਦੇ ਸੇਵਨ ਨਾਲ ਸਿਹਤ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਲੋਕਾਂ ਨੂੰ ਨਾਜਾਇਜ਼ ਸ਼ਰਾਬ ਬਣਾਉਣ, ਵੇਚਣ ਅਤੇ ਸਮੱਗਲਿੰਗ ਕਰਨ ਵਰਗੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਾਜਾਇਜ਼ ਸ਼ਰਾਬ ਦੇ ਕਾਰੋਬਾਰ ਨੂੰ ਰੋਕਣ ਲਈ ਆਬਕਾਰੀ ਵਿਭਾਗ ਦਾ ਸਹਿਯੋਗ ਕਰਨ ਅਤੇ ਅਜਿਹੀਆਂ ਗਤੀਵਿਧੀਆਂ ਸਬੰਧੀ ਜਾਣਕਾਰੀ ਵਿਭਾਗ ਦੇ ਧਿਆਨ ਵਿੱਚ ਲਿਆਉਣ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

4161 ਮਾਸਟਰ ਕਾਡਰ ਭਰਤੀ ਦੇ 253 ਅਧਿਆਪਕਾਂ ਨੂੰ ਸਿੱਖਿਆ ਵਿਭਾਗ ਨੇ ਨੌਕਰੀ ਤੋਂ ਕੱਢਿਆ

ਵਿਭਾਗੀ ਗਲਤੀਆਂ ਦਾ ਖਮਿਆਜ਼ਾ ਬੇਕਸੂਰ ਅਧਿਆਪਕਾਂ ਨੂੰ ਭੁਗਤਣਾ ਪਿਆ : ਡੀ ਟੀ ਐੱਫ ਤਰਨ ਤਾਰਨ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਪੰਜਾਬ ਵਿੱਚ ਰੁਜ਼ਗਾਰ ਦੇਣ ਦੇ ਦਾਅਵੇ ਕਰਨ ਵਾਲੀ ਸਰਕਾਰ ਦੇ ਕਾਰਜਕਾਲ ਦੌਰਾਨ 4161 ਮਾਸਟਰ ਕਾਡਰ ਭਰਤੀ ਦੇ 253 ਅਧਿਆਪਕਾਂ ਨੂੰ ਸਿੱਖਿਆ ਵਿਭਾਗ ਪੰਜਾਬ ਵੱਲੋਂ ਨੌਕਰੀ ਤੋਂ ਟਰਮੀਨੇਟ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਅਧਿਆਪਕ ਪਿਛਲੇ ਲਗਪਗ ਸਾਢੇ ਤਿੰਨ ਸਾਲਾਂ ਤੋਂ ਸਕੂਲਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੀ ਜ਼ਿਲ੍ਹਾ ਤਰਨ ਤਾਰਨ ਇਕਾਈ ਦੇ ਪ੍ਰਧਾਨ ਪ੍ਰਤਾਪ ਸਿੰਘ ਠੱਠਗੜ੍ਹ, ਸੀਨੀਅਰ ਮੀਤ ਪ੍ਰਧਾਨ ਕੰਵਰਦੀਪ ਸਿੰਘ ਢਿੱਲੋਂ, ਜਨਰਲ ਸਕੱਤਰ ਅਮਰਦੀਪ, ਵਿੱਤ ਸਕੱਤਰ ਭੁਪਿੰਦਰ ਸਿੰਘ ਨਾਗੀ ਅਤੇ ਮੀਤ ਪ੍ਰਧਾਨ ਸਰਬਜੀਤ ਸਿੰਘ ਨੇ ਇਸ ਕਾਰਵਾਈ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਕਿਹਾ ਕਿ ਵਿਭਾਗ ਅਤੇ ਸਰਕਾਰ ਦੀਆਂ ਗਲਤੀਆਂ ਦਾ ਖਮਿਆਜ਼ਾ ਬੇਕਸੂਰ ਅਧਿਆਪਕਾਂ ਨੂੰ ਭੁਗਤਣਾ ਪੈ ਰਿਹਾ ਹੈ, ਜਿਸ ਨੂੰ ਪੰਜਾਬ ਦੀਆਂ ਸਮੂਹ ਇਨਸਾਫ਼ਪਸੰਦ ਜਥੇਬੰਦੀਆਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੀਆਂ।

ਆਗੂਆਂ ਨੇ ਦੱਸਿਆ ਕਿ ਇਨਸਾਫ਼ ਦੀ ਮੰਗ ਨੂੰ ਲੈ ਕੇ ਸੰਬੰਧਤ ਅਧਿਆਪਕ ਪਿਛਲੇ ਦਸ ਦਿਨਾਂ ਤੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਪੱਕਾ ਧਰਨਾ ਲਗਾ ਕੇ ਬੈਠੇ ਹੋਏ ਸਨ।ਆਗੂਆਂ ਨੇ ਵਿਭਾਗ ਅਤੇ ਸਰਕਾਰ ਨੂੰ ਮੰਗ ਕੀਤੀ ਕਿ 253 ਅਧਿਆਪਕਾਂ ਦੀਆਂ ਸੇਵਾਵਾਂ ਤੁਰੰਤ ਬਹਾਲ ਕਰਕੇ ਉਨ੍ਹਾਂ ਦੀ ਨੌਕਰੀ ਸੁਰੱਖਿਅਤ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਜੇਕਰ ਅਧਿਆਪਕਾਂ ਨੂੰ ਇਨਸਾਫ਼ ਨਾ ਦਿੱਤਾ ਗਿਆ ਤਾਂ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਪ੍ਰਾਪਤ ਜਾਣਕਾਰੀ ਅਨੁਸਾਰ 4161 ਮਾਸਟਰ ਕਾਡਰ ਭਰਤੀ ਦਾ ਨਤੀਜਾ ਸਾਲ 2022 ਵਿੱਚ ਐਲਾਨਿਆ ਗਿਆ ਸੀ ਅਤੇ ਜਨਵਰੀ 2023 ਵਿੱਚ ਮੈਰਿਟ ਸੂਚੀ ਵਿੱਚ ਸ਼ਾਮਲ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਗਏ ਸਨ। ਇਸੇ ਦੌਰਾਨ ਪ੍ਰੀਖਿਆ ਦੀ ਉੱਤਰ ਕੁੰਜੀ ਵਿੱਚ ਕਥਿਤ ਤਰੁੱਟੀਆਂ ਦਾ ਮਾਮਲਾ ਮਾਣਯੋਗ ਹਾਈਕੋਰਟ ਵਿੱਚ ਪਹੁੰਚ ਗਿਆ। ਇਨ੍ਹਾਂ ਤਰੁੱਟੀਆਂ ਨੂੰ ਦੂਰ ਕਰਨ ਲਈ ਅਦਾਲਤੀ ਹੁਕਮਾਂ 'ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸਮੇਤ ਹੋਰਨਾਂ ਯੂਨੀਵਰਸਿਟੀਆਂ ਦੇ ਵਿਸ਼ਾ ਮਾਹਿਰਾਂ ਵੱਲੋਂ ਸੋਧੀ ਹੋਈ ਉੱਤਰ ਕੁੰਜੀ ਤਿਆਰ ਕੀਤੀ ਗਈ।ਸੋਧੀ ਹੋਈ ਉੱਤਰ ਕੁੰਜੀ ਦੇ ਆਧਾਰ 'ਤੇ ਸਿੱਖਿਆ ਵਿਭਾਗ ਵੱਲੋਂ ਨਵੀਂ ਚੋਣ ਸੂਚੀ ਤਿਆਰ ਕੀਤੀ ਗਈ, ਜਿਸ ਕਾਰਨ ਪਹਿਲੀ ਮੈਰਿਟ ਸੂਚੀ ਅਨੁਸਾਰ ਨਿਯੁਕਤ ਹੋਏ ਕਈ ਉਮੀਦਵਾਰ ਨਵੀਂ ਸੂਚੀ ਵਿੱਚੋਂ ਬਾਹਰ ਹੋ ਗਏ। ਇਸ ਤੋਂ ਬਾਅਦ ਪ੍ਰਭਾਵਿਤ ਅਧਿਆਪਕਾਂ ਨੇ ਅਦਾਲਤ ਦਾ ਰੁਖ ਕੀਤਾ। ਹੁਣ ਨਵੀਂ ਚੋਣ ਸੂਚੀ ਦੇ ਆਧਾਰ 'ਤੇ ਵਿਭਾਗ ਵੱਲੋਂ 253 ਅਧਿਆਪਕਾਂ ਦੀਆਂ ਸੇਵਾਵਾਂ ਖ਼ਤਮ ਕਰ ਦਿੱਤੀਆਂ ਗਈਆਂ ਹਨ।ਡੀ ਟੀ ਐੱਫ ਤਰਨ ਤਾਰਨ ਦੇ ਆਗੂਆਂ ਨੇ ਕਿਹਾ ਕਿ ਭਰਤੀ ਪ੍ਰਕਿਰਿਆ ਦੌਰਾਨ ਉੱਤਰ ਕੁੰਜੀ ਅਤੇ ਚੋਣ ਸੂਚੀਆਂ ਨਾਲ ਸਬੰਧਤ ਤਰੁੱਟੀਆਂ ਲਈ ਅਧਿਆਪਕ ਜ਼ਿੰਮੇਵਾਰ ਨਹੀਂ ਹਨ। ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਇਸ ਮਾਮਲੇ ਵਿੱਚ ਦਖ਼ਲ ਦੇ ਕੇ ਪ੍ਰਭਾਵਿਤ ਅਧਿਆਪਕਾਂ ਦੀ ਨੌਕਰੀ ਬਹਾਲ ਕਰੇ ਅਤੇ ਉਨ੍ਹਾਂ ਨੂੰ ਇਨਸਾਫ਼ ਦੇਵੇ। ਇਸ ਮੌਕੇ ਗੁਰਬੀਰ ਸਿੰਘ, ਗੁਰਬਾਜ ਸਿੰਘ, ਬਲਰਾਜ ਸਿੰਘ, ਇੰਦਰਬੀਰ ਸਿੰਘ,ਜਸਕਿਰਤ ਸਿੰਘ, ਸਵਿੰਦਰ ਸਿੰਘ ਸੰਧੂ, ਸੁਰਿੰਦਰ ਨਾਥ, ਜਸਬੀਰ ਸਿੰਘ, ਗੁਰਮੀਤ ਸਿੰਘ, ਸੁਖਪਾਲ ਸਿੰਘ, ਹਰਸਿਮਰਤ ਕੌਰ, ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਦਾ ਸਾਮਾਨ ਵੰਡਿਆ

ਮਜੀਠਾ (ਸ਼ੈਲਿਸ ਆਨੰਦ) ਸਕੂਲਾਂ ਵਿੱਚ ਪੜ੍ਹਦੇ ਹੋਣਹਾਰ ਤੇ ਲੋੜਵੰਦ ਬੱਚਿਆਂ ਦੀ ਸਿੱਖਿਆ ਵਿਚ ਰੁਚੀ ਵਧਾਉਣ ਦੇ ਮੰਤਵ ਨਾਲ ਸਮਾਜ ਵਿਚ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਬੱਚਿਆਂ ਦੀ ਸਹਾਇਤਾ ਕੀਤੀ ਜਾਂਦੀ ਹੈ।ਇਸੇ ਤਹਿਤ ਵਾਲਮੀਕਿ ਮੰਦਰ ਕਮੇਟੀ ਮਜੀਠਾ ਦੇ ਅਹੁਦੇਦਾਰਾਂ ਵੱਲੋਂ ਸੀ.ਐਮ.ਐਸ ਹਾਈ ਸਕੂਲ ਮਜੀਠਾ ਦੇ ਹੋਣਹਾਰ ਅਤੇ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਦਾ ਸਮਾਨ ਵੰਡਿਆ।ਸੰਸਥਾ ਦੇ ਪ੍ਰਧਾਨ ਹਰਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਨੰਬਰਦਾਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਗਰੀਬ ਤੇ ਹੋਣਹਾਰ ਵਿਦਿਆਰਥੀਆਂ ਦੀ ਮੰਗ ਅਨੁਸਾਰ ਉਨ੍ਹਾਂ ਦੀ ਉਪਰਾਲੇ ਕਰਦੀ ਹੈ ਅਤੇ ਸਕੂਲ ਦੇ ਅਧਿਆਪਕਾਂ ਦੀ ਮੰਗ ਅਨੁਸਾਰ ਉਨ੍ਹਾਂ ਦੀ ਸੰਸਥਾ ਵੱਲੋਂ ਲੋੜਵੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਦੇ ਸਮਾਨ ਵਿਚ ਕਾਪੀਆਂ, ਪੈਨ, ਪੈਨਸਿਲਾਂ ਆਦਿਕ ਸਮਾਨ ਵੰਡਿਆ ਗਿਆ।ਸਕੂਲ ਪ੍ਰਿੰਸੀਪਲ ਮੈਡਮ ਸਤਿੰਦਰ ਕੌਰ ਨੇ ਸੰਸਥਾ ਦੇ ਅਹੁਦੇਦਾਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਸਤਿੰਦਰਜੀਤ ਕੌਰ ਦੇ ਨਾਲ ਅਧਿਆਪਕਾਂ ਵਿਚ ਪ੍ਰਿੰਸੀਪਲ ਵਿਲੀਅਮ ਮਸੀਹ, ਮੋਹਨ ਲਾਲ, ਰੋਹਿਤ ਚੌਹਾਨ, ਮਿਸ ਅਨੀਤਾ, ਤਜਿੰਦਰ ਕੌਰ, ਰਜਨੀ ਸ਼ਰਮਾ, ਮਿਸ ਕਰੀਨਾ ਅਤੇ ਵਾਲਮੀਕ ਮੰਦਰ ਕਮੇਟੀ ਮੈਂਬਰਜ਼ ਵਿਚ ਪ੍ਰਧਾਨ ਹਰਦੀਪ ਸਿੰਘ, ਨੰਬਰਦਾਰ ਗੁਰਪ੍ਰੀਤ ਸਿੰਘ, ਰੋਸ਼ਨ ਸਿੰਘ, ਗੁਰਜੀਤ ਸਿੰਘ, ਰਛਪਾਲ ਸਿੰਘ, ਕ੍ਰਾਂਤੀਪਾਲ ਚੌਹਾਨ, ਸਤਪਾਲ ਸਿੰਘ, ਆਦਿ ਹਾਜ਼ਰ ਸਨ।

ਕੈਬਨਿਟ ਮੰਤਰੀ ਕਟਾਰੂਚੱਕ ਵੱਲੋਂ ਪੀ ਏ ਯੂ ਖੋਜ ਕੇਂਦਰ ਵਿਖੇ ਨਵੇਂ ਆਟੋਮੈਟਿਕ ਮੌਸਮ ਸਟੇਸ਼ਨ ਦਾ ਉਦਘਾਟਨ

ਗੁਰਦਾਸਪੁਰ (ਜਨਕ ਮਹਾਜਨ)- ਵਧਦੀ ਮੌਸਮੀ ਅਸਥਿਰਤਾ ਦੇ ਮੱਦੇਨਜ਼ਰ ਅਤੇ ਮੌਸਮ ਦੀ ਭਵਿੱਖਬਾਣੀ ਨੂੰ ਹੋਰ ਸਟੀਕ ਬਣਾਉਣ ਲਈ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ ਏ ਯੂ) ਖੇਤਰੀ ਖੋਜ ਕੇਂਦਰ ਗੁਰਦਾਸਪੁਰ ਵਿਖੇ ਇਕ ਪੂਰੀ ਤਰ੍ਹਾਂ ਆਟੋਮੈਟਿਕ ਮੌਸਮ ਸਟੇਸ਼ਨ ਦਾ ਉਦਘਾਟਨ ਪੰਜਾਬ ਦੇ ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਤੇ ਪੀ.ਏ.ਯੂ ਦੇ ਵਾਈਸ ਚਾਂਸਲਰ ਸੁਖਜੀਤ ਪਾਲ ਸਿੰਘ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਡਾਇਰੈਕਟਰ ਖੋਜ ਡਾ. ਏ.ਐਸ. ਢੱਟ, ਡਾਇਰੈਕਟਰ ਪਸਾਰ ਸਿੱਖਿਆ ਡਾ. ਐਮ.ਐਸ. ਭੁੱਲਰ ਅਤੇ ਖੇਤਰੀ ਖੋਜ ਕੇਂਦਰ ਗੁਰਦਾਸਪੁਰ ਦੇ ਡਾਇਰੈਕਟਰ ਡਾ. ਹਰਪਾਲ ਸਿੰਘ ਰੰਧਾਵਾ ਸਮੇਤ ਖੇਤੀ ਵਿਗਿਆਨੀ ਤੇ ਅਗਾਂਹਵਧੂ ਕਿਸਾਨ ਹਾਜ਼ਰ ਸਨ।ਆਟੋਮੈਟਿਕ ਮੌਸਮ ਸਟੇਸ਼ਨ ਦਾ ਉਦਘਾਟਨ ਕਰਦਿਆਂ ਕਟਾਰੂਚੱਕ ਨੇ ਕਿਹਾ ਕਿ ਹੁਣ ਖੇਤੀ ਸਿਰਫ਼ ਅੰਦਾਜ਼ਿਆਂ ਜਾਂ ਪੁਰਾਣੀਆਂ ਤਰੀਕਾਂ ਦੇ ਸਹਾਰੇ ਨਹੀਂ ਚੱਲ ਸਕਦੀ, ਕਿਉਂਕਿ ਮੌਸਮ ਖੁਦ ਹੀ ਬਦਲ ਰਹੇ ਹਨ।ਵਾਈਸ ਚਾਂਸਲਰ ਸੁਖਜੀਤ ਪਾਲ ਸਿੰਘ ਨੇ ਕਿਹਾ ਕਿ ਇਹ ਨਵਾਂ ਆਟੋਮੈਟਿਕ ਸਿਸਟਮ ਤਾਪਮਾਨ, ਨਮੀ, ਹਵਾ ਦੀ ਰਫ਼ਤਾਰ, ਸੂਰਜੀ ਕਿਰਨਾਂ, ਜ਼ਮੀਨੀ ਤਾਪਮਾਨ ਅਤੇ ਬਰਸਾਤ ਨੂੰ ਰੀਅਲ ਟਾਈਮ ਵਿੱਚ ਦਰਜ ਕਰਕੇ ਅੰਕੜਿਆਂ ਦੀ ਬਾਂ ਸਹੀ ਜਾਣਕਾਰੀ ਦਿੰਦਾ ਹੈ। ਡਾ. ਏ.ਐਸ. ਢੱਟ ਨੇ ਕਿਹਾ ਕਿ ਇਹ ਸਥਾਨਕ ਪੱਧਰ ਤੇ ਇਕੱਠੇ ਅੰਕੜੇ ਸਿੱਧੇ ਪੀ ਏ ਯੂ ਦੇ ਫ਼ੀਲਡ ਟਰਾਇਲਾਂ ਅਤੇ ਕਿਸਮਾਂ ਦੀ ਜਾਂਚ ਵਿਚ ਵਰਤੇ ਜਾਣਗੇ, ਤਾਂ ਜੋ ਨਵੀਆਂ ਬੀਜ ਕਿਸਮਾਂ ਨੂੰ ਗੁਰਦਾਸਪੁਰ ਦੇ ਅਸਲ ਮਾਈਕਰੋਕਲਾਈਮੇਟ ਮੁਤਾਬਕ ਪਰਖਿਆ ਜਾ ਸਕੇ। ਐਮ.ਐਸ. ਰੰਧਾਵਾ ਨੇ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਮੌਸਮ ਦੀ ਭਵਿੱਖਬਾਣੀ ਨੂੰ ਇਸ ਸਟੇਸ਼ਨ ਦਾ ਵੱਡਾ ਫਾਇਦਾ ਦੱਸਿਆ। ਉਨ੍ਹਾਂ ਕਿਹਾ ਕਿ ਕਣਕ ਦੀ ਪੀਲੀ ਕੁੰਗੀ ਵਰਗੀਆਂ ਬਿਮਾਰੀਆਂ ਨਮੀ ਅਤੇ ਤਾਪਮਾਨ ਦੇ ਇੱਕ ਖਾਸ ਪੱਧਰ 'ਤੇ ਹੀ ਹਮਲਾ ਕਰਦੀਆਂ ਹਨ ਅਤੇ ਲਗਾਤਾਰ ਨਿਗਰਾਨੀ ਨਾਲ ਬਿਮਾਰੀਆਂ ਜਾਂ ਕੀੜੇ-ਮਕੌੜਿਆਂ ਦੇ ਹਮਲੇ ਦੀ ਰੋਕਥਾਮ ਵਿਚ ਮਦਦ ਮਿਲ ਸਕਦੀ ਹੈ।

ਪੰਜਾਬ 'ਚ ਕਾਂਗਰਸ ਹੀ ਲਿਆਵੇਗੀ ਬਦਲਾਅ : ਕਰਨਬੀਰ ਸਿੰਘ

ਝਬਾਲ (ਮੱਖਣ ਮਨੋਜ) 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਨੇ ਹੁਣ ਤੋਂ ਹੀ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।ਇਸੇ ਲੜੀ ਤਹਿਤ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਹਲਕੇ ਦੇ ਕਾਂਗਰਸੀ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਇੰਚਾਰਜ ਕਰਨਬੀਰ ਸਿੰਘ ਬੁਰਜ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਜਨਤਾ ਸੱਤਾਧਾਰੀ ਸਰਕਾਰ ਤੋਂ ਤੰਗ ਆ ਚੁੱਕੀ ਹੈ ਅਤੇ 2027 'ਚ ਕਾਂਗਰਸ ਪਾਰਟੀ ਨੂੰ ਹੀ ਸੱਤਾ 'ਚ ਲਿਆਉਣਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਸਮਾਂ ਆ ਗਿਆ ਹੈ ਕਿ ਅਸੀਂ ਸਾਰੇ ਆਪਸੀ ਮਤਭੇਦ ਭੁਲਾ ਕੇ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰੀਏ।ਬੁਰਜ ਨੇ ਕਿਹਾ ਕਿ ਕਾਂਗਰਸ ਹਾਈਕਮਾਂਡ ਵੱਲੋਂ ਦਿੱਤੀਆਂ ਜਾ ਰਹੀਆਂ ਜ਼ਿੰਮੇਵਾਰੀਆਂ ਨੂੰ ਹਰ ਵਰਕਰ ਤਨਦੇਹੀ ਨਾਲ ਨਿਭਾਵੇ।ਉਨ੍ਹਾਂ ਵਰਕਰਾਂ ਨੂੰ ਹਦਾਇਤ ਕੀਤੀ ਕਿ ਉਹ ਘਰ-ਘਰ ਜਾ ਕੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਹਿੱਤ ਲਈ ਕੀਤੇ ਕੰਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ। ਇਸ ਮੌਕੇ ਵੱਡੀ ਗਿਣਤੀ 'ਚ ਕਾਂਗਰਸੀ ਵਰਕਰ ਹਾਜ਼ਰ ਸਨ ਅਤੇ ਸਾਰਿਆਂ ਨੇ ਇੱਕਜੁੱਟ ਹੋ ਕੇ 2027 'ਚ ਤਰਨ ਤਾਰਨ ਹਲਕੇ 'ਤੇ ਕਾਂਗਰਸ ਦਾ ਝੰਡਾ ਲਹਿਰਾਉਣ ਦਾ ਪ੍ਰਣ ਲਿਆ।ਇਸ ਮੌਕੇ ਓ ਬੀ ਸੀ ਸੈਲ ਦੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਲਾਲੀ , ਬਲਾਕ ਪ੍ਰਧਾਨ ਨੌਨਿਹਾਲ ਸਿੰਘ ਕਸੇਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਹਰਜੀਤ ਸਿੰਘ ਜੀਤਾ ਝਬਾਲ ਆਦਿ ਤੋਂ ਇਲਾਵਾ ਹੋਰ ਵੀ ਕਾਂਗਰਸ ਪਾਰਟੀ ਦੇ ਵਰਕਰ ਹਾਜ਼ਰ ਸਨ।

ਭਾਜਪਾ ਝੂਠ ਦੇ ਸਹਾਰੇ ਪੰਜਾਬ 'ਚ ਪੈਰ ਜਮਾਉਣ ਦੀ ਕੋਸ਼ਿਸ਼ ਕਰ ਰਹੀ : ਸ਼ਮਸ਼ੇਰ ਸਿੰਘ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਹਲਕਾ ਦੀਨਾਨਗਰ ਨਾਲ ਸਬੰਧਤ ਆਮ ਆਦਮੀ ਪਾਰਟੀ ਦੇ ਇੱਕ ਸਾਬਕਾ ਯੂਥ ਆਗੂ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਸ਼ੁਰੂ ਹੋਇਆ ਸਿਆਸੀ ਘਮਾਸਾਨ ਹੁਣ ਪੂਰੀ ਤਰ੍ਹਾਂ ਭਖ ਗਿਆ ਹੈ।ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਭਾਜਪਾ ਵੱਲੋਂ ਕੀਤੇ ਗਏ ਮੈਗਾ ਜੁਆਇਨਿੰਗ ਦੇ ਦਾਅਵਿਆਂ ਨੂੰ ਸਿਰੇ ਤੋਂ ਨਕਾਰਦਿਆਂ ਵਿਰੋਧੀ ਧਿਰ 'ਤੇ ਤਿੱਖੇ ਸਿਆਸੀ ਹਮਲੇ ਕੀਤੇ ਹਨ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਪੱਤਰਕਾਰ ਮਿਲਣੀ ਦੌਰਾਨ ਭਾਜਪਾ ਦੀ ਕਾਰਜਸ਼ੈਲੀ 'ਤੇ ਸਵਾਲ ਚੁੱਕਦਿਆਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਅਤੇ ਖਾਸ ਕਰਕੇ ਦੀਨਾਨਗਰ ਹਲਕੇ ਵਿੱਚ ਆਪਣਾ ਆਧਾਰ ਗੁਆ ਚੁੱਕੀ ਹੈ ਅਤੇ ਹੁਣ ਉਹ ਪਾਰਟੀ ਵਿੱਚੋਂ ਨਕਾਰੇ ਜਾ ਚੁੱਕੇ ਲੋਕਾਂ ਦੇ ਸਿਰ 'ਤੇ ਆਪਣੀ ਸਿਆਸੀ ਜ਼ਮੀਨ ਤਲਾਸ਼ਣ ਦੀ ਨਾਕਾਮ ਕੋਸ਼ਿਸ਼ ਕਰ ਰਹੀ। ਸ਼ਮਸ਼ੇਰ ਸਿੰਘ ਨੇ ਭਾਜਪਾ ਦੀ ਮੌਜੂਦਾ ਸਿਆਸੀ ਸਥਿਤੀ 'ਤੇ ਵੱਡੇ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਕੀ ਭਾਜਪਾ ਦੀ ਹਾਲਤ ਅੱਜ ਇੰਨੀ ਜ਼ਿਆਦਾ ਤਰਸਯੋਗ ਹੋ ਗਈ ਹੈ ਕਿ ਉਸ ਕੋਲ ਲੋਕਾਂ ਵਿੱਚ ਜਾਣ ਲਈ ਕੋਈ ਸਕਾਰਾਤਮਕ ਮੁੱਦਾ ਹੀ ਨਹੀਂ ਬਚਿਆ। ਉਨ੍ਹਾਂ ਕਿਹਾ ਕਿ ਦੇਸ਼ ਦੀ ਸਭ ਤੋਂ ਵੱਡੀ ਪਾਰਟੀ ਹੋਣ ਦਾ ਦਾਅਵਾ ਕਰਨ ਵਾਲੀ ਭਾਜਪਾ ਹੁਣ ਲੋਕ-ਪੱਖੀ ਅਤੇ ਮੁੱਦਿਆਂ ਦੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਛੱਡ ਕੇ ਸਿਰਫ਼ ਅਤੇ ਸਿਰਫ਼ ਝੂਠ, ਅਫਵਾਹਾਂ ਅਤੇ ਫੋਕੇ ਪ੍ਰਚਾਰ ਦੇ ਸਹਾਰੇ ਪੰਜਾਬ ਵਿੱਚ ਪੈਰ ਜਮਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਭਾਜਪਾ ਵਿੱਚ ਸ਼ਾਮਲ ਹੋਏ ਅੰਗਰੇਜ਼ ਸਿੰਘ ਅਤੇ ਉਨ੍ਹਾਂ ਨਾਲ 40 ਤੋਂ ਵੱਧ ਸਰਪੰਚਾਂ ਦੇ ਜਾਣ ਦੇ ਦਾਅਵੇ ਤੇ ਬੋਲਦਿਆਂ ਹਲਕਾ ਇੰਚਾਰਜ ਨੇ ਕਿਹਾ ਕਿ ਇਹ ਦਾਅਵਾ ਹਾਸੋਹੀਣਾ ਅਤੇ ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਹੈ।ਉਨ੍ਹਾਂ ਖੁਲਾਸਾ ਕੀਤਾ ਕਿ ਅੰਗਰੇਜ ਸਿੰਘ ਨੇ ਕਿਸੇ ਵੇਲੇ ਜੋੜ-ਤੋੜ ਕਰਕੇ ਯੂਥ ਵਿੰਗ ਵਿੱਚ ਇੱਕ ਛੋਟਾ ਅਹੁਦਾ ਲਿਆ ਸੀ, ਪਰ ਪਾਰਟੀ ਦੀਆਂ ਨੀਤੀਆਂ ਅਤੇ ਗਾਈਡਲਾਈਨਜ਼ ਦੇ ਉਲਟ ਜਾ ਕੇ ਹਮੇਸ਼ਾ ਮਨਮਰਜ਼ੀ ਦੀ ਰਾਜਨੀਤੀ ਕੀਤੀ। ਇਸੇ ਅਨੁਸ਼ਾਸਨਹੀਣਤਾ ਕਾਰਨ ਸੰਗਠਨ ਵਿੱਚੋਂ ਉਨ੍ਹਾਂ ਦਾ ਆਧਾਰ ਬਹੁਤ ਪਹਿਲਾਂ ਹੀ ਖ਼ਤਮ ਹੋ ਚੁੱਕਾ ਸੀ ਅਤੇ ਕਰੀਬ ਸਾਲ ਪਹਿਲਾਂ ਹੀ ਜ਼ਿਲ੍ਹਾ ਪ੍ਰਧਾਨ ਨੇ ਜਨਤਕ ਕਰ ਦਿੱਤਾ ਸੀ ਕਿ ਉਨ੍ਹਾਂ ਕੋਲ ਆਪ ਦਾ ਕੋਈ ਅਹੁਦਾ ਨਹੀਂ ਹੈ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਦੀਨਾਨਗਰ ਹਲਕੇ ਤੋਂ ਕੋਈ ਵੀ ਆਮ ਆਦਮੀ ਪਾਰਟੀ ਦਾ ਸਰਪੰਚ ਜਾਂ ਅਹੁਦੇਦਾਰ ਭਾਜਪਾ 'ਚ ਸ਼ਾਮਲ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਭਾਜਪਾ ਲੀਡਰਸ਼ਿਪ ਨੂੰ ਦੀਨਾਨਗਰ ਦੇ ਲੋਕਾਂ ਸਾਹਮਣੇ ਉਨ੍ਹਾਂ 40 ਸਰਪੰਚਾਂ ਦੇ ਨਾਮ ਅਤੇ ਪਿੰਡਾਂ ਦੀ ਸੂਚੀ ਜਨਤਕ ਕਰਨੀ ਚਾਹੀਦੀ ਹੈ, ਨਹੀਂ ਤਾਂ ਆਪਣੀ ਝੂਠੀ ਸਿਆਸਤ ਲਈ ਜਨਤਾ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਹਲਕਾ ਇੰਚਾਰਜ ਨੇ ਦਾਅਵਾ ਕੀਤਾ ਕਿ ਦੀਨਾਨਗਰ ਦੇ ਸਮੂਹ ਚੁਣੇ ਹੋਏ ਨੁਮਾਇੰਦੇ, ਸਰਪੰਚ ਅਤੇ ਆਮ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਅਜਿਹੇ ਨਕਾਰਾ ਅਤੇ ਪਾਰਟੀ ਲਾਈਨ ਤੋਂ ਬਾਹਰ ਹੋ ਚੁੱਕੇ ਲੋਕਾਂ ਦੇ ਜਾਣ ਨਾਲ ਆਪ ਦੇ ਮਜ਼ਬੂਤ ਸੰਗਠਨ ਨੂੰ ਕੋਈ ਫਰਕ ਨਹੀਂ ਪੈਂਦਾ ਅਤੇ ਹਲਕੇ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੀ ਇਸ ਗੁੰਮਰਾਹਕੁੰਨ ਰਾਜਨੀਤੀ ਦਾ ਮੂੰਹ ਤੋੜਵਾਂ ਜਵਾਬ ਦੇਣਗੇ।

ਵਿਜੀਲੈਂਸ ਅਵੇਅਰਨੈੱਸ ਵੀਕ-2026 ਦੇ ਸੰਬੰਧ 'ਚ ਆਰ ਟੀ ਏ ਦਫਤਰ ਵਿਖੇ ਜਾਗਰੂਕਤਾ ਸਮਾਗਮ

ਗੁਰਦਾਸਪੁਰ (ਜਨਕ ਮਹਾਜਨ)- ਸ਼ਰਨਜੀਤ ਸਿੰਘ ਉਪ ਕਪਤਾਨ ਪੁਲਸ ਵਿਜੀਲੈਂਸ ਬਿਊਰੋ ਯੂਨਿਟ ਗੁਰਦਾਸਪੁਰ ਵੱਲੋਂ ਵਿਜੀਲੈਂਸ ਅਵੇਅਰਨੈੱਸ ਵੀਕ-2026 ਦੇ ਸੰਬੰਧ ਵਿਚ ਆਮ ਜਨਤਾ ਨੂੰ ਭ੍ਰਿਸ਼ਟਾਚਾਰ ਦੇ ਖ਼ਾਤਮੇ, ਇਮਾਨਦਾਰੀ, ਪਾਰਦਰਸ਼ਤਾ ਅਤੇ ਜਵਾਬਦੇਹੀ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਦੇ ਚੱਲਦਿਆਂ ਆਰ.ਟੀ. ਏ ਦਫ਼ਤਰ ਗੁਰਦਾਸਪੁਰ ਵਿਖੇ ਵਿਜੀਲੈਂਸ ਅਵੇਅਰਨੈੱਸ ਵੀਕ-2026 ਦੇ ਸੰਬੰਧ ਵਿਚ ਜਾਗਰੂਕਤਾ ਸਮਾਗਮ ਕਰਵਾਇਆ ਗਿਆ।

ਇਸ ਮੌਕੇ ਆਰ ਟੀ ਏ ਰਬਨਜੀਤ ਕੌਰ, ਸ਼ਰਨਜੀਤ ਸਿੰਘ, ਉਪ ਕਪਤਾਨ ਪੁਲਸ ਵਿਜੀਲੈਂਸ ਬਿਊਰੋ ਯੂਨਿਟ ਗੁਰਦਾਸਪੁਰ, ਇੰਸਪੈਕਟਰ ਇੰਦਰਜੀਤ ਸਿੰਘ ਮੌਜੂਦ ਸਨ । ਡੀ.ਐਸ.ਪੀ ਸ਼ਰਨਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਜੀਲੈਂਸ ਬਿਊਰੋ ਯੂਨਿਟ ਗੁਰਦਾਸਪੁਰ ਵਲੋਂ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਰੋਜ਼ਾਨਾ ਜੀਵਨ ਅਤੇ ਸਰਕਾਰੀ ਕੰਮਕਾਜ ਦੌਰਾਨ ਇਮਾਨਦਾਰੀ ਨੂੰ ਪਹਿਲ ਦੇਣ ਅਤੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਜ਼ਿੰਮੇਵਾਰੀ ਨਿਭਾਉਣ । ਕਿਸੇ ਵੀ ਸਰਕਾਰੀ ਕੰਮ ਨੂੰ ਕਰਵਾਉਣ ਲਈ ਜੇਕਰ ਕੋਈ ਸਰਕਾਰੀ ਕਰਮਚਾਰੀ ਜਾਂ ਅਧਿਕਾਰੀ ਗੈਰ-ਕਾਨੂੰਨੀ ਤੌਰ 'ਤੇ ਰਿਸ਼ਵਤ ਦੀ ਮੰਗ ਕਰਦਾ ਹੈ, ਤਾਂ ਲੋਕ ਚੁੱਪ ਰਹਿਣ ਦੀ ਬਜਾਏ ਇਸ ਸਬੰਧੀ ਸਮਰੱਥ ਵਿਜੀਲੈਂਸ ਅਧਿਕਾਰੀਆਂ ਨੂੰ ਸੂਚਿਤ ਕਰਨ ।

ਉਨ੍ਹਾਂ ਕਿਹਾ ਕਿ ਵਿਜੀਲੈਂਸ ਬਿਊਰੋ ਦਾ ਮਕਸਦ ਸਿਰਫ਼ ਭ੍ਰਿਸ਼ਟਾਚਾਰ ਨਾਲ ਜੁੜੇ ਮਾਮਲਿਆਂ ਵਿੱਚ ਕਾਨੂੰਨ ਅਨੁਸਾਰ ਕਾਰਵਾਈ ਕਰਨਾ ਹੀ ਨਹੀਂ, ਸਗੋਂ ਸਮਾਜ ਵਿੱਚ ਅਜਿਹਾ ਮਾਹੌਲ ਪੈਦਾ ਕਰਨਾ ਵੀ ਹੈ, ਜਿਸ ਵਿਚ ਇਮਾਨਦਾਰੀ, ਨਿਰਪੱਖਤਾ ਅਤੇ ਲੋਕ ਸੇਵਾ ਦੀ ਭਾਵਨਾ ਨੂੰ ਮਹੱਤਵ ਦਿੱਤਾ ਜਾਵੇ ।

ਇਸ ਲਈ ਹਰ ਨਾਗਰਿਕ ਨੂੰ ਚਾਹੀਦਾ ਹੈ ਕਿ ਉਹ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕਰਨ ਦੀ ਬਜਾਏ ਇਸ ਦੇ ਵਿਰੁੱਧ ਆਵਾਜ਼ ਬੁਲੰਦ ਕਰੇ ਅਤੇ ਕਾਨੂੰਨੀ ਤਰੀਕੇ ਨਾਲ ਆਪਣੀ ਸ਼ਿਕਾਇਤ ਦਰਜ ਕਰਵਾਏ ।

'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਰੈਲੀ ਪੰਜਾਬ ਦੇ ਲੋਕਾਂ ਦੇ ਹੱਕਾਂ ਤੇ ਸੂਬੇ ਦੇ ਭਵਿੱਖ ਦੀ ਆਵਾਜ਼ : ਵਿਨੇ ਚੌਧਰੀ

ਦੀਨਾਨਗਰ, ਗੁਰਦਾਸਪੁਰ, (ਬਲਵਿੰਦਰ ਸਿੰਘ ਬਿੱਲਾ)- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਉਪ ਪ੍ਰਧਾਨ ਸ਼੍ਰੀ ਵਿਨੇ ਚੌਧਰੀ ਨੇ ਕਿਹਾ ਕਿ ਲੋਕਤੰਤਰ ਬਚਾਓ, ਅਰਾਜਕਤਾ ਹਟਾਓ ਰੈਲੀ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ, ਲੋਕਤੰਤਰੀ ਅਧਿਕਾਰਾਂ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਲੈ ਕੇ ਉੱਠ ਰਹੇ ਸਵਾਲਾਂ ਨੂੰ ਬੁਲੰਦ ਕਰਨ ਦਾ ਇੱਕ ਮਹੱਤਵਪੂਰਨ ਮੰਚ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਿਹਤਰ ਬਣਾਉਣ, ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਕਿਸਾਨਾਂ ਤੇ ਵਪਾਰੀਆਂ ਦੀਆਂ ਮੁਸ਼ਕਲਾਂ ਦੂਰ ਕਰਨ ਲਈ ਹੁਣ ਤੱਕ ਕਿਹੜੇ ਠੋਸ ਕਦਮ ਚੁੱਕੇ ਗਏ ਹਨ।ਸ਼੍ਰੀ ਚੌਧਰੀ ਨੇ ਕਿਹਾ ਕਿ ਸਰਕਾਰ ਦਾ ਫ਼ਰਜ਼ ਸਿਰਫ਼ ਵਾਅਦੇ ਕਰਨਾ ਨਹੀਂ, ਸਗੋਂ ਲੋਕਾਂ ਨੂੰ ਉਨ੍ਹਾਂ ਵਾਅਦਿਆਂ ਦਾ ਹਿਸਾਬ ਦੇਣਾ ਵੀ ਹੈ।ਲੋਕਤੰਤਰ ਵਿੱਚ ਜਨਤਾ ਸਰਵਉੱਚ ਹੁੰਦੀ ਹੈ ਅਤੇ ਸਰਕਾਰ ਨੂੰ ਹਰ ਸਵਾਲ ਦਾ ਜਵਾਬ ਦੇਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਅਜਿਹੀ ਸ਼ਾਸਨ ਵਿਵਸਥਾ ਦੀ ਲੋੜ ਹੈ, ਜਿਸ ਵਿੱਚ ਕਾਨੂੰਨ ਦਾ ਰਾਜ ਹੋਵੇ, ਪ੍ਰਸ਼ਾਸਨ ਪਾਰਦਰਸ਼ੀ ਹੋਵੇ ਅਤੇ ਹਰ ਨਾਗਰਿਕ ਨੂੰ ਬਿਨਾਂ ਕਿਸੇ ਭੇਦਭਾਵ ਦੇ ਇਨਸਾਫ਼ ਮਿਲੇ।ਉਨ੍ਹਾਂ ਅੱਗੇ ਕਿਹਾ ਕਿ ਲੋਕਤੰਤਰ ਬਚਾਓ, ਅਰਾਜਕਤਾ ਹਟਾਓ ਦਾ ਨਾਅਰਾ ਸਿਰਫ਼ ਇੱਕ ਰਾਜਨੀਤਿਕ ਨਾਅਰਾ ਨਹੀਂ, ਸਗੋਂ ਲੋਕਤੰਤਰੀ ਸੰਸਥਾਵਾਂ ਦੀ ਮਜ਼ਬੂਤੀ, ਜਵਾਬਦੇਹ ਪ੍ਰਸ਼ਾਸਨ ਅਤੇ ਪੰਜਾਬ ਦੀ ਖੁਸ਼ਹਾਲੀ ਦੀ ਮੰਗ ਹੈ।ਸ਼੍ਰੀ ਵਿਨੇ ਚੌਧਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਕਿਸਾਨ, ਮਜ਼ਦੂਰ, ਦੁਕਾਨਦਾਰ, ਵਪਾਰੀ, ਨੌਜਵਾਨ, ਮਹਿਲਾਵਾਂ ਅਤੇ ਬਜ਼ੁਰਗ ਸਾਰੇ ਹੀ ਇੱਕ ਸੁਰੱਖਿਅਤ ਅਤੇ ਵਿਕਸਤ ਪੰਜਾਬ ਦੇ ਹੱਕਦਾਰ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਸਮੱਸਿਆਵਾਂ ਦਾ ਹੱਲ ਰਾਜਨੀਤਿਕ ਬਿਆਨਬਾਜ਼ੀ ਦੀ ਬਜਾਏ ਠੋਸ ਨੀਤੀਆਂ ਅਤੇ ਜਵਾਬਦੇਹੀ ਨਾਲ ਹੋਣਾ ਚਾਹੀਦਾ ਹੈ।ਪੰਜਾਬ ਕਿਸੇ ਇੱਕ ਪਾਰਟੀ ਦੀ ਜਾਇਦਾਦ ਨਹੀਂ, ਸਗੋਂ ਤਿੰਨ ਕਰੋੜ ਪੰਜਾਬੀਆਂ ਦਾ ਸਾਂਝਾ ਘਰ ਹੈ। ਇਸ ਘਰ ਦੀ ਅਮਨ-ਸ਼ਾਂਤੀ, ਤਰੱਕੀ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਲੋਕਤੰਤਰ ਦੀ ਤਾਕਤ ਜਨਤਾ ਦੀ ਆਵਾਜ਼ ਵਿੱਚ ਹੈ ਅਤੇ ਇਸ ਆਵਾਜ਼ ਨੂੰ ਕਦੇ ਵੀ ਦਬਾਇਆ ਨਹੀਂ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਵਿੱਚ ਲੋਕਤੰਤਰੀ ਜਾਗਰੂਕਤਾ ਵਧਾਉਣ ਅਤੇ ਸਰਕਾਰ ਤੋਂ ਲੋਕਹਿੱਤ ਦੇ ਮੁੱਦਿਆਂ ਉਤੇ ਜਵਾਬ ਮੰਗਣ ਦਾ ਇੱਕ ਸ਼ਾਂਤੀਪੂਰਨ ਉਪਰਾਲਾ ਹੈ।

ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਅੰਡਰ-14 ਨੈਸ਼ਨਲ ਕਬੱਡੀ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼

ਤਰਨ ਤਾਰਨ (ਪ੍ਰਿਤਪਾਲ ਸਿੰਘ)- ਨਾਮਵਰ ਵਿੱਦਿਅਕ ਸੰਸਥਾ, ਸਥਾਨਕ ਮਾਊਂਟ ਲਿਟਰਾ ਜ਼ੀ ਸਕੂਲ ਵਿੱਚ ਅੰਡਰ-14 ਸਟੇਟ ਕਬੱਡੀ ਟੂਰਨਾਮੈਂਟ ਬੜੇ ਹੀ ਉਤਸ਼ਾਹ ਅਤੇ ਜੋਸ਼ੋ-ਖ਼ਰੋਸ਼ ਨਾਲ ਸ਼ੁਰੂ ਹੋ ਗਿਆ । ਰਾਸ਼ਟਰੀ ਪੱਧਰ ਦੇ ਇਸ ਵੱਕਾਰੀ ਟੂਰਨਾਮੈਂਟ ਨੂੰ ਆਪਣੇ ਕੈਂਪਸ ਵਿੱਚ ਹੋਸਟ ਕਰਨ ਦਾ ਮਾਣ ਇਸ ਵਾਰ ਮਾਊਂਟ ਲਿਟਰਾ ਜ਼ੀ ਸਕੂਲ ਨੂੰ ਮਿਲਿਆ ਹੈ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਨਾਲ ਹੋਈ।ਇਸ ਵਿਸ਼ੇਸ਼ ਮੌਕੇ ਹੋਏ ਸ਼ਾਨਦਾਰ ਉਦਘਾਟਨੀ ਸਮਾਗਮ ਵਿੱਚ ਮੁੱਖ ਹੋਸਟ ਵਜੋਂ ਆਮ ਆਦਮੀ ਪਾਰਟੀ ਦੇ ਮਾਲਵਾ ਪ੍ਰਧਾਨ ਭੁਪਿੰਦਰ ਸਿੰਘ ਖਾਲੜਾ, ਸਕੂਲ ਦੇ ਐਮ.ਡੀ. ਗੁਰਵੰਤ ਸਿੰਘ ਅਤੇ ਡਾਇਰੈਕਟਰ ਕੁਲਦੀਪ ਸਿੰਘ, ਪ੍ਰਿੰਸੀਪਲ ਗਗਨਦੀਪ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਇਲਾਕੇ ਦੀਆਂ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ, ਜਿਨ੍ਹਾਂ ਵਿੱਚ ਯਾਦਵਿੰਦਰ ਸਿੰਘ, ਕੌਂਸਲਰ ਜਰਨੈਲ ਸਿੰਘ, ਕੌਂਸਲਰ ਜਸਕਰਨ ਸਿੰਘ, ਜ਼ਿਲ੍ਹਾ ਕੋਆਰਡੀਨੇਟਰ ਯੁਵਰਾਜ ਸਿੰਘ, ਐਮ.ਸੀ. ਮਾਨ ਸਿੰਘ ਕਲੇਰ, ਐਮ.ਸੀ. , ਨਰਿੰਦਰ ਸਿੰਘ ਨਾਗੀ, ਐਮ.ਸੀ. ਸਰਬਜੀਤ ਸਿੰਘ ਭੁੱਲਰ ਅਤੇ ਐਮ.ਸੀ. ਸੁਰਿੰਦਰ ਸਿੰਘ ਮੱਲ੍ਹੀ ਸ਼ਾਮਲ ਸਨ ।ਆਏ ਹੋਏ ਮੁੱਖ ਮਹਿਮਾਨਾਂ ਵੱਲੋਂ ਇਨ੍ਹਾਂ ਖੇਡਾਂ ਦੀ ਰਸਮੀ ਸ਼ੁਰੂਆਤ ਕਰਵਾਈ ਗਈ। ਇਸ ਵੱਕਾਰੀ ਟੂਰਨਾਮੈਂਟ ਵਿੱਚ ਪੰਜਾਬ ਦੇ ਵੱਖ-ਵੱਖ ਸ਼ਹਿਰਾਂ, ਕਸਬਿਆਂ ਅਤੇ ਜ਼ਿਲ੍ਹਿਆਂ ਵਿੱਚੋਂ ਲਗਭਗ 26 ਚੋਟੀ ਦੀਆਂ ਟੀਮਾਂ ਵਿਸ਼ੇਸ਼ ਤੌਰ 'ਤੇ ਤਰਨ ਤਾਰਨ ਪਹੁੰਚੀਆਂ ਹਨ। ਸਕੂਲ ਪ੍ਰਬੰਧਕਾਂ ਵੱਲੋਂ ਦੂਰ-ਦੁਰਾਡੇ ਤੋਂ ਆਏ ਇਨ੍ਹਾਂ ਨੰਨ੍ਹੇ ਖਿਡਾਰੀਆਂ, ਕੋਚ ਸਾਹਿਬਾਨ ਅਤੇ ਆਫੀਸ਼ੀਅਲਸ ਦੇ ਰਹਿਣ-ਸਹਿਣ, ਖਾਣ-ਪੀਣ ਅਤੇ ਸੁਰੱਖਿਆ ਦੇ ਪੁਖ਼ਤਾ ਅਤੇ ਸ਼ਾਨਦਾਰ ਇੰਤਜ਼ਾਮ ਕੀਤੇ ਗਏ ਹਨ।ਸਮਾਗਮ ਦੌਰਾਨ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਗਗਨਦੀਪ ਸ਼ਰਮਾ ਅਤੇ ਐਮ.ਡੀ. ਗੁਰਵੰਤ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਖੇਡਾਂ ਬੱਚਿਆਂ ਦੇ ਸਰਵਪੱਖੀ (ਮਾਨਸਿਕ ਅਤੇ ਸਰੀਰਕ) ਵਿਕਾਸ ਲਈ ਬੇਹੱਦ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਸਕੂਲ ਅਜਿਹੇ ਰਾਸ਼ਟਰੀ ਪੱਧਰ ਦੇ ਵੱਡੇ ਮੁਕਾਬਲੇ ਕਰਵਾ ਕੇ ਬੇਹੱਦ ਮਾਣ ਮਹਿਸੂਸ ਕਰ ਰਿਹਾ ਹੈ। ਟੂਰਨਾਮੈਂਟ ਦੇ ਪਹਿਲੇ ਦਿਨ ਦੀਆਂ ਖੇਡਾਂ ਦੌਰਾਨ ਖੇਡ ਮੈਦਾਨ ਵਿੱਚ ਬੇਹੱਦ ਸਖ਼ਤ ਅਤੇ ਫਸਵੇਂ ਮੁਕਾਬਲੇ ਦੇਖਣ ਨੂੰ ਮਿਲੇ।

ਪੰਜਾਬ ਦੀ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਗਈ : ਤਰੁਣ ਚੁੱਘ

ਛੇਹਰਟਾ (ਮਨੋਜ ਕੁਮਾਰ) ਭਾਜਪਾ ਦੇ ਰਾਸ਼ਟਰੀ ਹੈੱਡਕੁਆਰਟਰ ਇੰਚਾਰਜ ਤੇ ਸੰਸਦ ਮੈਂਬਰ ਤਰੁਣ ਚੁੱਘ ਨੇ ਲਾਹੌਰੀ ਗੇਟ, ਅੰਮ੍ਰਿਤਸਰ ਸਥਿਤ ਆਪਣੇ ਦਫ਼ਤਰ ਵਿਚ ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਹਲਕੇ ਦੇ ਚਾਰੇ ਮੰਡਲਾਂ ਦੇ ਭਾਜਪਾ ਵਰਕਰਾਂ ਨਾਲ ਮੀਟਿੰਗ ਕੀਤੀ। ਇਸ ਮੌਕੇ ਬੂਥ ਪੱਧਰ, ਸ਼ਕਤੀ ਕੇਂਦਰ ਤੇ ਮੰਡਲ ਪੱਧਰ ਦੇ ਅਹੁਦੇਦਾਰਾਂ ਤੇ ਵਰਕਰਾਂ ਨੇ ਉਨ੍ਹਾਂ ਨਾਲ ਮੁਲਾਕਾਤ ਕੀਤੀ। ਮੀਟਿੰਗ ਵਿਚ ਪੰਜਾਬ, ਖ਼ਾਸ ਕਰਕੇ ਅੰਮ੍ਰਿਤਸਰ ਵਿਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਭਾਜਪਾ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਤਰੁਣ ਚੁੱਘ ਨੇ ਪੰਜਾਬ ਵਿਚ ਭਗਵੰਤ ਮਾਨ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਵਿਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ ਢੇਰੀ ਹੋ ਗਈ ਹੈ। ਅੰਮ੍ਰਿਤਸਰ ਸਮੇਤ ਸੂਬੇ ਭਰ ਵਿਚ ਅਪਰਾਧੀਆਂ ਦੇ ਵਧ ਰਹੇ ਹੌਸਲੇ ਜਨਤਾ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਹੁਣ ਆਮ ਨਾਗਰਿਕ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ। ਸੂਬੇ ਵਿਚ ਵਧ ਰਹੀਆਂ ਅਪਰਾਧਿਕ ਘਟਨਾਵਾਂ ਭਗਵੰਤ ਮਾਨ ਸਰਕਾਰ ਦੀਆਂ ਪ੍ਰਸ਼ਾਸਨਿਕ ਅਸਫ਼ਲਤਾਵਾਂ ਨੂੰ ਉਜਾਗਰ ਕਰਦੀਆਂ ਹਨ। ਚੁੱਘ ਨੇ ਕਿਹਾ ਕਿ ਪੰਜਾਬ ਪੁਲਸ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਆਸੀ ਕਠਪੁਤਲੀ ਬਣਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਪੁਲਿਸ ਨੂੰ ਅਪਰਾਧੀਆਂ ਵਿਰੁੱਧ ਪੂਰੀ ਆਜ਼ਾਦੀ ਤੇ ਤਾਕਤ ਨਾਲ ਕਾਰਵਾਈ ਕਰਨ ਦੀ ਇਜਾਜ਼ਤ ਦੇਵੇ, ਨਾ ਕਿ ਉਨ੍ਹਾਂ ਨੂੰ ਸਿਆਸੀ ਲਾਭ ਲਈ ਵਰਤੇ। ਇਸ ਮੌਕੇ ਚੁੱਘ ਨੇ ਅੰਮ੍ਰਿਤਸਰ ਸੈਂਟਰਲ ਦੇ ਚਾਰੇ ਮੰਡਲਾਂ ਦੇ ਭਾਜਪਾ ਦੇ ਅਹੁਦੇਦਾਰਾਂ ਤੇ ਵਰਕਰਾਂ ਨਾਲ ਪਾਰਟੀ ਸਰਗਰਮੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਹਰ ਘਰ ਤਕ ਪਹੁੰਚਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਭਾਜਪਾ ਦਾ ਹਰ ਵਰਕਰ ਪੂਰੀ ਵਚਨਬੱਧਤਾ ਨਾਲ ਪਾਰਟੀ ਨੂੰ ਮਜ਼ਬੂਤ ਕਰੇਗਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਦੇ ਲੋਕਾਂ ਨੂੰ ਮਜ਼ਬੂਤ, ਜਵਾਬਦੇਹ ਅਤੇ ਵਿਕਾਸ-ਮੁਖੀ ਸਰਕਾਰ ਦਾ ਬਦਲ ਦੇਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

ਗੁਰਦੁਆਰਾ ਅਗੰਮ ਦਾਸ ਵਿਖੇ ਅਕਾਲੀ ਦਲ ਵਾਰਿਸ ਦੀ ਹੋਈ ਮੀਟਿੰਗ

ਕਾਲਾ ਅਫਗਾਨਾ/ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਦੇ ਅਕਾਲੀ ਦਲ ਵਾਰਿਸ ਦੀ ਮੀਟਿੰਗ ਹਲਕਾ ਇੰਚਾਰਜ ਭਾਈ ਜੁਗਰਾਜ ਸਿੰਘ ਦੀ ਰਹਿਨੁਮਾਈ ਹੇਠ ਪਿੰਡ ਕਾਲਾ ਅਫਗਾਨਾ ਦੇ ਨਜਦੀਕ ਸਥਾਪਿਤ ਗੁਰਦੁਆਰਾ ਅਗੰਮ ਦਾਸ ਵਿਖੇ ਪਾਰਟੀ ਦੇ ਸਰਗਰਮ ਆਗੂ ਨਵਜੋਤ ਸਿੰਘ ਕਾਲਾ ਅਫਗਾਨਾ, ਇੰਦਰਜੀਤ ਸਿੰਘ ਤੇਜਾ, ਮਨਦੀਪ ਸਿੰਘ ਛਿਛਰੇਵਾਲ, ਗੁਰਵਿੰਦਰ ਸਿੰਘ ਕਾਲਾ ਅਫਗਾਨਾ ਤੇ ਭਰਭੂਰ ਸਿੰਘ ਲਾਲੇ ਨੰਗਲ ਦੇ ਯਤਨਾਂ ਕਰਵਾਈ ਗਈ। ਜਿਸ ਵਿੱਚ ਮਾਝੇ ਦੇ ਸੈਕਟਰੀ ਸਰਵਣ ਸਿੰਘ ਗੋਲਡਨ ਨੇ ਵਿਸੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਪਾਰਟੀਆਂ ਦੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਇਆ। ਇਸ ਮੌਕੇ ਗੋਲਡਨ ਨੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ 'ਚ ਪਰਵਾਰ ਨੂੰ ਇਨਸਾਫ ਦਿਵਾਉਣ ਅਤੇ ਨਸ਼ਾ ਸਮੱਗਲਰਾਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਨੂੰ ਲੈ ਕੇ ਗੱਲਬਾਤ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਸੰਘਰਸ਼ 'ਚ ਪੂਰਾ ਸਾਥ ਦੇ ਰਿਹਾ ਹੈ। ਇਸ ਮੌਕੇ ਯੂਥ, ਐਸ ਸੀ ਤੇ ਸਰਕਲ ਪ੍ਰਧਾਨਾਂ ਦੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਇਸ ਮੌਕੇ ਆਹੁਦੇਦਾਰਾਂ ਨੂੰ ਵਿਸੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਜ਼ਿਲਾ ਯੂਥ ਕਮੇਟੀ ਦਾ ਵੀ ਗਠਨ ਕੀਤਾ ਗਿਆ ਜਿਸ ਵਿੱਚ ਰਵਿੰਦਰ ਸਿੰਘ ਜੌੜਾ ਸਿੰਘ, ਗੁਰਪਿੰਦਰ ਸਿੰਘ ਪਾਰੋਵਾਲ, ਕਰਨ ਸਿੰਘ ਖੈਹਿਰਾ, ਸੰਦੀਪ ਸਿੰਘ ਬੱਦੋਵਾਲ, ਮਨਦੀਪ ਸਿੰਘ ਫਤਿਆਵਾਲੀ, ਹਰਜੋਤ ਸਿੰਘ ਨਾਸਰਕੇ, ਬਲਰਾਜ ਸਿੰਘ ਲੰਗਰਵਾਲ, ਜੁਗਰਾਜ ਸਿੰਘ ਖੈਹਿਰਾ, ਹਰਪ੍ਰੀਤ ਸਿੰਘ ਭਰਥਵਾਲ, ਪ੍ਰੇਮ ਸਿੰਘ ਕਾਸਤੀਵਾਲ, ਮੰਗਲ ਸਿੰਘ ਬੱਦੋਵਾਲ, ਮਿਲਣਜੀਤ ਸਿੰਘ ਬੱਜੂਮਾਨ ਤੇ ਹਰਿੰਦਰ ਭਾਲ ਸਿੰਘ ਨੂੰ ਸੋਸ਼ਲ ਮੀਡੀਆ ਦਾ ਇੰਚਾਰਜ ਨਿਯੁਕਤ ਕੀਤਾ ਗਿਆ।ਇਸ ਮੌਕੇ ਸਰਕਲ ਯੂਥ ਪ੍ਰਧਾਨਾਂ ਦੀ ਵੀ ਚੋਣ ਕੀਤੀ ਗਈ ਜਿਸ ਵਿੱਚ ਦਲਜੀਤ ਸਿੰਘ ਬੱਦੋਵਾਲ ਕਲਾਂ ਨੂੰ ਸਰਕਲ ਲਾਲਾ ਨੰਗਲ, ਅੰਮ੍ਰਿਤਪਾਲ ਸਿੰਘ ਚੰਦੂਸੂਜਾ ਨੂੰ ਕਾਲਾ ਅਫਗਾਨਾ, ਜਗਰੂਪ ਸਿੰਘ ਗੁੱਜਰਪੁਰਾ ਨੂੰ ਘਣੀਏ ਕੇ ਬਾਂਗਰ, ਮੇਜਰ ਸਿੰਘ ਅਲੀਵਾਲ ਜੱਟਾਂ ਨੂੰ ਭਾਲੋਵਾਲੀ, ਹਰਜੰਟ ਸਿੰਘ ਜਾਗਲਾ ਨੂੰ ਗੁੱਜਰਪੁਰਾ ਗਿੰਦਰ ਸਿੰਘ ਮਰੜ ਨੂੰ ਰਿਆਲੀ ਕਲਾਂ, ਸ਼ਮਸ਼ੇਰ ਸਿੰਘ ਸ਼ੇਰਾ ਕੋਟ ਮਜਲਸ, ਹਰਪਾਲ ਸਿੰਘ ਫੌਜੀ ਚੰਦੂ ਮਾਂਜੇ ਨੂੰ ਦਾਲਮ, ਝਿਰਮਲ ਸਿੰਘ ਭਾਗੋਵਾਲ ਨੂੰ ਭਾਗੋਵਾਲ, ਹਰਕੰਵਲ ਸਿੰਘ ਕਰਵਾਲੀਆਂ ਨੂੰ ਕਰਵਾਲੀਆਂ, ਸੁਖਬੀਰ ਸਿੰਘ ਧੀਰ ਨੂੰ ਸਨਈਆ, ਬਲਜਿੰਦਰ ਸਿੰਘ ਘਸੀਟਪੁਰ ਨੂੰ ਘਸੀਟਪੁਰ, ਮੁਖਤਾਰ ਸਿੰਘ ਪੁਰੀਆ ਨੂੰ ਬੱਲਪੁਰੀਆਂ, ਉਕਾਰ ਸਿੰਘ ਤਲਵੰਡੀ ਝੀਰਾ ਨੂੰ ਸ਼ਾਮਪੁਰਾ, ਬਲਜੀਤ ਸਿੰਘ ਦਿਆਲਗੜ੍ਹ ਨੂੰ ਖੋਖਰ ਫੌਜੀਆਂ ਨਿਯੁਕਤ ਕੀਤਾ ਗਿਆ।ਇਸ ਮੌਕੇ ਵਰਕਿੰਗ ਕਮੇਟੀ ਵੀ ਨਿਯੁਕਤ ਕੀਤੀ ਗਈ ਜਿਸ ਵਿੱਚ ਮੁਖਤਾਰ ਸਿੰਘ ਪੁਰੀਆਂ, ਗੁਰਵੰਤ ਸਿੰਘ ਝੰਜੀਆਂ, ਦਿਲਬਾਗ ਸਿੰਘ, ਰਣਜੀਤ ਸਿੰਘ ਬਿਜਲੀਵਾਲ, ਕੁਲਵੰਤ ਸਿੰਘ ਧੀਰ, ਨਿਸ਼ਾਨ ਸਿੰਘ ਘਣੀਏ ਕੇ ਬਾਂਗਰ ਨੂੰ ਨਿਯੁਕਤ ਕੀਤਾ ਗਿਆ।ਇਸ ਮੌਕੇ ਬਲਵਿੰਦਰ ਸਿੰਘ ਝੰਜੀਆ ਨੂੰ ਜਨਰਲ ਸਕੱਤਰ ਯੂਥ ਵਿੰਗ ਭਾਗੋਵਾਲ, ਹਰਜੀਤ ਸਿੰਘ ਜਰਨਲ ਸਕੱਤਰ ਐਸ.ਸੀ ਵਿੰਗ ਕਾਲਾ ਅਫਗਾਨਾ, ਰਵੀ ਕੌਰ ਵਾਈਸ ਪ੍ਰਧਾਨ ਐਸ.ਸੀ ਵਿੰਗ ਇਸਤਰੀ ਕਾਲਾ ਅਫਗਾਨਾ, ਪ੍ਰਦੀਪ ਸਿੰਘ ਨਾਸਰਕੇ ਐਸ.ਸੀ ਵਿੰਗ ਬਲਾਕ ਪ੍ਰਧਾਨ ਫਤਿਹਗੜ੍ਹ ਚੂੜੀਆਂ ਨਿਯੁਕਤ ਕੀਤੇ ਗਏ।

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਫੁੱਟਬਾਲ ਖਿਡਾਰੀਆਂ ਨੈਸ਼ਨਲ ਖਿਤਾਬ ਜਿੱਤਿਆ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)- ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਦੇ ਹੋਣਹਾਰ ਫੁੱਟਬਾਲ ਖਿਡਾਰੀਆਂ ਨੇ ਸੀ.ਬੀ.ਐਸ.ਈ ਨੈਸ਼ਨਲ ਫੁੱਟਬਾਲ ਚੈਂਪੀਅਨਸ਼ਿਪ 2026 ਵਿਚ ਅੰਡਰ—17 ਵਰਗ ਦਾ ਨੈਸ਼ਨਲ ਖਿਤਾਬ ਜਿੱਤ ਕੇ ਸੰਸਥਾ ਦੇ ਮਾਣਮੱਤੇ ਇਤਿਹਾਸ ਵਿਚ ਇਕ ਹੋਰ ਨਵਾਂ ਸੁਨਹਿਰੀ ਪੰਨਾ ਜੋੜ ਦਿੱਤਾ ਹੈ। ਦੇਸ਼ ਭਰ ਦੀਆਂ ਨਾਮਵਰ ਸਕੂਲੀ ਟੀਮਾਂ ਨਾਲ ਸਖਤ ਮੁਕਾਬਲਾ ਕਰਦਿਆਂ ਖਿਡਾਰੀਆਂ ਨੇ ਫੁੱਟਬਾਲ ਮੈਦਾਨ ਵਿਚ ਆਪਣੀ ਅਸਾਧਾਰਣ ਖੇਡ ਪ੍ਰਤਿਭਾ ਅਤੇ ਦ੍ਰਿੜ ਇਰਾਦੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਫਾਈਨਲ ਮੁਕਾਬਲੇ ਵਿਚ ਸਕੂਲ ਦੀ ਅੰਡਰ—17 ਵਰਗ ਦੀ ਫੁੱਟਬਾਲ ਟੀਮ ਨੇ ਨੋਇੰਡਾ ਨੂੰ 3—0 ਨਾਲ ਕਰਾਰੀ ਮਾਤ ਦੇ ਕੇ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ। ਇਸੇ ਸਕੂਲ ਦੀ ਅੰਡਰ—14 ਵਰਗ ਦੀ ਫੁੱਟਬਾਲ ਟੀਮ ਨੇ ਵੀ ਨੈਸ਼ਨਲ ਮੁਕਾਬਲੇ ਵਿਚ ਤੀਸਰਾ ਸਥਾਨ ਹਾਸਲ ਕੀਤਾ। ਇਸ ਇਤਿਹਾਸਕ ਜਿੱਤ ਨਾਲ ਅੰਮ੍ਰਿਤਸਰ ਵਾਪਸ ਪਰਤੇ ਖਿਡਾਰੀਆਂ ਦਾ ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਪੁੱਜਣ 'ਤੇ ਉਹਨਾਂ ਦਾ ਨਿੱਘਾ ਸੁਆਗਤ ਕਰਦਿਆਂ ਸ਼ਾਨਦਾਰ ਸਨਮਾਨ ਕੀਤਾ ਗਿਆ। ਇਸ ਮੌਕੇ ਜੇਤੂਆਂ ਦਾ ਦੀਵਾਨ ਪ੍ਰਬੰਧਕਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਵਧਾਈ ਦੇ ਕੇ ਹੌਂਸਲਾ ਅਫ਼ਜਾਈ ਕੀਤੀ ਗਈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਜੇਤੂ ਖਿਡਾਰੀਆਂ, ਸਕੂਲ ਦੇ ਪ੍ਰਿੰਸੀਪਲ, ਕੋਚਾਂ, ਡਿਪਟੀ ਡਾਇਰੈਕਟਰ ਖੇਡਾਂ ਸ੍ਰ.ਦੀਪਇੰਦਰ ਸਿੰਘ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਲਈ ਬੇਹੱਦ ਮਾਣ ਵਾਲੀ ਗੱਲ ਹੈ ਕਿ ਦੀਵਾਨ ਸਕੂਲਾਂ ਦੇ ਵਿਦਿਆਰਥੀ ਰਾਸ਼ਟਰੀ ਪੱਧਰ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੇ ਹਨ ਅਤੇ ਸੰਸਥਾ ਦਾ ਨਾਮ ਰੋਸ਼ਨ ਕਰ ਰਹੇ ਹਨ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਸਮੁੱਚੀ ਟੀਮ ਨੂੰ ਵਧਾਈ ਦਿੱਤੀ। ਸਪੋਰਟਸ ਕਮੇਟੀ ਦੇ ਕਨਵੀਨਰ ਰਾਬਿੰਦਰਬੀਰ ਸਿੰਘ ਭੱਲਾ, ਕੋ—ਕਨਵੀਨਰ ਮੋਹਨਜੀਤ ਸਿੰਘ ਭੱਲਾ ਨੇ ਕਿਹਾ ਕਿ ਦੀਵਾਨ ਦੀਆਂ ਵਿੱਦਿਅਕ ਸੰਸਥਾਵਾਂ ਵਿਦਿਆਰਥੀਆਂ ਨੂੰ ਸਿਰਫ ਕਿਤਾਬੀ ਗਿਆਨ ਹੀ ਨਹੀਂ ਸਗੋਂ ਖੇਡਾਂ ਅਤੇ ਕਾਮਯਾਬ ਜੀਵਨ ਦੇ ਹਰ ਖੇਤਰ ਵਿਚ ਅੱਗੇ ਵੱਧਣ ਲਈ ਤਿਆਰ ਕਰ ਰਹੀਆਂ ਹਨ।ਜੇਤੂ ਟੀਮਾਂ ਦੇ ਅਜਨਾਲਾ ਸਕੂਲ ਪਹੁੰਚਣ 'ਤੇ ਕੀਰਤਨ ਦਰਬਾਰ ਸੁਸਾਇਟੀ ਅਜਨਾਲਾ ਵੱਲੋਂ ਵਿਸ਼ੇਸ਼ ਤੌਰ ਤੇ ਸਿਰਪਾਉ ਨਾਲ ਟੀਮਾਂ ਦਾ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਟੀਮਾਂ ਦੇ ਸਵਾਗਤ ਲਈ ਅਜਨਾਲਾ ਵਿਖੇ ਪਹੁੰਚੇ ਅਡੀਸ਼ਨਲ ਆਨਰੇਰੀ ਸੈਕਟਰੀ ਜਸਪਾਲ ਸਿੰਘ ਢਿੱਲੋਂ, ਪ੍ਰੋਫੈਸਰ ਸੁਖਬੀਰ ਸਿੰਘ, ਅਦਰਸ਼ਪਿੰਦਰ ਸਿੰਘ ਮਾਨ ਧਰਮ ਪ੍ਰਚਾਰ ਕਮੇਟੀ ਚੀਫ ਖਾਲਸਾ ਦੀਵਾਨ ਦੇ ਮੈਂਬਰ ਇੰਚਾਰਜ ਤਰਲੋਚਨ ਸਿੰਘ ਸਮੇਤ ਮੈਂਬਰ ਇੰਚਾਰਜ ਐਡਵੋਕੇਟ ਇੰਦਰਜੀਤ ਸਿੰਘ ਅੜੀ, ਗੁਰਭੇਜ ਸਿੰਘ, ਪ੍ਰਿੰਸੀਪਲ ਸ੍ਰੀਮਤੀ ਮੁਕਤਾ ਤਰੇਨ, ਕੀਰਤਨ ਦਰਬਾਰ ਸੇਵਾ ਸੁਸਾਇਟੀ ਅਜਨਾਲਾ ਦੇ ਮੈਂਬਰ ਭੁਪਿੰਦਰ ਸਿੰਘ ਬੈਂਕ ਵਾਲੇ, ਨਰਿੰਦਰ ਸਿੰਘ ਢਿੱਲੋਂ, ਕਰਮਜੀਤ ਸਿੰਘ ਗੋਲਡੀ ਰਿਆੜ, ਸਵਰਾਜ ਸਪੋਰਟਸ ਕਲੱਬ ਤੋਂ ਮੰਗਲ ਸਿੰਘ ਨਿੱਜਰ, ਮਲਕੀਤ ਸਿੰਘ ਭੰਗੂ ਅਤੇ ਤਲਵਿੰਦਰ ਸਿੰਘ ਪੁਰਬਾ ਹਾਜ਼ਰ ਸਨ।

ਬੀਬੀ ਗੁਰਵੰਤ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

ਝਬਾਲ (ਹਰਜਿੰਦਰ ਸਿੰਘ ਸੋਨੀ)- ਕਿਸਾਨ ਸਭਾ ਨਾਲ ਜੁੜੇ ਕਮਿਊਨਿਸਟ ਪਰਿਵਾਰ ਦੇ ਸ੍ਰ : ਸੁਰਜੀਤ ਸਿੰਘ ਰਾਏ ਦੀ ਸੁਪਤਨੀ ਬੀਬੀ ਗੁਰਵੰਤ ਕੌਰ ਨਮਿਤ ਸ਼ਰਧਾਂਜਲੀ ਸਮਾਗਮ ਗੁ : ਛੇਵੀਂ ਪਾਤਸ਼ਾਹੀ ਰਣਜੀਤ ਐਵਨਿਊ ਵਿਖੇ ਆਯੋਜਿਤ ਕੀਤਾ ਗਿਆ। ਇਸ ਮੌਕੇ ਰਾਗੀ ਸਿੰਘਾਂ ਨੇ ਵੈਰਾਗਮਈ ਗੁਰਬਾਣੀ ਦਾ ਕੀਰਤਨ ਕੀਤਾ।

ਇਸ ਮੌਕੇ ਸਵ : ਬੀਬੀ ਗੁਰਵੰਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵਾਲਿਆਂ ਵਿੱਚ ਬੀਬੀ ਪ੍ਰਮਜੀਤ ਕੌਰ, ਡਾ. ਬਲਜੀਤ ਸਿੰਘ ਅਤੇ ਕਿਸਾਨ ਆਗੂ, ਕਾਮਰੇਡ ਜਸਬੀਰ ਸਿੰਘ ਝਬਾਲ ਸ਼ਾਮਿਲ ਸਨ। ਇਸ ਮੌਕੇ ਕਾ. ਝਬਾਲ ਨੇ ਬੀਬੀ ਜੀ ਨੂੰ ਭਾਵ ਭਿੰਨੀ ਸ਼ਰਧਾਂਜਲੀ ਗੁਰ ਮਰਿਆਦਾ ਅਨੁਸਾਰ ਭੇਟ ਕਰਦਿਆਂ ਬੀਬੀ ਜੀ ਦੇ ਸਮਾਜ ਨੂੰ ਸਮਰਪਿਤ ਪਿਤਾ ਪੁਰਖੀ ਪਰਿਵਾਰਕ ਪਿਛੋਕੜ ਤੋਂ ਸੰਖੇਪ ਤੌਰ ਤੇ ਪ੍ਰਭਾਵਸ਼ਾਲੀ ਸਰੋਤਿਆਂ ਨੂੰ ਜਾਣੂ ਕਰਵਾਇਆ।

ਅਵਾਰਾ ਘੁੰਮਦੇ ਕੁੱਤਿਆਂ ਦੇ ਝੁੰਡਾਂ ਤੋਂ ਇਲਾਕਾ ਵਾਸੀ ਡਾਢੇ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਵਿਚ ਅਵਾਰਾ ਕੁੱਤਿਆਂ ਦੀ ਭਰਮਾਰ ਹੋਣ ਕਾਰਨ ਲੋਕਾਂ ਵਿਚ ਡਰ ਦਾ ਮਾਹੌਲ ਬਣਿਆ ਰਹਿੰਦਾ ਹੈ ਕਿਉਂ ਜੋ ਆਵਾਰਾ ਕੁੱਤਿਆਂ ਵਲੋਂ ਛੋਟੇ ਬੱਚਿਆਂ ਅਤੇ ਪਸ਼ੂਆਂ ਦੇ ਛੋਟੇ ਬਚੂਟਾਂ ਨੂੰ ਨੁਕਸਾਨ ਪਹੁੰਚਾਉਣ ਕਾਰਨ ਲੋਕ ਕਾਫ਼ੀ ਦੁਖੀ ਹਨ। ਇਸ ਮਸਲੇ ਨੂੰ ਲੈ ਕੇ ਲੋਕਾਂ ਵਿਚ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਲਾਕਾ ਵਾਸੀ ਮੱਖਣ ਸਿੰਘ ਤੇ ਹੋਰ ਲੋਕਾਂ ਨੇ ਦੱਸਿਆ ਕਿ ਕੁੱਤਿਆਂ ਦੇ ਕੱਟਣ 'ਤੇ ਬੇਸ਼ੱਕ ਸਰਕਾਰਾਂ ਵਲੋਂ ਪਾਲਤੂ ਕੁੱਤਿਆਂ ਦੇ ਕੱਟਣ 'ਤੇ ਸਖ਼ਤ ਕਾਨੂੰਨ ਬਣਾਉਣ ਤੋਂ ਇਲਾਵਾ ਵੱਡੇ ਜੁਰਮਾਨੇ ਵੀ ਰੱਖੇ ਗਏ ਹਨ ਪਰ ਅਵਾਰਾਂ ਫ਼ਿਰਦੇ ਕੁੱਤਿਆਂ ਤੋਂ ਬਚਾਅ ਲਈ ਪ੍ਰਸ਼ਾਸਨ ਵੱਲੋਂ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ ਜਾ ਰਹੀ। ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਇਲਾਕਿਆਂ ਵਿਚ ਕਈ ਥਾਵਾਂ 'ਤੇ ਅਵਾਰਾ ਕੁੱਤਿਆਂ ਤੋਂ ਇਲਾਵਾ ਅਵਾਰਾ ਪਸ਼ੂ ਵੀ ਸੜਕ 'ਤੇ ਫਿਰਦੇ ਰਹਿੰਦੇ ਹਨ ਜੋ ਅਕਸਰ ਸੜਕੀ ਹਾਦਸਿਆਂ ਦਾ ਕਾਰਨ ਬਣਦੇ ਹਨ। ਉਨ੍ਹਾਂ ਕਿਹਾ ਕਿ ਅਵਾਰਾਂ ਕੁੱਤਿਆਂ ਦੀ ਲਗਾਤਾਰ ਵਧਦੀ ਜਾ ਰਹੀ ਗਿਣਤੀ ਇਕ ਚਿੰਤਾ ਦਾ ਵਿਸ਼ਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਅਵਾਰਾ ਕੁੱਤਿਆਂ ਅਤੇ ਪਸ਼ੂਆਂ ਬਾਰੇ ਕੋਈ ਉਚਿਤ ਕਦਮ ਚੁੱਕੇ ਜਾਣ ਜਿਸ ਨਾਲ ਕੋਈ ਜਾਨੀ ਮਾਲੀ ਨੁਕਸਾਨ ਨਾ ਹੋ ਸਕੇ।

'ਨਸ਼ਿਆਂ ਵਿਰੁੱਧ ਯੁੱਧ' ਮੁਹਿੰਮ ਤਹਿਤ ਜਾਗਰੂਕਤਾ ਸੈਮੀਨਾਰ ਕਰਵਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਸੰਤ ਗਿਆਨੀ ਹਰਨਾਮ ਸਿੰਘ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਪੰਜਾਬ ਸਰਕਾਰ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀ ਐਸ ਈ ਬੀ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 'ਨਸ਼ਿਆਂ ਵਿਰੁੱਧ ਯੁੱਧ' ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਭਾਸ਼ਣਾਂ, ਚਾਰਟਾਂ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਾਲੇ ਨਾਟਕ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਦਰਸਾਇਆ ਕਿ ਨਸ਼ੇ ਮਨੁੱਖ ਦੀ ਸਿਹਤ, ਪਰਿਵਾਰਕ ਜੀਵਨ ਅਤੇ ਸਮਾਜਿਕ ਤਰੱਕੀ ਲਈ ਗੰਭੀਰ ਖ਼ਤਰਾ ਹਨ। ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਅਤੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਦਾ ਸੰਦੇਸ਼ ਦਿੱਤਾ।ਸੈਮੀਨਾਰ ਦੌਰਾਨ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੀ ਸਾਂਝੀ ਭੂਮਿਕਾ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਗਿਆ। ਇਸ ਉਪਰਾਲੇ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਸਮਾਜ ਵਿੱਚ ਨਸ਼ਾ-ਮੁਕਤੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਨਸ਼ਿਆਂ ਦੀ ਬੁਰਾਈ ਨੂੰ ਖ਼ਤਮ ਕਰਨ ਲਈ ਸਿੱਖਿਆ ਅਤੇ ਜਾਗਰੂਕਤਾ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਹੀ ਜਾਣਕਾਰੀ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਚੰਗੀਆਂ ਆਦਤਾਂ, ਖੇਡਾਂ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਪਰਿਵਾਰਾਂ ਤੇ ਸਮਾਜ ਵਿੱਚ ਵੀ ਨਸ਼ਾ-ਮੁਕਤੀ ਦਾ ਸੰਦੇਸ਼ ਪਹੁੰਚਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮੈਡਮ ਮਨਦੀਪ ਕੌਰ , ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

ਸੁਨੀਤਾ ਰਾਣੀ ਦੀ ਪਹਿਲੀ ਬਰਸੀ 'ਤੇ ਉਨ੍ਹਾਂ ਦੀ ਯਾਦ 'ਚ ਲੰਗਰ ਲਗਾਇਆ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ) ਸਥਾਨਕ ਸ਼ਹਿਰ ਅਜਨਾਲਾ ਦੇ ਨਾਮਵਰ ਸਖਸ਼ੀਅਤ ਤੇ ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਦੀਪਕ ਇਲੈਕਟ੍ਰਾਨਿਕ ਅਜਨਾਲਾ ਵਾਲਿਆਂ ਨੇ ਆਪਣੀ ਮਾਤਾ ਸੁਨੀਤਾ ਰਾਣੀ ਦੀ ਯਾਦ ਵਿੱਚ ਚੋਗਾਵਾਂ ਰੋਡ ਅਜਨਾਲਾ ਦੇ ਬਜਾਰ ਵਿੱਚ ਲੰਗਰ ਲਗਾਇਆ ਗਿਆ।ਇਸ ਉਪਰੰਤ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਵੀ ਉਚੇਚੇ ਤੌਰ 'ਤੇ ਪਹੁੰਚ ਕੇ ਉਹਨਾਂ ਵੱਲੋਂ ਲੰਗਰ ਵਰਤਾਇਆ ਗਿਆ।ਇਸ ਉਪਰੰਤ ਸਵਰਗਵਾਸੀ ਸੁਨੀਤਾ ਰਾਣੀ ਜੀ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਬੇਨਤੀ ਕੀਤੀ ਗਈ।ਇਸ ਮੌਕੇ ਉਹਨਾਂ ਦੇ ਸਪੁੱਤਰ ਦੀਪਕ ਅਰੋੜਾ ਨੇ ਬੋਲਦਿਆਂ ਕਿਹਾ ਕੀ ਸਾਨੂੰ ਸਾਰਿਆਂ ਨੂੰ ਆਪਣੇ ਮਾਤਾ ਪਿਤਾ ਦੀ ਸੇਵਾ ਕਰਨੀ ਚਾਹੀਦੀ ਹੈ ਇਹਨਾਂ ਤੋਂ ਉੱਪਰ ਕੋਈ ਵੀ ਨਹੀਂ ਹੈ।ਉਹਨਾਂ ਦੇ ਇਸ ਸੰਸਾਰ ਤੋਂ ਚਲੇ ਜਾਣ ਤੋਂ ਬਾਅਦ ਉਨਾਂ ਦੀ ਯਾਦ ਵਿੱਚ ਲੰਗਰ ਲਗਾਉਣੇ ਚਾਹੀਦੇ ਤੇ ਗਰੀਬਾਂ ਨੂੰ ਵੱਧ ਤੋਂ ਵੱਧ ਦਾਨ ਪੁੰਨ ਕਰਨਾਂ ਚਾਹੀਦਾ ਹੈ।ਇਸ ਮੌਕੇ ਗੋਲਡੀ ਮਹਾਜਨ, ਅਗਮ ਅਰੋੜਾ, ਵਿੱਕੀ ਲਵ ਗਾਰਮੈਂਟਸ ਅਜਨਾਲਾ, ਰਿੰਕਾ ਮਹਾਜਨ, ਮੋਨੂੰ ਕਰਾਕਰੀ ਅਜਨਾਲਾ, ਸੋਨੂੰ ਰਾਏਪੁਰ,ਰਾਣਾ ਰਣਜੀਤ ਸਿੰਘ ਭੱਖਾ, ਸਾਬਕਾ ਸਰਪੰਚ ਹਰਪ੍ਰੀਤ ਸਿੰਘ ਹੈਪੀ ਆਦਿ ਹਾਜ਼ਰ ਸਨ।

ਅਭਿਜੋਤ ਵੀਰ ਸਿੰਘ ਢਿੱਲੋਂ ਦੀ ਸੀਨੀਅਰ ਨੈਸ਼ਨਲ ਸੇਪਕਟਾਕਰਾ ਚੈਂਪੀਅਨਸ਼ਿਪ ਪੰਜਾਬ ਦੀ ਟੀਮ 'ਚ ਹੋਈ ਚੋਣ

ਤਰਨ ਤਾਰਨ (ਪ੍ਰਿਤਪਾਲ ਸਿੰਘ) ਸੰਤ ਬਾਬਾ ਜਗਤਾਰ ਸਿੰਘ ਅਤੇ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਵੱਲੋਂ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ ਝਬਾਲ ਰੋਡ ਨੂਰਦੀ ਤਰਨ ਤਾਰਨ ਦੇ ਖਿਡਾਰੀ ਅਭਿਜੋਤ ਵੀਰ ਸਿੰਘ ਢਿੱਲੋਂ ਦੀ ਸੀਨੀਅਰ ਨੈਸ਼ਨਲ ਸੇਪਕ ਟਾਕਰਾ ਚੈਂਪੀਅਨਸ਼ਿਪ ਲਈ ਪੰਜਾਬ ਦੀ ਟੀਮ ਵਿੱਚ ਚੋਣ ਹੋਈ ਹੈ।ਇਹ ਪ੍ਰਾਪਤੀ ਅਕੈਡਮੀ ਦੇ ਨਾਲ-ਨਾਲ ਪੂਰੇ ਜ਼ਿਲ੍ਹਾ ਤਰਨ ਤਾਰਨ ਲਈ ਮਾਣ ਵਾਲੀ ਗੱਲ ਹੈ।ਇਸ ਮੌਕੇ ਅਕੈਡਮੀ ਦੀ ਪ੍ਰਿੰਸੀਪਲ ਮੈਡਮ ਜਸਪਾਲ ਕੌਰ ਸਿੱਧੂ ਨੇ ਖਿਡਾਰੀ ਨੂੰ ਪੰਜਾਬ ਦੀ ਟੀਮ ਵਿੱਚ ਚੁਣੇ ਜਾਣ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ।ਉਨ੍ਹਾਂ ਨੇ ਖਿਡਾਰੀ ਨੂੰ ਅਸ਼ੀਰਵਾਦ ਦਿੰਦਿਆਂ ਭਵਿੱਖ ਵਿੱਚ ਹੋਰ ਵੀ ਵੱਡੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਮੈਡਮ ਨੇ ਕੋਚ ਰਾਜੇਸ਼ ਥਾਪਾ ਦੀ ਵੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ, ਜੋ ਖਿਡਾਰੀਆਂ ਨੂੰ ਨੈਸ਼ਨਲ ਪੱਧਰ ਲਈ ਤਿਆਰ ਕਰਨ ਅਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਲਗਾਤਾਰ ਮਿਹਨਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਕੋਚ ਦੀ ਮਿਹਨਤ, ਖਿਡਾਰੀਆਂ ਦੀ ਲਗਨ ਅਤੇ ਸਕੂਲ ਪ੍ਰਬੰਧਕਾਂ ਦੇ ਸਹਿਯੋਗ ਸਦਕਾ ਅਜਿਹੀਆਂ ਮਾਣਮੱਤੀਆਂ ਪ੍ਰਾਪਤੀਆਂ ਸੰਭਵ ਹੁੰਦੀਆਂ ਹਨ। ਇਸ ਮੌਕੇ ਕੋਆਰਡੀਨੇਟਰ ਰੂਬਲਦੀਪ ਕੌਰ, ਡੀ.ਪੀ. ਮਲਕੀਤ ਕੌਰ ਅਤੇ ਤਰਲੋਚਨ ਸਿੰਘ ਵੀ ਹਾਜ਼ਰ ਸਨ। ਉਨ੍ਹਾਂ ਨੇ ਖਿਡਾਰੀ ਅਤੇ ਕੋਚ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਉਮੀਦ ਪ੍ਰਗਟਾਈ ਕਿ ਅਕੈਡਮੀ ਦੇ ਖਿਡਾਰੀ ਆਉਣ ਵਾਲੇ ਸਮੇਂ ਵਿੱਚ ਵੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਕੂਲ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਦੇ ਰਹਿਣਗੇ।ਗੁਰੂ ਨਾਨਕ ਦੇਵ ਅਕੈਡਮੀ ਦੀ ਇਹ ਪ੍ਰਾਪਤੀ ਇਸ ਗੱਲ ਦਾ ਪ੍ਰਮਾਣ ਹੈ ਕਿ ਸਹੀ ਮਾਰਗਦਰਸ਼ਨ, ਲਗਾਤਾਰ ਮਿਹਨਤ ਅਤੇ ਖੇਡਾਂ ਪ੍ਰਤੀ ਸਮਰਪਣ ਨਾਲ ਖਿਡਾਰੀ ਵੱਡੀਆਂ ਮੰਜ਼ਿਲਾਂ ਹਾਸਲ ਕਰ ਸਕਦੇ ਹਨ।

ਯੂ ਪੀ 'ਚ ਸਿਆਸੀ ਹਵਾ ਦਾ ਰੁਖ਼

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਟਵੀਟ ਕੀਤਾ-ਚਾਰ ਰਾਜਾਂ ਵਿੱਚ 28 ਐੱਮ ਐੱਲ ਸੀ ਸੀਟਾਂ ਲਈ ਬੈਲੇਟ ਪੇਪਰਾਂ ਨਾਲ ਚੋਣਾਂ ਹੋਈਆਂ। ਅੰਦਾਜ਼ਾ ਲਾਓ ਕਾਂਗਰਸ ਨੇ ਕਿੰਨੀਆਂ ਸੀਟਾਂ ਜਿੱਤੀਆਂ? ਇਸ ਟਵੀਟ ਨੂੰ ਸ਼ੇਅਰ ਕਰਦਿਆਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਦਵਿੰਦਰ ਫੜਨਵੀਸ ਨੇ ਜਵਾਬ ਵਿੱਚ ਲਿਖਿਆ-ਗੋਲ ਆਂਡਾ।

ਦੋਹਾਂ ਨੇ ਇਹ ਬਿਰਤਾਂਤ ਸਿਰਜਣ ਦੀ ਕੋਸ਼ਿਸ਼ ਕੀਤੀ ਕਿ ਕਾਂਗਰਸ ਬੈਲੇਟ ਪੇਪਰ ਨਾਲ ਚੋਣਾਂ ਕਰਾਉਣ ਦੀ ਮੰਗ ਕਰਦੀ ਹੈ ਤੇ ਬੈਲੇਟ ਪੇਪਰ ਨਾਲ ਹੋਈਆਂ ਚੋਣਾਂ ਵਿੱਚ ਵੀ ਲੋਕਾਂ ਨੇ ਉਸ ਨੂੰ ਬੁਰੀ ਤਰ੍ਹਾਂ ਰੱਦ ਕਰ ਦਿੱਤਾ ਹੈ। ਪਰ ਸਾਰੇ ਨਤੀਜੇ ਆਉਣ ਤੋਂ ਪਹਿਲਾਂ ਹੀ ਸਿਰਜੇ ਗਏ ਇਸ ਬਿਰਤਾਂਤ ਦੀ ਫੂਕ ਉਦੋਂ ਨਿਕਲ ਗਈ, ਜਦੋਂ ਭਾਜਪਾ ਦੇ ਪ੍ਰਿਤਪਾਲਕ ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਦੇ ਹੈੱਡਕੁਆਰਟਰ ਨਾਗਪੁਰ ਵਿੱਚ ਗ੍ਰੈਜੂਏਟ ਹਲਕੇ ਦੀ ਸੀਟ ਕਾਂਗਰਸ ਦੇ ਅਭਿਜੀਤ ਵਣਜਾਰੀ ਨੇ ਭਾਜਪਾ ਦੇ ਉਮੀਦਵਾਰ ਨੂੰ ਮਾਤ ਦੇ ਕੇ ਲਗਾਤਾਰ ਦੂਜੀ ਵਾਰ ਜਿੱਤ ਲਈ। ਭਾਜਪਾ ਦੇ ਸਾਬਕਾ ਕੌਮੀ ਪ੍ਰਧਾਨ ਤੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਕਈ ਵਾਰ ਨਾਗਪੁਰ ਤੋਂ ਐੱਮ ਐੱਲ ਸੀ ਰਹਿ ਚੁੱਕੇ ਹਨ ਤੇ ਫੜਨਵੀਸ ਵੀ ਉੱਥੋਂ ਜਿੱਤਦੇ ਹਨ।

ਚਾਰ ਰਾਜਾਂ-ਯੂ ਪੀ, ਬਿਹਾਰ, ਕਰਨਾਟਕ ਤੇ ਮਹਾਰਾਸ਼ਟਰ ਵਿੱਚ ਵਿਧਾਨ ਪ੍ਰੀਸ਼ਦ ਦੇ ਟੀਚਰਜ਼ ਤੇ ਗ੍ਰੈਜੂਏਟ ਹਲਕਿਆਂ ਦੀਆਂ ਇਨ੍ਹਾਂ ਚੋਣਾਂ ਦੇ ਸਾਰੇ ਨਤੀਜਿਆਂ ਦਾ ਵਿਸ਼ਲੇਸ਼ਣ ਦੱਸਦਾ ਹੈ ਕਿ ਦਾਅਵਿਆਂ ਦੇ ਬਾਵਜੂਦ ਭਾਜਪਾ ਖਾਸ ਮੱਲ ਨਹੀਂ ਮਾਰ ਸਕੀ। ਮਹਾਰਾਸ਼ਟਰ ਦੀਆਂ ਪੰਜ ਸੀਟਾਂ ਵਿੱਚੋਂ ਪਿਛਲੀ ਵਾਰ ਦੋ ਕਾਂਗਰਸ ਅਤੇ ਇੱਕ-ਇੱਕ ਇੰਡੀਆ ਬਲਾਕ ਵਿੱਚ ਸ਼ਾਮਲ ਨੈਸ਼ਨਲਿਸਟ ਕਾਂਗਰਸ ਪਾਰਟੀ (ਸ਼ਰਦ ਪਵਾਰ), ਟੁੱਟ ਕੇ ਭਾਜਪਾ ਗੱਠਜੋੜ ਨਾਲ ਰਲੀ ਨੈਸ਼ਨਲਿਸਟ ਕਾਂਗਰਸ ਪਾਰਟੀ (ਅਜੀਤ) ਅਤੇ ਸ਼ਿਵ ਸੈਨਾ (ਸ਼ਿੰਦੇ) ਕੋਲ ਸਨ। ਹੁਣ ਸ਼ਰਦ ਪਵਾਰ ਦੀ ਪਾਰਟੀ ਦੋ ਸੀਟਾਂ ਜਿੱਤ ਗਈ ਹੈ, ਜਦਕਿ ਕਾਂਗਰਸ ਦੀ ਇੱਕ ਜੋੜ ਕੇ ਇੰਡੀਆ ਬਲਾਕ ਦੀਆਂ ਤਿੰਨ ਹੋ ਗਈਆਂ ਹਨ। ਭਾਜਪਾ ਨੂੰ ਸਿਰਫ ਇੱਕ ਸੀਟ ਦਾ ਫਾਇਦਾ ਮਿਲਿਆ ਹੈ, ਜਦਕਿ ਉਸ ਦੀ ਸਹਿਯੋਗੀ ਸ਼ਿਵ ਸੈਨਾ ਨੇ ਪਹਿਲਾਂ ਵਾਂਗ ਇੱਕ ਹੀ ਜਿੱਤੀ ਹੈ।

ਬਿਹਾਰ ਦੀਆਂ 8 ਸੀਟਾਂ ਵਿੱਚੋਂ ਪਹਿਲਾਂ ਭਾਜਪਾ ਕੋਲ 2 ਤੇ ਉਸ ਦੀ ਸਹਿਯੋਗੀ ਜੇ ਡੀ (ਯੂ) ਕੋਲ ਇੱਕ ਸੀਟ ਸੀ। ਕਾਂਗਰਸ ਤੇ ਸੀ ਪੀ ਆਈ ਕੋਲ ਵੀ ਇੱਕ-ਇੱਕ ਸੀਟ ਸੀ, ਜਦਕਿ ਤਿੰਨ ਆਜ਼ਾਦ ਸਨ। ਹੁਣ ਭਾਜਪਾ ਨੇ ਇੱਕ ਵੱਧ (ਤਿੰਨ) ਜਿੱਤੀ ਹੈ। ਜੇ ਡੀ ਯੂ ਨੇ ਵੀ ਇੱਕ ਹੀ ਜਿੱਤੀ ਹੈ। ਕਾਂਗਰਸ ਤੇ ਸੀ ਪੀ ਆਈ ਨੇ ਆਪਣੀਆਂ ਸੀਟਾਂ ਗੁਆਈਆਂ ਹਨ, ਪਰ ਇੰਡੀਆ ਬਲਾਕ ਦੀ ਆਰ ਜੇ ਡੀ ਨੇ ਇੱਕ ਸੀਟ ਜਿੱਤ ਲਈ ਹੈ। ਪ੍ਰਸ਼ਾਂਤ ਕਿਸ਼ੋਰ ਦੀ ਨਵੀਂ ਬਣੀ ਜਨਸੁਰਾਜ ਪਾਰਟੀ ਨੇ ਇੱਕ ਸੀਟ ਨਾਲ ਖਾਤਾ ਖੋਲ੍ਹਿਆ ਹੈ। ਪਿਛਲੀ ਵਾਰ ਦੇ ਤਿੰਨ ਦੇ ਮੁਕਾਬਲੇ ਐਤਕੀਂ ਦੋ ਆਜ਼ਾਦ ਜਿੱਤੇ ਹਨ। ਕਰਨਾਟਕ ਵਿੱਚ ਚਾਰ ਸੀਟਾਂ ਵਿੱਚੋਂ ਤਿੰਨ ਸੀਟਾਂ ਭਾਜਪਾ ਨੇ ਤੇ ਇੱਕ ਉਸ ਦੀ ਸਹਿਯੋਗੀ ਜਨਤਾ ਦਲ (ਸੈਕੂਲਰ) ਨੇ ਜਿੱਤੀਆਂ ਹਨ। ਇਨ੍ਹਾਂ ਵਿੱਚੋਂ ਤਿੰਨ ਪਹਿਲਾਂ ਹੀ ਭਾਜਪਾ ਕੋਲ ਸਨ, ਜਦਕਿ ਕਾਂਗਰਸ ਕੋਲ ਇੱਕ ਹੀ ਸੀ।

ਉਪਰੋਕਤ ਤਿੰਨੋਂ ਰਾਜ ਉਹ ਹਨ, ਜਿੱਥੇ ਅਸੈਂਬਲੀ ਚੋਣਾਂ ਦੂਰ ਹਨ। ਅਸਲ ਨਤੀਜੇ ਤਾਂ ਯੂ ਪੀ, ਜਿੱਥੇ ਕੁਝ ਮਹੀਨਿਆਂ ਵਿੱਚ ਅਸੈਂਬਲੀ ਚੋਣਾਂ ਹੋਣ ਜਾ ਰਹੀਆਂ ਹਨ, ਤੋਂ ਆਏ ਹਨ। ਯੂ ਪੀ ਵਿੱਚ ਮੋਦੀ-ਯੋਗੀ ਦੀ ਕਰੀਬ 10 ਸਾਲ ਤੋਂ ਚੱਲ ਰਹੀ ਡਬਲ ਇੰਜਣ ਦੀ ਸਰਕਾਰ ਤਹਿਤ ਭਾਜਪਾ 11 ਵਿੱਚੋਂ 6 ਸੀਟਾਂ ਜਿੱਤ ਕੇ ਆਪਣੀ ਪੁਰਾਣੀ ਪੁਜ਼ੀਸ਼ਨ ਮਸੀਂ ਬਚਾ ਸਕੀ। ਪਿਛਲੀ ਵਾਰ ਭਾਜਪਾ ਦੀਆਂ 6 ਅਤੇ ਸਮਾਜਵਾਦੀ ਪਾਰਟੀ (ਸਪਾ) ਦੀਆਂ 3 ਅਤੇ ਸ਼ਿਕਸ਼ਕ ਦਲ ਦੀ ਇੱਕ ਸੀਟ ਸੀ, ਇੱਕ ਸੀਟ ਆਜ਼ਾਦ ਕੋਲ ਸੀ। ਸਪਾ 5 ਸੀਟਾਂ ਜਿੱਤ ਗਈ ਹੈ। ਸਪਾ ਦੀਆਂ ਜਿੱਤਾਂ ਇਸ ਕਰਕੇ ਅਹਿਮ ਹਨ, ਕਿਉਂਕਿ ਉਹ ਉਨ੍ਹਾਂ ਹਲਕਿਆਂ ਵਿੱਚ ਹੋਈਆਂ ਹਨ, ਜਿਹੜੇ ਧਾਰਮਿਕ-ਸਿਆਸੀ ਪੱਖੋਂ ਭਾਜਪਾ ਲਈ ਬਹੁਤ ਅਹਿਮੀਅਤ ਰੱਖਦੇ ਹਨ। ਪ੍ਰਧਾਨ ਮੰਤਰੀ ਦੇ ਲੋਕ ਸਭਾ ਹਲਕੇ ਵਾਰਾਣਸੀ ਵਿੱਚ ਗ੍ਰੈਜੂਏਟ ਤੇ ਟੀਚਰਜ਼ ਦੋਨੋਂ ਹਲਕਿਆਂ ਵਿੱਚ ਸਪਾ ਉਮੀਦਵਾਰ ਜਿੱਤੇ ਹਨ। ਅਲਾਹਾਬਾਦ-ਝਾਂਸੀ ਹਲਕੇ ਵਿੱਚ ਵੀ ਸਪਾ ਉਮੀਦਵਾਰ ਕਾਮਯਾਬ ਹੋਇਆ ਹੈ। ਯੋਗੀ ਦੇ ਸ਼ਹਿਰ ਗੋਰਖਪੁਰ ਦੀ ਸੀਟ 'ਤੇ ਭਾਜਪਾ ਉਮੀਦਵਾਰ ਦੀ ਜਿੱਤ ਵਿੱਚ ਭਾਰੀ ਹੇਰਾਫੇਰੀ ਦੇ ਦੋਸ਼ ਲੱਗੇ ਹਨ। ਮੋਦੀ ਤੇ ਭਾਜਪਾ ਦੀ ਫ਼ੌਜ ਜਿਹੜੀ ਕਾਂਗਰਸ ਦੀ ਖਿੱਲੀ ਉਡਾ ਰਹੇ ਹਨ, ਉਸ ਨੇ ਤਾਂ ਯੂ ਪੀ ਵਿੱਚ ਚੋਣਾਂ ਲੜੀਆਂ ਹੀ ਨਹੀਂ। ਇੰਡੀਆ ਬਲਾਕ ਦੀ ਭਾਈਵਾਲ ਸਪਾ ਦੀ ਜਿੱਤ ਸੰਕੇਤ ਦਿੰਦੀ ਹੈ ਕਿ ਯੂ ਪੀ ਦਾ ਪੜ੍ਹਿਆ-ਲਿਖਿਆ ਵਰਗ ਕੀ ਸੋਚ ਰਿਹਾ ਹੈ। ਉਸ ਨੇ ਇਸ਼ਾਰਾ ਕਰ ਦਿੱਤਾ ਹੈ ਕਿ ਹਵਾ ਭਾਜਪਾ ਦੇ ਖਿਲਾਫ ਵਗ ਰਹੀ ਹੈ। ਸਪਾ ਪ੍ਰਧਾਨ ਅਖਿਲੇਸ਼ ਯਾਦਵ ਨੇ ਇਨ੍ਹਾਂ ਚੋਣਾਂ ਵਿੱਚ ਰਾਮ ਮੰਦਰ 'ਚ ਚੰਦਾ ਚੋਰੀ ਨੂੰ ਮੁੱਖ ਮੁੱਦਾ ਬਣਾਇਆ ਸੀ।

ਮੋਦੀ ਦੀ ਚੁੱਪੀ : ਸੱਤਾ ਤਬਦੀਲੀ ਦੀ ਸੂਚਕ

ਗੁਰਮੀਤ ਸਿੰਘ ਪਲਾਹੀ

ਮੋਦੀ ਸਰਕਾਰ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਪਿਛਲੇ ਕੁਝ ਸਮੇਂ ਤੋਂ ਇੱਕੋ ਸੁਰ ਵਿੱਚ ਇਹ ਬੋਲੀ ਬੋਲ ਰਹੇ ਹਨ ਕਿ ਦੇਸ਼ ਵਿੱਚ ਅਰਾਜਕਤਾ ਫੈਲਾਈ ਜਾ ਰਹੀ ਹੈ। ਵਿਜੈ ਦਸ਼ਮੀ ਅਤੇ ਦੁਸਹਿਰੇ ਦੇ ਮੌਕੇ 'ਤੇ ਦੋਵਾਂ ਸੰਸਥਾਵਾਂ ਦੇ ਮੁਖੀਆਂ ਨੇ ਦੇਸ਼ ਵਾਸੀਆਂ ਨੂੰ ਇੱਕੋ ਜਿਹਾ ਸੁਨੇਹਾ ਦਿੰਦਿਆਂ ਇਹ ਦਾਅਵਾ ਕੀਤਾ ਕਿ ਸਾਡੇ ਮਹਾਨ ਦੇਸ਼ ਨੂੰ ਤੋੜਨ ਦੇ ਯਤਨ ਕੀਤੇ ਜਾ ਰਹੇ ਹਨ। ਸੰਘ ਦੇ ਮੁਖੀ ਨੇ ਆਪਣੇ ਭਾਸ਼ਣ ਵਿੱਚ ਸਪੱਸ਼ਟ ਕੀਤਾ ਕਿ ਪੱਛਮੀ ਦੇਸ਼ਾਂ ਤੋਂ ਆ ਰਹੀ ਹਵਾ ਦੇਸ਼ ਦੀ ਸਥਿਰਤਾ ਲਈ ਖ਼ਤਰਾ ਹੈ ਅਤੇ ਸਾਡੇ ਦੁਸ਼ਮਣ ਨਾ ਤਾਂ ਗੁਆਂਢੀ ਇਸਲਾਮੀ ਦੇਸ਼ ਹਨ ਤੇ ਨਾ ਹੀ ਚੀਨ, ਸਗੋਂ ਪੱਛਮੀ ਦੇਸ਼ ਹਨ।

ਪਰ ਕੀ ਇਹ ਸੱਚਮੁੱਚ ਸੱਚ ਹੈ ਕਿ ਪੱਛਮੀ ਦੇਸ਼ ਭਾਰਤ ਵਿੱਚ ਅਰਾਜਕਤਾ ਫੈਲਾ ਕੇ 'ਰਜ਼ੀਮ ਚੇਂਜ' (ਸੱਤਾ ਬਦਲਣਾ) ਚਾਹੁੰਦੇ ਹਨ? ਜੇਕਰ ਡੂੰਘਾਈ ਨਾਲ ਦੇਖਿਆ ਜਾਵੇ ਤਾਂ ਇਹ ਦਾਅਵਾ ਬਿਲਕੁਲ ਸਹੀ ਨਹੀਂ ਜਾਪਦਾ। ਅਸਲ ਗੱਲ ਤਾਂ ਇਹ ਹੈ ਕਿ ਦੇਸ਼ ਵਿੱਚ ਪਿਛਲੇ ਦਿਨਾਂ ਦੌਰਾਨ ਜੋ ਅਰਾਜਕਤਾ ਜਾਂ ਰੋਸ ਦੇਖਣ ਨੂੰ ਮਿਲਿਆ ਹੈ, ਉਹ ਕਿਸੇ ਵਿਦੇਸ਼ੀ ਸਾਜ਼ਿਸ਼ ਦਾ ਨਤੀਜਾ ਨਹੀਂ, ਸਗੋਂ ਸਾਡੇ ਆਪਣੇ ਦੇਸ਼ ਦੇ ਬੱਚਿਆਂ ਅਤੇ ਨੌਜਵਾਨਾਂ ਦੁਆਰਾ ਉਠਾਈ ਗਈ ਆਵਾਜ਼ ਹੈ।

ਪਿਛਲੇ 14 ਸਾਲਾਂ ਦੇ ਰਾਜਭਾਗ ਦੌਰਾਨ ਜਦੋਂ ਮੋਦੀ ਜੀ ਨੇ ਦੇਸ਼ ਦੀ ਵਾਗਡੋਰ ਸੰਭਾਲੀ ਸੀ, ਤਾਂ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ ਕਿ ਦੇਸ਼ ਦੀ ਆਰਥਿਕਤਾ ਨੂੰ ਬੁਲੰਦੀਆਂ 'ਤੇ ਲਿਜਾਇਆ ਜਾਵੇਗਾ, ਪਰ ਅਸਲੀਅਤ ਇਹ ਹੈ ਕਿ ਇਨ੍ਹਾਂ ਸਾਲਾਂ ਵਿੱਚ ਦੇਸ਼ ਆਰਥਿਕ ਤੌਰ 'ਤੇ ਕਾਫ਼ੀ ਕਮਜ਼ੋਰ ਹੋਇਆ ਹੈ। ਸਰਕਾਰ ਦੀਆਂ ਗ਼ਲਤ ਆਰਥਿਕ ਨੀਤੀਆਂ, ਨੋਟਬੰਦੀ, ਜੀ ਐੱਸ ਟੀ ਦੀ ਗੁੰਝਲਦਾਰ ਪ੍ਰਣਾਲੀ ਅਤੇ ਕਾਰਪੋਰੇਟ ਪੱਖੀ ਫ਼ੈਸਲਿਆਂ ਨੇ ਆਮ ਲੋਕਾਂ ਦੀ ਕਮਰ ਤੋੜ ਦਿੱਤੀ ਹੈ। ਹਾਲਾਤ ਇਹ ਬਣ ਚੁੱਕੇ ਹਨ ਕਿ ਇਨ੍ਹਾਂ ਸਾਲਾਂ ਵਿੱਚ ਸਰਕਾਰ ਨੇ ਦੇਸ਼ ਵਾਸੀਆਂ ਦੇ ਉੱਤੇ ਭਾਰੀ-ਭਰਕਮ ਕਰਜ਼ਾ ਚਾੜ੍ਹ ਦਿੱਤਾ ਹੈ। ਅੱਜ ਦੇਸ਼ ਦਾ ਹਰ ਨਾਗਰਿਕ ਕਰਜ਼ੇ ਦੇ ਬੋਝ ਹੇਠ ਦੱਬਿਆ ਜਾ ਰਿਹਾ ਹੈ।

ਦੇਸ਼ ਵਿੱਚ ਬੇਰੁਜ਼ਗਾਰੀ ਦੀ ਦਰ ਨੇ ਪਿਛਲੇ ਕਈ ਦਹਾਕਿਆਂ ਦੇ ਰਿਕਾਰਡ ਤੋੜ ਦਿੱਤੇ ਹਨ। ਪੜ੍ਹੇ-ਲਿਖੇ ਨੌਜਵਾਨ ਡਿਗਰੀਆਂ ਹੱਥਾਂ ਵਿੱਚ ਫੜ ਕੇ ਰੁਜ਼ਗਾਰ ਲਈ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ। ਸਰਕਾਰੀ ਨੌਕਰੀਆਂ ਦੇ ਦਰਵਾਜ਼ੇ ਲਗਭਗ ਬੰਦ ਕਰ ਦਿੱਤੇ ਗਏ ਹਨ ਅਤੇ ਪ੍ਰਾਈਵੇਟ ਖੇਤਰ ਵਿੱਚ ਵੀ ਸੋਸ਼ਣ ਤੋਂ ਸਿਵਾਏ ਕੁਝ ਨਹੀਂ ਮਿਲ ਰਿਹਾ। ਨੌਜਵਾਨਾਂ ਦਾ ਇਹ ਬੇਰੋਜ਼ਗਾਰੀ ਦਾ ਸੰਤਾਪ ਹੀ ਹੈ ਕਿ ਉਹ ਹੁਣ ਸਵਾਲ ਪੁੱਛਣ ਲਈ ਮਜਬੂਰ ਹੋ ਗਏ ਹਨ। ਜਦੋਂ ਨੌਜਵਾਨ ਆਪਣੇ ਭਵਿੱਖ ਨੂੰ ਹਨੇਰੇ ਵਿੱਚ ਦੇਖਦੇ ਹਨ, ਤਾਂ ਉਨ੍ਹਾਂ ਦੇ ਅੰਦਰਲਾ ਰੋਸ ਬਾਹਰ ਆਉਣਾ ਲਾਜ਼ਮੀ ਹੋ ਜਾਂਦਾ ਹੈ। ਇਹੋ ਕਾਰਨ ਹੈ ਕਿ ਦੇਸ਼ ਵਿੱਚ ਨੌਜਵਾਨ ਹੁਣ ਸਰਕਾਰ ਦੀਆਂ ਨੀਤੀਆਂ ਵਿਰੁੱਧ ਲਗਾਤਾਰ ਪ੍ਰਸ਼ਨ ਉਠਾ ਰਹੇ ਹਨ ਅਤੇ ਆਪਣੀ ਹਾਲਾਤ ਨੂੰ ਸੁਧਾਰਨ ਲਈ ਸੜਕਾਂ 'ਤੇ ਉਤਰਨ ਲਈ ਮਜਬੂਰ ਹਨ।

ਦੇਸ਼ ਦੇ ਨੌਜਵਾਨਾਂ ਵਿੱਚ ਅਸੰਤੋਸ਼ ਦਾ ਗੁੱਸਾ ਸਭ ਤੋਂ ਪਹਿਲਾਂ 'ਨੀਟ' ਪ੍ਰੀਖਿਆ ਪੇਪਰ ਲੀਕ ਦੇ ਮੁੱਦੇ 'ਤੇ ਸਾਹਮਣੇ ਆਇਆ ਸੀ। ਇਹ ਪ੍ਰਦਰਸ਼ਨ ਏਨਾ ਵਿਆਪਕ ਅਤੇ ਸਫ਼ਲ ਰਿਹਾ ਕਿ ਸਰਕਾਰ ਨੂੰ ਦਬਾਅ ਹੇਠ ਆ ਕੇ ਸਿੱਖਿਆ ਮੰਤਰੀ ਤੱਕ ਦਾ ਅਸਤੀਫ਼ਾ ਲੈਣਾ ਪਿਆ। ਇਸ ਤੋਂ ਇਲਾਵਾ ਕਾਕਰੋਚ ਜਨਤਾ ਪਾਰਟੀ ਦੇ ਵਰਕਰਾਂ ਅਤੇ ਆਗੂਆਂ ਨੇ ਪਿੰਡਾਂ ਵਿੱਚ ਘੁੰਮ ਕੇ ਸਰਕਾਰੀ ਸਕੂਲਾਂ ਦੀ ਮਾੜੀ ਹਾਲਤ ਅਤੇ ਲੋਕਾਂ ਦੀ ਗੰਦਗੀ ਤੇ ਗਰੀਬੀ ਨਾਲ ਜੂਝਣ ਦੀ ਸਥਿਤੀ ਨੂੰ ਉਜਾਗਰ ਕੀਤਾ। ਲੋਕਾਂ ਨੇ ਇਸ ਪਹਿਲਕਦਮੀ ਦੀ ਕਾਫ਼ੀ ਸ਼ਲਾਘਾ ਕੀਤੀ, ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਪੂਰੇ ਘਟਨਾਕ੍ਰਮ 'ਤੇ ਪੂਰੀ ਤਰ੍ਹਾਂ ਚੁੱਪ ਰਹੇ, ਜਿਵੇਂ ਉਹਨਾ ਨੂੰ ਸਮਝ ਨਹੀਂ ਆ ਰਿਹਾ ਸੀ ਕਿ ਉਹ ਕਹਿਣਾ ਕੀ ਚਾਹੁੰਦੇ ਹਨ।

ਇਸ ਤੋਂ ਬਾਅਦ 'ਇੰਡੀਅਨ ਐੱਕਸਪ੍ਰੈੱਸ' ਦੀ ਖੋਜੀ ਪੱਤਰਕਾਰੀ ਨੇ ਚੋਣ ਕਮਿਸ਼ਨ ਦੀਆਂ ਕਾਰਜ ਪ੍ਰਣਾਲੀਆਂ ਵਿੱਚ ਗੜਬੜੀਆਂ ਅਤੇ ਵੋਟ ਚੋਰੀ ਦੇ ਖ਼ਦਸ਼ਿਆਂ ਨੂੰ ਲੋਕਾਂ ਸਾਹਮਣੇ ਲਿਆਂਦਾ। ਇਸ ਸੱਚਾਈ ਦੇ ਸਾਹਮਣੇ ਆਉਣ ਤੋਂ ਬਾਅਦ ਨੌਜਵਾਨਾਂ ਨੇ ਜੰਤਰ-ਮੰਤਰ 'ਤੇ ਧਰਨੇ ਅਤੇ ਅੰਦੋਲਨ ਦੇ ਦੂਜੇ ਦੌਰ ਦਾ ਐਲਾਨ ਕਰ ਦਿੱਤਾ। ਮੁੰਬਈ ਵਿੱਚ ਪ੍ਰਦਰਸ਼ਨ ਸ਼ਾਂਤਮਈ ਅਤੇ ਸਫ਼ਲ ਰਿਹਾ, ਪਰ ਦਿੱਲੀ ਵਿੱਚ ਸਰਕਾਰ ਦੁਆਰਾ ਪ੍ਰਦਰਸ਼ਨ ਦੀ ਆਗਿਆ ਨਹੀਂ ਦਿੱਤੀ ਗਈ, ਪੂਰੇ ਸ਼ਹਿਰ ਵਿੱਚ ਨਾਕਾਬੰਦੀ ਕਰ ਦਿੱਤੀ ਗਈ ਅਤੇ ਵਿਰੋਧ ਕਰਨ ਵਾਲੇ ਨੇਤਾਵਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਸਰਕਾਰ ਦੁਆਰਾ ਪੁਲਸ ਦੀ ਬੇਲੋੜੀ ਸਖ਼ਤੀ ਦੀ ਵਰਤੋਂ ਨੇ ਦੇਸ਼ ਵਿੱਚ ਤਣਾਅ ਵਧਾਇਆ। ਸਥਿਤੀ ਏਨੀ ਗੰਭੀਰ ਹੋ ਗਈ ਕਿ ਭਾਰਤ ਦੀ ਸੁਪਰੀਮ ਕੋਰਟ ਨੂੰ ਵੀ ਇਹ ਟਿੱਪਣੀ ਕਰਨੀ ਪਈ ਕਿ ਮੱਖੀ ਮਾਰਨ ਲਈ ਹਥੌੜਾ ਨਾ ਚੁੱਕੋ, ਪਰ ਇਸ ਦੇ ਬਾਵਜੂਦ ਪ੍ਰਸ਼ਾਸਨ ਨੇ ਸਖ਼ਤ ਰਵੱਈਆ ਬਣਾਈ ਰੱਖਿਆ। ਕਾਂਗਰਸ ਅਤੇ ਹੋਰ ਵਿਰੋਧੀ ਧਿਰਾਂ, ਵਕੀਲਾਂ ਦੇ ਸੰਗਠਨਾਂ ਅਤੇ ਆਮ ਨਾਗਰਿਕਾਂ ਨੇ ਚੋਣ ਕਮਿਸ਼ਨ ਅਤੇ ਸ਼ਾਸਨ ਪ੍ਰਣਾਲੀ ਦੀਆਂ ਤਰੁਟੀਆਂ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ ਅਤੇ ਸੁਪਰੀਮ ਕੋਰਟ ਤੱਕ ਵੀ ਪ੍ਰਦਰਸ਼ਨ ਕੀਤੇ।

ਹੁਣ ਸੰਘ ਅਤੇ ਸਰਕਾਰ ਇਕੋ ਭਾਸ਼ਾ ਬੋਲ ਰਹੇ ਹਨ ਕਿ ਦੇਸ਼ ਵਿੱਚ ਅਰਾਜਕਤਾ ਫੈਲ ਰਹੀ ਹੈ। ਮੁੱਦਾ ਪਿੱਛੇ ਇਹ ਹੈ ਕਿ ਦੇਸ਼ ਵਿੱਚ ਨੌਜਵਾਨਾਂ ਅਤੇ ਵਿਰੋਧੀ ਧਿਰਾਂ ਦੀ ਆਵਾਜ਼ ਨੂੰ ਇਸ ਢੰਗ ਨਾਲ ਕੁਚਲ ਦਿੱਤਾ ਜਾਵੇ ਕਿ ਉਹ ਆਵਾਜ਼ ਚੁੱਕਣ ਦੀ ਹਿੰਮਤ ਹੀ ਨਾ ਕਰਨ।

ਇਥੇ ਸਵਾਲ ਇਹ ਉਠਦਾ ਹੈ ਕਿ ਕੀ ਦੇਸ਼ ਵਿੱਚ ਵਿਰੋਧ ਪ੍ਰਦਰਸ਼ਨ ਨਹੀਂ ਹੋ ਸਕਣਗੇ? ਕੀ ਨਾਗਰਿਕਾਂ ਨੂੰ, ਜੋ ਆਵਾਜ਼ ਉਠਾਉਂਦੇ ਹਨ, ਦੇਸ਼ ਦੇ ਦੁਸ਼ਮਣ ਗਰਦਾਨਿਆ ਜਾਵੇਗਾ, ਪਰ ਸਵਾਲਾਂ ਦਾ ਸਵਾਲ ਤਾਂ ਇਹ ਵੀ ਹੈ ਕਿ ਕੀ ਇੰਜ ਸਖ਼ਤੀ ਕਰਨ ਨਾਲ ਦੇਸ਼ 'ਚ ਸ਼ਾਂਤੀ ਆ ਜਾਵੇਗੀ? ਕੀ ਇੰਜ ਕਰਨ ਨਾਲ ਇਹ ਵਿਦੇਸ਼ੀ ਤਾਕਤਾਂ ਗਾਇਬ ਹੋ ਜਾਣਗੀਆਂ, ਜਿਹਨਾਂ ਦੇ ਦਖ਼ਲ ਦਾ ਦੋਸ਼ ਸੱਤਾ ਧਿਰ ਲਗਾ ਰਹੀ ਹੈ?

ਨੌਜਵਾਨ ਆਗੂ ਨੇਹਾ ਬੋਹਰਾ ਵਰਗੇ ਜੁਝਾਰੂ ਚਿਹਰਿਆਂ 'ਤੇ 10,000 ਰੁਪਏ ਦੇ ਸ਼ਾਂਤੀ ਮੁਚੱਲਕੇ ਭਰਨ ਦਾ ਦਬਾਅ ਪਾਇਆ ਗਿਆ, ਜਿਸ ਨੂੰ ਉਸ ਨੇ ਇਹ ਕਹਿ ਕੇ ਖਾਰਜ ਕਰ ਦਿੱਤਾ ਕਿ ਨਾਹਰੇ ਲਗਾਉਣਾ ਜਾਂ ਸੰਸਥਾਵਾਂ 'ਤੇ ਸਵਾਲ ਚੁੱਕਣਾ ਸ਼ਾਂਤੀ ਭੰਗ ਕਰਨਾ ਨਹੀਂ ਹੁੰਦਾ। ਇਹ ਰੋਕਥਾਮ ਵਾਲੀਆਂ ਕਾਰਵਾਈਆਂ ਲੋਕਤੰਤਰੀ ਅਸਹਿਮਤੀ ਨੂੰ ਦਬਾਉਣ ਦਾ ਜਤਨ ਹਨ।

ਅਸਲ 'ਚ ਦੇਸ਼ 'ਚ ਨੌਜਵਾਨਾਂ ਨੇ ਵਿਰੋਧ ਪ੍ਰਦਰਸ਼ਨ ਉਹਨਾਂ ਠੋਸ ਮੁੱਦਿਆਂ ਨੂੰ ਲੈ ਕੇ ਕੀਤਾ ਹੈ, ਜਿਹਨਾਂ ਦਾ ਹੱਲ ਉਹਨਾਂ ਨੂੰ ਹਾਲੀ ਤੱਕ ਨਹੀਂ ਮਿਲਿਆ। ਨਾ 'ਨੀਟ' ਦਾ ਹੱਲ ਮਿਲਿਆ, ਨਾ ਵੋਟ ਚੋਰੀ ਦਾ ਜਵਾਬ ਮਿਲਿਆ। ਸੰਭਵ ਹੈ ਜ਼ਿਆਦਾ ਸਖ਼ਤੀ ਨਾਲ ਜੈੱਨ-ਜ਼ੀ ਥੋੜ੍ਹਾ ਦੱਬੀ ਜ਼ਬਾਨ 'ਚ ਗੱਲ ਕਰਨ ਲਗਣਗੇ, ਪਰ ਜਿਹੜਾ ਅੰਦੋਲਨ ਉਹਨਾਂ ਸ਼ੁਰੂ ਕੀਤਾ ਹੈ, ਉਹ ਇੱਕ-ਦਮ ਖ਼ਤਮ ਹੋ ਜਾਏਗਾ, ਇਹ ਕਹਿਣਾ ਮੁਸ਼ਕਲ ਹੈ।

ਨੌਜਵਾਨਾਂ ਦੇ ਅਸੰਤੋਸ਼ ਅਤੇ ਵਿਰੋਧ ਪ੍ਰਦਰਸ਼ਨਾਂ ਦੀ ਇਹ ਲਹਿਰ ਕੇਵਲ ਭਾਰਤ ਤੱਕ ਹੀ ਸੀਮਤ ਨਹੀਂ। ਦੁਨੀਆ ਦੇ ਹੋਰਨਾਂ ਦੇਸ਼ਾਂ ਵਿੱਚ ਵਾਪਰ ਰਹੀਆਂ ਘਟਨਾਵਾਂ ਵੀ ਇਹ ਦਰਸਾਉਂਦੀਆਂ ਹਨ ਕਿ ਜਦੋਂ ਸਰਕਾਰਾਂ ਆਮ ਲੋਕਾਂ ਦੀਆਂ ਆਰਥਿਕ ਅਤੇ ਸਮਾਜਿਕ ਲੋੜਾਂ ਨੂੰ ਅੱਖੋਂ-ਪਰੋਖੇ ਕਰਦੀਆਂ ਹਨ, ਤਾਂ ਨੌਜਵਾਨ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਜਾਂਦੇ ਹਨ। ਦੇਸ਼ ਭਾਰਤ ਦੇ ਨੌਜਵਾਨ ਅੰਤਰਰਾਸ਼ਟਰੀ ਘਟਨਾ-ਕ੍ਰਮ ਵਾਚ ਰਹੇ ਹਨ।

ਫ਼ਰਾਂਸ ਵਿੱਚ ਮਹਿੰਗਾਈ, ਬੇਰੋਜ਼ਗਾਰੀ ਅਤੇ ਜਨਤਕ ਸੇਵਾਵਾਂ ਦੇ ਵਿਗੜ ਰਹੇ ਹਾਲਾਤ ਵਿਰੁੱਧ 4 ਲੱਖ ਤੋਂ ਵੱਧ ਪ੍ਰਦਰਸ਼ਨਕਾਰੀ ਸੜਕਾਂ 'ਤੇ ਉਤਰੇ, ਜਿਸ ਨਾਲ ਵੱਡੇ ਪੱਧਰ 'ਤੇ ਅੰਦੋਲਨ ਛਿੜ ਪਿਆ। ਸਪੇਨ ਅਤੇ ਪੁਰਤਗਾਲ ਵਿੱਚ ਜਨਤਕ ਪੈਨਸ਼ਨਾਂ ਦੀ ਸੁਰੱਖਿਆ, ਰਿਹਾਇਸ਼ੀ ਸਮੱਸਿਆਵਾਂ ਅਤੇ ਕਿਫ਼ਾਇਤੀ ਮਕਾਨਾਂ ਦੀ ਮੰਗ ਨੂੰ ਲੈ ਕੇ ਵਿਆਪਕ ਰੋਸ ਪ੍ਰਦਰਸ਼ਨ ਦੇਖਣ ਨੂੰ ਮਿਲੇ। ਅਲਬਾਨੀਆ ਵਿੱਚ ਸਿੱਖਿਆ ਦਾ ਬਜਟ ਵਧਾਉਣ ਅਤੇ ਫ਼ੀਸਾਂ ਘਟਾਉਣ ਦੀ ਮੰਗ ਨੂੰ ਲੈ ਕੇ ਵਿਦਿਆਰਥੀਆਂ ਨੇ ਪ੍ਰਧਾਨ ਮੰਤਰੀ ਐਡੀ ਰਾਮਾ ਤੋਂ ਅਸਤੀਫ਼ੇ ਦੀ ਮੰਗ ਕੀਤੀ।

ਇਹ ਅੰਤਰਰਾਸ਼ਟਰੀ ਮਿਸਾਲਾਂ ਸਾਬਤ ਕਰਦੀਆਂ ਹਨ ਕਿ ਜਦੋਂ ਸਰਕਾਰਾਂ ਨੌਜਵਾਨਾਂ ਦੀ ਆਵਾਜ਼ ਨਹੀਂ ਸੁਣਦੀਆਂ ਤਾਂ ਵਿਰੋਧ ਅੰਦੋਲਨ ਦਾ ਰੂਪ ਧਾਰਨ ਕਰ ਲੈਂਦਾ ਹੈ।

ਆਮ ਤੌਰ 'ਤੇ ਇਹ ਚਰਚਾ ਦਾ ਵਿਸ਼ਾ ਰਿਹਾ ਹੈ ਕਿ ਜਦੋਂ ਤੋਂ ਨਰਿੰਦਰ ਮੋਦੀ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਹਨ, ਉਨ੍ਹਾ ਨੇ ਇੱਕ ਵੀ ਖੁੱਲ੍ਹੀ ਅਤੇ ਅਨਫਿਲਟਰਡ ਪ੍ਰੈੱਸ ਕਾਨਫਰੰਸ ਨਹੀਂ ਕੀਤੀ। ਉਹ ਸੁਤੰਤਰ ਪੱਤਰਕਾਰਾਂ ਦੇ ਤਿੱਖੇ ਸਵਾਲਾਂ ਦਾ ਸਾਹਮਣਾ ਕਰਨ ਤੋਂ ਲਗਾਤਾਰ ਬਚਦੇ ਆ ਰਹੇ ਹਨ।

ਇਸ ਦੇ ਉਲਟ, ਉਹ 'ਮਨ ਕੀ ਬਾਤ' ਵਰਗੇ ਪ੍ਰੋਗਰਾਮਾਂ ਰਾਹੀਂ ਸਰਕਾਰੀ ਸਾਧਨਾਂ ਅਤੇ ਆਪਣੇ ਚੁਣੇ ਹੋਏ ਮਾਧਿਅਮਾਂ ਰਾਹੀਂ ਇੱਕ-ਤਰਫ਼ਾ ਸੰਵਾਦ ਕਰਦੇ ਹਨ। 'ਮਨ ਕੀ ਬਾਤ' ਵਿੱਚ ਉਹ ਆਪਣੇ ਵਿਚਾਰ ਤਾਂ ਦੇਸ਼ ਦੇ ਲੋਕਾਂ ਤੱਕ ਪਹੁੰਚਾਉਂਦੇ ਹਨ, ਪਰ ਅਸਲ ਮਾਇਨਿਆਂ ਵਿੱਚ ਉਹ ਆਮ ਲੋਕਾਂ, ਪੀੜਤ ਨੌਜਵਾਨਾਂ ਅਤੇ ਅੰਦੋਲਨਕਾਰੀਆਂ ਦੇ 'ਦਿਲ ਦੀ ਬਾਤ' ਜਾਂ ਸਵਾਲ ਸੁਣਨ ਲਈ ਤਿਆਰ ਨਹੀਂ ਹਨ।

ਦਿੱਲੀ ਵਿੱਚ ਤਿਰੰਗਾ ਲੈ ਕੇ ਘੁੰਮ ਰਹੇ ਨੌਜਵਾਨਾਂ 'ਤੇ ਸਖ਼ਤੀ ਕਰਨਾ ਜਾਂ 73 ਫੋਟੋਆਂ ਦੀ ਪ੍ਰਦਰਸ਼ਨੀ 'ਚੋਂ ਤਿਰੰਗੇ ਵਾਲੀਆਂ ਫੋਟੋਆਂ ਹਟਾਉਣ ਵਰਗੇ ਕਦਮ ਇਹ ਦਰਸਾਉਂਦੇ ਹਨ ਕਿ ਸੱਤਾਧਾਰੀ ਧਿਰ ਅਸਹਿਮਤੀ ਦੀ ਆਵਾਜ਼ ਤੋਂ ਕਿਸ ਕਦਰ ਡਰੀ ਹੋਈ ਹੈ।

ਲੋਕਤੰਤਰ ਵਿੱਚ ਜਵਾਬਦੇਹੀ ਇੱਕ ਬੁਨਿਆਦੀ ਨੈਤਿਕ ਅਤੇ ਸਮਾਜਿਕ ਮੁੱਲ ਹੈ। ਅਲੋਚਨਾ ਅਤੇ ਵਿਰੋਧ ਤੋਂ ਬਿਨਾਂ ਲੋਕਤੰਤਰੀ ਢਾਂਚਾ ਕਮਜ਼ੋਰ ਹੋ ਜਾਂਦਾ ਹੈ। ਸਰਕਾਰ ਨੂੰ ਇਹ ਸਮਝਣ ਦੀ ਲੋੜ ਹੈ ਕਿ ਦੇਸ਼ ਵਿੱਚ ਪੁਲਸ ਬਲ ਜਾਂ ਸਖ਼ਤੀ ਰਾਹੀਂ ਆਵਾਜ਼ਾਂ ਨੂੰ ਦਬਾ ਕੇ ਸ਼ਾਂਤੀ ਬਹਾਲ ਨਹੀਂ ਕੀਤੀ ਜਾ ਸਕਦੀ। ਲੋੜ ਤਾਂ ਇਹ ਗੱਲ ਸਮਝਣ ਦੀ ਹੈ ਕਿ ਸਮਾਜ ਵਿੱਚ ਸੰਵਾਦ ਹੋਣਾ ਜ਼ਰੂਰੀ ਹੈ। ਜੇਕਰ ਸੰਵਾਦ ਸੁੰਗੜੇਗਾ ਤਾਂ ਸਮਾਜ ਦੀ ਸਿਹਤ ਵਿਗੜੇਗੀ।

ਜੇਕਰ ਸਰਕਾਰ ਨੇ ਨੌਜਵਾਨਾਂ ਦੇ ਅਸੰਤੋਸ਼, ਬੇਰੋਜ਼ਗਾਰੀ ਅਤੇ ਚੋਣ ਪ੍ਰਣਾਲੀ ਦੇ ਪਾਰਦਰਸ਼ੀ ਮੁੱਦਿਆਂ 'ਤੇ ਸਾਰਥਕ ਗੱਲਬਾਤ ਨਾ ਕੀਤੀ, ਤਾਂ ਇਹ ਜਨਤਕ ਰੋਸ ਭਵਿੱਖ ਵਿੱਚ ਇੱਕ ਵੱਡੇ 'ਰਜ਼ੀਮ ਚੇਂਜ' (ਸੱਤਾ ਤਬਦੀਲੀ) ਦਾ ਕਾਰਨ ਬਣ ਸਕਦਾ ਹੈ।

 # ਸੰਪਰਕ : 98158-02070

ਹਰਮਨਪ੍ਰੀਤ ਦੀ ਨਵੀਂ ਪਾਰੀ

ਜਸਪਰਵਾਜ਼ ਕੌਰ

ਕੁਝ ਨਾਂਅ ਕੁਦਰਤ ਨੇ ਪਹਿਲਾਂ ਹੀ ਅਸਮਾਨ ਵਿੱਚ ਤੈਅ ਕੀਤੇ ਹੁੰਦੇ ਹਨ। ਹਰਮਨਪ੍ਰੀਤ ਕੌਰ ਦੀ ਕਹਾਣੀ ਵੀ ਕੁਝ ਅਜਿਹੀ ਹੀ ਹੈ। ਜਦੋਂ ਉਹ ਪਿੰਡ ਦੁਨੇਕੇ (ਜ਼ਿਲ੍ਹਾ ਮੋਗਾ) ਦੀ ਧਰਤੀ 'ਤੇ ਪਿਤਾ ਸਰਦਾਰ ਹਰਮਿੰਦਰ ਸਿੰਘ ਭੁੱਲਰ ਅਤੇ ਮਾਤਾ ਸਤਵਿੰਦਰ ਕੌਰ ਦੇ ਘਰ ਪੈਦਾ ਹੋਈ, ਤਾਂ ਉਸ ਦੇ ਮਾਪਿਆਂ ਵੱਲੋਂ ਉਸ ਨੂੰ ਪਵਾਈ ਗਈ ਪਹਿਲੀ ਕਮੀਜ਼ 'ਤੇ ਪਹਿਲਾਂ ਹੀ 'ਗੁੱਡ ਬੈਟਿੰਗ' ਛਪਿਆ ਹੋਇਆ ਸੀ। ਸ਼ਾਇਦ ਇਹ ਇਸ ਗੱਲ ਦਾ ਇਸ਼ਾਰਾ ਸੀ ਕਿ ਹਰਮਨ ਅੱਗੇ ਚੱਲ ਕੇ ਆਪਣੇ ਬੱਲੇ ਨਾਲ ਇਤਿਹਾਸ ਰਚਣ ਲਈ ਹੀ ਆਈ ਹੈ।

ਜਦੋਂ ਹਰਮਨਪ੍ਰੀਤ ਛੋਟੀ ਹੁੰਦੀ ਸੀ, ਤਾਂ ਉਹ ਮੁੰਡਿਆਂ ਨਾਲ ਮੈਦਾਨ 'ਤੇ ਕ੍ਰਿਕਟ ਖੇਡਿਆ ਕਰਦੀ ਸੀ ਅਤੇ ਉਸ ਦਾ ਲੰਮੇ-ਲੰਮੇ ਛੱਕੇ ਮਾਰਨ ਦਾ ਅੰਦਾਜ਼ ਦੇਖਣ ਵਾਲਾ ਹੁੰਦਾ ਸੀ। ਉਸ ਦੀ ਇਸ ਕਾਬਲੀਅਤ ਅਤੇ ਖੇਡ ਪ੍ਰਤੀ ਜਨੂੰਨ ਨੇ ਨਾ ਸਿਰਫ਼ ਸਭ ਦਾ ਧਿਆਨ ਖਿੱਚਿਆ, ਸਗੋਂ ਉਸ ਦੇ ਸਕੂਲ ਦੇ ਪ੍ਰਿੰਸੀਪਲ ਕਮਲਦੀਸ਼ ਸੋਢੀ ਨੂੰ ਵੀ ਬਹੁਤ ਪ੍ਰਭਾਵਤ ਕੀਤਾ। ਮੋਗੇ ਦੇ ਮਿੱਟੀ ਵਾਲੇ ਮੈਦਾਨਾਂ ਤੋਂ ਲੈ ਕੇ ਕੌਮਾਂਤਰੀ ਸਟੇਡੀਅਮਾਂ ਤੱਕ ਦਾ ਇਹ ਸਫ਼ਰ ਏਨਾ ਆਸਾਨ ਨਹੀਂ ਸੀ, ਪਰ ਉਸ ਦੇ ਸਕੂਲ ਦੇ ਪ੍ਰਿੰਸੀਪਲ ਦੀ ਸਹੀ ਸਮੇਂ 'ਤੇ ਮਿਲੀ ਮਦਦ ਅਤੇ ਮਾਪਿਆਂ ਦੇ ਸਹਿਯੋਗ ਨੇ ਹਰਮਨਪ੍ਰੀਤ ਦੇ ਉਸ ਛੋਟੇ ਜਿਹੇ ਸਫ਼ਰ ਨੂੰ ਦੁਨੀਆ ਦੇ ਸਭ ਤੋਂ ਵੱਡੇ ਕ੍ਰਿਕਟ ਮੈਦਾਨਾਂ ਤੱਕ ਪਹੁੰਚਾ ਦਿੱਤਾ।

ਹਰਮਨਪ੍ਰੀਤ ਕੌਰ ਨੇ 2009 ਵਿੱਚ ਆਪਣਾ ਪਹਿਲਾ ਅੰਤਰਰਾਸ਼ਟਰੀ ਮੈਚ ਖੇਡਿਆ। ਇਸ ਪਿੱਛੇ ਦਾ ਸਫ਼ਰ ਬਹੁਤ ਲੰਮਾ ਸੀ, ਪਰ ਆਪਣੀ ਮਿਹਨਤ ਅਤੇ ਲਗਨ ਸਦਕਾ ਉਹ ਇਸ ਮੁਕਾਮ ਤੱਕ ਪਹੁੰਚੀ। ਸੰਨ 2016 ਵਿੱਚ ਹਰਮਨਪ੍ਰੀਤ ਨੂੰ ਪੂਰਨ ਰੂਪ ਵਿੱਚ ਟੀ-20 ਕਪਤਾਨ ਬਣਾਇਆ ਗਿਆ। ਸਾਲ 2022 ਵਿੱਚ ਟੈਸਟ ਅਤੇ ਓ ਡੀ ਆਈ ਦੀ ਕਪਤਾਨੀ ਦਾ ਸਿਹਰਾ ਵੀ ਹਰਮਨ ਦੇ ਸਿਰ ਸੱਜਿਆ। ਉਦੋਂ ਤੋਂ ਲੈ ਕੇ ਹੁਣ ਤੱਕ ਭਾਰਤੀ ਮਹਿਲਾ ਕ੍ਰਿਕਟ ਨੂੰ ਹਰਮਨ ਦੀ ਬਹੁਤ ਵੱਡੀ ਦੇਣ ਹੈ। ਉਸ ਦਾ ਇਹ ਸਫ਼ਰ ਸ਼ਲਾਘਾਯੋਗ ਅਤੇ ਹੌਂਸਲੇ ਨਾਲ ਭਰਪੂਰ ਰਿਹਾ ਹੈ।

ਹਰਮਨਪ੍ਰੀਤ ਦੀ ਅਗਵਾਈ ਹੇਠ ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਕਈ ਇਤਿਹਾਸਕ ਜਿੱਤਾਂ ਦਰਜ ਕੀਤੀਆਂ। ਹਰਮਨ ਦੀ ਅਗਵਾਈ ਹੇਠ ਭਾਰਤੀ ਟੀਮ ਨੇ ਉਹ ਕਰ ਦਿਖਾਇਆ, ਜੋ ਪਹਿਲਾਂ ਕਦੇ ਨਹੀਂ ਹੋਇਆ ਸੀ। ਹਰਮਨ ਦੀ ਦੂਰਅੰਦੇਸ਼ੀ ਕਪਤਾਨੀ ਅਤੇ ਅਡੋਲ ਹੌਂਸਲੇ ਸਦਕਾ ਭਾਰਤ ਨੇ ਪਹਿਲੀ ਵਾਰ ਵਿਸ਼ਵ ਕੱਪ ਦੀ ਟਰਾਫੀ ਆਪਣੇ ਨਾਂਅ ਕਰਕੇ ਇਤਿਹਾਸ ਦੇ ਪੰਨਿਆਂ ਵਿੱਚ ਆਪਣਾ ਨਾਂਅ ਸੁਨਹਿਰੀ ਅੱਖਰਾਂ ਵਿੱਚ ਲਿਖਵਾ ਲਿਆ। ਭਾਰਤੀ ਟੀਮ ਨੇ ਸੰਨ 2012, 2016, 2022 ਅਤੇ 2026 ਵਿੱਚ ਏਸ਼ੀਆ ਕੱਪ ਵੀ ਹਰਮਨ ਦੀ ਕਪਤਾਨੀ ਹੇਠ ਜਿੱਤਿਆ। ਉਸ ਦੀ ਅਗਵਾਈ ਹੇਠ ਟੀਮ ਨੇ ਲਗਾਤਾਰ 2023 ਅਤੇ 2026 ਏਸ਼ਿਆਈ ਖੇਡਾਂ ਵਿੱਚ ਗੋਲਡ ਮੈਡਲ ਜਿੱਤੇ। ਇੰਗਲੈਂਡ ਵਿੱਚ ਸੰਨ 2022 ਵਿੱਚ ਹੋਈਆਂ ਕਾਮਨਵੈੱਲਥ ਗੇਮਜ਼ ਵਿੱਚ ਵੀ ਭਾਰਤੀ ਕੁੜੀਆਂ ਨੇ ਚਾਂਦੀ ਦਾ ਤਗ਼ਮਾ ਜਿੱਤ ਕੇ ਭਾਰਤ ਦਾ ਮਾਣ ਵਧਾਇਆ।

ਹਰਮਨ ਦੀ ਬੇਮਿਸਾਲ ਤਾਕਤ ਦਾ ਅਸਰ 2009 ਦੇ ਵਿਸ਼ਵ ਕੱਪ ਵਿੱਚ ਸਾਫ਼ ਦੇਖਣ ਨੂੰ ਮਿਲਿਆ, ਜਦੋਂ ਉਸ ਨੇ ਇੱਕ ਅਜਿਹਾ ਵਿਸ਼ਾਲ ਛੱਕਾ ਜੜਿਆ ਕਿ ਅਧਿਕਾਰੀਆਂ ਨੂੰ ਉਸ ਦੇ ਬੱਲੇ ਦੀ ਜਾਂਚ ਕਰਨੀ ਪਈ ਅਤੇ ਡੋਪ ਟੈਸਟ ਲੈਣਾ ਪਿਆ, ਪਰ ਹਰਮਨ ਨੇ ਉਹ ਡੋਪ ਅਤੇ ਬੈਟ ਟੈਸਟ ਦੋਵੇਂ ਬਾਖ਼ੂਬੀ ਪਾਸ ਕਰਕੇ ਸਭ ਦੇ ਮੂੰਹ ਬੰਦ ਕਰ ਦਿੱਤੇ। 2017 ਦੇ ਵਿਸ਼ਵ ਕੱਪ ਸੈਮੀਫਾਈਨਲ ਵਿੱਚ ਆਸਟ੍ਰੇਲੀਆ ਵਿਰੁੱਧ ਹਰਮਨਪ੍ਰੀਤ ਕੌਰ ਨੇ ਮੈਦਾਨ 'ਤੇ ਤੂਫ਼ਾਨ ਲਿਆਉਂਦਿਆਂ ਮਹਿਜ਼ 115 ਗੇਂਦਾਂ ਵਿੱਚ 171 ਦੌੜਾਂ ਦੀ ਅਜੇਤੂ ਅਤੇ ਅਦਭੁਤ ਪਾਰੀ ਖੇਡੀ। ਚੌਕਿਆਂ ਅਤੇ ਛੱਕਿਆਂ ਦੀ ਉਸ ਬਾਰਸ਼ ਨੇ ਨਾ ਸਿਰਫ਼ ਮੈਚ ਜਿਤਾਇਆ, ਸਗੋਂ ਦੇਸ਼ ਵਿੱਚ ਮਹਿਲਾ ਕ੍ਰਿਕਟ ਪ੍ਰਤੀ ਲੋਕਾਂ ਦੀ ਸੋਚ ਅਤੇ ਨਜ਼ਰੀਏ ਨੂੰ ਵੀ ਸਦਾ ਲਈ ਬਦਲ ਦਿੱਤਾ।

ਕਿਸੇ ਵੀ ਖੇਡ ਵਿੱਚ ਕਪਤਾਨ ਦਾ ਅਹੁਦਾ ਕੇਵਲ ਇੱਕ ਜ਼ਿੰਮੇਵਾਰੀ ਨਹੀਂ, ਸਗੋਂ ਮਾਨਸਿਕ ਅਤੇ ਸਰੀਰਕ ਤੌਰ 'ਤੇ ਇੱਕ ਵੱਡਾ ਬੋਝ ਹੁੰਦਾ ਹੈ। ਜਦੋਂ ਵੀ ਟੀਮ ਨੂੰ ਲੋੜ ਪਈ ਹਰਮਨਪ੍ਰੀਤ ਨੇ ਕਪਤਾਨੀ ਦੀ ਹਰ ਜ਼ਿੰਮੇਵਾਰੀ ਨੂੰ ਬਾਖ਼ੂਬੀ ਅਤੇ ਪੂਰੇ ਸਮਰਪਣ ਨਾਲ ਨਿਭਾਇਆ। ਉਸ ਨੇ ਆਪਣੇ ਮੋਢਿਆਂ 'ਤੇ ਟੀਮ ਦਾ ਭਾਰ ਚੁੱਕ ਕੇ ਨਾ ਸਿਰਫ਼ ਮੈਦਾਨ 'ਤੇ ਮਿਸਾਲ ਕਾਇਮ ਕੀਤੀ, ਸਗੋਂ ਮਹਿਲਾ ਕ੍ਰਿਕਟ ਨੂੰ ਇੱਕ ਨਵਾਂ ਮੁਕਾਮ ਵੀ ਦਿੱਤਾ। ਜਦੋਂ ਹਰਮਨਪ੍ਰੀਤ ਨੇ ਮੋਰਚਾ ਸੰਭਾਲਿਆ ਸੀ, ਤਾਂ ਓਦੋਂ ਮਹਿਲਾ ਕ੍ਰਿਕਟ ਨੂੰ ਉਹ ਪਛਾਣ ਨਹੀਂ ਸੀ ਮਿਲਦੀ, ਜਿਸ ਦੀ ਉਹ ਹੱਕਦਾਰ ਸੀ, ਪਰ ਉਸ ਦੀ ਅਗਵਾਈ ਦੇ ਇਸ ਲੰਬੇ ਸਫ਼ਰ ਨੇ ਤਸਵੀਰ ਹੀ ਬਦਲ ਦਿੱਤੀ। ਅੱਜ ਹਾਲਾਤ ਇਹ ਹਨ ਕਿ ਟੀਮ ਦਾ ਆਪਣਾ ਇੱਕ ਵੱਖਰਾ ਰੁਤਬਾ ਹੈ ਅਤੇ ਦੇਸ਼-ਦੁਨੀਆ ਵਿੱਚ ਪ੍ਰਸੰਸਕਾਂ ਦਾ ਇੱਕ ਵਿਸ਼ਾਲ ਸਮੁੰਦਰ ਇਸ ਨਾਲ ਜੁੜਿਆ ਹੋਇਆ ਹੈ। ਮਹਿਲਾ ਕ੍ਰਿਕਟ ਨੂੰ ਇੱਕ ਨਾਜ਼ੁਕ ਦੌਰ ਤੋਂ ਕੌਮਾਂਤਰੀ ਪੱਧਰ 'ਤੇ ਮਜ਼ਬੂਤ ਪਛਾਣ ਦਿਵਾਉਣ ਵਿੱਚ ਇਸ ਪੰਜਾਬ ਦੀ ਧੀ ਦੀ ਭੂਮਿਕਾ ਸਭ ਤੋਂ ਉੱਤੇ ਰਹੀ ਹੈ। ਮੈਦਾਨ 'ਤੇ ਉਸ ਦੀ ਦਲੇਰੀ, ਪੰਜਾਬੀ ਸੁਭਾਅ ਦੀ ਬੇਬਾਕੀ ਅਤੇ ਟੀਮ ਪ੍ਰਤੀ ਅਪਾਰ ਪਿਆਰ—ਇਹੀ ਤਿੰਨ ਗੁਣ ਹਰਮਨਪ੍ਰੀਤ ਕੌਰ ਦੀ ਅਗਵਾਈ ਦੀ ਅਸਲ ਪਛਾਣ ਰਹੇ ਹਨ।

ਜਦੋਂ ਹਰਮਨ ਨੇ ਕੁਝ ਦਿਨ ਪਹਿਲਾਂ ਕਪਤਾਨੀ ਛੱਡਣ ਦਾ ਐਲਾਨ ਕੀਤਾ, ਤਾਂ ਉਸ ਦੀ ਸਭ ਤੋਂ ਵੱਡੀ ਪ੍ਰਸੰਸਕ ਹੋਣ ਦੇ ਨਾਤੇ ਮੇਰੇ ਲਈ ਇਹ ਖ਼ਬਰ ਕਿਸੇ ਝਟਕੇ ਤੋਂ ਘੱਟ ਨਹੀਂ ਸੀ। ਇਹ ਮੰਨਣਾ ਮੁਸ਼ਕਲ ਸੀ ਕਿ ਜਿਸ ਆਗੂ ਨੇ ਟੀਮ ਨੂੰ ਆਪਣਾ ਸਭ ਕੁਝ ਦਿੱਤਾ, ਉਹ ਹੁਣ ਇਹ ਤਾਜ ਉਤਾਰ ਰਹੀ ਹੈ, ਪਰ ਗੱਲ ਇਹ ਹੈ ਕਿ ਸਿਰਫ਼ ਅਹੁਦਾ ਬਦਲਿਆ ਹੈ, ਜਨੂਨ ਨਹੀਂ। ਹਰਮਨ ਦਾ ਸਫ਼ਰ ਅਜੇ ਜਾਰੀ ਹੈ। ਹੁਣ ਕਪਤਾਨੀ ਦੇ ਬੋਝ ਤੋਂ ਆਜ਼ਾਦ ਹੋ ਕੇ, ਉਸ ਦੀ ਬੇਬਾਕ ਪਰਫ਼ਾਰਮੈਂਸ ਨੂੰ ਦੇਖਣਾ ਬੇਹੱਦ ਰੋਮਾਂਚਕ ਹੋਵੇਗਾ। ਬਿਨਾਂ ਕਿਸੇ ਵਾਧੂ ਦਬਾਅ ਦੇ ਉਸ ਦੀ ਉਹ ਪੁਰਾਣੀ ਬਹਾਦਰੀ ਅਤੇ ਨਿਡਰ ਅੰਦਾਜ਼ ਹੋਰ ਵੀ ਨਿਖ਼ਰ ਕੇ ਸਾਹਮਣੇ ਆਵੇਗਾ।

ਮੈਂ ਪਿਛਲੇ ਕਈ ਸਾਲਾਂ ਤੋਂ ਹਰਮਨਪ੍ਰੀਤ ਕੌਰ ਅਤੇ ਇਸ ਪੂਰੀ ਟੀਮ ਦੇ ਸਫ਼ਰ ਨੂੰ ਬਹੁਤ ਨੇੜਿਓਂ ਦੇਖਦੀ ਆ ਰਹੀ ਹਾਂ। ਹਰਮਨਪ੍ਰੀਤ ਕੌਰ ਦੀ ਸਭ ਤੋਂ ਵੱਡੀ ਪ੍ਰਸੰਸਕ ਹੋਣ ਦੇ ਨਾਤੇ ਮੇਰੀ ਦਿਲੋਂ ਸਿਰਫ਼ ਇੱਕੋ ਅਰਦਾਸ ਹੈ ਕਿ ਹਰਮਨ ਹਮੇਸ਼ਾ ਆਪਣੀ ਖੇਡ ਦਾ ਸਰਵੋਤਮ ਰੂਪ ਦਿਖਾਵੇ ਅਤੇ ਜ਼ਿੰਦਗੀ ਦੇ ਹਰ ਮੈਦਾਨ ਵਿੱਚ ਨਵੀਆਂ ਬੁਲੰਦੀਆਂ ਅਤੇ ਸਫ਼ਲਤਾਵਾਂ ਨੂੰ ਛੂਹੇ। ਹੁਣ ਉਮੀਦ ਹੈ ਕਿ ਹਰਮਨਪ੍ਰੀਤ ਕੌਰ ਦੀ ਇਹ ਨਵੀਂ ਪਾਰੀ ਹੋਰ ਵੀ ਜ਼ਿਆਦਾ ਦਲੇਰ ਅਤੇ ਹਮਲਾਵਰ ਅੰਦਾਜ਼ ਵਿੱਚ ਦੇਖਣ ਨੂੰ ਮਿਲੇਗੀ, ਜਿੱਥੇ ਉਹ ਆਪਣੇ ਖੇਡ ਦੇ ਸਭ ਤੋਂ ਬਿਹਤਰੀਨ ਅਤੇ ਸ਼ਾਨਦਾਰ ਰੂਪ ਵਿੱਚ ਮੈਦਾਨ 'ਤੇ ਉਤਰੇਗੀ ਅਤੇ ਕਈ ਸਾਲਾਂ ਤੱਕ ਹੋਰ ਖੇਡਦੀ ਰਹੇਗੀ।

 # ਸੰਪਰਕ : 98149-19299

ਕੀ ਨਸ਼ੇ ਦੀ ਲਤ ਜੀਨਾਂ 'ਚ ਲਿਖੀ ਹੁੰਦੀ ਹੈ?


ਡਾ. ਪਰਦੀਪ ਨਾਂਗਲੂ

ਨਸ਼ੇ ਦੀ ਲਤ ਸਦੀਆਂ ਤੋਂ ਮਨੁੱਖੀ ਸਮਾਜ ਲਈ ਇੱਕ ਗੰਭੀਰ ਚੁਣੌਤੀ ਰਹੀ ਹੈ। ਇਸ ਨਾਲ ਜੁੜੇ ਕਈ ਸਵਾਲ ਅੱਜ ਵੀ ਸਾਨੂੰ ਸੋਚਣ ਲਈ ਮਜਬੂਰ ਕਰਦੇ ਹਨ। ਕੋਈ ਵਿਅਕਤੀ ਸ਼ਰਾਬ ਜਾਂ ਹੋਰ ਨਸ਼ੀਲੇ ਪਦਾਰਥਾਂ ਦੀ ਲਤ ਦਾ ਸ਼ਿਕਾਰ ਕਿਉਂ ਹੋ ਜਾਂਦਾ ਹੈ, ਜਦਕਿ ਉਸੇ ਤਰ੍ਹਾਂ ਦੇ ਹਾਲਾਤਾ ਵਿੱਚ ਰਹਿਣ ਵਾਲਾ ਦੂਜਾ ਵਿਅਕਤੀ ਇਸ ਤੋਂ ਬਚਿਆ ਰਹਿੰਦਾ ਹੈ? ਕੁਝ ਲੋਕ ਵਾਰ-ਵਾਰ ਨਸ਼ਾ ਛੱਡਣ ਦੀ ਕੋਸ਼ਿਸ਼ ਕਰਨ ਦੇ ਬਾਵਜੂਦ ਇਸ ਦੇ ਚੱਕਰ ਵਿੱਚ ਕਿਉਂ ਫਸੇ ਰਹਿੰਦੇ ਹਨ? ਕੀ ਇਸ ਦੇ ਕਾਰਨ ਸਾਡੇ ਜੀਨਾਂ ਵਿੱਚ ਲੁਕੇ ਹੋਏ ਹਨ, ਬਚਪਨ ਦੇ ਤਜਰਬਿਆਂ ਵਿੱਚ ਜਾਂ ਉਸ ਸਮਾਜਿਕ ਵਾਤਾਵਰਣ ਵਿੱਚ ਜਿਸ ਵਿੱਚ ਅਸੀਂ ਪਲਦੇ-ਵਧਦੇ ਹਾਂ?

ਆਧੁਨਿਕ ਵਿਗਿਆਨ ਇਨ੍ਹਾਂ ਸਵਾਲਾਂ ਦਾ ਜਵਾਬ ਕਿਸੇ ਇੱਕ ਕਾਰਨ ਵਿੱਚ ਨਹੀਂ ਲੱਭਦਾ। ਨਸ਼ੇ ਦੀ ਲਤ ਆਮ ਤੌਰ 'ਤੇ ਜੈਨੇਟਿਕ ਸੰਵੇਦਨਸ਼ੀਲਤਾ, ਦਿਮਾਗ ਦੇ ਵਿਕਾਸ, ਮਾਨਸਿਕ ਤਜਰਬਿਆਂ, ਸਮਾਜਿਕ ਹਾਲਤਾਂ ਅਤੇ ਨਸ਼ੀਲੇ ਪਦਾਰਥਾਂ ਦੇ ਸੰਪਰਕ ਦੇ ਆਪਸੀ ਪ੍ਰਭਾਵ ਨਾਲ ਵਿਕਸਤ ਹੁੰਦੀ ਹੈ। ਜੀਨ ਕਿਸੇ ਵਿਅਕਤੀ ਵਿੱਚ ਨਸ਼ੇ ਦੀ ਲਤ ਦੀ ਸੰਭਾਵਨਾ ਨੂੰ ਵਧਾ ਸਕਦੇ ਹਨ, ਪਰ ਉਹ ਆਪਣੇ ਆਪ ਉਸ ਦੀ ਜ਼ਿੰਦਗੀ ਦਾ ਭਵਿੱਖ ਤੈਅ ਨਹੀਂ ਕਰਦੇ। ਇਸ ਸੱਚਾਈ ਨੂੰ ਸਮਝਣਾ ਨਸ਼ੇ ਨਾਲ ਜੁੜੇ ਕਲੰਕ ਨੂੰ ਘਟਾਉਣ ਅਤੇ ਪ੍ਰਭਾਵਸ਼ਾਲੀ ਇਲਾਜ ਦੇ ਰਾਹ ਖੋਲ੍ਹਣ ਲਈ ਬੇਹੱਦ ਜ਼ਰੂਰੀ ਹੈ।

ਜੀਨ: ਸੰਭਾਵਨਾ ਦਾ ਸੰਕੇਤ, ਕਿਸਮਤ ਦਾ ਫ਼ੈਸਲਾ ਨਹੀਂ

ਮਨੁੱਖ ਆਪਣੇ ਮਾਪਿਆਂ ਤੋਂ ਜੈਨੇਟਿਕ ਗੁਣ ਵਿਰਾਸਤ ਵਿੱਚ ਪ੍ਰਾਪਤ ਕਰਦਾ ਹੈ। ਇਨ੍ਹਾਂ ਵਿੱਚ ਕੁਝ ਅਜਿਹੇ ਜੈਨੇਟਿਕ ਅੰਤਰ ਵੀ ਸ਼ਾਮਲ ਹੁੰਦੇ ਹਨ, ਜਿਹੜੇ ਸਾਡੇ ਸੁਭਾਅ, ਭਾਵਨਾਵਾਂ ਨੂੰ ਸੰਭਾਲਣ ਦੀ ਸਮਰੱਥਾ, ਇਨਾਮ ਪ੍ਰਤੀ ਪ੍ਰਤੀਕਿਰਿਆ ਅਤੇ ਕੁਝ ਪਦਾਰਥਾਂ ਨੂੰ ਸਰੀਰ ਵੱਲੋਂ ਹਜ਼ਮ ਕਰਨ ਦੇ ਢੰਗ ਨੂੰ ਪ੍ਰਭਾਵਿਤ ਕਰ ਸਕਦੇ ਹਨ।

ਨਸ਼ੇ ਬਾਰੇ ਕੀਤੀ ਗਈ ਖੋਜ ਨੇ ਇਹ ਦਰਸਾਇਆ ਹੈ ਕਿ ਕੁਝ ਜੈਨੇਟਿਕ ਤਬਦੀਲੀਆਂ ਨਸ਼ੇ ਦੀ ਲਤ ਦੇ ਵਧੇਰੇ ਜੋਖ਼ਮ ਨਾਲ ਸੰਬੰਧਿਤ ਹੋ ਸਕਦੀਆਂ ਹਨ। ਜੁੜਵਾਂ ਬੱਚਿਆਂ ਬਾਰੇ ਕੀਤੇ ਗਏ ਅਧਿਐਨਾਂ ਨੇ ਵੀ ਇਸ ਸੰਬੰਧ ਨੂੰ ਸਮਝਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇੱਕੋ ਜਿਹੇ ਜੁੜਵਾਂ ਬੱਚਿਆਂ ਵਿੱਚ ਜੈਨੇਟਿਕ ਸਮਾਨਤਾ ਵਧੇਰੇ ਹੁੰਦੀ ਹੈ, ਜਦਕਿ ਭਰਾਵਾਂ ਜਾਂ ਭੈਣਾਂ ਵਰਗੇ ਵੱਖਰੇ ਜੁੜਵਾਂ ਬੱਚੇ ਔਸਤਨ ਆਪਣੇ ਵੱਖਰੇ ਜੈਨੇਟਿਕ ਰੂਪਾਂ ਦਾ ਲਗਭਗ ਅੱਧਾ ਹਿੱਸਾ ਸਾਂਝਾ ਕਰਦੇ ਹਨ। ਕੁਝ ਅਧਿਐਨਾਂ ਵਿੱਚ ਇੱਕੋ ਜਿਹੇ ਜੁੜਵਾਂ ਬੱਚਿਆਂ ਵਿੱਚ ਸ਼ਰਾਬ ਦੀ ਵਰਤੋਂ ਸੰਬੰਧੀ ਸਮੱਸਿਆਵਾਂ ਦੀ ਵਧੇਰੇ ਸਮਾਨਤਾ ਦੇਖੀ ਗਈ ਹੈ, ਪਰ ਇਸ ਦਾ ਅਰਥ ਇਹ ਨਹੀਂ ਕਿ ਨਸ਼ੇ ਦੀ ਲੱਤ ਲਈ ਕੋਈ ਇੱਕ ਖ਼ਾਸ ਜੀਨ ਜ਼ਿੰਮੇਵਾਰ ਹੈ। ਅਸਲ ਵਿੱਚ ਕਈ ਜੀਨ ਆਪਸ ਵਿੱਚ ਅਤੇ ਵਾਤਾਵਰਣ ਨਾਲ ਮਿਲ ਕੇ ਕੰਮ ਕਰਦੇ ਹਨ। ਕੁਝ ਜੈਨੇਟਿਕ ਅੰਤਰ ਸ਼ਰਾਬ ਨੂੰ ਸਰੀਰ ਵਿੱਚ ਤੋੜਨ ਵਾਲੇ ਐਂਜ਼ਾਈਮਾਂ, ਜਿਵੇਂ ਕਿ ਅਲਕੋਹਲ ਡੀਹਾਈਡ੍ਰੋਜਨੇਜ਼ ਅਤੇ ਐਲਡੀਹਾਈਡ ਡੀਹਾਈਡ੍ਰੋਜਨੇਜ਼ ਦੀ ਕਾਰਗੁਜ਼ਾਰੀ ਨੂੰ ਪ੍ਰਭਾਵਿਤ ਕਰ ਸਕਦੇ ਹਨ। ਹੋਰ ਜੈਨੇਟਿਕ ਪ੍ਰਭਾਵ ਦਿਮਾਗ ਦੀ ਇਨਾਮ ਪ੍ਰਣਾਲੀ, ਤਣਾਅ ਪ੍ਰਤੀ ਪ੍ਰਤੀਕਿਰਿਆ ਅਤੇ ਫ਼ੈਸਲੇ ਲੈਣ ਦੀ ਸਮਰੱਥਾ ਨਾਲ ਸੰਬੰਧਤ ਹੋ ਸਕਦੇ ਹਨ।

ਦਿਮਾਗ, ਇਨਾਮ ਅਤੇ ਭਾਵਨਾਤਮਕ ਸੰਤੁਲਨ

ਨਸ਼ੇ ਦੀ ਲਤ ਨੂੰ ਸਮਝਣ ਲਈ ਦਿਮਾਗ ਦੀ ਕਾਰਗੁਜ਼ਾਰੀ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਦਿਮਾਗ ਵਿੱਚ ਇਨਾਮ, ਪ੍ਰੇਰਣਾ, ਸਿੱਖਣ, ਯਾਦਦਾਸ਼ਤ ਅਤੇ ਫ਼ੈਸਲੇ ਲੈਣ ਨਾਲ ਸੰਬੰਧਤ ਪ੍ਰਣਾਲੀਆਂ ਹੁੰਦੀਆਂ ਹਨ। ਨਸ਼ੀਲੇ ਪਦਾਰਥ ਇਨ੍ਹਾਂ ਪ੍ਰਣਾਲੀਆਂ ਨੂੰ ਪ੍ਰਭਾਵਿਤ ਕਰ ਸਕਦੇ ਹਨ ਅਤੇ ਅਜਿਹੇ ਅਨੁਭਵ ਪੈਦਾ ਕਰ ਸਕਦੇ ਹਨ, ਜਿਨ੍ਹਾਂ ਕਾਰਨ ਵਿਅਕਤੀ ਮੁੜ ਉਸੇ ਪਦਾਰਥ ਦੀ ਵਰਤੋਂ ਕਰਨ ਵੱਲ ਖਿੱਚਿਆ ਜਾਂਦਾ ਹੈ।

ਵਾਰ-ਵਾਰ ਨਸ਼ਾ ਕਰਨ ਨਾਲ ਦਿਮਾਗ ਵਿੱਚ ਤਬਦੀਲੀਆਂ ਆ ਸਕਦੀਆਂ ਹਨ। ਕੁਝ ਲੋਕਾਂ ਵਿੱਚ ਇੱਕੋ ਜਿਹਾ ਪ੍ਰਭਾਵ ਪ੍ਰਾਪਤ ਕਰਨ ਲਈ ਵਧੇਰੇ ਮਾਤਰਾ ਦੀ ਲੋੜ ਮਹਿਸੂਸ ਹੋਣ ਲੱਗਦੀ ਹੈ। ਕੁਝ ਨੂੰ ਨਸ਼ਾ ਛੱਡਣ ਸਮੇਂ ਸਰੀਰਕ ਜਾਂ ਮਾਨਸਿਕ ਤਕਲੀਫ਼ ਹੁੰਦੀ ਹੈ, ਜਦਕਿ ਹੋਰ ਲੋਕਾਂ ਵਿੱਚ ਨਸ਼ੇ ਦੀ ਤੀਬਰ ਇੱਛਾ ਅਤੇ ਉਸ ਬਾਰੇ ਲਗਾਤਾਰ ਸੋਚਣ ਦੀ ਪ੍ਰਵਿਰਤੀ ਵਧ ਸਕਦੀ ਹੈ।

ਵਾਤਾਵਰਣ: ਜਿੱਥੇ ਜੀਨ ਅਤੇ ਤਜਰਬੇ ਮਿਲਦੇ ਹਨ

ਸਾਡੇ ਜੀਨ ਕਿਸੇ ਖ਼ਾਲੀ ਥਾਂ ਵਿੱਚ ਕੰਮ ਨਹੀਂ ਕਰਦੇ। ਪਰਿਵਾਰਕ ਸੰਬੰਧ, ਬਚਪਨ ਦੇ ਤਜਰਬੇ, ਦੋਸਤਾਂ ਦਾ ਪ੍ਰਭਾਵ, ਆਰਥਿਕ ਤੰਗੀ, ਸਮਾਜਿਕ ਸੁਰੱਖਿਆ, ਸੱਭਿਆਚਾਰਕ ਮਾਨਤਾਵਾਂ ਅਤੇ ਸਿਹਤ ਸੇਵਾਵਾਂ ਤੱਕ ਪਹੁੰਚ—ਇਹ ਸਾਰੇ ਕਾਰਕ ਨਸ਼ੇ ਦੇ ਜੋਖ਼ਮ ਨੂੰ ਪ੍ਰਭਾਵਤ ਕਰ ਸਕਦੇ ਹਨ।

ਜਿਸ ਬੱਚੇ ਦੇ ਪਰਵਾਰ ਵਿੱਚ ਨਸ਼ੇ ਦੀ ਸਮੱਸਿਆ ਮੌਜੂਦ ਹੋਵੇ, ਉਹ ਇਸ ਦੇ ਵਿਹਾਰਕ ਨਮੂਨਿਆਂ ਨੂੰ ਦੇਖਦਿਆਂ ਵੱਡਾ ਹੋ ਸਕਦਾ ਹੈ। ਦੂਜੇ ਪਾਸੇ, ਅਜਿਹੀ ਹੀ ਜੈਨੇਟਿਕ ਸੰਵੇਦਨਸ਼ੀਲਤਾ ਵਾਲਾ ਬੱਚਾ ਪਿਆਰ, ਸੁਰੱਖਿਆ, ਸਿਹਤਮੰਦ ਆਦਤਾਂ ਅਤੇ ਸਹਾਇਕ ਸਮਾਜਿਕ ਵਾਤਾਵਰਣ ਵਿੱਚ ਵਧਦਿਆਂ ਨਸ਼ੇ ਤੋਂ ਦੂਰ ਰਹਿ ਸਕਦਾ ਹੈ।

ਬੱਚਿਆਂ ਨੂੰ ਸਿਰਫ਼ ਨਸ਼ੇ ਦੇ ਨੁਕਸਾਨਾਂ ਬਾਰੇ ਦੱਸਣਾ ਕਾਫ਼ੀ ਨਹੀਂ। ਉਨ੍ਹਾਂ ਨੂੰ ਭਾਵਨਾਵਾਂ ਦੀ ਸਮਝ, ਸਹੀ ਫ਼ੈਸਲੇ ਲੈਣ ਦੀ ਸਿੱਖਿਆ, ਸਹਾਇਕ ਰਿਸ਼ਤੇ ਅਤੇ ਆਪਣੀਆਂ ਮੁਸ਼ਕਲਾਂ ਬਾਰੇ ਬਿਨਾਂ ਡਰ ਗੱਲ ਕਰਨ ਲਈ ਸੁਰੱਖਿਅਤ ਮਾਹੌਲ ਵੀ ਚਾਹੀਦਾ ਹੈ।

ਕੁਝ ਜਾਨਵਰਾਂ 'ਤੇ ਕੀਤੇ ਅਧਿਐਨਾਂ ਵਿੱਚ ਇਹ ਵੀ ਜਾਂਚਿਆ ਗਿਆ ਹੈ ਕਿ ਅਜਿਹੀਆਂ ਤਬਦੀਲੀਆਂ ਅਗਲੀਆਂ ਪੀੜ੍ਹੀਆਂ ਨੂੰ ਕਿਸ ਹੱਦ ਤੱਕ ਪ੍ਰਭਾਵਤ ਕਰ ਸਕਦੀਆਂ ਹਨ, ਪਰ ਮਨੁੱਖਾਂ ਵਿੱਚ ਇਨ੍ਹਾਂ ਪ੍ਰਭਾਵਾਂ ਦੀ ਸਹੀ ਭੂਮਿਕਾ ਅਤੇ ਵਿਰਾਸਤੀ ਸੰਚਾਰ ਬਾਰੇ ਅਜੇ ਹੋਰ ਖੋਜ ਦੀ ਲੋੜ ਹੈ। ਇਹ ਕਹਿਣਾ ਵਿਗਿਆਨਕ ਤੌਰ 'ਤੇ ਠੀਕ ਨਹੀਂ ਹੋਵੇਗਾ ਕਿ ਮਾਪਿਆਂ ਦੀ ਨਸ਼ੇ ਦੀ ਆਦਤ ਬੱਚਿਆਂ ਦੇ ਭਵਿੱਖ ਨੂੰ ਲਾਜ਼ਮੀ ਤੌਰ 'ਤੇ ਤੈਅ ਕਰ ਦਿੰਦੀ ਹੈ।

ਇੱਥੇ ਸਭ ਤੋਂ ਮਹੱਤਵਪੂਰਨ ਸਿੱਖਿਆ ਇਹ ਹੈ ਕਿ ਜੀਵ-ਵਿਗਿਆਨ ਅਤੇ ਤਜਰਬੇ ਆਪਸ ਵਿੱਚ ਜੁੜੇ ਹੋਏ ਹਨ। ਅਸੀਂ ਆਪਣੇ ਜੀਨ ਨਹੀਂ ਚੁਣ ਸਕਦੇ, ਪਰ ਸਿਹਤਮੰਦ ਆਦਤਾਂ, ਸਹਾਇਕ ਰਿਸ਼ਤੇ, ਉਚਿਤ ਇਲਾਜ ਅਤੇ ਬਿਹਤਰ ਵਾਤਾਵਰਣ ਸਾਡੀ ਜ਼ਿੰਦਗੀ 'ਤੇ ਸਕਾਰਾਤਮਕ ਪ੍ਰਭਾਵ ਪਾ ਸਕਦੇ ਹਨ।

ਦੋਸ਼ ਨਹੀਂ, ਸਮਝ ਅਤੇ ਇਲਾਜ ਦੀ ਲੋੜ

ਜਦੋਂ ਅਸੀਂ ਨਸ਼ੇ ਨੂੰ ਜੈਵਿਕ, ਮਨੋਵਿਗਿਆਨਕ ਅਤੇ ਸਮਾਜਿਕ ਕਾਰਕਾਂ ਦੇ ਸਾਂਝੇ ਪ੍ਰਭਾਵ ਵਜੋਂ ਸਮਝਦੇ ਹਾਂ, ਤਾਂ ਇਸ ਨੂੰ ਸਿਰਫ਼ ਇੱਛਾ-ਸ਼ਕਤੀ ਦੀ ਕਮੀ ਜਾਂ ਨੈਤਿਕ ਕਮਜ਼ੋਰੀ ਕਹਿਣਾ ਉਚਿਤ ਨਹੀਂ ਰਹਿੰਦਾ, ਪਰ ਇਸ ਦਾ ਅਰਥ ਇਹ ਵੀ ਨਹੀਂ ਕਿ ਵਿਅਕਤੀ ਆਪਣੀ ਜ਼ਿੰਦਗੀ ਵਿੱਚ ਬਦਲਾਅ ਨਹੀਂ ਲਿਆ ਸਕਦਾ। ਸਹੀ ਸਹਾਇਤਾ ਨਾਲ ਲੋਕ ਨਵੀਆਂ ਆਦਤਾਂ ਸਿੱਖ ਸਕਦੇ ਹਨ, ਭਾਵਨਾਵਾਂ ਨੂੰ ਸੰਭਾਲਣ ਦੇ ਸਿਹਤਮੰਦ ਤਰੀਕੇ ਵਿਕਸਤ ਕਰ ਸਕਦੇ ਹਨ ਅਤੇ ਰਿਕਵਰੀ ਵੱਲ ਅੱਗੇ ਵਧ ਸਕਦੇ ਹਨ।

ਪ੍ਰਭਾਵਸ਼ਾਲੀ ਇਲਾਜ ਵਿੱਚ ਲੋੜ ਅਨੁਸਾਰ ਦਵਾਈਆਂ, ਮਨੋਚਿਕਿਤਸਾ, ਪ੍ਰੇਰਣਾਤਮਕ ਸਲਾਹ-ਮਸ਼ਵਰਾ, ਪਰਿਵਾਰਕ ਸਹਾਇਤਾ, ਸਹਿਯੋਗੀ ਸਮੂਹ ਅਤੇ ਨਾਲ ਮੌਜੂਦ ਹੋਰ ਮਾਨਸਿਕ ਸਿਹਤ ਸਮੱਸਿਆਵਾਂ ਦਾ ਇਲਾਜ ਸ਼ਾਮਲ ਹੋ ਸਕਦਾ ਹੈ। ਕਾਗਨੀਟਿਵ ਬਿਹੇਵੀਅਰਲ ਥੈਰੇਪੀ ਵਿਅਕਤੀ ਨੂੰ ਨਸ਼ੇ ਦੇ ਕਾਰਨਾਂ ਅਤੇ ਉਕਸਾਉਣ ਵਾਲੇ ਹਾਲਾਤਾਂ ਨੂੰ ਪਛਾਣਨ ਵਿੱਚ ਮਦਦ ਕਰ ਸਕਦੀ ਹੈ। ਮਾਈਂਡਫੁਲਨੈੱਸ ਦਾ ਅਭਿਆਸ ਵੀ ਕੁਝ ਲੋਕਾਂ ਲਈ ਆਪਣੀਆਂ ਇੱਛਾਵਾਂ ਅਤੇ ਭਾਵਨਾਵਾਂ ਨੂੰ ਸਮਝਦਿਆਂ ਸੋਚ-ਸਮਝ ਕੇ ਪ੍ਰਤੀਕਿਰਿਆ ਦੇਣ ਵਿੱਚ ਸਹਾਇਕ ਹੋ ਸਕਦਾ ਹੈ। ਹਾਲਾਂਕਿ, ਇਹ ਪਹੁੰਚ ਲੋੜੀਂਦੇ ਡਾਕਟਰੀ ਇਲਾਜ ਦਾ ਬਦਲ ਨਹੀਂ, ਸਗੋਂ ਉਚਿਤ ਇਲਾਜ ਦਾ ਪੂਰਕ ਹੋਣੀ ਚਾਹੀਦੀ ਹੈ।

ਰਿਕਵਰੀ ਦੀ ਸ਼ੁਰੂਆਤ: ਨਿਰਾਸ਼ਾ ਦੀ ਥਾਂ ਸੰਭਾਵਨਾ

ਨਸ਼ੇ ਬਾਰੇ ਵਿਗਿਆਨਕ ਸਮਝ ਦਾ ਅਸਲ ਉਦੇਸ਼ ਸਿਰਫ਼ ਇਹ ਜਾਣਨਾ ਨਹੀਂ ਕਿ ਲਤ ਕਿਉਂ ਪੈਦਾ ਹੁੰਦੀ ਹੈ, ਸਗੋਂ ਇਹ ਵੀ ਖੋਜਣਾ ਹੈ ਕਿ ਇਸ ਨੂੰ ਕਿਵੇਂ ਰੋਕਿਆ ਜਾਵੇ ਅਤੇ ਇਸ ਤੋਂ ਬਾਹਰ ਕਿਵੇਂ ਨਿਕਲਿਆ ਜਾਵੇ।

ਪਰਵਾਰਾਂ ਨੂੰ ਦੋਸ਼ ਲਾਉਣ ਦੀ ਬਜਾਏ ਸਹੀ ਜਾਣਕਾਰੀ ਦੀ ਲੋੜ ਹੈ। ਨੌਜਵਾਨਾਂ ਨੂੰ ਡਰਾਉਣ ਦੀ ਬਜਾਏ ਸਿੱਖਿਆ ਅਤੇ ਸਹਾਇਤਾ ਦੀ ਲੋੜ ਹੈ। ਨਸ਼ੇ ਨਾਲ ਜੂਝ ਰਹੇ ਵਿਅਕਤੀਆਂ ਨੂੰ ਤਿਰਸਕਾਰ ਦੀ ਬਜਾਏ ਇਲਾਜ, ਸਨਮਾਨ ਅਤੇ ਨਵੀਂ ਜ਼ਿੰਦਗੀ ਸ਼ੁਰੂ ਕਰਨ ਦਾ ਮੌਕਾ ਮਿਲਣਾ ਚਾਹੀਦਾ ਹੈ।

ਪਰਵਾਰ ਵਿੱਚ ਨਸ਼ੇ ਦਾ ਇਤਿਹਾਸ ਹੋਣਾ ਸਾਵਧਾਨੀ ਵਰਤਣ, ਸਿਹਤਮੰਦ ਆਦਤਾਂ ਅਪਣਾਉਣ ਅਤੇ ਸਮੇਂ ਸਿਰ ਸਹਾਇਤਾ ਲੈਣ ਦਾ ਕਾਰਨ ਹੋ ਸਕਦਾ ਹੈ, ਪਰ ਇਹ ਭਵਿੱਖ ਦਾ ਅੰਤਿਮ ਫ਼ੈਸਲਾ ਨਹੀਂ। ਇਸੇ ਤਰ੍ਹਾਂ ਪਰਿਵਾਰਕ ਇਤਿਹਾਸ ਵਿੱਚ ਨਸ਼ੇ ਦੀ ਸਮੱਸਿਆ ਨਾ ਹੋਣ ਦੇ ਬਾਵਜੂਦ ਕੋਈ ਵਿਅਕਤੀ ਹੋਰ ਜੋਖ਼ਮਾਂ ਕਾਰਨ ਨਸ਼ੇ ਦੀ ਲਤ ਦਾ ਸ਼ਿਕਾਰ ਹੋ ਸਕਦਾ ਹੈ।

ਅੰਤ ਵਿੱਚ ਸਾਡੇ ਜੀਨ ਸਾਡੀ ਕਹਾਣੀ ਦਾ ਸਿਰਫ਼ ਇੱਕ ਹਿੱਸਾ ਹਨ। ਉਹ ਸਾਡੇ ਕੁਝ ਰੁਝਾਨਾਂ ਨੂੰ ਪ੍ਰਭਾਵਤ ਕਰ ਸਕਦੇ ਹਨ, ਪਰ ਸਾਡੇ ਰਿਸ਼ਤਿਆਂ, ਸਿੱਖਣ ਦੀ ਸਮਰੱਥਾ, ਜੀਵਨ ਦੇ ਮੌਕਿਆਂ ਅਤੇ ਭਵਿੱਖ ਦੀਆਂ ਸਾਰੀਆਂ ਸੰਭਾਵਨਾਵਾਂ ਨੂੰ ਇਕੱਲੇ ਤੈਅ ਨਹੀਂ ਕਰਦੇ।

ਨਸ਼ੇ ਦੀ ਲੱਤ ਦੀਆਂ ਜੜ੍ਹਾਂ ਜੀਵ-ਵਿਗਿਆਨ ਵਿੱਚ ਹੋ ਸਕਦੀਆਂ ਹਨ, ਪਰ ਰੋਕਥਾਮ ਅਤੇ ਰਿਕਵਰੀ ਦੀਆਂ ਸੰਭਾਵਨਾਵਾਂ ਗਿਆਨ, ਸਹਿਯੋਗ, ਮਨੁੱਖੀ ਸੰਬੰਧਾਂ ਅਤੇ ਸੰਵੇਦਨਸ਼ੀਲ ਦੇਖਭਾਲ ਰਾਹੀਂ ਵਿਕਸਤ ਹੁੰਦੀਆਂ ਹਨ।

ਇਹੀ ਉਹ ਵਿਗਿਆਨਕ ਅਤੇ ਮਨੁੱਖੀ ਸੰਦੇਸ਼ ਹੈ, ਜਿਸ ਨੂੰ ਸਮਾਜ ਤੱਕ ਪਹੁੰਚਾਉਣ ਦੀ ਅੱਜ ਸਭ ਤੋਂ ਵੱਧ ਲੋੜ ਹੈ।

 # ਸੰਪਰਕ : +12792453149

ਛਲੇੜੀ ਤੇ ਹੋਰ ਵਿੱਛੜੇ ਆਗੂਆਂ ਦੀ ਯਾਦ 'ਚ ਛੇਵਾਂ ਟਰੇਡ ਯੂਨੀਅਨ ਸਕੂਲ ਲਾ ਕੇ ਲੀਡਰਸ਼ਿਪ ਨੂੰ ਕੀਤਾ ਜਾਗ੍ਰਿਤ

ਰਾਜਪੁਰਾ (ਰਮੇਸ਼ ਕਟਾਰੀਆ)
ਪੀ.ਐਸ.ਈ.ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਤੇ ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਨੇ ਵਿੱਛੜੇ ਨਿਧੜਕ ਆਗੂ ਕਾਮਰੇਡ ਸਤਨਾਮ ਸਿੰਘ ਛਲੇੜੀ, ਸਰਕਲ ਪਟਿਆਲਾ ਦੇ ਸਾਬਕਾ ਪ੍ਰਧਾਨ ਕਾਮਰੇਡ ਮੰਗਲ ਸਿੰਘ ਚੱਠਾ, ਸਾਬਕਾ ਸਰਕਲ ਸਕੱਤਰ ਕਾਮਰੇਡ ਚਤਰ ਸਿੰਘ, ਸਾਬਕਾ ਸਰਕਲ ਸਕੱਤਰ ਕਾਮਰੇਡ ਜੀਤ ਸਿੰਘ ਸਮਾਣਾ ਤੇ ਹੋਰ ਸਰਕਲ ਪਟਿਆਲਾ ਅਧੀਨ ਆਉਂਦੀਆਂ ਡਵੀਜ਼ਨਾਂ, ਸਰਕਲ, ਸਬ ਡਵੀਜ਼ਨਾਂ ਦੇ ਵਿੱਛੜੇ ਆਗੂਆਂ ਦੀ ਯਾਦ 'ਚ ਛੇਵਾਂ ਜਾਗ੍ਰਿਤੀ ਟਰੇਡ ਯੂਨੀਅਨ ਸਕੂਲ ਏਟਕ ਦਫਤਰ ਰਾਜਪੁਰਾ ਵਿਖੇ ਲਾਇਆ ਗਿਆ।

ਮੁੱਖ ਅਧਿਆਪਕ ਦੇ ਤੌਰ 'ਤੇ ਕੌਮੀ ਆਗੂ ਕਾਮਰੇਡ ਹਰਭਜਨ ਸਿੰਘ ਪਿਲਖਣੀ ਨੇ ਵਿੱਛੜੇ ਆਗੂਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਦੱਸਿਆ ਕਿ ਇਹੋ ਜਿਹੇ ਲੀਡਰ ਅੱਜ ਦੇ ਸਮੇਂ ਵਿੱਚ ਮਿਲਣੇ ਬਹੁਤ ਔਖੇ ਹਨ, ਕਿਉਂਕਿ ਕਾਮਰੇਡ ਸਤਨਾਮ ਸਿੰਘ ਛਲੇੜੀ 'ਤੇ ਕਿਸੇ ਵੀ ਕਿਸਮ ਦਾ ਕੋਈ ਦਾਗ ਨਹੀਂ ਹੈ।ਉਹ ਜਦੋਂ ਮੈਨੇਜਮੈਂਟ ਅਤੇ ਸਰਕਾਰ ਨਾਲ ਮੁਲਾਜ਼ਮ ਮਸਲਿਆਂ ਪ੍ਰਤੀ ਗੱਲ ਕਰਦੇ ਸਨ ਤਾਂ ਉਨ੍ਹਾਂ ਦੀਆਂ ਦਲੀਲਾਂ ਅੱਗੇ ਮੈਨੇਜਮੈਂਟ ਅਤੇ ਸਰਕਾਰ ਨੂੰ ਝੁਕਣ ਲਈ ਮਜਬੂਰ ਹੋਣਾ ਪੈਂਦਾ ਸੀ।ਉਨ੍ਹਾਂ ਦੀਆਂ ਲੀਹਾਂ 'ਤੇ ਚੱਲਦੇ ਹੋਏ ਅਸੀਂ ਨਵੀਂ ਲੀਡਰਸ਼ਿਪ ਤਿਆਰ ਕਰਕੇ ਉਹਨਾਂ ਦੇ ਰਾਹਾਂ 'ਤੇ ਚੱਲਣ ਦਾ ਪ੍ਰਣ ਕਰਦੇ ਹਾਂ ਤੇ ਨਵੀਂ ਲੀਡਰਸ਼ਿਪ ਨੂੰ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਆਉਣ ਵਾਲਾ ਸਮਾਂ ਸਰਕਾਰ ਮੈਨੇਜਮੈਂਟ ਅਤੇ ਅਫਸਰਸ਼ਾਹੀ ਨਾਲ ਲੜਨ ਲਈ ਸਾਨੂੰ ਸਤਨਾਮ ਸਿੰਘ ਛਲੇੜੀ ਤੇ ਹੋਰ ਵਿੱਛੜੇ ਆਗੂਆਂ ਦੀ ਤਰ੍ਹਾਂ ਇਮਾਨਦਾਰੀ ਅਤੇ ਬੇਦਾਗ ਹੋ ਕੇ ਚੱਲਣਾ ਪਵੇਗਾ ਤਾਂ ਹੀ ਸਰਕਾਰ ਤੇ ਮੈਨੇਜਮੈਂਟ ਤੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮਨਵਾ ਸਕਾਂਗੇ।

ਪਾਵਰਕਾਮ ਟਰਾਂਸਕੋ ਪੈਨਸ਼ਨ ਯੂਨਿਟ ਏਟਕ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਰਜਿੰਦਰ ਸਿੰਘ ਤੇ ਹੋਰ ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰ ਦੇ ਅਨੇਕਾਂ ਹੀ ਮਸਲੇ ਪੰਜਾਬ ਸਰਕਾਰ, ਕੇਂਦਰ ਸਰਕਾਰ ਅਤੇ ਮੈਨੇਜਮੈਂਟ ਜੋ ਕਿ ਸਾਡੀਆਂ ਮੰਗਾਂ ਨੂੰ ਜਾਇਜ਼ ਮੰਨਣ ਯੋਗ ਦੱਸਦੀ ਹੈ, ਪਰ ਮੀਟਿੰਗਾਂ ਦੇ ਵਿੱਚ ਮੰਨ ਵੀ ਲੈਂਦੀ ਹੈ ਪਰ ਉਸ ਨੂੰ ਲਾਗੂ ਨਹੀਂ ਕਰਦੀ।ਆਉਣ ਵਾਲੇ ਸਮੇਂ ਵਿੱਚ ਸਾਨੂੰ ਇਨ੍ਹਾਂ ਵਿੱਛੜੇ ਆਗੂਆਂ ਦੀ ਤਰ੍ਹਾਂ ਬਣ ਕੇ ਇਹਨਾਂ ਦੇ ਦੱਸੇ ਰਾਹ ਤੇ ਚੱਲ ਕੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਮਨਵਾ ਸਕੀਏ।ਇਸ ਜਾਗਰਿਤੀ ਸਕੂਲ 'ਚ ਰੋਪੜ ਸਰਕਲ ਦੇ ਪ੍ਰਧਾਨ ਸਾਥੀ ਹਰਜਿੰਦਰ ਸਿੰਘ ਅਕਬਰਪੁਰ ਤੇ ਉਨ੍ਹਾਂ ਦੀ ਟੀਮ, ਲੁਧਿਆਣਾ ਸਰਕਲ ਦੇ ਪ੍ਰਧਾਨ ਸਾਥੀ ਹਰਵਿੰਦਰ ਸਿੰਘ ਸਿੰਘ ਲਾਲੂ ਤੇ ਉਨ੍ਹਾਂ ਦੀ ਟੀਮ, ਸੈਂਟਰ ਜੋਨ ਦੇ ਕਨਵੀਨਰ ਸਾਥੀ ਚਰਨਜੀਤ ਸਿੰਘ ਜੀ, ਪਾਵਰਕਾਮ ਟਰਾਂਸਕੋ ਪੈਨਸ਼ਨ ਯੂਨੀਅਨ ਏਟਕ ਦੇ ਸਾਥੀ ਭੁਪਿੰਦਰਪਾਲ ਸਿੰਘ ਬਰਾੜ ਜਗਰਾਉਂ ਤੇ ਹੋਰ ਆਗੂਆਂ ਨੇ ਹਿੱਸਾ ਲਿਆ।

ਰਾਜੋਆਣਾ ਕਲਾਂ ਦੇ ਗੁਰਦੁਆਰਾ ਸਾਹਿਬ 'ਤੇ ਗੋਲੀਬਾਰੀ ਦੀ ਉੱਚ ਪੱਧਰੀ ਜਾਂਚ ਦੀ ਮੰਗ

ਰਾਏਕੋਟ (ਸੰਤੋਖ ਗਿੱਲ)
ਪਿੰਡ ਰਾਜੋਆਣਾ ਕਲਾਂ ਦੇ ਗੁਰਦੁਆਰਾ ਸ਼੍ਰੀ ਮੰਜੀ ਸਾਹਿਬ 'ਤੇ ਗੋਲੀਬਾਰੀ ਦੀ ਮੰਦਭਾਗੀ ਘਟਨਾ 'ਤੇ ਸਖ਼ਤ ਨਰਾਜ਼ਗੀ ਜ਼ਾਹਿਰ ਕਰਦਿਆਂ ਕਾਂਗਰਸ ਪਾਰਟੀ ਦੇ ਹਲਕਾ ਰਾਏਕੋਟ ਦੇ ਇੰਚਾਰਜ ਕਾਮਿਲ ਅਮਰ ਸਿੰਘ ਨੇ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਜ਼ੋਰਦਾਰ ਹਮਲਾ ਕੀਤਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਇਤਿਹਾਸਕ ਗੁਰਦੁਆਰਾ ਸ਼੍ਰੀ ਮੰਜੀ ਸਾਹਿਬ ਦੇ ਅੰਦਰ ਜਾ ਕੇ ਕੀਤੀ ਗੋਲ਼ੀਬਾਰੀ ਦੀ ਘਟਨਾ ਕੇਵਲ ਅਪਰਾਧਿਕ ਵਾਰਦਾਤ ਨਹੀਂ, ਸਗੋਂ ਸੂਬਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲੀਆ ਨਿਸ਼ਾਨ ਹੈ।

ਯੂਥ ਕਾਂਗਰਸ ਦੇ ਸੀਨੀਅਰ ਆਗੂ ਕਾਮਿਲ ਅਮਰ ਸਿੰਘ ਨੇ ਕਿਹਾ ਕਿ ਜੇਕਰ ਪੰਜਾਬ 'ਚ ਧਾਰਮਿਕ ਅਸਥਾਨ ਵੀ ਸੁਰੱਖਿਅਤ ਨਹੀਂ ਰਹੇ ਤਾਂ ਆਮ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਲਵੇਗਾ?

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਕਰੋੜਾਂ-ਅਰਬਾਂ ਰੁਪਏ ਦੇ ਇਸ਼ਤਿਹਾਰਾਂ ਰਾਹੀਂ ਆਪਣੀ ਝੂਠੀ ਤਸਵੀਰ ਬਣਾਉਣ ਤੇ ਲੋਕਾਂ ਨੂੰ ਗੁਮਰਾਹ ਕਰਨ ਵਿੱਚ ਲੱਗੀ ਹੋਈ ਹੈ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਸੂਬੇ ਵਿੱਚ ਅਪਰਾਧੀਆਂ ਦੇ ਹੌਸਲੇ ਬੁਲੰਦ ਹਨ ਅਤੇ ਕਾਨੂੰਨ ਦਾ ਡਰ ਖ਼ਤਮ ਹੋ ਚੁੱਕਾ ਹੈ।ਕਮਿਲ ਅਮਰ ਸਿੰਘ ਨੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਦੇਵ ਸਿੰਘ ਨਾਲ ਮੁਲਾਕਾਤ ਸਮੇਂ ਇਸ ਘਟਨਾ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਾਉਣ ਦੀ ਮੰਗ ਕੀਤੀ ਹੈ। ਇਸ ਮੌਕੇ ਸੀਨੀਅਰ ਕਾਂਗਰਸ ਆਗੂ ਸੁਖਪਾਲ ਸਿੰਘ ਗੋਂਦਵਾਲ ਸਮੇਤ ਹੋਰ ਆਗੂ ਵੀ ਮੌਜੂਦ ਸਨ।

'ਸਮਕਾਲੀ ਵਿਸ਼ਵ ਰਾਜਨੀਤੀ ਤੇ ਪੰਜਾਬ ਦੀ ਸਥਿਤੀ' ਵਿਸ਼ੇ 'ਤੇ ਸੈਮੀਨਾਰ

ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)
ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ 'ਸਮਕਾਲੀ ਵਿਸ਼ਵ ਰਾਜਨੀਤੀ ਅਤੇ ਪੰਜਾਬ ਦੀ ਸਥਿਤੀ' ਵਿਸ਼ੇ 'ਤੇ ਕੌਮੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦਾ ਮੁੱਖ ਉਦੇਸ਼ ਵਿਸ਼ਵ ਰਾਜਨੀਤੀ ਵਿੱਚ ਹੋ ਰਹੀਆਂ ਤਬਦੀਲੀਆਂ ਅਤੇ ਪੰਜਾਬ ਉੱਤੇ ਉਨ੍ਹਾਂ ਦੇ ਅਸਰਾਂ ਬਾਰੇ ਵਿਦਵਤਾਪੂਰਨ ਵਿਚਾਰ-ਵਟਾਂਦਰਾ ਕਰਨਾ ਸੀ। ਇਸ ਦੌਰਾਨ ਭੂ-ਰਾਜਨੀਤੀ, ਜਲ ਸੁਰੱਖਿਆ, ਸਰਹੱਦੀ ਮਸਲਿਆਂ ਅਤੇ ਵਿਸ਼ਵ ਰਾਜਨੀਤੀ ਵਿੱਚ ਸਿੱਖ ਭਾਈਚਾਰੇ ਦੀ ਭੂਮਿਕਾ ਵਰਗੇ ਅਹਿਮ ਵਿਸ਼ਿਆਂ ਉੱਤੇ ਚਰਚਾ ਕੀਤੀ ਗਈ। ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਪ੍ਰਧਾਨਗੀ ਭਾਸ਼ਣ ਦਿੰਦਿਆਂ ਸਮਕਾਲੀ ਵਿਸ਼ਵ ਰਾਜਨੀਤੀ ਨੂੰ ਸਮਝਣ ਲਈ ਅਕਾਦਮਿਕ ਵਿਚਾਰ-ਵਟਾਂਦਰੇ ਦੀ ਅਹਿਮੀਅਤ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਵਿਸ਼ਵ ਪੱਧਰ 'ਤੇ ਵਾਪਰ ਰਹੀਆਂ ਰਾਜਨੀਤਕ ਤਬਦੀਲੀਆਂ ਅਤੇ ਪੰਜਾਬ ਉੱਤੇ ਉਨ੍ਹਾਂ ਦੇ ਪੈ ਰਹੇ ਪ੍ਰਭਾਵਾਂ ਦਾ ਗੰਭੀਰ ਅਧਿਐਨ ਕਰਨ ਲਈ ਪ੍ਰੇਰਿਤ ਕੀਤਾ। ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਡੀਨ ਅਕਾਦਮਿਕ ਮਾਮਲੇ, ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਪਾਣੀ ਅਤੇ ਮਿੱਟੀ ਵਰਗੇ ਕੁਦਰਤੀ ਸਰੋਤਾਂ ਦੀ ਸੰਭਾਲ ਦੀ ਲੋੜ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਰੋਤਾਂ ਦਾ ਲਗਾਤਾਰ ਹੋ ਰਿਹਾ ਨਿਘਾਰ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਐਸੋਸੀਏਟ ਪ੍ਰੋਫ਼ੈਸਰ ਅਤੇ ਡੀਨ, ਭਾਸ਼ਾਵਾਂ, ਡਾ. ਸਿਕੰਦਰ ਸਿੰਘ ਨੇ ਉਦਘਾਟਨੀ ਭਾਸ਼ਣ ਦਿੰਦਿਆਂ ਬਦਲਦੇ ਕੌਮਾਂਤਰੀ ਸਿਆਸੀ ਪ੍ਰਸੰਗ ਵਿੱਚ ਪੰਜਾਬ ਦੀ ਰਾਜਨੀਤਕ, ਭੂਗੋਲਿਕ ਅਤੇ ਸੱਭਿਆਚਾਰਕ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਭਾਸ਼ਾ, ਪਾਣੀ, ਪਛਾਣ ਅਤੇ ਸਿੱਖ ਭਾਈਚਾਰੇ ਨਾਲ ਜੁੜੇ ਮਸਲਿਆਂ ਉੱਤੇ ਵਿਸ਼ਵ ਰਾਜਨੀਤੀ ਦੇ ਅਸਰਾਂ ਨੂੰ ਸਮਝਣ ਲਈ ਤੱਥਾਂ ਉੱਤੇ ਆਧਾਰਿਤ ਅਤੇ ਸੰਤੁਲਿਤ ਅਕਾਦਮਿਕ ਵਿਚਾਰ-ਵਟਾਂਦਰੇ ਦੀ ਲੋੜ ਉੱਤੇ ਜ਼ੋਰ ਦਿੱਤਾ।

ਮੁੱਖ ਵਕਤਾ ਪ੍ਰੋ. ਕੁਲਦੀਪ ਸਿੰਘ, ਸਾਬਕਾ ਪ੍ਰੋਫ਼ੈਸਰ, ਰਾਜਨੀਤੀ ਵਿਗਿਆਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਨੇ 'ਜਲ ਸੁਰੱਖਿਆ ਅਤੇ ਪੰਜਾਬ: ਇੱਕ ਭੂ-ਰਾਜਨੀਤਕ ਦ੍ਰਿਸ਼ਟੀਕੋਣ' ਵਿਸ਼ੇ ਉੱਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਜਲ ਸਰੋਤਾਂ ਦੀ ਰਣਨੀਤਕ ਮਹੱਤਤਾ, ਅੰਤਰ-ਰਾਜੀ ਜਲ ਵਿਵਾਦਾਂ ਅਤੇ ਕੌਮੀ ਰਾਜਨੀਤੀ ਉੱਤੇ ਇਨ੍ਹਾਂ ਦੇ ਅਸਰਾਂ ਬਾਰੇ ਚਰਚਾ ਕੀਤੀ।ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਾਜਨੀਤੀ ਵਿਗਿਆਨ ਵਿਭਾਗ ਦੇ ਪ੍ਰੋਫ਼ੈਸਰ ਅਤੇ ਮੁਖੀ ਪ੍ਰੋ. ਸਤਨਾਮ ਸਿੰਘ ਨੇ 'ਸਿੱਖ ਭਾਈਚਾਰਾ, ਵਿਸ਼ਵ ਰਾਜਨੀਤੀ ਅਤੇ ਪੰਜਾਬ' ਵਿਸ਼ੇ ਉੱਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਸਿੱਖ ਭਾਈਚਾਰੇ, ਵਿਸ਼ਵ ਰਾਜਨੀਤਕ ਵਰਤਾਰਿਆਂ ਅਤੇ ਪੰਜਾਬ ਦੇ ਵਿਆਪਕ ਕੌਮਾਂਤਰੀ ਸਬੰਧਾਂ ਵਿਚਲੇ ਆਪਸੀ ਤਾਣੇ-ਬਾਣੇ ਬਾਰੇ ਚਰਚਾ ਕੀਤੀ। ਇਸ ਮੌਕੇ ਰਾਜਨੀਤੀ ਵਿਗਿਆਨ ਵਿਭਾਗ ਦੇ ਮੁਖੀ ਡਾ. ਰਮਨਦੀਪ ਕੌਰ ਨੇ ਪਤਵੰਤੇ ਸੱਜਣਾਂ, ਵਿਦਵਾਨ ਬੁਲਾਰਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਸਮਕਾਲੀ ਵਿਸ਼ਵ ਰਾਜਨੀਤੀ ਵਿੱਚ ਪੰਜਾਬ ਦੀ ਸਥਿਤੀ ਨੂੰ ਸਮਝਣ ਲਈ ਸੈਮੀਨਾਰ ਦੀ ਪ੍ਰਸੰਗਿਕਤਾ ਬਾਰੇ ਚਾਨਣਾ ਪਾਇਆ ਅਤੇ ਖੇਤਰੀ ਤੇ ਕੌਮਾਂਤਰੀ ਮਹੱਤਤਾ ਵਾਲੇ ਮਸਲਿਆਂ ਉੱਤੇ ਅਕਾਦਮਿਕ ਵਿਚਾਰ-ਵਟਾਂਦਰੇ ਦੀ ਲੋੜ ਬਾਰੇ ਗੱਲ ਕੀਤੀ। ਰਾਜਨੀਤੀ ਵਿਗਿਆਨ ਵਿਭਾਗ ਦੀ ਸਹਾਇਕ ਪ੍ਰੋਫ਼ੈਸਰ ਡਾ. ਬਲਵਿੰਦਰ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਉਨ੍ਹਾਂ ਨੇ ਵਿਦਵਾਨ ਬੁਲਾਰਿਆਂ, ਭਾਗੀਦਾਰਾਂ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਦਾ ਸਹਿਯੋਗ ਲਈ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਅੰਗਰੇਜ਼ੀ ਵਿਭਾਗ ਦੀ ਪ੍ਰੋਫੈਸਰ ਮਿਸ ਨਵਨੀਤ ਕੌਰ ਨੇ ਸੁਚੱਜੇ ਢੰਗ ਨਾਲ ਨਿਭਾਈ।

ਸੈਮੀਨਾਰ ਵਿੱਚ ਡਾ. ਹਰਦੇਵ ਸਿੰਘ, ਡੀਨ, ਫੈਕਲਟੀ ਆਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼; ਡਾ. ਹਰਮੀਤ ਬਿਲਿੰਗ, ਡੀਨ, ਫੈਕਲਟੀ ਆਫ਼ ਐਜੂਕੇਸ਼ਨ ਐਂਡ ਇਨਫਰਮੇਸ਼ਨ ਸਾਇੰਸ; ਡਾ. ਜਸਪ੍ਰੀਤ ਕੌਰ, ਡਾ. ਅਮਨਦੀਪ ਕੌਰ, ਮਿਸ ਰਮਨਦੀਪ ਬਾਵਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

ਕਾਤਰਾਂ

ਸਾਈਬਰ ਠੱਗਾਂ ਨੇ ਲਾਇਆ 50 ਲੱਖ ਦਾ ਚੂਨਾ

ਮਲੋਟ (ਰਜਿੰਦਰ ਜੁਨੇਜਾ)-ਸ਼ਹਿਰ ਮਲੋਟ ਵਿਖੇ ਸਾਈਬਰ ਠੱਗੀ ਦਾ ਇੱਕ ਵੱਡਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਆਨਲਾਈਨ ਨਿਵੇਸ਼ ਅਤੇ ਮੁਨਾਫ਼ਾ ਕਮਾਉਣ ਦਾ ਲਾਲਚ ਦੇ ਕੇ ਇੱਕ ਵਿਅਕਤੀ ਨਾਲ ਤਕਰੀਬਨ 50 ਲੱਖ ਰੁਪਏ ਦੀ ਧੋਖਾਧੜੀ ਕੀਤੀ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਆਦਰਸ਼ ਨਗਰ, ਮਲੋਟ ਦੇ ਵਸਨੀਕ ਰਮਨੀਕ ਸਿੰਘ ਪੁੱਤਰ ਮਹਿੰਦਰ ਸਿੰਘ ਨੇ ਇਸ ਸਬੰਧੀ ਸਾਈਬਰ ਕ੍ਰਾਈਮ ਵਿਭਾਗ ਨੂੰ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਨੂੰ ਫੇਸਬੁੱਕ 'ਤੇ ਪੈਸੇ ਇਨਵੈਸਟ ਕਰਨ ਅਤੇ ਉਸ ਦੇ ਬਦਲੇ ਮੋਟਾ ਮੁਨਾਫ਼ਾ ਕਮਾਉਣ ਦਾ ਝਾਂਸਾ ਦਿੱਤਾ ਗਿਆ ਸੀ।ਠੱਗਾਂ ਵੱਲੋਂ 8 ਸਤੰਬਰ ਤੋਂ 14 ਅਕਤੂਬਰ ਦੇ ਦਰਮਿਆਨ ਵੱਖ-ਵੱਖ ਕਿਸ਼ਤਾਂ ਵਿੱਚ ਖਾਤੇ ਰਾਹੀਂ ਕੁੱਲ 49,49,000 ਰੁਪਏ ਟਰਾਂਸਫਰ ਕਰਵਾ ਲਏ ਗਏ। ਜਦੋਂ ਵਿਅਕਤੀ ਨੂੰ ਠੱਗੀ ਦਾ ਅਹਿਸਾਸ ਹੋਇਆ ਤਾਂ ਉਸ ਨੇ ਤੁਰੰਤ ਪੁਲਿਸ ਨਾਲ ਸੰਪਰਕ ਕੀਤਾ। ਸਾਈਬਰ ਕ੍ਰਾਈਮ ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਮੋਟਰਸਾਈਕਲ ਚੋਰੀ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਸ਼ਹਿਰ ਵਿੱਚ ਵਾਹਨ ਚੋਰੀ ਦੀਆਂ ਵਾਰਦਾਤਾਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ ਹਨ।ਇਸੇ ਲੜੀ ਤਹਿਤ ਮਹੱਲਾ ਕੱਚਾ ਕਿਲ੍ਹਾ (ਨੇੜੇ ਮਸਜਿਦ) ਵਿਖੇ ਪੱਤਰਕਾਰ ਸੁਸ਼ੀਲ ਕੁਮਾਰ ਵਰਮਾ ਦੇ ਬੇਟੇ ਦਾ ਸਪਲੈਂਡਰ ਮੋਟਰਸਾਈਕਲ ਚੋਰਾਂ ਵੱਲੋਂ ਚੋਰੀ ਕਰ ਲਿਆ ਗਿਆ।ਪੱਤਰਕਾਰ ਸੁਸ਼ੀਲ ਵਰਮਾ ਨੇ ਦੱਸਿਆ ਕਿ ਉਸਦੇ ਬੇਟੇ ਨੇ ਆਪਣਾ ਸਪਲੈਂਡਰ ਮੋਟਰਸਾਈਕਲ ਆਪਣੇ ਘਰ ਦੇ ਬਾਹਰ ਖੜਾ ਕੀਤਾ ਸੀ।ਉਸ ਦੇ ਨਾਲ ਹੀ ਉਸਦਾ ਆਪਣਾ ਵੀ ਮੋਟਰਸਾਈਕਲ ਉਥੇ ਹੀ ਖੜਾ ਸੀ।ਜਦ ਉਸਦੇ ਬੇਟੇ ਨੇ ਸ਼ਾਮ ਨੂੰ ਘਰ ਦੇ ਬਾਹਰ ਨਿਕਲ ਕੇ ਦੇਖਿਆ ਤਾਂ ਉਸਦਾ ਸਿਲਵਰ ਰੰਗ ਦਾ ਮੋਟਰਸਾਈਕਲ ਹੀਰੋ ਸਪਲੈਂਡਰ ਨੰਬਰ ਪੀਬੀ 10 ਐਚਬੀ 9348 ਉਥੋਂ ਗਾਇਬ ਸੀ।ਇਸ ਸਬੰਧ ਵਿੱਚ ਉਨ੍ਹਾਂ ਆਲੇ ਦੁਆਲੇ ਇਲਾਕੇ ਦਾ ਜਾਇਜ਼ਾ ਲਿਆ, ਪਰ ਮੋਟਰਸਾਈਕਲ ਦੀ ਕੋਈ ਉੱਗ ਸੁੱਗ ਨਹੀਂ ਮਿਲੀ,ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਇਸ ਚੋਰੀ ਦੀ ਘਟਨਾ ਦੀ ਸੂਚਨਾ ਰਾਏਕੋਟ ਸਿਟੀ ਪੁਲਿਸ ਨੂੰ ਦਿੱਤੀ ਗਈ। ਇੱਕ ਦਿਨ ਬੀਤਣ ਦੇ ਬਾਅਦ ਹੁਣ ਤੱਕ ਪੁਲਿਸ ਨੂੰ ਮੋਟਰਸਾਈਕਲ ਦਾ ਕੋਈ ਪਤਾ ਨਹੀਂ ਚੱਲ ਸਕਿਆ ਹੈ।

ਝੋਟੇ ਦੀ ਮ੍ਰਿਤਕ ਦੇਹ ਦੀ ਖੱਜਲ-ਖੁਆਰੀ 'ਤੇ ਦੁੱਖ ਦਾ ਪ੍ਰਗਟਾਵਾ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਭਾਰਤੀ ਜਨਤਾ ਪਾਰਟੀ ਦੇ ਸਰਕਲ ਪ੍ਰਧਾਨ ਨਿਹਾਲ ਸਿੰਘ ਵਾਲਾ ਦਿਹਾਤੀ ਅਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਐੱਸ.ਆਈ.ਆਰ. ਇੰਚਾਰਜ ਵਿਨੋਦ ਸ਼ਰਮਾ ਨੇ ਭਾਈ ਪਰਵਿੰਦਰ ਸਿੰਘ ਝੋਟੇ ਦੀ ਮ੍ਰਿਤਕ ਦੇਹ ਦੀ ਹੋ ਰਹੀ ਖੱਜਲ-ਖੁਆਰੀ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਸ ਨੂੰ ਸਰਕਾਰ ਦੀ ਵੱਡੀ ਨਾਕਾਮੀ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਮਾਨਸਾ ਵਿਖੇ ਚੱਲ ਰਹੇ ਧਰਨੇ-ਪ੍ਰਦਰਸ਼ਨ ਦੌਰਾਨ ਪੁਲਿਸ ਵੱਲੋਂ ਲਾਠੀਚਾਰਜ ਕਰਨਾ ਬਹੁਤ ਹੀ ਨਿੰਦਣਯੋਗ ਕਾਰਵਾਈ ਹੈ। ਲੋਕਤੰਤਰ ਵਿੱਚ ਆਪਣੀਆਂ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣਾ ਲੋਕਾਂ ਦਾ ਹੱਕ ਹੈ ਅਤੇ ਸਰਕਾਰ ਤੇ ਪ੍ਰਸ਼ਾਸਨ ਨੂੰ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿਧਾਨ ਸਭਾ ਵਿੱਚ ਸੱਤਾਧਿਰ ਅਤੇ ਕਾਂਗਰਸ ਦੇ ਵਿਧਾਇਕਾਂ ਵਿਚਕਾਰ ਹੋਈ ਤਕਰਾਰ ਨੇ ਸੂਬੇ ਦੇ ਲੋਕਾਂ ਨੂੰ ਨਿਰਾਸ਼ ਕੀਤਾ ਹੈ।

ਨੌਜਵਾਨਾਂ ਦੀ ਟੇਕ ਹੁਣ ਸ਼੍ਰੋਮਣੀ ਅਕਾਲੀ ਦਲ 'ਤੇ : ਝਿੰਜਰ

ਸ੍ਰੀ ਮੁਕਤਸਰ ਸਾਹਿ (ਸ਼ਮਿੰਦਰਪਾਲ/ਪੂਜਾ)
ਰੋਜ਼ੀ ਬਰਕੰਦੀ ਦੀ ਅਗਵਾਈ ਹੇਠ ਸ੍ਰੀ ਮੁਕਤਸਰ ਸਾਹਿਬ ਵਿਖੇ ਯੂਥ ਅਕਾਲੀ ਦਲ ਦੀ ਰੈਲੀ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।ਰੈਲੀ ਨੂੰ ਸੰਬੋਧਨ ਕਰਦਿਆਂ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਪੰਜਾਬ ਦੀ ਕਾਨੂੰਨ ਵਿਵਸਥਾ, ਨਸ਼ਿਆਂ, ਗੈਂਗਸਟਰਵਾਦ ਅਤੇ ਬੇਰੁਜ਼ਗਾਰੀ ਦੇ ਮੁੱਦਿਆਂ ਨੂੰ ਲੈ ਕੇ ਸੂਬਾ ਸਰਕਾਰ 'ਤੇ ਨਿਸ਼ਾਨਾ ਸਾਧਿਆ। ਸਰਬਜੀਤ ਸਿੰਘ ਝਿੰਜਰ ਨੇ ਕਿਹਾ ਕਿ ਝੋਨੇ ਦੀ ਕਟਾਈ ਦਾ ਸੀਜ਼ਨ ਸਿਖਰ 'ਤੇ ਹੋਣ, ਕਣਕ ਦੀ ਬਿਜਾਈ ਸ਼ੁਰੂ ਹੋਣ ਅਤੇ ਤਿਉਹਾਰਾਂ ਦੇ ਦਿਨਾਂ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਨੌਜਵਾਨਾਂ ਦਾ ਰੈਲੀ ਵਿੱਚ ਪਹੁੰਚਣਾ ਅਕਾਲੀ ਦਲ ਪ੍ਰਤੀ ਉਨ੍ਹਾਂ ਦੇ ਸਮਰਥਨ ਨੂੰ ਦਰਸਾਉਂਦਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਨੌਜਵਾਨ ਹੁਣ ਸ਼੍ਰੋਮਣੀ ਅਕਾਲੀ ਦਲ ਅਤੇ ਸੁਖਬੀਰ ਸਿੰਘ ਬਾਦਲ ਤੋਂ ਉਮੀਦਾਂ ਲਗਾ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ, ਗੈਂਗਸਟਰਵਾਦ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਅਤੇ ਗਲਤ ਕੰਮਾਂ ਦਾ ਵਿਰੋਧ ਕਰਨ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ। ਰੈਲੀ ਦੌਰਾਨ ਪੰਜਾਬ ਦੇ ਨੌਜਵਾਨਾਂ ਦੀਆਂ ਸਮੱਸਿਆਵਾਂ ਅਤੇ ਸੂਬੇ ਦੇ ਮੌਜੂਦਾ ਹਾਲਾਤ ਮੁੱਖ ਮੁੱਦੇ ਰਹੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਮਨਜਿੰਦਰ ਸਿੰਘ ਬਿੱਟੂ ਹਰਪਾਲ ਸਿੰਘ ਬੇਦੀ ਹਰ ਬਲਾਸ ਜੱਸਿਆਨਾ ਜਗਤਾਰ ਸਿੰਘ ਪੱਪੀ ਚਰਨਜੀਤ ਸਿੰਘ ਸੱਕਾਵਾਲੀ ਹਰਮੀਤ ਸਿੰਘ ਪੀ ਏ ਰੋਜ਼ੀ ਬਰਕੰਦੀ ਹਰਵਿੰਦਰ ਸਿੰਘ ਆਦਿ ਯੂਥ ਆਗੂ ਹਾਜ਼ਰ ਸਨ

ਗੁਰੂ ਰਾਮਦਾਸ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਚੌਥੇ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਦਾ ਪ੍ਰਕਾਸ਼ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਂਸਲ) ਵਿਖੇ ਬਹੁਤ ਹੀ ਸ਼ਰਧਾ ਭਾਵਨਾ, ਉਤਸ਼ਾਹ ਅਤੇ ਮਰਿਆਦਾ ਨਾਲ ਮਨਾਇਆ ਗਿਆ ਹੈ। ਇਸ ਸਬੰਧ ਵਿਚ 27 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ, ਜਿਨ੍ਹਾਂ ਦੇ ਭੋਗ 29 ਅਕਤੂਬਰ ਨੂੰ ਪਾਏ ਗਏ। ਭੋਗ ਪਾਉਣ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਵਿਸ਼ੇਸ਼ ਦੀਵਾਨ ਸਜਾਏ ਗਏ, ਜਿਸ ਵਿੱਚ ਦੇਸ਼-ਦੁਨੀਆ ਅਤੇ ਇਲਾਕੇ ਭਰ ਤੋਂ ਪਹੁੰਚੇ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜੱਥਿਆਂ ਨੇ ਹਾਜ਼ਰੀ ਭਰੀ। ਸਮਾਗਮ ਵਿੱਚ ਸੰਤ ਬਾਬਾ ਅਵਤਾਰ ਸਿੰਘ (ਸੰਪਰਦਾਇ ਬਾਬਾ ਬਿਧੀ ਚੰਦ ਸੁਰ ਸਿੰਘ ਵਾਲੇ), ਸੰਤ ਬਾਬਾ ਗੁਰਬਚਨ ਸਿੰਘ, ਸੰਤ ਬਾਬਾ ਸੁੱਚਾ ਸਿੰਘ ਠਾਠ ਨਾਨਕਸਰ ਛਾਂਗਾ ਖੁਰਦ, ਸੰਤ ਬਾਬਾ ਬੋਹੜ ਸਿੰਘ, ਸੰਤ ਬਾਬਾ ਹਰਭਜਨ ਸਿੰਘ, ਸੰਤ ਬਾਬਾ ਦਰਸ਼ਨ ਸਿੰਘ ਅਤੇ ਬਾਬਾ ਸੁਖਜੀਤ ਸਿੰਘ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਭਾਈ ਸੁਖਵਿੰਦਰ ਸਿੰਘ ਜਾਮਨੀ ਸਾਹਿਬ ਵਾਲੇ, ਭਾਈ ਬਲਵੀਰ ਸਿੰਘ ਪਾਰਸ, ਭਾਈ ਬੋਹੜ ਸਿੰਘ ਢਾਡੀ ਜੱਥਾ ਅਤੇ ਗੁਰੂ ਰਾਮ ਦਾਸ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੇ ਰਸਭਿੰਨੇ ਕੀਰਤਨ, ਕਥਾ ਵਿਚਾਰਾਂ ਅਤੇ ਕਵੀਸ਼ਰੀ ਵਾਰਾਂ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਨੇ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਰਾਮਦਾਸ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਦੇ ਜੀਵਨ ਫ਼ਲਸਫ਼ੇ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਸਮਾਗਮ ਵਿੱਚ ਬਾਬਾ ਮਿਲਖਾ ਸਿੰਘ ਵੱਲੋਂ ਦੂਰੋਂ-ਨੇੜਿਓਂ ਪਹੁੰਚੀਆਂ ਸਮੂਹ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਅ਼ਫ਼ਸਰਸ਼ਾਹੀ ਬੇਲਗਾਮ ਹੋਣ ਕਰਕੇ ਸ਼ਹਿਰ 'ਚ ਟੁੱਟੀਆਂ ਸੜਕਾਂ

ਵਫ਼ਦ ਨਗਰ ਕੌਂਸਲ ਪ੍ਰਧਾਨ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਮਿਲੇਗਾ

ਬੁਢਲਾਡਾ (ਅਸ਼ੋਕ ਲਾਕੜਾ)-ਨਗਰ ਸੁਧਾਰ ਸਭਾ ਨੇ ਆਪਣੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਸ਼ਹਿਰ ਵਿੱਚ ਟ੍ਰੈਫ਼ਿਕ ਦੀ ਸਮੱਸਿਆ ਤੇ ਟੁੱਟੀਆਂ ਅਤੇ ਅਧੂਰੀਆਂ ਸੜਕਾਂ ਦੇ ਮਾਮਲੇ ਨੂੰ ਗੰਭੀਰਤਾ ਨਾਲ ਰਹਿੰਦਿਆਂ ਕਿਹਾ ਕਿ ਇਸ ਵਜ੍ਹਾ ਕਰਕੇ ਤਿਉਹਾਰਾਂ ਦੇ ਦਿਨਾਂ ਵਿੱਚ ਸ਼ਹਿਰ ਦੇ ਲੋਕ ਡਾਢੇ ਦੁਖੀ ਹਨ ਅਤੇ ਇਸ ਕਾਰਨ ਸ਼ਹਿਰ ਦਾ ਵਪਾਰ-ਕਾਰੋਬਾਰ ਕਾਫ਼ੀ ਪ੍ਰਭਾਵਿਤ ਹੋ ਰਿਹਾ।ਅਫ਼ਸਰਸ਼ਾਹੀ ਬੇਲਗਾਮ ਹੋਈ ਪਈ ਹੈ।ਕੋਰ ਕਮੇਟੀ ਨੇ ਨਗਰ ਕੌਂਸਲ ਦੇ ਪ੍ਰਧਾਨ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸਮੱਸਿਆ ਨੂੰ ਫ਼ੌਰੀ ਤੌਰ 'ਤੇ ਹੱਲ ਕੀਤਾ ਜਾਵੇ।ਨਗਰ ਸੁਧਾਰ ਸਭਾ ਕੋਰ ਕਮੇਟੀ ਦੀ ਮੀਟਿੰਗ ਜਥੇਬੰਦੀ ਦੇ ਸੀਨੀਅਰ ਆਗੂ ਜਰਨੈਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਫੈਸਲਾ ਕੀਤਾ ਕਿ ਸ਼ਹਿਰ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਸੰਸਥਾ ਦਾ ਵਫ਼ਦ ਨਗਰ ਕੌਂਸਲ ਦੇ ਪ੍ਰਧਾਨ ਤੇ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਮਿਲੇਗਾ।ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਕੋਆਰਡੀਨੇਟਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਦੱਸਿਆ ਕਿ ਸ਼ਹਿਰ ਵਿੱਚ ਨਗਰ ਕੌਂਸਲ ਵੱਲੋਂ ਇੱਕ ਪਾਸੇ ਤਾਂ ਨਕਸ਼ੇ ਪਾਸ ਕਰਾਉਣ ਸਬੰਧੀ ਮੁਨਿਆਦੀ ਕਰਵਾ ਰਹੀ ਹੈ, ਦੂਜੇ ਪਾਸੇ ਪ੍ਰਭਾਵਤ ਲੋਕ ਨਗਰ ਕੌਂਸਲ ਦੇ ਦਫ਼ਤਰ ਵਿੱਚ ਖੱਜਲ ਖੁਆਰ ਹੋ ਰਹੇ ਹਨ।ਨਕਸ਼ਾ ਪਾਸ ਕਰਨ ਪ੍ਰਕਿਰਿਆ ਸਬੰਧੀ ਕਿਸੇ ਨੂੰ ਕੁਝ ਨਹੀਂ ਪਤਾ। ਨਾ ਹੀ ਲੋਕਾਂ ਨੂੰ ਗਾਈਡ ਕੀਤਾ ਜਾ ਰਿਹਾ ਹੈ।ਐਡਵੋਕੇਟ ਦਲਿਓ ਨੇ ਕਿਹਾ ਕਿ ਸ਼ਹਿਰ ਵਿੱਚ ਚੋਰੀ ਲੁੱਟ ਖੋਹ ਤੇ ਅਪਰਾਧਿਕ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਪਰ ਪੁਲਸ ਇਨ੍ਹਾਂ ਘਟਨਾਵਾਂ ਨੂੰ ਨੱਥ ਪਾਉਣ ਵਿੱਚ ਅਸਫਲ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਦਿਨ ਨਿੱਤ ਦਿਨ ਮੋਟਰਸਾਈਕਲ ਆਦਿ ਚੋਰੀ ਹੋ ਰਹੇ ਹਨ ਤੇ ਹੋਰ ਅਨੇਕਾਂ ਘਟਨਾਵਾਂ ਨੂੰ ਸਮਾਜ ਵਿਰੋਧੀ ਅਨਸਰ ਅੰਜਾਮ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਟਰੈਫਿਕ ਦੀ ਸਮੱਸਿਆ ਦੇ ਕਾਰਨ ਸ਼ਹਿਰ ਵਿੱਚ ਸਥਿਤੀ ਕਾਫੀ ਭੀੜ ਭੜੱਕੇ ਵਾਲੀ ਬਣੀ ਹੋਈ ਹੈ।

ਉਨ੍ਹਾਂ ਮੰਗ ਕੀਤੀ ਕਿ ਰੇਲਵੇ ਰੋਡ ਸਮੇਤ ਪੀ.ਐਨ.ਬੀ ਰੋਡ, ਰਾਮਲੀਲਾ ਗਰਾਊਂਡ ਵਾਲੀ ਸੜਕ ਆਦਿ ਸ਼ਹਿਰ ਦੀਆਂ ਮੁੱਖ ਸੜਕਾਂ ਦੇ ਦੋਵੇਂ ਪਾਸੇ ਪੀਲੀ ਪੱਟੀ ਲਾਈ ਜਾਵੇ ਤੇ ਸ਼ਹਿਰ ਵਿੱਚ ਘੱਟੋ ਘੱਟ ਦੋ ਥਾਵਾਂ ਪਾਰਕਿੰਗ ਦੀ ਜਗ੍ਹਾ ਲਈ ਨਿਸਚਿਤ ਕੀਤੀਆਂ ਜਾਣ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਨਗਰ ਕੌਂਸਲ ਦੀਆਂ ਦੁਕਾਨਾਂ 'ਤੇ ਕਾਬਜ਼ ਵਿਅਕਤੀ ਦੀ ਮੌਤ ਹੋਣ ਦੀ ਸੂਰਤ ਵਿੱਚ ਉਸਦੇ ਕਾਨੂੰਨੀ ਵਾਰਸਾਂ ਦੇ ਨਾਂਅ ਦੁਕਾਨ ਕੀਤੀ ਜਾਵੇ।

ਸੁਖਬੀਰ ਬਾਦਲ ਦੀ ਅਗਵਾਈ ਹੇਠ 2027 'ਚ ਅਕਾਲੀ ਦਲ ਦੀ ਸਰਕਾਰ ਬਣੇਗੀ : ਆਗੂ

ਬਾਘਾ ਪੁਰਾਣਾ (ਮਨੀ ਸਿੰਗਲਾ)
ਅਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸੂਬੇ ਅੰਦਰ ਆਪਣੀ ਸਰਕਾਰ ਬਣਾਏਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਚੇਅਰਮੈਨ ਅਮਰਜੀਤ ਮਾਣੂਕੇ, ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ, ਸੀਨੀਅਰ ਅਕਾਲੀ ਆਗੂ ਤਰਲੋਚਨ ਸਿੰਘ ਕਾਲੇਕੇ, ਐਸ.ਓ.ਆਈ. ਦੇ ਸਾਬਕਾ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ, ਯੂਥ ਅਕਾਲੀ ਆਗੂ ਵਿੱਕੀ ਫੂਲੇਵਾਲੀਆ ਤੇ ਸਰਕਲ ਪ੍ਰਧਾਨ ਗੋਰਾ ਸੰਗਤਪੁਰਾ ਨੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿਚ ਫ਼ਤਵਾ ਦੇਣਗੇ।ਅਮਰਜੀਤ ਮਾਣੂਕੇ, ਚਰਨਪ੍ਰੀਤ ਸਿੰਘ ਬਰਾੜ ਨੇ ਦਾਅਵਾ ਕੀਤਾ ਕਿ ਲੋਕਾਂ ਦਾ ਸਮਰਥਨ ਅਕਾਲੀ ਦਲ ਵੱਲ ਵਧੇਗਾ ਅਤੇ ਪਾਰਟੀ ਸੂਬੇ ਵਿਚ ਸਰਕਾਰ ਬਣਾਉਣ ਵਿਚ ਸਫ਼ਲ ਹੋਵੇਗੀ।ਤਰਲੋਚਨ ਸਿੰਘ ਕਾਲੇਕੇ, ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਸਿਆਸਤ ਵਿਚ ਲੰਮੇ ਸਮੇਂ ਤੋਂ ਅਹਿਮ ਭੂਮਿਕਾ ਨਿਭਾਉਂਦਾ ਆ ਰਿਹਾ ਹੈ।ਉਨ੍ਹਾਂ ਅਨੁਸਾਰ ਪਾਰਟੀ ਦੇ ਵਰਕਰ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਲੋਕਾਂ ਨਾਲ ਸੰਪਰਕ ਬਣਾਉਣ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਉਣ ਲਈ ਯਤਨਸ਼ੀਲ ਹਨ।ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਸਮੂਹ ਆਗੂਆਂ ਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਹਲਕੇ ਵਿਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਅੱਗੇ ਵਧਾ ਰਹੇ ਹਨ।ਵਿੱਕੀ ਫੂਲੇਵਾਲੀਆ ਅਤੇ ਗੋਰਾ ਸੰਗਤਪੁਰਾ ਨੇ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਜਥੇਦਾਰ ਤੀਰਥ ਸਿੰਘ ਮਾਹਲਾ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਵਿਧਾਨ ਸਭਾ ਵਿਚ ਪਹੁੰਚਣਗੇ।

ਮਾਤਾ ਗੁਜਰੀ ਕਾਲਜ ਦੇ ਅੰਗਰੇਜ਼ੀ ਵਿਭਾਗ ਨੇ ਕਰਾਇਆ ਵਿਸ਼ੇਸ਼ ਭਾਸ਼ਣ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)
ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਵੱਲੋਂ ਨਾਰੀਵਾਦੀ ਨਜ਼ਰੀਏ ਤੋਂ ਮਾਂ-ਮਮਤਾ ਦੀ ਨਵੀਂ ਵਿਆਖਿਆ ਵਿਸ਼ੇ 'ਤੇ ਇੱਕ ਵਿਸ਼ੇਸ਼ ਭਾਸ਼ਣ ਕਰਾਇਆ ਗਿਆ, ਜਿਸ ਵਿੱਚ ਦੇਵ ਸਮਾਜ ਕਾਲਜ ਫਾਰ ਵੂਮੈਨ, ਚੰਡੀਗੜ੍ਹ ਦੇ ਅੰਗਰੇਜ਼ੀ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਡਾ. ਲਵਲੀਨ ਕੌਰ ਸੋਹੀ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਇਸ ਭਾਸ਼ਣ ਰਾਹੀਂ ਬੀ.ਏ. ਆਨਰਜ਼ ਅੰਗਰੇਜ਼ੀ, ਐਮ.ਏ. ਅੰਗਰੇਜ਼ੀ ਤੇ ਸਾਹਿਤ ਦੇ ਹੋਰ ਵਿਦਿਆਰਥੀਆਂ ਨੂੰ ਅੱਜ ਦੇ ਸਮੇਂ ਵਿੱਚ ਮਾਂ-ਮਮਤਾ ਦੀ ਬਦਲਦੀ ਭੂਮਿਕਾ ਤੇ ਔਰਤਾਂ ਦੇ ਜੀਵਨ ਦੇ ਵੱਖ-ਵੱਖ ਪਹਿਲੂਆਂ ਨੂੰ ਸਮਝਣ ਦਾ ਮੌਕਾ ਮਿਲਿਆ।

ਡਾ. ਲਵਲੀਨ ਕੌਰ ਸੋਹੀ ਨੇ ਆਪਣੇ ਭਾਸ਼ਣ ਦੌਰਾਨ ਨਾਰੀਵਾਦੀ ਨਜ਼ਰੀਏ ਤੋਂ ਮਾਂ-ਮਮਤਾ ਦੀ ਧਾਰਨਾ ਦੀ ਵਿਸਥਾਰ 'ਚ ਵਿਆਖਿਆ ਕਰਦਿਆਂ ਕਿਹਾ ਕਿ ਸਮਾਜ ਵਿੱਚ ਅਕਸਰ ਮਾਂ ਦੀ ਭੂਮਿਕਾ ਨੂੰ ਰਵਾਇਤੀ ਤੇ ਸਮਾਜੀ ਤਰੀਕਿਆਂ ਦੇ ਆਧਾਰ 'ਤੇ ਪ੍ਰੀਭਾਸ਼ਤ ਕੀਤਾ ਜਾਂਦਾ ਹੈ, ਜਦਕਿ ਮਾਂ-ਮਮਤਾ ਨੂੰ ਸਿਰਫ਼ ਰਵਾਇਤੀ ਸੋਚ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ।ਉਨ੍ਹਾਂ ਔਰਤਾਂ ਤੇ ਮਰਦਾਂ ਨੂੰ ਬਰਾਬਰ ਦੇ ਅਧਿਕਾਰ ਦੇਣ, ਘਰੇਲੂ ਜ਼ਿੰਮੇਵਾਰੀਆਂ ਨੂੰ ਆਪਸੀ ਸਹਿਯੋਗ ਨਾਲ ਨਿਭਾਉਣ ਤੇ ਔਰਤਾਂ ਨੂੰ ਆਪਣੀ ਜ਼ਿੰਦਗੀ ਨਾਲ ਸਬੰਧਤ ਫ਼ੈਸਲੇ ਖ਼ੁਦ ਲੈਣ ਦੇ ਸਮਰੱਥ ਬਣਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਰੂੜ੍ਹੀਵਾਦੀ ਧਾਰਨਾਵਾਂ ਨੂੰ ਬਦਲਣ ਅਤੇ ਇੱਕ ਅਜਿਹਾ ਚੰਗਾ ਸਚਿਆਰ ਸਮਾਜ ਸਿਰਜਣ ਲਈ ਪ੍ਰੇਰਿਤ ਕੀਤਾ ਜਿੱਥੇ ਸਾਰਿਆਂ ਨੂੰ ਬਰਾਬਰ ਦੇ ਅਧਿਕਾਰ ਅਤੇ ਮੌਕੇ ਮਿਲਣ। ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਗੌਰੀ ਹਾਂਡਾ ਨੇ ਕਿਹਾ ਕਿ ਨਾਰੀਵਾਦ ਨੂੰ ਰਵਾਇਤੀ ਸਮਾਜਿਕ ਅਤੇ ਸਭਿਆਚਾਰਕ ਧਾਰਨਾਵਾਂ ਤੱਕ ਸੀਮਤ ਕਰਕੇ ਨਹੀਂ ਦੇਖਣਾ ਚਾਹੀਦਾ। ਉਨ੍ਹਾਂ ਨੇ ਔਰਤਾਂ ਦੇ ਅਨੁਭਵ, ਨਿੱਜੀ ਹਸਤੀ, ਪਛਾਣ ਤੇ ਚੋਣ ਨੂੰ ਸਮਝਣ ਅਤੇ ਉਨ੍ਹਾਂ ਦਾ ਸਤਿਕਾਰ ਕਰਨ ਵਿੱਚ ਨਾਰੀਵਾਦੀ ਨਜ਼ਰੀਏ ਦੀ ਮਹੱਤਤਾ 'ਤੇ ਚਾਨਣਾ ਪਾਇਆ।ਅਕਾਦਮਿਕ ਗਤੀਵਿਧੀਆਂ ਦੇ ਇੰਚਾਰਜ ਪ੍ਰੋ. ਹਰਬੀਰ ਕੌਰ ਨੇ ਨਾਰੀਵਾਦ ਨੂੰ ਉਸ ਦੇ ਅਸਲ ਅਤੇ ਕੁਦਰਤੀ ਅਰਥਾਂ ਵਿੱਚ ਸਮਝਣ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਇਹ ਸਪੱਸ਼ਟ ਕੀਤਾ ਕਿ ਨਾਰੀਵਾਦ ਨੂੰ ਸਮਾਜ ਵਿਰੋਧੀ ਲਹਿਰ ਵਜੋਂ ਨਹੀਂ ਦੇਖਣਾ ਚਾਹੀਦਾ ਸਗੋਂ ਇਹ ਸਮਾਨਤਾ, ਸਨਮਾਨ ਤੇ ਨਿਆਂ ਦੀ ਵਕਾਲਤ ਕਰਨ ਵਾਲਾ ਇੱਕ ਨਜ਼ਰੀਆ ਹੈ।ਸਮਾਗਮ ਦੇ ਅਖੀਰ ਵਿੱਚ ਡਾ. ਬ੍ਰਹਮਜੋਤ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।ਇਸ ਮੌਕੇ ਅੰਗਰੇਜ਼ੀ ਵਿਭਾਗ ਦੇ ਸਮੂਹ ਅਧਿਆਪਕ ਤੇ ਵਿਦਿਆਰਥੀ ਮੌਜੂਦ ਸਨ।

ਪ੍ਰਾਇਮਰੀ ਸਕੂਲ ਖੇਡਾਂ ਦੇ 3 ਰੋਜ਼ਾ ਮੁਕਾਬਲੇ ਸ਼ਾਨੋ-ਸ਼ੌਕਤ ਨਾਲ ਸੰਪੰਨ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਤੇ ਮਾਨਯੋਗ ਜ਼ਿਲ੍ਹਾ ਸਿੱਖਿਆ ਅਫਸਰ ਯਾਦਵਿੰਦਰ ਸਿੰਘ ਮਾਨ ਦੀ ਰਹਿਨੁਮਾਈ ਅਤੇ ਬੀ ਪੀ ਈ ਓ ਜਗਦੀਪ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ ਦੇ ਤਿੰਨ ਰੋਜ਼ਾ ਮੁਕਾਬਲਿਆਂ ਤਹਿਤ ਆਖਰੀ ਤੀਜੇ ਦਿਨ ਅਥਲੈਟਿਕਸ ਦੇ ਮੁਕਾਬਲੇ ਕਰਵਾਏ ਗਏ। ਜ਼ਿਲੇ ਦੇ 06 ਬਲਾਕਾਂ ਤੋਂ ਆਏ ਲੜਕੇ ਅਤੇ ਲੜਕੀਆਂ ਨੇ ਵੱਖ-ਵੱਖ ਅਥਲੈਟਿਕ ਮੁਕਾਬਲਿਆਂ ਵਿੱਚ ਬੜੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ। ਇਹਨਾਂ ਮੁਕਾਬਲਿਆਂ ਵਿੱਚ 100 ਮੀਟਰ, 200 ਮੀਟਰ, 400 ਮੀਟਰ, 600 ਮੀਟਰ ਦੌੜਾਂ ਅਤੇ ਰਿਲੇਅ ਰੇਸ ਕਰਵਾਈ ਗਈ। ਨਾਲ ਹੀ ਗੋਲਾ ਸੁੱਟਣ ਦੇ ਮੁਕਾਬਲੇ ਅਤੇ ਲੰਬੀ ਛਾਲ ਦੇ ਮੁਕਾਬਲੇ ਵੀ ਹੋਏ। ਸਰਕਾਰੀ ਪ੍ਰਾਇਮਰੀ ਸਕੂਲ ਚੱਕ ਬੀੜ ਸਰਕਾਰ ਦਾ ਵਿਦਿਆਰਥੀ ਮੁਜ਼ੱਮਿਲ ਲੜਕਿਆਂ ਵਿੱਚੋਂ ਬੈਸਟ ਐਥਲੀਟ ਰਿਹਾ। ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਸੋਥਾ ਦੀ ਵਿਦਿਆਰਥਣ ਅਨਮੋਲ ਪ੍ਰੀਤ ਕੌਰ ਲੜਕੀਆਂ ਵਿੱਚੋਂ ਬੈਸਟ ਐਥਲੀਟ ਰਹੀ। ਸ੍ਰੀ ਸੁਰਜੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਸ੍ਰੀ ਮੁਕਤਸਰ ਸਾਹਿਬ ਬਤੌਰ ਮੁੱਖ ਮਹਿਮਾਨ ਅਤੇ ਸ੍ਰੀ ਰਜਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਬਰੀਵਾਲਾ, ਸ਼੍ਰੀ ਸੁਖਦੇਵ ਸਿੰਘ ਪ੍ਰੀਤ ਬੇਦੀ ਚੇਅਰਮੈਨ ਖੱਤਰੀ-ਅਰੋੜਾ ਵੈਲਫੇਅਰ ਬੋਰਡ ਹਲਕਾ ਸ਼੍ਰੀ ਮੁਕਤਸਰ ਸਾਹਿਬ, ਸ੍ਰੀ ਕ੍ਰਿਸ਼ਨ ਕੁਮਾਰ, ਸ੍ਰੀ ਦਿਆਲ ਸਿੰਘ ਸਾਬਕਾ ਬੀ ਪੀ ਈ ਓ, ਸ੍ਰੀ ਦਰਸ਼ਨ ਸਿੰਘ ਮਹਿਲ ਸਾਬਕਾ ਬੀ ਪੀ ਈ ਓ ਨੇ ਖੇਡਾਂ ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ ਅਤੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ। ਇਸ ਤਿੰਨ ਰੋਜ਼ਾ ਖੇਡ ਮੇਲੇ ਨੂੰ ਬੀ ਪੀ ਈ ਓ ਮਨੋਜ ਕੁਮਾਰ, ਬਲਵਿੰਦਰ ਸਿੰਘ, ਯਸ਼ਪਾਲ ਸਿੰਘ ਤੋਂ ਇਲਾਵਾ ਸੁਰਿੰਦਰ ਸਿੰਘ ਡੀ ਐਮ ਸਪੋਰਟਸ, ਸੀ ਐਚ ਟੀ ਮਮਤਾ ਰਾਣੀ, ਪ੍ਰਗਟ ਸਿੰਘ ਜੰਬਰ, ਮਨਜੀਤ ਕੁਮਾਰ, ਮਨਜੀਤ ਭੁੱਟੀ ਵਾਲਾ, ਰਣਜੀਤ ਭਲਾਈਆਣਾ, ਸੁਖਦੇਵ ਸਿੰਘ, ਦਵਿੰਦਰ ਸਿੰਘ ਭੁੱਟੀ ਵਾਲਾ, ਹੈਡ ਟੀਚਰ ਸੰਜੀਵ ਕੁਮਾਰ, ਤਰਸੇਮ ਕੁਮਾਰ, ਵਿਨੋਦ ਆਸ਼ੂ, ਦਵਿੰਦਰ ਸਿੰਘ,ਨਵਦੀਪ ਅਹੂਜਾ, ਗੁਰਪ੍ਰੀਤ ਸਿੰਘ ਥਾਂਦੇਵਾਲਾ, ਸੁਖਮੰਦਰ ਸਿੰਘ, ਮਨਦੀਪ ਸਿੰਘ ਨਿੱਪਾ, ਹਰਮਨ ਸਿੰਘ, ਕਾਰਜ ਸਿੰਘ, ਨੀਰਜ ਕੁਮਾਰ, ਰਮਨਦੀਪ, ਗੁਰਪ੍ਰੀਤ ਅਰੋੜਾ ਨੇ ਵਿਸ਼ੇਸ਼ ਸੇਵਾਵਾਂ ਦਿੱਤੀਆਂ ਅਤੇ ਇਸ ਖੇਡ ਮੇਲੇ ਨੂੰ ਸਫਲ ਬਣਾਇਆ।

ਰਾਹੁਲ ਗਾਂਧੀ ਦੀ ਨਿਡਰ, ਲੋਕ-ਹਿਤੈਸ਼ੀ ਵਿਚਾਰਧਾਰਾ ਨਾਲ ਪੂਰਾ ਪੰਜਾਬ ਲਾਮਬੰਦ : ਹਰਦੀਪ ਦੌਲਤਪੁਰ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)
ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾਈ ਆਗੂ ਹਰਦੀਪ ਸਿੰਘ ਦੌਲਤਪੁਰ ਨ ਭਾਰਤੀ ਜਨਤਾ ਪਾਰਟੀ ਤੇ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਵਿਰੁੱਧ ਤਿੱਖੇ ਸਿਆਸੀ ਹਮਲੇ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਆਪਣੀ ਫ਼ਿਰਕੂ ਤੇ ਚੋਰ-ਮੋਰੀਆਂ ਵਾਲੀ ਨੀਤੀ ਤਹਿਤ ਹੁਣ ਪੰਜਾਬ ਦੀ ਪਵਿੱਤਰ ਧਰਤੀ 'ਤੇ ਵੀ ਵੋਟਾਂ ਚੋਰੀ ਕਰਨ ਦੀਆਂ ਘਿਨਾਉਣੀਆਂ ਸਾਜ਼ਿਸ਼ਾਂ ਘੜ ਰਹੀ ਹੈ।ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਦੇ ਜਮਹੂਰੀ ਹੱਕਾਂ 'ਤੇ ਡਾਕਾ ਮਾਰਨ ਦੀ ਇਸ ਕੋਝੀ ਚਾਲ ਨੂੰ ਕਦੇ ਵੀ ਸਫ਼ਲ ਨਹੀਂ ਹੋਣ ਦੇਵੇਗੀ।ਕਾਂਗਰਸ ਦੇ ਰਾਸ਼ਟਰੀ ਨੇਤਾ ਰਾਹੁਲ ਗਾਂਧੀ ਦੀ ਆਗਾਮੀ 4 ਨਵੰਬਰ ਦੀ ਸੰਗਰੂਰ ਫੇਰੀ ਬਾਰੇ ਕਿਹਾ ਕਿ ਇਹ ਮਹਾਂਰੈਲੀ ਪੰਜਾਬ ਅੰਦਰ ਕਾਂਗਰਸ ਦੀ ਚੋਣ ਮੁਹਿੰਮ ਦਾ ਰਸਮੀ ਅਤੇ ਪ੍ਰਭਾਵਸ਼ਾਲੀ ਆਗਾਜ਼ ਸਾਬਤ ਹੋਵੇਗੀ।

ਉਨ੍ਹਾਂ ਦਾਅਵਾ ਕੀਤਾ ਕਿ ਰਾਹੁਲ ਗਾਂਧੀ ਦੀ ਨਿਡਰ, ਲੋਕ-ਹਿਤੈਸ਼ੀ ਤੇ ਸਾਂਝੀਵਾਲਤਾ ਵਾਲੀ ਵਿਚਾਰਧਾਰਾ ਨਾਲ ਪੂਰਾ ਪੰਜਾਬ ਲਾਮਬੰਦ ਹੋ ਰਿਹਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਅੰਦਰ ਕਾਂਗਰਸ ਦੀ ਮਜ਼ਬੂਤ ਸਰਕਾਰ ਬਣਨੀ ਸ਼ੀਸ਼ੇ ਵਾਂਗ ਸਾਫ਼ ਅਤੇ ਤੈਅ ਹੈ।ਸੂਬੇ ਦੀ 'ਆਪ' ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਾਂਗਰਸੀ ਆਗੂ ਨੇ ਕਿਹਾ ਕਿ ਮੌਜੂਦਾ ਹੁਕਮਰਾਨਾਂ ਦੀ ਨਾਕਾਮੀ ਕਾਰਨ ਅੱਜ ਪੰਜਾਬ ਅੰਦਰ ਨਸ਼ਿਆਂ ਦੀ ਦਲਦਲ ਤੇ ਗੈਂਗਸਟਰਵਾਦ ਦਾ ਬੋਲਬਾਲਾ ਹੈ, ਜਿਸ ਨੇ ਲੱਖਾਂ ਨੌਜਵਾਨਾਂ ਦੀਆਂ ਜ਼ਿੰਦਗੀਆਂ ਬਰਬਾਦ ਕਰ ਕੇ ਸੂਬੇ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਡੂੰਘੀ ਸੱਟ ਮਾਰੀ ਹੈ।4 ਨਵੰਬਰ ਨੂੰ ਰਾਹੁਲ ਗਾਂਧੀ ਸੰਗਰੂਰ ਦੀ ਧਰਤੀ ਤੋਂ ਹੀ ਪੰਜਾਬ ਨੂੰ ਇਸ ਤਬਾਹੀ ਤੋਂ ਬਚਾਉਣ ਲਈ ਇੱਕ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕਰਨਗੇ।

ਦੌਲਤਪੁਰ ਨੇ ਭਰੋਸਾ ਦਿਵਾਇਆ ਕਿ ਕਾਂਗਰਸ ਪਾਰਟੀ ਨਸ਼ਿਆਂ ਅਤੇ ਗੈਂਗਸਟਰਵਾਦ ਦੀ ਬਲੀ ਚੜ੍ਹੇ ਪੀੜਤ ਪਰਿਵਾਰਾਂ ਦੇ ਦੁੱਖ ਵਿੱਚ ਬਰਾਬਰ ਦੀ ਸ਼ਰੀਕ ਹੈ ਤੇ ਸੱਤਾ ਵਿੱਚ ਆਉਂਦਿਆਂ ਹੀ ਇਨ੍ਹਾਂ ਨਾਸੂਰ ਬਣ ਚੁੱਕੀਆਂ ਸਮੱਸਿਆਵਾਂ ਦਾ ਜੜ੍ਹੋਂ ਖ਼ਾਤਮਾ ਕੀਤਾ ਜਾਵੇਗਾ।ਇਸ ਦੇ ਨਾਲ ਹੀ ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ 'ਤੇ ਸਖ਼ਤ ਸਵਾਲ ਖੜ੍ਹੇ ਕਰਦਿਆਂ ਮੰਗ ਕੀਤੀ ਕਿ ਸਰਹੱਦ ਪਾਰੋਂ ਹੋ ਰਹੀ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਕੇਂਦਰ ਸਰਕਾਰ ਆਪਣੀ ਜਵਾਬਦੇਹੀ ਤੈਅ ਕਰੇ, ਕਿਉਂਕਿ ਸਰਹੱਦਾਂ ਦੀ ਸੁਰੱਖਿਆ ਕੇਂਦਰ ਦੇ ਅਧੀਨ ਆਉਂਦੀ ਹੈ।

ਬੱਚਿਆਂ ਦੀ ਸਿਰਜਣਾਤਮਕ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ ਸਮੇਂ ਦੀ ਅਹਿਮ ਲੋੜ : ਸੁੱਖੀ ਬਾਠ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)
ਪੰਜਾਬ ਭਵਨ, ਕੈਨੇਡਾ ਦੇ ਸੰਸਥਾਪਕ ਸ. ਸੁੱਖੀ ਬਾਠ ਦੀ ਪ੍ਰੇਰਨਾ ਸਦਕਾ ਸ਼ੁਰੂ ਕੀਤੇ ਗਏ ਪ੍ਰੋਜੈਕਟ 'ਨਵੀਆਂ ਕਲਮਾਂ ਨਵੀਂ ਉਡਾਣ' ਤਹਿਤ ਟੀਮ ਫਾਜ਼ਿਲਕਾ ਵੱਲੋਂ ਮਾਂ-ਬੋਲੀ ਪੰਜਾਬੀ, ਬਾਲ ਸਾਹਿਤ ਅਤੇ ਬੱਚਿਆਂ ਦੀਆਂ ਸਿਰਜਣਾਤਮਕ ਰੁਚੀਆਂ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਇੱਕ ਰੋਜ਼ਾ ਬਾਲ ਸਾਹਿਤ ਉਤਸਵ ਵਿਸਡਮ ਕੋਨਵੈਂਟ ਸਕੂਲ, ਫਾਜ਼ਿਲਕਾ-ਫਿਰੋਜ਼ਪੁਰ ਰੋਡ ਵਿਖੇ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ 'ਨਵੀਆਂ ਕਲਮਾਂ ਨਵੀਂ ਉਡਾਣ' ਦੇ ਫਾਜ਼ਿਲਕਾ ਜ਼ਿਲ੍ਹੇ ਨਾਲ ਸਬੰਧਤ ਭਾਗ-4 ਦੀ ਭਾਗ-97 ਪੁਸਤਕ ਨੂੰ ਵੱਖ-ਵੱਖ ਸਤਿਕਾਰਯੋਗ ਸ਼ਖ਼ਸੀਅਤਾਂ ਦੀ ਮੌਜੂਦਗੀ ਵਿੱਚ ਰਸਮੀ ਤੌਰ 'ਤੇ ਲੋਕ ਅਰਪਣ ਕੀਤਾ ਗਿਆ। ਪੁਸਤਕ ਦੇ ਮੁੱਖ ਸੰਪਾਦਕ ਸ੍ਰੀ ਮਨੀਸ਼ ਕੁਮਾਰ ਅਤੇ ਸਹਿ-ਸੰਪਾਦਕ ਸ੍ਰੀਮਤੀ ਪੁਸ਼ਪਾ ਰਾਣੀ ਹਨ।ਸਮਾਗਮ ਦੀ ਸ਼ੁਰੂਆਤ ਵਿਸਡਮ ਕੋਨਵੈਂਟ ਸਕੂਲ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਸ਼ਬਦ ਗਾਇਨ ਨਾਲ ਹੋਈ। ਇਸ ਉਪਰੰਤ ਮਾਂ-ਬੋਲੀ ਪੰਜਾਬੀ ਪ੍ਰਤੀ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਪੰਜਾਬੀ ਦੇ ਜੈਕਾਰਿਆਂ ਅਤੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਮਨਮੋਹਕ ਸੱਭਿਆਚਾਰਕ ਪ੍ਰੋਗਰਾਮ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਸੁੱਖੀ ਬਾਠ ਨੇ ਆਪਣੇ ਸੰਦੇਸ਼ ਰਾਹੀਂ ਕਿਹਾ ਕਿ ਬੱਚਿਆਂ ਅੰਦਰ ਸਾਹਿਤਕ ਰੁਚੀਆਂ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਣੀ ਮਾਂ-ਬੋਲੀ ਨਾਲ ਜੋੜਨਾ ਬਹੁਤ ਮਹੱਤਵਪੂਰਨ ਕਾਰਜ ਹੈ। 'ਨਵੀਆਂ ਕਲਮਾਂ ਨਵੀਂ ਉਡਾਣ' ਵਰਗੇ ਉਪਰਾਲੇ ਬੱਚਿਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ, ਵਿਚਾਰਾਂ ਨੂੰ ਸ਼ਬਦਾਂ ਰਾਹੀਂ ਪ੍ਰਗਟਾਉਣ ਅਤੇ ਸਾਹਿਤ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ। ਇਸ ਮਾਣਮੱਤੇ ਸਮਾਗਮ ਵਿੱਚ ਸਾਬਕਾ ਭਾਸ਼ਾ ਅਫ਼ਸਰ ਸ੍ਰੀ ਭੁਪਿੰਦਰ ਉਤਰੇਜਾ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਸ. ਪਰਮਿੰਦਰ ਸਿੰਘ, ਡਾ. ਵਿਜੇ ਪ੍ਰਵੀਨ ਅਤੇ ਹੋਰ ਸਤਿਕਾਰਯੋਗ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੀ ਸਫ਼ਲਤਾ ਵਿੱਚ ਵਿਸਡਮ ਕੋਨਵੈਂਟ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਪਰਮਜੀਤ ਸਿੰਘ ਵੈਰੜ, ਪ੍ਰਿੰਸੀਪਲ ਮੈਡਮ ਦੀਪਿਕਾ ਚੌਪੜਾ ਅਤੇ ਸਮੁੱਚੇ ਸਕੂਲ ਸਟਾਫ਼ ਦਾ ਵਿਸ਼ੇਸ਼ ਅਤੇ ਸ਼ਲਾਘਾਯੋਗ ਯੋਗਦਾਨ ਰਿਹਾ। ਇਸ ਮੌਕੇ ਸ. ਉਂਕਾਰ ਸਿੰਘ ਤੇਜੇ, ਪ੍ਰੋਜੈਕਟ ਇੰਚਾਰਜ; ਸ. ਗੁਰਵਿੰਦਰ ਸਿੰਘ ਕਾਂਗੜ, ਸੀਨੀਅਰ ਪ੍ਰੋਜੈਕਟ ਇੰਚਾਰਜ; ਸ. ਭੀਮ ਸਿੰਘ, ਆਨਲਾਈਨ ਟ੍ਰੇਨਿੰਗ ਇੰਚਾਰਜ; ਅਤੇ ਸ. ਬਲਰਾਜ ਸਿੰਘ, ਜ਼ਿਲ੍ਹਾ ਪ੍ਰਧਾਨ ਬਠਿੰਡਾ-1 ਦੀ ਸੂਬਾਈ ਟੀਮ ਦੇ ਅਹੁਦੇਦਾਰਾਂ ਵਿਸ਼ੇਸ਼ ਤੌਰ 'ਤੇ ਸਮਾਰੋਹ ਵਿੱਚ ਪਹੁੰਚੇ। ਟੀਮ ਫਾਜ਼ਿਲਕਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਸ੍ਰੀਮਤੀ ਸੋਨੀਆ ਬਜਾਜ, ਜ਼ਿਲ੍ਹਾ ਸਰਪ੍ਰਸਤ; ਸ੍ਰੀਮਤੀ ਸੁਨੀਤਾ ਕੰਬੋਜ, ਜ਼ਿਲ੍ਹਾ ਪ੍ਰਧਾਨ; ਸ. ਸਿਮਲਜੀਤ ਸਿੰਘ, ਜ਼ਿਲ੍ਹਾ ਮੀਡੀਆ ਕੋਆਰਡੀਨੇਟਰ; ਸ੍ਰੀ ਮਨੀਸ਼ ਕੁਮਾਰ, ਮੁੱਖ ਸੰਪਾਦਕ; ਸ੍ਰੀਮਤੀ ਪੁਸ਼ਪਾ ਰਾਣੀ, ਸਹਿ-ਸੰਪਾਦਕ; ਸ੍ਰੀਮਤੀ ਨੀਤੂ ਬਾਲਾ; ਸ. ਤਰਨਦੀਪ ਸਿੰਘ; ਸ੍ਰੀਮਤੀ ਮੋਨਿਕਾ ਕੰਬੋਜ; ਮੈਡਮ ਰੇਨੂੰ; ਸ. ਵਤਨ ਸਿੰਘ ਸੰਧੂ ਅਤੇ ਹੋਰ ਸਹਿਯੋਗੀਆਂ ਨੇ ਅਹਿਮ ਭੂਮਿਕਾ ਨਿਭਾਈ।ਟੀਮ ਫਾਜ਼ਿਲਕਾ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਪੰਜਾਬ ਭਵਨ, ਕੈਨੇਡਾ ਦੇ ਸੰਸਥਾਪਕ ਸ. ਸੁੱਖੀ ਬਾਠ, ਸੂਬਾਈ ਟੀਮ ਦੇ ਅਹੁਦੇਦਾਰਾਂ, ਵਿਸਡਮ ਕੋਨਵੈਂਟ ਸਕੂਲ ਦੇ ਪ੍ਰਬੰਧਕਾਂ ਅਤੇ ਸਟਾਫ਼, ਸਮੂਹ ਮਹਿਮਾਨਾਂ, ਅਧਿਆਪਕਾਂ, ਮਾਪਿਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

ਹਰਚੰਦ ਸਿੰਘ ਬਰਸਟ ਵੱਲੋਂ ਲਲੋਛੀ ਵਿਖੇ ਸੜਕੀ ਪ੍ਰੋਜੈਕਟ ਦਾ ਉਦਘਾਟਨ

ਸਮਾਣਾ (ਇਕਬਾਲ ਸਿੰਘ ਬੱਲ)
ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਵੀਰਵਾਰ ਨੂੰ ਹਲਕਾ ਸਮਾਣਾ ਦੇ ਪਿੰਡ ਲਲੋਛੀ ਵਿਖੇ ਆਯੋਜਿਤ ਵਿਸ਼ੇਸ਼ ਸਮਾਗਮ ਦੌਰਾਨ ਮਹੱਤਵਪੂਰਨ ਸੜਕੀ ਪ੍ਰੋਜੈਕਟ ਦਾ ਰਿਬਨ ਕੱਟ ਕੇ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ। ਇਸ ਪ੍ਰੋਜੈਕਟ ਤਹਿਤ ਪਿੰਡ ਲਲੋਛੀ ਤੋਂ ਬਾਬਾ ਗੰਗਾਦਾਸ ਦੀ ਸਮਾਧ ਤੱਕ ਜਾਂਦੀ ਮਹੱਤਵਪੂਰਨ ਸੜਕ ਨੂੰ ਚੌੜਾ ਕੀਤਾ ਜਾਵੇਗਾ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਛੁਟਕਾਰਾ ਮਿਲੇਗਾ ਅਤੇ ਖੇਤਰ ਵਿੱਚ ਆਵਾਜਾਈ ਦੀ ਸਹੂਲਤ ਹੋਰ ਜ਼ਿਆਦਾ ਬਿਹਤਰ ਹੋਵੇਗੀ।ਸਮਾਗਮ ਨੂੰ ਸੰਬੋਧਨ ਕਰਦਿਆਂ ਬਰਸਟ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਸੜਕਾਂ ਦਾ ਵਿਕਾਸ ਅਤੇ ਨਵੀਨੀਕਰਨ ਸਿੱਧੇ ਤੌਰ 'ਤੇ ਆਮ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਅਤੇ ਆਰਥਿਕ ਤਰੱਕੀ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸੜਕਾਂ ਦੀ ਬਿਹਤਰ ਸਹੂਲਤ ਹੋਣ ਨਾਲ ਨਾ ਸਿਰਫ਼ ਆਮ ਲੋਕਾਂ ਨੂੰ ਆਉਣ-ਜਾਣ ਵਿੱਚ ਆਸਾਨੀ ਹੁੰਦੀ ਹੈ, ਸਗੋਂ ਪਿੰਡਾਂ ਦਾ ਆਪਸੀ ਸੰਪਰਕ ਅਤੇ ਵਪਾਰਕ ਗਤੀਵਿਧੀਆਂ ਵੀ ਮਜ਼ਬੂਤ ਹੁੰਦੀਆਂ ਹਨ। ਇਸ ਮੌਕੇ ਲਖਵਿੰਦਰ ਸਿੰਘ ਲੱਖੀ ਸਾਬਕਾ ਸਰਪੰਚ, ਗੁਰਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਸਤਪਾਲ ਸਿੰਘ ਸਰਪੰਚ ਲਲੋਛੀ, ਰਾਮ ਸਿੰਘ ਸਰਪੰਚ ਫਤਿਹਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਪਰਗਟ ਸਿੰਘ ਸਰਪੰਚ ਢੱਕੜਬਾ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਗੁਰਪਾਲ ਸਿੰਘ ਚੇਅਰਮੈਨ ਬ੍ਰਾਹਮਣ ਸਭਾ ਹਲਕਾ ਸਮਾਣਾ, ਛੋਟਾ ਸਿੰਘ ਸਾਬਕਾ ਸਰਪੰਚ, ਮਨੋਹਰ ਸਿੰਘ ਸਾਬਕਾ ਸਰਪੰਚ, ਨਾਹਰ ਸਿੰਘ ਮੈਂਬਰ, ਗੁਰਜੀਤ ਸਿੰਘ ਮੈਂਬਰ, ਸ਼ਾਮ ਲਾਲ ਦੱਤ, ਬਲਵਿੰਦਰ ਸਿੰਘ ਵੜੈਚ, ਜਸਪਾਲ ਸਿੰਘ ਬੀਬੀਪੁਰ, ਬਿੰਦਰ ਨਾਗਰ, ਡਾ. ਹਰਮੇਸ਼, ਗੁਰਦਰਸ਼ਨ ਸਿੰਘ, ਨਰੰਜਣ ਸਿੰਘ ਸਾਬਕਾ ਮੈਂਬਰ, ਬਿੱਕੀ ਠੇਕੇਦਾਰ, ਸੈਂਕੀ ਗਿੱਲ, ਮਨਜੀਤ ਸਿੰਘ ਬਿੱਟੂ, ਬਲਵਿੰਦਰ ਸਿੰਘ ਕਾਲਾ, ਭਜਨ ਸਿੰਘ, ਪ੍ਰੇਮ ਸਿੰਘ, ਕ੍ਰਿਸ਼ਨ ਸਿੰਘ ਅਤੇ ਬਾਬਾ ਗੰਗਾਦਾਸ ਕਮੇਟੀ ਸਮੇਤ ਪੰਜਾਬ ਮੰਡੀ ਬੋਰਡ ਦੇ ਕਾਰਜਕਾਰੀ ਇੰਜੀਨਿਅਰ ਅੰਮ੍ਰਿਤਪਾਲ ਸਿੰਘ, ਐਸ.ਡੀ.ਓ. ਪੰਕਜ ਮਹਿਰਾ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਨਿਵਾਸੀ ਹਾਜ਼ਰ ਰਹੇ।

ਸੁਪਰੀਮ ਕਾਨਵੈਂਟ ਸਕੂਲ 'ਚ ਰਾਸ਼ਟਰੀ ਸਿੱਖਿਆ ਨੀਤੀ 2020 ਸੰਬੰਧੀ ਸਮਰੱਥਾ ਨਿਰਮਾਣ ਪ੍ਰੋਗਰਾਮ ਕਰਾਇਆ

ਹਠੂਰ (ਨਛੱਤਰ ਸੰਧੂ)-ਸੁਪਰੀਮ ਕਾਨਵੈਂਟ ਸਕੂਲ, ਬਿਲਾਸਪੁਰ ਵਿਖੇ ਅਧਿਆਪਕਾਂ ਦੇ ਪੇਸ਼ੇਵਰ ਹੁਨਰ ਨੂੰ ਨਿਖਾਰਨ ਤੇ ਆਧੁਨਿਕ ਸਿੱਖਿਆ ਪ੍ਰਣਾਲੀ ਨਾਲ ਜੋੜਨ ਦੇ ਉਦੇਸ਼ ਨਾਲ 'ਰਾਸ਼ਟਰੀ ਸਿੱਖਿਆ ਨੀਤੀ 2020' ਵਿਸ਼ੇ 'ਤੇ ਇਕਰੋਜ਼ਾ ਸਮਰੱਥਾ ਨਿਰਮਾਣ ਪ੍ਰੋਗਰਾਮ ਸਫਲਤਾਪੂਰਵਕ ਕਰਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਨਵੀਂ ਸਿੱਖਿਆ ਨੀਤੀ ਦੇ ਵੱਖ-ਵੱਖ ਪਹਿਲੂਆਂ ਤੋਂ ਜਾਣੂ ਕਰਾਉਣਾ ਅਤੇ ਕਲਾਸਰੂਮ ਵਿੱਚ ਪ੍ਰਭਾਵਸ਼ਾਲੀ ਅਧਿਆਪਨ ਵਿਧੀਆਂ ਨੂੰ ਉਤਸ਼ਾਹਤ ਕਰਨਾ ਸੀ।ਸਿਖਲਾਈ ਪ੍ਰੋਗਰਾਮ ਦੌਰਾਨ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਮੁੱਖ ਉਦੇਸ਼ਾਂ ਵਿਦਿਆਰਥੀ-ਕੇਂਦਰਿਤ ਅਧਿਆਪਨ ਪ੍ਰਣਾਲੀ ਵਰਗੇ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਕਿ ਸਿੱਖਿਆ ਦਾ ਉਦੇਸ਼ ਕੇਵਲ ਪਾਠ-ਪੁਸਤਕਾਂ ਤੱਕ ਸੀਮਤ ਗਿਆਨ ਪ੍ਰਦਾਨ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਰਚਨਾਤਮਕ ਸੋਚ, ਤਰਕਸ਼ੀਲਤਾ, ਸਮੱਸਿਆਵਾਂ ਦੇ ਹੱਲ ਦੀ ਸਮਰੱਥਾ, ਸੰਚਾਰ ਹੁਨਰ ਅਤੇ ਨੈਤਿਕ ਕਦਰਾਂ-ਕੀਮਤਾਂ ਦਾ ਵਿਕਾਸ ਕਰਨਾ ਵੀ ਹੈ।ਪ੍ਰੋਗਰਾਮ ਵਿੱਚ ਅਧਿਆਪਕਾਂ ਨੂੰ ਰਵਾਇਤੀ ਰੱਟਾ-ਆਧਾਰਿਤ ਸਿੱਖਿਆ ਦੀ ਬਜਾਏ ਗਤੀਵਿਧੀ-ਆਧਾਰਤ, ਪ੍ਰਯੋਗਾਤਮਕ ਅਤੇ ਵਿਹਾਰਕ ਸਿੱਖਿਆ ਨੂੰ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ ਗਿਆ।ਇਸ ਦੇ ਨਾਲ ਹੀ ਸਮਾਵੇਸ਼ੀ ਸਿੱਖਿਆ, ਡਿਜੀਟਲ ਤਕਨਾਲੋਜੀ ਦੀ ਸੁਚੱਜੀ ਵਰਤੋਂ, ਵਿਦਿਆਰਥੀਆਂ ਦੀ ਵਿਅਕਤੀਗਤ ਯੋਗਤਾ ਦੀ ਪਛਾਣ ਤੇ ਮੁਲਾਂਕਣ ਪ੍ਰਣਾਲੀ ਵਿੱਚ ਲੋੜੀਂਦੀਆਂ ਤਬਦੀਲੀਆਂ ਬਾਰੇ ਵੀ ਚਰਚਾ ਕੀਤੀ ਗਈ।

ਸਿਖਲਾਈ ਦੌਰਾਨ ਅਧਿਆਪਕਾਂ ਦੀ ਭੂਮਿਕਾ ਨੂੰ ਵਿਸ਼ੇਸ਼ ਮਹੱਤਵ ਦਿੰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਬਦਲਦੇ ਸਮੇਂ ਅਨੁਸਾਰ ਅਧਿਆਪਕ ਦਾ ਨਿਰੰਤਰ ਸਿੱਖਦੇ ਰਹਿਣਾ ਬਹੁਤ ਜ਼ਰੂਰੀ ਹੈ।ਇੱਕ ਕੁਸ਼ਲ ਅਧਿਆਪਕ ਹੀ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਬਣਾ ਸਕਦਾ ਹੈ।ਸਕੂਲ ਦੇ ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ 2020 ਭਾਰਤੀ ਸਿੱਖਿਆ ਪ੍ਰਣਾਲੀ ਨੂੰ ਨਵੀਂ ਦਿਸ਼ਾ ਪ੍ਰਦਾਨ ਕਰਨ ਵਾਲਾ ਇੱਕ ਇਤਿਹਾਸਕ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿੱਖਿਆ ਦਾ ਮਕਸਦ ਸਿਰਫ਼ ਚੰਗੇ ਅੰਕ ਪ੍ਰਾਪਤ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਗਿਆਨਵਾਨ, ਆਤਮ-ਵਿਸ਼ਵਾਸੀ, ਹੁਨਰਮੰਦ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣਾ ਹੈ।ਉਨ੍ਹਾਂ ਅੱਗੇ ਕਿਹਾ ਕਿ ਅਧਿਆਪਕ ਕਿਸੇ ਵੀ ਸਿੱਖਿਆ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਉਨ੍ਹਾਂ ਦਾ ਨਿਰੰਤਰ ਪੇਸ਼ੇਵਰ ਵਿਕਾਸ ਹੀ ਮਿਆਰੀ ਸਿੱਖਿਆ ਦੀ ਕੁੰਜੀ ਹੈ।ਉਨ੍ਹਾਂ ਸਮੂਹ ਅਧਿਆਪਕਾਂ ਨੂੰ ਨਵੀਂ ਸਿੱਖਿਆ ਨੀਤੀ ਦੇ ਸਿਧਾਂਤਾਂ ਨੂੰ ਆਪਣੀ ਰੋਜ਼ਾਨਾ ਅਧਿਆਪਨ ਪ੍ਰਕਿਰਿਆ ਵਿੱਚ ਅਮਲੀ ਰੂਪ ਦੇਣ ਲਈ ਪ੍ਰੇਰਿਤ ਕੀਤਾ।

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ 'ਚ ਕੈਂਪ 2 ਤੋਂ

ਲੁਧਿਆਣਾ (ਰਾਜ ਸਿੰਗਲਾ)-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ 2 ਤੋਂ 20 ਨਵੰਬਰ ਤੱਕ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਹੈ, ਜਿੱਥੇ ਸਾਬਕਾ ਸੈਨਿਕ ਪੈਨਸ਼ਨਰ, ਉਨ੍ਹਾਂ ਦੀਆਂ ਵਿਧਵਾਵਾਂ ਤੇ ਆਸ਼ਰਿਤ ਆਪਣੇ ਜੀਵਨ ਪ੍ਰਮਾਣ ਪੱਤਰ ਅਪਲੋਡ ਕਰਾ ਸਕਦੇ ਹਨ।ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਦੇ ਸੁਪਰਡੈਂਟ ਨੇ ਦਿੱਤੀ ਹੈ ਕਿ ਸਾਬਕਾ ਸੈਨਿਕ ਪੈਨਸ਼ਨਰ, ਸਾਬਕਾ ਸੈਨਿਕਾਂ ਦੀਆਂ ਵਿਧਵਾਵਾਂ ਤੇ ਫੌਜੀ ਪਰਿਵਾਰਕ ਪੈਨਸ਼ਨ ਪ੍ਰਾਪਤ ਕਰਨ ਵਾਲੇ ਆਸ਼ਰਿਤ, ਜੋ ਨਵੰਬਰ 2026 ਲਈ ਆਪਣਾ ਜੀਵਨ ਪ੍ਰਮਾਣ ਪੱਤਰ ਜਮ੍ਹਾਂ ਕਰਾਉਣ ਦੇ ਯੋਗ ਹਨ, ਉਹ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ (ਘੰਟਾ ਘਰ ਦੇ ਨੇੜੇ, ਲੁਧਿਆਣਾ) ਵਿਖੇ ਆ ਸਕਦੇ ਹਨ। ਇਸ ਸਬੰਧ ਵਿੱਚ 02 ਨਵੰਬਰ ਤੋਂ 20 ਨਵੰਬਰ ਤੱਕ (ਸਰਕਾਰੀ ਛੁੱਟੀਆਂ ਨੂੰ ਛੱਡ ਕੇ) ਇੱਕ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਹੈ।

ਇਸ ਲਈ ਜ਼ਿਲ੍ਹੇ ਦੇ ਉਹ ਸਾਬਕਾ ਸੈਨਿਕ ਪੈਨਸ਼ਨਰ, ਵਿਧਵਾਵਾਂ ਤੇ ਆਸ਼ਰਿਤ, ਜਿਨ੍ਹਾਂ ਨੂੰ ਨਵੰਬਰ 2026 ਲਈ ਸਪਰਸ਼ ਪ੍ਰਣਾਲੀ ਰਾਹੀਂ ਆਪਣਾ ਜੀਵਨ ਪ੍ਰਮਾਣ ਪੱਤਰ ਅਪਲੋਡ ਕਰਨਾ ਹੈ, ਉਹ ਇੱਥੇ ਆ ਕੇ ਆਪਣਾ ਪ੍ਰਮਾਣ ਪੱਤਰ ਅਪਲੋਡ ਕਰਵਾ ਸਕਦੇ ਹਨ।

ਸਾਹਿਲ ਖੁਰਾਣਾ ਯੂਥ ਕਾਂਗਰਸ ਦੇ ਪ੍ਰਧਾਨ ਨਿਯੁਕਤ

ਮੱਖੂ (ਰਛਪਾਲ ਸਿੰਘ ਸੰਧੂ)-ਪੰਜਾਬ ਯੂਥ ਕਾਂਗਰਸ ਕਮੇਟੀ ਵੱਲੋਂ ਸੰਗਠਨ ਦਾ ਵਿਸਥਾਰ ਕਰਦਿਆਂ ਕਾਂਗਰਸ ਕਮੇਟੀ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਸ਼ਿਵ ਸਾਗਰ ਸ਼ਰਮਾ ਪ੍ਰਧਾਨ ਕਾਂਗਰਸ ਕਮੇਟੀ ਸ਼ਹਿਰੀ, ਮਹਿਕਦੀਪ ਸਿੰਘ ਜ਼ੀਰਾ ਸੈਕਟਰੀ ਯੂਥ ਕਾਂਗਰਸ, ਕਰਨ ਬਰਾੜ ਪ੍ਰਧਾਨ ਯੂਥ ਕਾਂਗਰਸ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਸਿਫ਼ਾਰਸ਼ ਤਹਿਤ ਸ਼ਹਿਰ ਦੇ ਸਮਾਜ ਸੇਵੀ ਸਾਹਿਲ ਖੁਰਾਣਾ ਪੁੱਤਰ ਸਵ: ਦਵਿੰਦਰ ਖੁਰਾਣਾ ਨੂੰ ਯੂਥ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਸ਼ਿਵ ਸਾਗਰ ਸ਼ਰਮਾ ਪ੍ਰਧਾਨ ਕਾਂਗਰਸ ਕਮੇਟੀ ਬਲਾਕ ਮੱਖੂ ਸ਼ਹਿਰੀ ਨੇ ਕਿਹਾ ਕਿ ਸਮਾਜ ਦੇ ਖੇਤਰ 'ਚ ਨਿਭਾਈਆਂ ਬੇਦਾਗ ਅਤੇ ਸ਼ਲਾਘਾਯੋਗ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਦੀ ਅਗਵਾਈ ਹੇਠ ਸਾਹਿਲ ਖੁਰਾਣਾ ਨੂੰ ਯੂਥ ਕਾਂਗਰਸ ਬਲਾਕ ਮੱਖੂ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਨਵਨਿਯੁਕਤ ਯੂਥ ਕਾਂਗਰਸ ਕਮੇਟੀ ਬਲਾਕ ਮੱਖੂ ਦੇ ਪ੍ਰਧਾਨ ਸਾਹਿਲ ਖੁਰਾਣਾ ਨੇ ਕਾਂਗਰਸ ਕਮੇਟੀ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਸਾਬਕਾ ਵਿਧਾਇਕ, ਸ਼ਿਵ ਸਾਗਰ ਸ਼ਰਮਾ ਪ੍ਰਧਾਨ ਕਾਂਗਰਸ ਕਮੇਟੀ ਬਲਾਕ ਮੱਖੂ ਸ਼ਹਿਰੀ, ਮਹਿਕਦੀਪ ਸਿੰਘ ਜ਼ੀਰਾ ਸੈਕਟਰੀ ਯੂਥ ਕਾਂਗਰਸ, ਕਰਨ ਬਰਾੜ ਪ੍ਰਧਾਨ ਯੂਥ ਕਾਂਗਰਸ ਜ਼ਿਲ੍ਹਾ ਫਿਰੋਜ਼ਪੁਰ ਅਤੇ ਸਮੁੱਚੀ ਕਾਂਗਰਸ ਟੀਮ ਦਾ ਧੰਨਵਾਦ ਕਰਦਿਆਂ ਵਿਸ਼ਵਾਸ਼ ਦਿਵਾਇਆ ਕਿ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਪੂਰੀ ਤਨਦੇਹੀ ਨਾਲ ਨਿਭਾਈ ਜਾਵੇਗੀ।

ਲਲਤੋਂ ਕਲਾਂ ਵਿਖੇ ਕਿਸਾਨ ਸਿਖਲਾਈ ਕੈਂਪ

ਦੋਰਾਹਾ (ਹਰਮਿੰਦਰ ਸੇਠ)-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 'ਖੇਤ ਬਚਾਓ ਅਭਿਆਨ' ਤਹਿਤ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ, ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਹਤਰ ਕਾਸ਼ਤ ਸਬੰਧੀ ਪਿੰਡ ਲਲਤੋਂ ਕਲਾਂ, ਬਲਾਕ ਲੁਧਿਆਣਾ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਵਿੱਚ ਐਸ.ਡੀ.ਐਮ. ਲੁਧਿਆਣਾ ਪੱਛਮੀ ਸ੍ਰੀ ਕੁਲਦੀਪ ਬਾਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਕੈਂਪ ਦੌਰਾਨ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਰਕਾਰੀ ਸਕੀਮਾਂ, ਆਧੁਨਿਕ ਖੇਤੀ ਤਕਨੀਕਾਂ, ਮਿੱਟੀ ਦੀ ਸਿਹਤ ਸੰਭਾਲ, ਪਾਣੀ ਦੀ ਸੁਚੱਜੀ ਵਰਤੋਂ ਅਤੇ ਫ਼ਸਲਾਂ ਦੀ ਉੱਚ ਗੁਣਵੱਤਾ ਵਾਲੀ ਪੈਦਾਵਾਰ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਐਸ.ਡੀ.ਐਮ. ਕੁਲਦੀਪ ਬਾਵਾ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪਰਾਲੀ ਦਾ ਯੋਗ ਪ੍ਰਬੰਧਨ ਕਰਨ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਵਿਭਾਗ ਦੀਆਂ ਗਤੀਵਿਧੀਆਂ ਅਤੇ ਫ਼ਸਲਾਂ ਦੀ ਸੁਚੱਜੀ ਕਾਸ਼ਤ ਸਬੰਧੀ ਜਾਣਕਾਰੀ ਸਾਂਝੀ ਕੀਤੀ। ਇੰਜਨੀਅਰ ਅਮਨਪ੍ਰੀਤ ਘਈ ਨੇ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਵੱਖ-ਵੱਖ ਖੇਤੀ ਮਸ਼ੀਨਰੀ ਬਾਰੇ ਦੱਸਿਆ। ਡਾ. ਕਰਮਜੀਤ ਸਿੰਘ, ਏ.ਡੀ.ਓ. ਨੇ ਫਾਰਮਰ ਰਜਿਸਟਰੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ, ਜਦ ਕਿ ਡਾ. ਸੰਦੀਪ ਸਿੰਘ, ਏ.ਡੀ.ਓ. ਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣਕਾਰੀ ਦਿੱਤੀ। ਡਾ. ਰਮਨ ਚੋਪੜਾ, ਏ.ਈ.ਓ. ਨੇ ਮਿੱਟੀ ਦੀ ਪਰਖ ਕਰਵਾਉਣ ਦੇ ਮਹੱਤਵ ਬਾਰੇ ਦੱਸਿਆ।

ਕੈਂਪ ਦੌਰਾਨ ਡਾ. ਜਤਿੰਦਰ ਸਿੰਘ, ਏ.ਡੀ.ਓ. ਸਾਹਨੇਵਾਲ, ਦਿਲਜੀਤ ਕੌਰ, ਏ.ਡੀ.ਓ. ਬਦੋਵਾਲ, ਵੀਰਪਾਲ ਕੌਰ, ਏ.ਡੀ.ਓ. ਬਾੜੇਵਾਲ, ਹਰਪ੍ਰੀਤ ਸਿੰਘ, ਏ.ਐਸ.ਆਈ. ਬਾੜੇਵਾਲ, ਬਲਵੰਤ ਸਿੰਘ, ਏ.ਐਸ.ਆਈ. ਜੰਡਿਆਲੀ ਸਰਕਲ, ਹਰਪ੍ਰੀਤ ਕੌਰ, ਏ.ਐਸ.ਆਈ. ਸਾਹਨੇਵਾਲ ਸਰਕਲ, ਬੀ.ਟੀ.ਐਮ. ਸਰਬਜੀਤ ਸਿੰਘ ਅਤੇ ਏ.ਟੀ.ਐਮ. ਪ੍ਰਿੰਸ ਨਰੂਲਾ ਸਮੇਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਮਨਮਨਿੰਦਰ ਸਿੰਘ, ਖੇਤੀਬਾੜੀ ਉਪ-ਨਿਰੀਖਕ ਨੇ ਮੰਚ ਦਾ ਸੰਚਾਲਨ ਕੀਤਾ।

ਖੇਤੀਬਾੜੀ ਵਿਭਾਗ ਵੱਲੋਂ ਅਣ-ਅਧਿਕਾਰਤ ਗੋਦਾਮ ਸੀਲ, ਐੱਫ ਆਈ ਆਰ ਦਰਜ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਗੁਪਤ ਸੂਚਨਾ ਦੇ ਆਧਾਰ 'ਤੇ ਖੇਤੀਬਾੜੀ ਵਿਭਾਗ ਦੀ ਇੱਕ ਟੀਮ ਵੱਲੋਂ ਬਲਾਕ ਨਥਾਣਾ ਦੇ ਭੁੱਚੋ ਮੰਡੀ ਵਿਖੇ ਮੈਸ.ਐੱਸ.ਆਰ. ਗੋਇਲ ਟ੍ਰੇਡਿੰਗ ਨਾਲ ਸਬੰਧਤ ਇਕ ਅਣ-ਅਧਿਕਾਰਤ ਗੋਦਾਮ ਦੀ ਚੈਕਿੰਗ ਕੀਤੀ ਗਈ ਤੇ ਉਸ ਨੂੰ ਸੀਲ ਕਰਕੇ ਐੱਫ.ਆਈ.ਆਰ. ਦਰਜ ਕੀਤੀ ਗਈ ਹੈ।ਡਾ. ਹਰਪ੍ਰੀਤ ਪਾਲ ਕੌਰ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਨੇ ਦੱਸਿਆ ਕਿ ਚੈਕਿੰਗ ਦੌਰਾਨ ਦੇਖਿਆ ਗਿਆ ਕਿ ਉਕਤ ਅਣ-ਅਧਿਕਾਰਤ ਗੋਦਾਮ ਵਿੱਚ ਕਾਫੀ ਮਾਤਰਾ ਵਿੱਖ ਖਾਦਾਂ ਤੇ ਕੀੜੇਮਾਰ ਦਵਾਈਆਂ ਸਟੋਰ ਕਰਕੇ ਰੱਖੀਆਂ ਗਈਆ ਸਨ।ਇਸ ਤੋਂ ਇਲਾਵਾ ਗੁਦਾਮ ਵਿੱਚ ਚਿੱਟੇ ਰੰਗ ਦੇ ਥੈਲਿਆਂ ਵਿੱਚ ਕੋਈ ਪਦਾਰਥ ਸਟੋਰ ਕਰਕੇ ਰੱਖਿਆ ਗਿਆ ਸੀ ਤੇ ਮੌਕੇ ਤੋਂ ਕਈ ਨਾਮੀ ਕੰਪਨੀਆਂ ਦੇ ਛਪੇ ਹੋਏ ਅਨਵਰਤੇ ਥੈਲੇ ਵੀ ਬਰਾਮਦ ਕੀਤੇ ਗਏ, ਜੋ ਸ਼ੱਕੀ ਜਾਪ ਰਹੇ ਹਨ।ਮੈਸ.ਐੱਸ.ਆਰ. ਗੋਇਲ ਟਰੇਡਿੰਗ ਦੇ ਨੁਮਾਇੰਦੇ ਵੱਲੋਂ ਉਕਤ ਖਾਦਾਂ ਨਾਲ ਸਬੰਧਤ ਕੋਈ ਵੀ ਦਸਤਾਵੇਜ਼ ਵਿਭਾਗ ਦੇ ਅਧਿਕਾਰੀਆਂ ਪਾਸ ਪੇਸ਼ ਨਹੀਂ ਕੀਤਾ ਗਿਆ।ਇਸ ਆਧਾਰ 'ਤੇ ਕਾਰਵਾਈ ਕਰਦੇ ਹੋਏ ਮਿਤੀ 28.10.2026 ਨੂੰ ਗੋਦਾਮ ਨੂੰ ਸੀਲ ਕਰਨ ਉਪਰੰਤ ਸਬੰਧਤ ਫਰਮ ਖਿਲਾਫ਼ ਐਫ.ਆਈ.ਆਰ. ਨੰਬਰ 0275 ਮਿਤੀ 29-10-2026 ਦਰਜ ਕਰਵਾ ਦਿੱਤੀ ਗਈ ਹੈ।ਅਣ-ਅਧਿਕਾਰਤ ਗੁਦਾਮ ਵਿੱਚ ਪਈਆਂ ਖਾਦਾਂ ਦੀ ਸੈਂਪਲਿੰਗ ਕੀਤੀ ਜਾ ਰਹੀ ਹੈ, ਜੋ ਸਬੰਧਤ ਲੈਬਾਰਟਰੀਆਂ ਨੂੰ ਪਹਿਲ ਦੇ ਆਧਾਰ 'ਤੇ ਟੈੱਸਟ ਕਰਨ ਸਬੰਧੀ ਭੇਜ ਦਿੱਤੇ ਜਾਣਗੇ ਤੇ ਜੇਕਰ ਕੋਈ ਸੈਂਪਲ ਫੇਲ੍ਹ ਪਾਇਆ ਜਾਂਦਾ ਹੈ ਤਾਂ ਫਰਮ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਨੂਰਪੁਰ 'ਗੱਲਾਂ ਤੇ ਗੀਤ' 'ਚ ਅੱਜ ਹੋਣਗੇ ਰੂਬਰੂ

ਜ਼ੀਰਾ (ਨਰਿੰਦਰ ਅਨੇਜਾ)-30 ਅਕਤੂਬਰ ਨੂੰ ਸਵੇਰੇ 8:30 ਵਜੇ ਦੂਰਦਰਸ਼ਨ ਜਲੰਧਰ ਦੇ ਲਾਈਵ ਪ੍ਰੋਗਰਾਮ 'ਗੱਲਾਂ ਤੇ ਗੀਤ' ਵਿੱਚ ਗੁਰਚਰਨ ਸਿੰਘ ਨੂਰਪੁਰ ਦਰਸ਼ਕਾਂ ਦੇ ਰੂਬਰੂ ਹੋਣਗੇ।ਉਨ੍ਹਾਂ ਨਾਲ 'ਉਸਾਰੂ ਸੋਚ ਦਾ ਮਨੋਵਿਗਿਆਨ' ਵਿਸ਼ੇ 'ਤੇ ਵਿਸ਼ੇਸ਼ ਗੱਲਬਾਤ ਹੋਵੇਗੀ।ਸਾਹਿਤ ਸਭਾ ਜੀਰਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ ਨੇ ਦੱਸਿਆ ਕਿ ਇਸ ਗੱਲਬਾਤ ਰਾਹੀਂ ਉਸਾਰੂ ਸੋਚ ਦੀ ਮਹੱਤਤਾ ਤੇ ਮਨੁੱਖੀ ਜੀਵਨ ਉੱਤੇ ਇਸ ਦੇ ਪ੍ਰਭਾਵ ਬਾਰੇ ਵਿਚਾਰ ਸਾਂਝੇ ਕੀਤੇ ਜਾਣਗੇ।ਉਨ੍ਹਾਂ ਦਰਸ਼ਕਾਂ ਨੂੰ ਇਹ ਪ੍ਰੋਗਰਾਮ ਦੇਖਣ ਦੀ ਅਪੀਲ ਕੀਤੀ।

ਉਤਰ ਰੇਲਵੇ

"ਜੰਮੂ ਮੰਡਲ ਵਿਚ ਆਟੋਮੈਟਿਕ ਟਿਕਟ ਵੈਂਡਿੰਗ ਮਸ਼ੀਨਾਂ (ATVM) ਦੇ ਮਾਧਿਅਮ ਨਾਲ ਅਣਰੀਜ਼ਰਵ ਟਿਕਟ ਜਾਰੀ ਕਰਨ ਲਈ ਫੈਸਿਲਿਟੇਟਸ੍ਰ ਦੀ ਨਿਯੁਕਤੀ ਦੇ ਲਈ ਵਿਗਿਆਪਨ ਸੂਚਨਾ"

ਇਹ ਨਿਯੁਕਤੀ ਸਥਾਈ ਸੇਵਾ ਦੇ ਲਈ ਨਹੀਂ ਹੈ।

ਇਹ ਨਿਯੁਕਤੀ ਪੂਰੀ ਤਰ੍ਹਾਂ ਸੰਵਿਦਾ (ਕਾਂਟਰੈਕਟ) ਆਧਾਰਿਤ ਹੋਵੇਗੀ। ਇਸ ਨਿਯੁਕਤੀ ਦੇ ਆਧਾਰ ਉਤੇ ਰੇਲਵੇ ਸੇਵਾ ਵਿਚ ਸਮਾਯੋਜਨ, ਸੇਵਾ ਦਾ ਰੈਗੂਲਰਾਈਜੇਸ਼ਨ, ਬੋਨਸ, ਰੇਲਵੇ ਪਾਸ ਸੁਵਿਧਾ ਜਾਂ ਰੇਲਵੇ ਕਰਮਚਾਰੀਆਂ ਨੂੰ ਉਪਲਬਧ ਹੋਰ ਕਿਸੇ ਵੀ ਪ੍ਰਕਾਰ ਦੀ ਸਹੂਲਤ ਦਾ ਦਾਅਵਾ ਸਵੀਕਾਰ ਨਹੀਂ ਹੋਵੇਗਾ।

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰੀ ਰੇਲਵੇ, ਜੰਮੂ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਆਮ ਜਨਤਾ ਤੋਂ ਮੁਹਰਬੰਦ ਦਰਖਾਸਤ ਮੰਗ ਕਰਦੇ ਹਨ, ਤਾਂ ਕਿ ਜੰਮੂ ਮੰਡਲ ਦੇ ਵਖ-ਵਖ ਸਟੇਸ਼ਨਾਂ ਤੇ ਆਟੋਮੈਟਿਕ ਟਿਕਟ ਵੈਂਡਿੰਗ ਮਸ਼ੀਨ (ATVM) ਦੇ ਮਾਧਿਅਮ ਨਾਲ ਅਣਰੀਜ਼ਰਵ ਟਿਕਟ ਜਾਰੀ ਕਰਨ ਲਈ ਫੈਸਿਲਿਟੇਟਸ੍ਰ ਦੀ ਨਿਯੁਕਤੀ ਕੀਤੀ ਜਾ ਸਕੇ। ਇਹ ਕਾਂਟਰੈਕਟ ਵਾਸਤਵਿਕ ਕੰਮ ਸ਼ੁਰੂ ਦੀ ਮਿਤੀ ਤੋਂ ਪ੍ਰਭਾਵੀ ਹੋਵੇਗਾ ਅਤੇ ਇਕ ਸਾਲ ਦੀ ਮਿਆਦ ਦੇ ਲਈ ਰਹੇਗਾ, ਜਿਸ ਵਧ ਤੋਂ ਵਧ ਦੋ ਸਾਲ ਤਕ ਵਧਾਇਆ ਜਾ ਸਕਦਾ ਹੈ।

ਜੰਮੂ ਮੰਡਲ ਵਿਚ ATVM ਦੀਆਂ ਥਾਵਾਂ ਦੀ ਸੂਚੀ ਹੇਠਾਂ ਅਨੁਸਾਰ ਹੈ:-

ਲੜੀ ਨੰ.	ਸਟੇਸ਼ਨ ਦਾ ਨਾਮ	ਸਟੇਸ਼ਨ ਕੋਡ	ਸਟੇਸ਼ਨ ਸ਼੍ਰੇਣੀ	ਨਿਯੁਕਤ ਕੀਤੇ ਜਾਣ ਵਾਲੇ ਫੈਸਿਲਿਟੇਟਸ੍ਰ ਦਾ ਨੰਬਰ
1	ਪਠਾਨਕੋਟ ਕੈਂਟ	PTKC	NSG-3	02
2	ਪਠਾਨਕੋਟ ਜੰਕਸ਼ਨ	PTK	NSG-4	02
3	ਸ੍ਰੀਨਗਰ	SINA	NSG-5	02
4	ਮੁਕੇਰਿਯਾਂ	MEX	NSG-5	02
5	ਦਸੂਆ	DZA	NSG-5	02
6	ਦੀਨਾਨਗਰ	DNN	NSG-5	02
7	ਗੁਰਦਾਸਪੁਰ	GSP	NSG-5	02
8	ਬਨਿਹਾਲ	BAHL	NSG-5	02
9	ਅਨੰਤਨਾਗ	ANT	NSG-5	02
10	ਬਡਗਾਮ	BDGM	NSG-6	02
11	ਬਾਰਾਮੂਲਾ	BRML	NSG-6	01
12	ਸੰਗਲਦਾਨ	SGDN	NSG-6	01

ਨੋਟ: ਦਰਖਾਸਤਕਾਰ ਨੂੰ ਹੇਠਾਂ ਅਨੁਸਾਰ ਰਿਫੰਡੇਬਲ ਸੁਰੱਖਿਆ ਜਮ੍ਹਾ ਰਾਸ਼ੀ ਜਮ੍ਹਾ ਕਰਨ ਦੇ ਲਈ ਤਿਆਰ ਰਹਿਣਾ ਹੋਵੇਗਾ:

- **ਐਨਐਸਜੀ-1 ਅਤੇ ਐਨਐਸਜੀ-2 ਸ਼੍ਰੇਣੀ ਦੇ ਸਟੇਸ਼ਨਾਂ ਦੇ ਲਈ: ਰੁ 50,000/-**
- **ਹੋਰ ਸਾਰੇ ਸ਼੍ਰੇਣੀ ਦੇ ਸਟੇਸ਼ਨਾਂ ਦੇ ਲਈ: ਰੁ 25,000/-**

ਸੁਰੱਖਿਆ ਜਮ੍ਹਾ ਰਾਸ਼ੀ ਦਰਖਾਸਤਕਾਰ ਦੁਆਰਾ ਆਪਣੇ ਖੁਦ ਦੇ ਬੈਂਕ ਖਾਤੇ ਤੋਂ ਜਾਰੀ ਡਿਪਾਜਿਟ ਜਮ੍ਹਾ ਰਸੀਦ (ਐਫਡੀਆਰ)/ ਫਿਕਸਡ ਡਿਪਾਜਿਟ ਜਾਂ ਡਿਮਾਂਡ ਡ੍ਰਾਫਟ ਦੇ ਰੂਪ ਵਿਚ ਸੀਨੀਅਰ ਮੰਡਲ ਵਿਤ ਪ੍ਰਬੰਧਕ, ਜੰਮੂ ਦੇ ਪਖ ਵਿਚ ਜਮ੍ਹਾ ਕੀਤੀ ਜਾਵੇਗੀ। ਕਾਂਟਰੈਕਟ ਦੀ ਮਿਆਦ ਪੂਰੀ ਹੋਣ ਜਾਂ ਉਸ ਦੇ ਸਮਾਪਤ ਕੀਤੇ ਜਾਣ ਦੀ ਸਥਿਤੀ ਵਿਚ, ਜੇਕਰ ਕੋਈ ਦੇਅ ਰਾਸ਼ੀ ਪੈਂਡਿੰਗ ਹੋਵੇਗੀ ਤਾਂ ਉਸ ਦਾ ਸਮਾਯੋਜਨ ਸੁਰੱਖਿਆ ਜਮ੍ਹਾ ਰਾਸ਼ੀ ਨਾਲ ਕੀਤਾ ਜਾਵੇਗਾ ਅਤੇ ਬਾਕੀ ਰਾਸ਼ੀ ਦਰਖਾਸਤਕਾਰ ਨੂੰ ਵਾਪਸ ਕਰ ਦਿਤੀ ਜਾਵੇਗੀ।

ਲੜੀ ਨੰ.	ਕੰਮ ਦਾ ਵੇਰਵਾ	ਕਾਂਟਰੈਕਟ ਮਿਆਦ	ਨਿਵਿਦਾ ਫਾਰਮ ਦੀ ਲਾਗਤ	ਨਿਵਿਦਾ ਜਮ੍ਹਾ ਕਰਨ ਦੀ ਮਿਤੀ
1	**ਕੰਮ ਦੀ ਨੇਚਰ:** ਜੰਮੂ ਮੰਡਲ ਦੇ 12 ਸਟੇਸ਼ਨਾਂ ਤੇ ਆਟੋਮੈਟਿਕ ਟਿਕਟ ਵੈਂਡਿੰਗ ਮਸ਼ੀਨਾਂ (ATVM) ਦੇ ਮਾਧਿਅਮ ਨਾਲ ਅਣਰੀਜ਼ਰਵ ਟਿਕਟ ਜਾਰੀ ਕਰਨ ਲਈ ਫੈਸਿਲਿਟੇਟਸ੍ਰ ਨੂੰ ਅਲਾਟਮੈਂਟ ਦੇ ਆਧਾਰ ਉਤੇ ਨਿਯੁਕਤ ਕਰਨ ਦੇ ਲਈ ਨਿਵਿਦਾ।	ਇਕ ਸਾਲ ਦੇ ਲਈ ਵੈਲਿਡ, ਵਧ ਤੋਂ ਵਧ ਦੋ ਸਾਲ ਤਕ ਵਧਾਈ ਜਾ ਸਕਦੀ ਹੈ।	ਮੁਫਤ	20.11.2026 ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 14:00 ਵਜੇ ਤਕ

ਮਹੱਤਵਪੂਰਨ ਮਿਤੀਆਂ:-	
ਨਿਵਿਦਾ ਜਾਰੀ ਹੋਣ ਦੀ ਮਿਤੀ	30.10.2026
ਨਿਵਿਦਾ ਫਾਰਮ ਜਮ੍ਹਾ ਕਰਨ ਦੀ ਮਿਤੀ ਅਤੇ ਸਮਾਂ	20.11.2026 (10:00 ਵਜੇ ਤੋਂ 14:00 ਵਜੇ ਤਕ)
ਨਿਵਿਦਾ ਬਾਕਸ ਬੰਦ ਹੋਣ ਦੀ ਮਿਤੀ ਅਤੇ ਸਮਾਂ	20.08.2026 ਨੂੰ 15:00 ਵਜੇ
ਨਿਵਿਦਾ ਖੋਹਲਣ ਦੀ ਮਿਤੀ ਅਤੇ ਸਮਾਂ	20.08.2026
ਦਫਤਰ ਦਾ ਪਤਾ ਅਤੇ ਨਿਵਿਦਾ ਦਸਤਾਵੇਜ ਉਪਲਬਧਤਾ	ਦਰਖਾਸਤ ਪੱਤਰ (ਨਿਯਮ ਅਤੇ ਸ਼ਰਤਾਂ ਸਮੇਤ) ਉਤਰੀ ਰੇਲਵੇ ਦੀ ਵੈਬਸਾਈਟ www.nr.indianrailways.gov.in 'ਤੇ ਉਪਲਬਧ ਹੈ ਅਤੇ ਇਸ ਨੂੰ 30.08.2026 ਨੂੰ 13:00 ਵਜੇ ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ।

ਨੰ. 01/ATVM/JAT/POLICY/2026 ਤਾਰੀਕ - 29.10.2026 3787/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਫਾਰਮ ਨੰ. 3 [ਵੇਖੋ ਨਿਯਮ-13 (1)(ਏ)]

ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 1)

ਦੂਜੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ

ਕੇਸ ਨੰ. ਓ ਏ/1600/2025

ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

ਈ ਐੱਕਸ ਐੱਚ ਨੰ. 36066

ਐਕਸਿਸ ਬੈਂਕ ਬਨਾਮ

ਮੈਸ. ਐਮ ਆਰ ਰਾਈਸ ਮਿੱਲਜ਼ ਪ੍ਰਾਈਵੇਟ ਲਿਮਟਿਡ

ਸੇਵਾ 'ਚ,

(1) ਮੈਸ. ਐਮ ਆਰ ਰਾਈਸ ਮਿੱਲਜ਼ ਪ੍ਰਾਈਵੇਟ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰ ਜਿਸ ਦਾ ਰਜਿਸਟਰਡ ਦਫ਼ਤਰ ਸਲੈਚਾਂ ਸ਼ਾਹਕੋਟ, ਜਲੰਧਰ, ਪੰਜਾਬ-144702 (2) ਮਨੀਸ਼ ਮਲਹੋਤਰਾ ਪੁੱਤਰ ਰਿਪੂ ਧੀਮਾਨ ਡਾਇਰੈਕਟਰ ਮੈਸ. ਐਮ ਆਰ ਰਾਈਸ ਮਿੱਲਜ਼ ਪ੍ਰਾਈਵੇਟ ਲਿਮਟਿਡ ਵਾਸੀ 1506, ਨੇੜੇ ਹਨੂੰਮਾਨ ਮੰਦਰ, ਵਾਰਡ ਨੰ: 6, ਸ਼ਾਹਕੋਟ, ਜਲੰਧਰ, ਪੰਜਾਬ-144702 (3) ਨੀਰਾ ਮਲਹੋਤਰਾ ਪਤਨੀ ਰਿਪੂ ਧੀਮਾਨ ਮਲਹੋਤਰਾ ਡਾਇਰੈਕਟਰ ਮੈਸ. ਐਮ ਆਰ ਰਾਈਸ ਮਿੱਲਜ਼ ਪ੍ਰਾਈਵੇਟ ਲਿਮਟਿਡ ਵਾਸੀ 1033 ਨੇੜੇ ਹਨੂੰਮਾਨ ਮੰਦਰ, ਵਾਰਡ ਨੰ: 6 ਸ਼ਾਹਕੋਟ, ਜਲੰਧਰ, ਪੰਜਾਬ-144702

ਸੰਮਨ

ਜਦੋਂ ਕਿ ਓ ਏ/1600/2025 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 30.08.2026 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 5210033.15/-(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ। ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-

(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।

(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ।

(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।

(4) ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।

(5) ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।

ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 02/11/2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਅਰਜ਼ੀ ਦੀ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ ਹਾਜ਼ਰੀ 'ਚ ਫੈਸਲਾ ਲੈ ਲਿਆ ਜਾਵੇਗਾ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 30/09/2026 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ
(ਡੀ ਆਰ ਟੀ 1)

ਤਿਉਹਾਰ ਵਿਸ਼ੇਸ਼ ਰੇਲਗੱਡੀਆਂ-2026

ਦੀਵਾਲੀ ਅਤੇ ਛੱਠ ਪੂਜਾ ਤਿਉਹਾਰਾਂ ਦੇ ਦੌਰਾਨ ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਲਈ ਉਤਰ ਰੇਲਵੇ ਦੁਆਰਾ ਹੋਰ ਖੇਤਰੀ ਰੇਲਾਂ ਦੇ ਸਹਿਯੋਗ ਨਾਲ ਹੇਠਾਂ ਲਿਖਤ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾਣਗੀਆਂ, ਜਿਨ੍ਹਾਂ ਦਾ ਵੇਰਵਾ ਹੇਠਾਂ ਅਨੁਸਾਰ ਹੈ:-

ਉੱਤਰ ਰੇਲਵੇ ਨੈਟਵਰਕ ਨਾਲ ਯਾਤਰਾ ਸ਼ੁਰੂ ਕਰਨ ਵਾਲੀਆਂ/ਸਮਾਪਤ ਕਰਨ ਵਾਲੀਆਂ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਦੀ ਸੂਚੀ

ਵਿਸ਼ੇਸ਼ ਰੇਲ ਗੱਡੀ ਨੰ.	ਸਟੇਸ਼ਨ ਤੋਂ	ਰਵਾਨਗੀ ਸਮਾਂ	ਸਟੇਸ਼ਨ ਤਕ	ਪਹੁੰਚ ਸਮਾਂ	ਫ੍ਰੀਕਵੈਂਸੀ/ਚੱਲਣ ਦੇ ਦਿਨ		ਚੱਲਣ ਦੀ ਮਿਤੀ
02252	ਨਵੀਂ ਦਿੱਲੀ (ਵੰਦੇ ਭਾਰਤ ਤਿਉਹਾਰ ਵਿਸ਼ੇਸ਼)	08:35	ਪਟਨਾ ਜੰ.	21:30	ਹਫਤੇ ਵਿਚ 3 ਦਿਨ	ਸੋਮ, ਬੁਧ, ਸ਼ਨੀ	25.11.2026 ਤਕ
02251	ਪਟਨਾ ਜੰ.	10:00	ਨਵੀਂ ਦਿੱਲੀ	23:30		ਮੰਗਲ, ਵੀਰ, ਐਤ	26.11.2026 ਤਕ
02254	ਨਵੀਂ ਦਿੱਲੀ (ਵੰਦੇ ਭਾਰਤ ਤਿਉਹਾਰ ਵਿਸ਼ੇਸ਼)	08:35	ਪਟਨਾ ਜੰ.	21:30	ਹਫਤੇ ਵਿਚ 3 ਦਿਨ	ਐਤ, ਮੰਗਲ, ਵੀਰ	26.11.2026 ਤਕ
02253	ਪਟਨਾ ਜੰ.	10:00	ਨਵੀਂ ਦਿੱਲੀ	23:30		ਸ਼ਨੀ, ਸੋਮ, ਬੁਧ	28.11.2026 ਤਕ
04512	ਚੰਡੀਗੜ ਜੰ.	23:35	ਪਟਨਾ ਜੰ.	21:15	ਹਫਤਾਵਾਰੀ	ਵੀਰਵਾਰ	26.11.2026 ਤਕ
04511	ਪਟਨਾ ਜੰ.	23:15	ਚੰਡੀਗੜ ਜੰ.	21:40		ਸ਼ੁਕਰਵਾਰ	27.11.2026 ਤਕ
04616	ਫਿਰੋਜਪੁਰ ਕੈਂਟ ਜੰ.	12:00	ਪਟਨਾ ਜੰ.	18:35	ਹਫਤਾਵਾਰੀ	ਮੰਗਲਵਾਰ	24.11.2026 ਤਕ
04615	ਪਟਨਾ ਜੰ.	20:20	ਫਿਰੋਜਪੁਰ ਕੈਂਟ ਜੰ.	23:55		ਬੁਧਵਾਰ	25.11.2026 ਤਕ
04008	ਆਨੰਦ ਵਿਹਾਰ (ਟਰਮੀ.)	08:30	ਜੋਗਬਨੀ	15:00	ਹਫਤਾਵਾਰੀ	ਸ਼ਨੀਵਾਰ	07.11.2026 ਤਕ
04007	ਜੋਗਬਨੀ	18:30	ਆਨੰਦ ਵਿਹਾਰ (ਟਰਮੀ.)	03:00		ਐਤਵਾਰ	08.11.2026 ਤਕ
04028	ਆਨੰਦ ਵਿਹਾਰ (ਟਰਮੀ.)	09:15	ਮੁਜਫਰਪੁਰ ਜੰ.	04:30	ਹਫਤੇ ਵਿਚ 2 ਦਿਨ	ਮੰਗਲਵਾਰ, ਸ਼ੁਕਰਵਾਰ	24.11.2026 ਤਕ
04027	ਮੁਜਫਰਪੁਰ ਜੰ.	06:15	ਆਨੰਦ ਵਿਹਾਰ (ਟਰਮੀ.)	05:30		ਬੁਧਵਾਰ, ਸ਼ਨੀਵਾਰ	25.11.2026 ਤਕ
04010	ਦਿੱਲੀ ਜੰ.	23:05	ਸੀਤਾਮੜੀ ਜੰ.	23:30	ਹਫਤਾਵਾਰੀ	ਵੀਰਵਾਰ	19.11.2026 ਤਕ
04009	ਸੀਤਾਮੜੀ ਜੰ.	00:45	ਦਿੱਲੀ ਜੰ.	20:30		ਸ਼ਨੀਵਾਰ	21.11.2026 ਤਕ
04014	ਆਨੰਦ ਵਿਹਾਰ (ਟਰਮੀ.) (ਵਾਯਾ ਲਖਨਊ ਐਨਆਰ)	15:40	ਲੌਕਹਾ ਬਾਜਾਰ	20:15	ਰੋਜਾਨਾ	ਐਤ, ਸੋਮ, ਮੰਗਲ, ਬੁਧ,	29.11.2026 ਤਕ
04013	ਲੌਕਹਾ ਬਾਜਾਰ	22:30	ਆਨੰਦ ਵਿਹਾਰ (ਟਰਮੀ.)	03:40		ਵੀਰ, ਸ਼ੁਕਰ, ਸ਼ਨੀ	30.11.2026 ਤਕ
04314	ਯੋਗ ਨਗਰੀ ਰਿਸ਼ੀਕੇਸ਼	15:20	ਮੁਜਫਰਪੁਰ ਜੰ.	11:45	ਹਫਤੇ ਵਿਚ 2 ਦਿਨ	ਵੀਰਵਾਰ, ਐਤਵਾਰ	29.11.2026 ਤਕ
04313	ਮੁਜਫਰਪੁਰ ਜੰ.	13:15	ਯੋਗ ਨਗਰੀ ਰਿਸ਼ੀਕੇਸ਼	11:15		ਸ਼ੁਕਰਵਾਰ, ਸੋਮਵਾਰ	30.11.2026 ਤਕ
04096	ਆਨੰਦ ਵਿਹਾਰ (ਟਰਮੀ.)	00:05	ਪਾਟਲਿਪੁਤਰ ਜੰ.	23:00	ਰੋਜਾਨਾ	ਐਤ, ਸੋਮ, ਮੰਗਲ, ਬੁਧ	29.11.2026 ਤਕ
04095	ਪਾਟਲਿਪੁਤਰ ਜੰ.	00:45	ਆਨੰਦ ਵਿਹਾਰ (ਟਰਮੀ.)	21:30		ਵੀਰ, ਸ਼ੁਕਰ, ਸ਼ਨੀ	30.11.2026 ਤਕ
04072	ਨਵੀਂ ਦਿੱਲੀ	21:35	ਸੁਪੌਲ	06:35	ਰੋਜਾਨਾ	ਐਤ, ਸੋਮ, ਮੰਗਲ, ਬੁਧ	28.11.2026 ਤਕ
04071	ਸੁਪੌਲ	07:45	ਨਵੀਂ ਦਿੱਲੀ	15:00		ਵੀਰ, ਸ਼ੁਕਰ, ਸ਼ਨੀ	30.11.2026 ਤਕ
04052	ਨਵੀਂ ਦਿੱਲੀ	18:15	ਹਾਵੜਾ ਜੰ.	23:40	ਹਫਤੇ ਵਿਚ 3 ਦਿਨ	ਸ਼ੁਕਰ, ਐਤ, ਮੰਗਲ	29.11.2026 ਤਕ
04051	ਹਾਵੜਾ ਜੰ.	01:40	ਨਵੀਂ ਦਿੱਲੀ	08:20		ਐਤ, ਮੰਗਲ, ਵੀਰ	01.12.2026 ਤਕ
04062	ਆਨੰਦ ਵਿਹਾਰ (ਟਰਮੀ.)	12:00	ਭਾਗਲਪੁਰ ਜੰ.	13:30	ਰੋਜਾਨਾ	ਐਤ, ਸੋਮ, ਮੰਗਲ, ਬੁਧ	27.11.2026 ਤਕ
04061	ਭਾਗਲਪੁਰ ਜੰ.	16:30	ਆਨੰਦ ਵਿਹਾਰ (ਟਰਮੀ.)	20:00		ਵੀਰ, ਸ਼ੁਕਰ, ਸ਼ਨੀ	29.11.2026 ਤਕ
04312	ਯੋਗ ਨਗਰੀ ਰਿਸ਼ੀਕੇਸ਼	22:20	ਕੋਲਕਾਤਾ	08:00	ਹਫਤਾਵਾਰੀ	ਸ਼ੁਕਰਵਾਰ	20.11.2026 ਤਕ
04311	ਕੋਲਕਾਤਾ	13:55	ਯੋਗ ਨਗਰੀ ਰਿਸ਼ੀਕੇਸ਼	23:30		ਐਤਵਾਰ	22.11.2026 ਤਕ
04624	ਅੰਮ੍ਰਿਤਸਰ ਜੰ.	20:10	ਕੋਲਕਾਤਾ	15:00	ਹਫਤਾਵਾਰੀ	ਬੁਧਵਾਰ	25.11.2026 ਤਕ
04623	ਕੋਲਕਾਤਾ	04:45	ਅੰਮ੍ਰਿਤਸਰ ਜੰ.	21:05		ਸ਼ਨੀਵਾਰ	28.11.2026 ਤਕ
04668	ਅੰਮ੍ਰਿਤਸਰ ਜੰ.	20:10	ਬਰੌਨੀ ਜੰ.	02:10	ਹਫਤਾਵਾਰੀ	ਐਤਵਾਰ	29.11.2026 ਤਕ
04667	ਬਰੌਨੀ ਜੰ.	05:05	ਅੰਮ੍ਰਿਤਸਰ ਜੰ.	13:50		ਮੰਗਲਵਾਰ	01.12.2026 ਤਕ
04090	ਨਵੀਂ ਦਿੱਲੀ	23:30	ਦਾਨਾਪੁਰ ਜੰ.	15:00	ਹਫਤੇ ਵਿਚ 2 ਦਿਨ	ਸ਼ੁਕਰਵਾਰ, ਬੁਧਵਾਰ,	27.11.2026 ਤਕ
04089	ਦਾਨਾਪੁਰ ਜੰ.	16:40	ਨਵੀਂ ਦਿੱਲੀ	09:45		ਸ਼ਨੀਵਾਰ, ਵੀਰਵਾਰ	28.11.2026 ਤਕ
04098	ਸ਼ਕੂਰਬਸਤੀ	09:20	ਦਰਭੰਗਾ ਜੰ.	11:45	ਹਫਤੇ ਵਿਚ 6 ਦਿਨ	ਮੰਗਲਵਾਰ ਨੂੰ ਛੱਡ ਕੇ	29.11.2026 ਤਕ
04097	ਦਰਭੰਗਾ ਜੰ.	14:00	ਸ਼ਕੂਰਬਸਤੀ	18:00		ਬੁਧਵਾਰ ਨੂੰ ਛੱਡ ਕੇ	30.11.2026 ਤਕ
04076	ਦਿੱਲੀ ਜੰ.	00:30	ਕਾਮਾਖਯਾ ਜੰ.	21:15	ਹਫਤਾਵਾਰੀ	ਸ਼ਨੀਵਾਰ	28.11.2026 ਤਕ
04075	ਕਾਮਾਖਯਾ ਜੰ.	05:00	ਦਿੱਲੀ ਜੰ.	20:40		ਸੋਮਵਾਰ	30.11.2026 ਤਕ
04064	ਦਿੱਲੀ ਜੰ.	11:00	ਗਯਾ ਜੰ.	07:15	ਹਫਤੇ ਵਿਚ 6 ਦਿਨ	ਸ਼ਨੀਵਾਰ ਨੂੰ ਛੱਡ ਕੇ	30.11.2026 ਤਕ
04063	ਗਯਾ ਜੰ.	09:15	ਦਿੱਲੀ ਜੰ.	08:00		ਐਤਵਾਰ ਨੂੰ ਛੱਡ ਕੇ	01.12.2026 ਤਕ
04088	ਨਵੀਂ ਦਿੱਲੀ	15:50	ਪਟਨਾ ਜੰ.	12:45	ਰੋਜਾਨਾ	ਐਤ, ਸੋਮ, ਮੰਗਲ, ਬੁਧ	30.11.2026 ਤਕ
04087	ਪਟਨਾ ਜੰ.	15:10	ਨਵੀਂ ਦਿੱਲੀ	13:30		ਵੀਰ, ਸ਼ੁਕਰ, ਸ਼ਨੀ	01.12.2026 ਤਕ
04634	ਫਿਰੋਜਪੁਰ ਕੈਂਟ ਜੰ.	17:30	ਪੂਰਨੀਆਂ ਜੰ.	03:00	ਹਫਤਾਵਾਰੀ	ਵੀਰਵਾਰ	26.11.2026 ਤਕ
04633	ਪੂਰਨੀਆਂ ਜੰ.	06:00	ਫਿਰੋਜਪੁਰ ਕੈਂਟ ਜੰ.	16:35		ਸ਼ਨੀਵਾਰ	28.11.2026 ਤਕ
04652	ਅੰਮ੍ਰਿਤਸਰ ਜੰ. (ਵਾਯਾ ਲਖਨਊ ਐਨਆਰ)	10:55	ਜਯਨਗਰ	20:00	ਹਫਤੇ ਵਿਚ 3 ਦਿਨ	ਬੁਧ, ਸ਼ੁਕਰ, ਐਤਵਾਰ	29.11.2026 ਤਕ
04651	ਜਯਨਗਰ	04:15	ਅੰਮ੍ਰਿਤਸਰ ਜੰ.	15:00		ਸ਼ੁਕਰ, ਐਤ, ਮੰਗਲ	01.12.2026 ਤਕ
04406	ਸ਼ਕੂਰਬਸਤੀ	19:10	ਮਾਨਸੀ ਜੰ.	02:30	ਮਿਤੀਵਾਰ	ਵੀਰ, ਸ਼ੁਕਰ, ਸ਼ਨੀ, ਮੰਗਲ, ਬੁਧ, ਵੀਰ, ਸ਼ੁਕਰ, ਸ਼ਨੀ	05, 06, 07, 10, 11, 12, 13 ਅਤੇ 14.11.2026
04405	ਮਾਨਸੀ ਜੰ.	04:30	ਸ਼ਕੂਰਬਸਤੀ	11:30		ਸ਼ਨੀ, ਐਤ, ਸੋਮ, ਵੀਰ, ਸ਼ੁਕਰ, ਸ਼ਨੀ, ਐਤ, ਸੋਮ	07, 08, 09, 12, 13, 14, 15 ਅਤੇ 16.11.2026
04638	ਅੰਮ੍ਰਿਤਸਰ ਜੰ.	19:40	ਛਪਰਾ ਜੰ.	20:45	ਹਫਤਾਵਾਰੀ	ਸੋਮਵਾਰ	30.11.2026 ਤਕ
04637	ਛਪਰਾ ਜੰ.	22:15	ਅੰਮ੍ਰਿਤਸਰ ਜੰ.	00:20		ਮੰਗਲਵਾਰ	01.12.2026 ਤਕ
04640	ਛੇਹਰਟਾ	08:35	ਮੁਜਫਰਪੁਰ ਜੰ.	13:10	ਹਫਤਾਵਾਰੀ	ਸੋਮਵਾਰ	30.11.2026 ਤਕ
04639	ਮੁਜਫਰਪੁਰ ਜੰ.	16:00	ਛੇਹਰਟਾ	21:30		ਮੰਗਲਵਾਰ	01.12.2026 ਤਕ
04404	ਸ਼ਕੂਰਬਸਤੀ	15:15	ਪਟਨਾ ਜੰ.	14:30	ਮਿਤੀਵਾਰ	ਵੀਰ, ਸ਼ੁਕਰ, ਸ਼ਨੀ, ਮੰਗਲ ਬੁਧ, ਵੀਰ, ਸ਼ੁਕਰ, ਸ਼ਨੀ	05, 06, 07, 10, 11, 12, 13 ਅਤੇ 14.11.2026
04403	ਪਟਨਾ ਜੰ.	15:40	ਸ਼ਕੂਰਬਸਤੀ	15:00		ਸ਼ੁਕਰ, ਸ਼ਨੀ, ਐਤ, ਬੁਧ, ਵੀਰ, ਸ਼ੁਕਰ, ਸ਼ਨੀ, ਐਤ	06, 07, 08, 11, 12, 13, 14 ਅਤੇ 15.11.2026
04410	ਸ਼ਕੂਰਬਸਤੀ	13:00	ਝੰਝਾਰਪੁਰ ਜੰ.	16:00	ਮਿਤੀਵਾਰ	ਵੀਰ, ਸ਼ੁਕਰ, ਸ਼ਨੀ, ਮੰਗਲ, ਬੁਧ, ਵੀਰ, ਸ਼ੁਕਰ, ਸ਼ਨੀ	05, 06, 07, 10, 11, 12, 13 ਅਤੇ 14.11.2026
04409	ਝੰਝਾਰਪੁਰ ਜੰ.	18:15	ਸ਼ਕੂਰਬਸਤੀ	01:40		ਸ਼ੁਕਰ, ਸ਼ਨੀ, ਐਤ, ਬੁਧ, ਵੀਰ, ਸ਼ੁਕਰ, ਸ਼ਨੀ, ਐਤ	06, 07, 08, 11, 12, 13, 14 ਅਤੇ 15.11.2026
04536	ਚੰਡੀਗੜ	23:45	ਬਰੌਨੀ ਜੰ.	00:30	ਹਫਤਾਵਾਰੀ	ਸ਼ੁਕਰਵਾਰ	27.11.2026 ਤਕ
04535	ਬਰੌਨੀ ਜੰ.	02:35	ਚੰਡੀਗੜ	03:35		ਐਤਵਾਰ	29.11.2026 ਤਕ
04209	ਵਾਰਾਨਸੀ ਜੰ. (ਵਾਯਾ ਲਖਨਊ ਐਨਆਰ)	22:15	ਦਿੱਲੀ ਜੰ.	13:45	ਹਫਤੇ ਵਿਚ 3 ਦਿਨ	ਸੋਮ, ਬੁਧ, ਸ਼ੁਕਰ	27.11.2026 ਤਕ
04210	ਦਿੱਲੀ ਜੰ.	18:50	ਵਾਰਾਨਸੀ ਜੰ.	09:50		ਮੰਗਲ, ਵੀਰ, ਸ਼ਨੀ	28.11.2026 ਤਕ
04213	ਅਯੁਧਿਆ ਕੈਂਟ (ਵਾਯਾ ਲਖਨਊ ਐਨਆਰ)	18:20	ਆਨੰਦ ਵਿਹਾਰ (ਟਰਮੀ.)	06:10	ਹਫਤੇ ਵਿਚ 2 ਦਿਨ	ਐਤਵਾਰ, ਵੀਰਵਾਰ	29.11.2026 ਤਕ
04214	ਆਨੰਦ ਵਿਹਾਰ (ਟਰਮੀ.)	09:00	ਅਯੁਧਿਆ ਕੈਂਟ	22:00		ਸੋਮਵਾਰ, ਸ਼ੁਕਰਵਾਰ	30.11.2026 ਤਕ
04227	ਵਾਰਾਨਸੀ ਜੰ. (ਵਾਯਾ ਲਖਨਊ ਐਨਆਰ)	11:05	ਚੰਡੀਗੜ	04:20	ਹਫਤੇ ਵਿਚ 2 ਦਿਨ	ਵੀਰਵਾਰ, ਐਤਵਾਰ	29.11.2026 ਤਕ
04228	ਚੰਡੀਗੜ	06:00	ਵਾਰਾਨਸੀ ਜੰ.	00:55		ਸ਼ੁਕਰਵਾਰ, ਸੋਮਵਾਰ	30.11.2026 ਤਕ
04604	ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ	18:15	ਵਾਰਾਨਸੀ ਜੰ.	18:30	ਹਫਤਾਵਾਰੀ	ਐਤਵਾਰ	29.11.2026 ਤਕ
04603	ਵਾਰਾਨਸੀ ਜੰ.	04:30	ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ	04:40		ਮੰਗਲਵਾਰ	01.12.2026 ਤਕ
04610	ਜੰਮੂ ਤਵੀ (ਵਾਯਾ ਲਖਨਊ ਐਨਆਰ)	05:15	ਵਾਰਾਨਸੀ ਜੰ.	05:10	ਹਫਤਾਵਾਰੀ	ਵੀਰਵਾਰ	26.11.2026 ਤਕ
04609	ਵਾਰਾਨਸੀ ਜੰ.	09:00	ਜੰਮੂ ਤਵੀ	08:30		ਸ਼ੁਕਰਵਾਰ	27.11.2026 ਤਕ
04081	ਨਵੀਂ ਦਿੱਲੀ	23:45	ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ	12:00	ਰੋਜਾਨਾ	ਐਤ, ਸੋਮ, ਮੰਗਲ, ਬੁਧ	06.11.2026 ਤਕ
04082	ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ	21:00	ਨਵੀਂ ਦਿੱਲੀ	10:00		ਵੀਰ, ਸ਼ੁਕਰ, ਸ਼ਨੀ	07.11.2026 ਤਕ
04221	ਵਾਰਾਨਸੀ ਜੰ.	20:40	ਬਠਿੰਡਾ ਜੰ.	17:00	ਹਫਤਾਵਾਰੀ	ਐਤਵਾਰ	22.11.2026 ਤਕ
04222	ਬਠਿੰਡਾ ਜੰ.	20:50	ਵਾਰਾਨਸੀ ਜੰ.	17:30		ਸੋਮਵਾਰ	23.11.2026 ਤਕ
04201	ਵਾਰਾਨਸੀ ਜੰ.	16:20	ਅਯੁਧਿਆ ਧਾਮ ਜੰ.	21:40	ਰੋਜਾਨਾ	ਐਤ, ਸੋਮ, ਮੰਗਲ, ਬੁਧ	30.11.2026 ਤਕ
04202	ਅਯੁਧਿਆ ਧਾਮ ਜੰ.	22:20	ਵਾਰਾਨਸੀ ਜੰ.	04:00		ਵੀਰ, ਸ਼ੁਕਰ, ਸ਼ਨੀ	30.11.2026 ਤਕ
04002	ਹਜ਼ਰਤ ਨਿਜਾਮੂਦੀਨ	23:45	ਦਾਦਰ	22:40	ਹਫਤਾਵਾਰੀ	ਮੰਗਲਵਾਰ	24.11.2026 ਤਕ
04001	ਦਾਦਰ	00:15	ਹਜ਼ਰਤ ਨਿਜਾਮੂਦੀਨ	21:35		ਵੀਰਵਾਰ	26.11.2026 ਤਕ
04212	ਸੁਲਤਾਨਪੁਰ ਜੰ. (ਵਾਯਾ ਲਖਨਊ ਐਨਆਰ)	04:00	ਲੋਕਮਾਨਯ ਤਿਲਕ (ਟਰਮੀ.)	14:00	ਹਫਤਾਵਾਰੀ	ਬੁਧਵਾਰ	11.11.2026 ਤਕ
04211	ਲੋਕਮਾਨਯ ਤਿਲਕ (ਟਰਮੀ.)	15:00	ਸੁਲਤਾਨਪੁਰ ਜੰ.	23:00		ਵੀਰਵਾਰ	12.11.2026 ਤਕ
04226	ਵਾਰਾਨਸੀ ਜੰ. (ਵਾਯਾ ਲਖਨਊ ਐਨਆਰ)	01:35	ਲੋਕਮਾਨਯ ਤਿਲਕ (ਟਰਮੀ.)	14:00	ਹਫਤਾਵਾਰੀ	ਵੀਰਵਾਰ	12.11.2026 ਤਕ
04225	ਲੋਕਮਾਨਯ ਤਿਲਕ (ਟਰਮੀ.)	15:00	ਵਾਰਾਨਸੀ ਜੰ.	02:05		ਸ਼ੁਕਰਵਾਰ	13.11.2026 ਤਕ
05736	ਕਟਿਹਾਰ ਜੰ.	21:00	ਅੰਮ੍ਰਿਤਸਰ ਜੰ.	09:45	ਹਫਤਾਵਾਰੀ	ਬੁਧਵਾਰ	25.11.2026 ਤਕ
05735	ਅੰਮ੍ਰਿਤਸਰ ਜੰ.	13:25	ਕਟਿਹਾਰ ਜੰ.	23:45		ਸ਼ੁਕਰਵਾਰ	27.11.2026 ਤਕ
04656	ਲੁਧਿਆਣਾ ਜੰ.	17:35	ਸਹਰਸਾ ਜੰ.	23:50	ਮਿਤੀਵਾਰ	ਸ਼ੁਕਰਵਾਰ, ਸੋਮਵਾਰ ਬੁਧਵਾਰ	06, 09 ਅਤੇ 11.11.2026
04655	ਸਹਰਸਾ ਜੰ.	03:50	ਲੁਧਿਆਣਾ ਜੰ.	08:35		ਐਤਵਾਰ, ਬੁਧਵਾਰ ਸ਼ੁਕਰਵਾਰ	08, 11 ਅਤੇ 13.11.2026
04662	ਲੁਧਿਆਣਾ ਜੰ.	06:30	ਦਰਭੰਗਾ	10:00	ਮਿਤੀਵਾਰ	ਸ਼ਨੀਵਾਰ, ਮੰਗਲਵਾਰ ਬੁਧਵਾਰ	07, 10 ਅਤੇ 11.11.2026
04661	ਦਰਭੰਗਾ	13:00	ਲੁਧਿਆਣਾ ਜੰ.	17:10		ਐਤਵਾਰ, ਬੁਧਵਾਰ ਵੀਰਵਾਰ	08, 11 ਅਤੇ 12.11.2026
04664	ਲੁਧਿਆਣਾ ਜੰ.	06:30	ਗਯਾ ਜੰ.	08:00	ਵੀਰਵਾਰ		12.11.2026 ਨੂੰ
04663	ਗਯਾ ਜੰ.	11:00	ਲੁਧਿਆਣਾ ਜੰ.	12:50	ਸ਼ੁਕਰਵਾਰ		13.11.2026 ਨੂੰ
04666	ਲੁਧਿਆਣਾ ਜੰ.	06:30	ਕੋਲਕਾਤਾ	21:45	ਸ਼ੁਕਰਵਾਰ		06.11.2026 ਨੂੰ
04665	ਕੋਲਕਾਤਾ	23:50	ਲੁਧਿਆਣਾ ਜੰ.	12:50	ਸ਼ਨੀਵਾਰ		07.11.2026 ਨੂੰ
04528	ਸਰਹਿੰਦ	11:25	ਸਹਰਸਾ ਜੰ.	17:00	ਮਿਤੀਵਾਰ	ਵੀਰਵਾਰ ਸੋਮਵਾਰ	05, 09 ਅਤੇ 12.11.2026
04527	ਸਹਰਸਾ ਜੰ.	19:15	ਅੰਬਾਲਾ ਛਾਊਣੀ	22:20		ਸ਼ੁਕਰਵਾਰ ਮੰਗਲਵਾਰ	06, 10 ਅਤੇ 13.11.2026

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਪੈਣ ਵਾਲੇ ਹੋਰ ਸਟੇਸ਼ਨਾਂ ਦੀ ਵਿਸਤ੍ਰਿਤ ਸਮੇਂ-ਸਾਰਣੀ ਅਤੇ ਸ਼੍ਰੇਣੀਆਂ ਦੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ. 139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਵੇਖੋ ਜਾਂ NTES App ਵੇਖੋ

ਉੱਤਰ ਰੇਲਵੇ

ਸਾਨੂੰ www.nr.indianrailways.gov.in ਉਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 'ਤੇ ਸਾਨੂੰ ਫਾਲੋ ਕਰੋ

ਮਾਤਾ ਗੁਜਰੀ ਕਾਲਜ ਵਿਖੇ 'ਦੀਪੋਤਸਵ 2026' ਸਮਾਗਮ ਦਾ ਆਯੋਜਨ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) - ਮਾਤਾ ਗੁਜਰੀ ਕਾਲਜ ਦੇ ਗਣਿਤ ਵਿਭਾਗ ਦੀ ਗਣਿਤ ਐਸੋਸੀਏਸ਼ਨ 'ਦਿ ਲਾਜਿਕ ਲੈਜੈਂਡਜ਼' ਵੱਲੋਂ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਕਲਾਤਮਕ ਪ੍ਰਤਿਭਾ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਦੀਵਾਲੀ ਦੇ ਤਿਉਹਾਰ ਨਾਲ ਸਬੰਧਿਤ 'ਦੀਪੋਤਸਵ 2026' ਸਮਾਗਮ ਦਾ ਆਯੋਜਨ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਸਿਰਜਣਾਤਮਕ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੌਰਾਨ ਦੀਵਾ ਸਜਾਉਣ, ਪੋਸਟਰ ਪੇਸ਼ਕਾਰੀ, ਮਹਿੰਦੀ ਲਗਾਉਣ ਅਤੇ ਰੰਗੋਲੀ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਦੀਵਾ ਸਜਾਉਣ ਮੁਕਾਬਲੇ ਵਿੱਚ ਜਸਲੀਨ ਕੌਰ ਨੇ ਪਹਿਲਾ ਸਥਾਨ, ਹਰਮਨ ਕੌਰ ਨੇ ਦੂਜਾ ਸਥਾਨ ਅਤੇ ਜੈਸਮੀਨ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਪੋਸਟਰ ਪੇਸ਼ਕਾਰੀ ਮੁਕਾਬਲੇ ਵਿੱਚ ਪਰਨੀਤ ਕੌਰ ਪਹਿਲੇ ਸਥਾਨ 'ਤੇ ਰਹੀ, ਜਦ ਕਿ ਰਮਨਦੀਪ ਕੌਰ ਅਤੇ ਸ਼ੁਭਦੀਪ ਕੌਰ ਨੇ ਸਾਂਝੇ ਤੌਰ 'ਤੇ ਦੂਸਰਾ ਅਤੇ ਰਚਨਾ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਮਹਿੰਦੀ ਮੁਕਾਬਲੇ ਵਿੱਚ ਸ਼ਾਲੂ ਨੇ ਪਹਿਲਾ, ਨਵਲੀਨ ਕੌਰ ਨੇ ਦੂਸਰਾ ਅਤੇ ਹੀਨਾ ਰਾਣੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਰੰਗੋਲੀ ਮੁਕਾਬਲੇ ਵਿੱਚ ਰਮਨਦੀਪ ਕੌਰ ਅਤੇ ਹੀਨਾ ਨੇ ਸਾਂਝੇ ਤੌਰ 'ਤੇ ਪਹਿਲਾ, ਸੁਖਮਨ ਕੌਰ ਅਤੇ ਕਲੀ ਨੇ ਦੂਜਾ, ਜਦ ਕਿ ਤਮੰਨਾ ਅਤੇ ਦਿਲਮਨਜੋਤ ਕੌਰ ਨੇ ਸਾਂਝੇ ਤੌਰ 'ਤੇ ਤੀਸਰਾ ਸਥਾਨ ਹਾਸਲ ਕੀਤਾ। ਮੁਕਾਬਲਿਆਂ ਵਿੱਚ ਜੱਜ ਸਾਹਿਬਾਨ ਦੀ ਭੂਮਿਕਾ ਪ੍ਰੋ. ਨਮਿਤਾ ਬੇਰੀ, ਡਾ. ਸਿਮੀ ਗੋਇਲ, ਡਾ. ਹਰਬੀਰ ਕੌਰ, ਪ੍ਰੋ. ਪੂਨਮ ਚਾਵਲਾ, ਡਾ. ਰਜਿੰਦਰ ਪਾਲ ਅਤੇ ਡਾ. ਸ਼ਾਮ ਸੁੰਦਰ ਨੇ ਨਿਭਾਈ। ਕਾਲਜ ਦੇ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੀਆਂ ਸੱਭਿਆਚਾਰਕ ਅਤੇ ਸਿਰਜਣਾਤਮਕ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ, ਕਲਾਤਮਕ ਰੁਚੀ ਅਤੇ ਟੀਮ ਭਾਵਨਾ ਨੂੰ ਵਿਕਸਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਅਵਸਰ ਵੀ ਮਿਲਦਾ ਹੈ।ਗਣਿਤ ਵਿਭਾਗ ਦੀ ਮੁਖੀ ਪ੍ਰੋ. ਨਮਿਤਾ ਬੇਰੀ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਸਾਰੇ ਭਾਗੀਦਾਰਾਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਪਾਠਕ੍ਰਮ ਤੋਂ ਇਲਾਵਾ ਹੋਣ ਵਾਲੀਆਂ ਗਤੀਵਿਧੀਆਂ ਵਿੱਚ ਭਾਗ ਲੈਣਾ ਵੀ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਵਿਕਾਸ ਲਈ ਜ਼ਰੂਰੀ ਹੈ।ਇਨਾਮ ਵੰਡ ਸਮਾਰੋਹ ਮੌਕੇ ਜੇਤੂਆਂ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਗਣਿਤ ਐਸੋਸੀਏਸ਼ਨ ਦੇ ਇੰਚਾਰਜ ਪ੍ਰੋ. ਸ਼ਿਵਦੀਪ ਕੌਰ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਐਸੋਸੀਏਸ਼ਨ ਦੀ ਸਮੁੱਚੀ ਟੀਮ ਪ੍ਰਧਾਨ ਰਾਜਪ੍ਰੀਤ ਕੌਰ, ਮੀਤ ਪ੍ਰਧਾਨ ਰਮਨਦੀਪ ਕੌਰ, ਖ਼ਜ਼ਾਨਚੀ ਜਸਮੀਨ ਕੌਰ ਤੇ ਸੁਰਜੋਤ ਕੌਰ, ਮੀਡੀਆ ਇੰਚਾਰਜ ਸ਼ਾਲੂ ਤੇ ਕਰਨਵੀਰ ਸਿੰਘ, ਸੰਯੁਕਤ ਸਕੱਤਰ ਖ਼ੁਸ਼ਪ੍ਰੀਤ ਕੌਰ ਅਤੇ ਨਵਨੀਤ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਗਣਿਤ ਐਸੋਸੀਏਸ਼ਨ ਵਿਦਿਆਰਥੀਆਂ ਦੇ ਅਕਾਦਮਿਕ ਵਿਕਾਸ, ਬੌਧਿਕ ਆਦਾਨ-ਪ੍ਰਦਾਨ ਅਤੇ ਸਰਵਪੱਖੀ ਵਿਕਾਸ ਲਈ ਸਰਗਰਮ ਅਤੇ ਪ੍ਰਭਾਵਸ਼ਾਲੀ ਮੰਚ ਪ੍ਰਦਾਨ ਕਰਨ ਲਈ ਸਦਾ ਵਚਨਬੱਧ ਹੈ। ਇਸ ਮੌਕੇ ਪ੍ਰੋ. ਅਮਰਪ੍ਰੀਤ ਕੌਰ, ਪ੍ਰੋ. ਸਿਮਰਨਜੋਤ ਕੌਰ, ਪ੍ਰੋ. ਸਲੋਨੀ ਕੌਰ ਅਤੇ ਪ੍ਰੋ. ਮਨਜੋਤ ਕੌਰ ਵੀ ਮੌਜੂਦ ਸਨ।

ਮਾਨਸਾ ਘਟਨਾਵਾਂ ਦੀ ਨਿਰਪੱਖ ਜਾਂਚ ਹੋਵੇ : ਗੋਲਡੀ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ) : ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੁਨਾਮ ਵਿਨਰਜੀਤ ਸਿੰਘ ਗੋਲਡੀ ਨੇ ਮਾਨਸਾ ਵਿੱਚ ਪਿਛਲੇ ਦਿਨਾਂ ਦੌਰਾਨ ਵਾਪਰੀਆਂ ਘਟਨਾਵਾਂ, ਲਾਸ਼ਾਂ ਦੇ ਸਤਿਕਾਰ ਅਤੇ ਇਨਸਾਫ਼ ਦੇ ਮੁੱਦੇ ਨੂੰ ਲੈ ਕੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ। ਵਿਨਰਜੀਤ ਸਿੰਘ ਗੋਲਡੀ ਨੇ ਇਸ ਸਬੰਧੀ ਆਪਣੇ ਦਫਤਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਮੰਗ ਕੀਤੀ ਕਿ ਸਾਰੇ ਮਾਮਲਿਆਂ ਦੀ ਨਿਰਪੱਖ ਜਾਂਚ ਕਰਵਾ ਕੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿੱਤਾ ਜਾਵੇ। ਗੋਲਡੀ ਨੇ ਕਿਹਾ ਕਿ ਮਾਨਸਾ ਵਿੱਚ ਵਾਪਰੀਆਂ ਘਟਨਾਵਾਂ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਅਤੇ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਦੀ ਮੌਤ ਤੋਂ ਬਾਅਦ ਉਸ ਦੀ ਦੇਹ ਦਾ ਸਤਿਕਾਰ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਅਤੇ ਜੇਕਰ ਕਿਸੇ ਮਾਮਲੇ ਵਿੱਚ ਲਾਪਰਵਾਹੀ ਜਾਂ ਗਲਤੀ ਹੋਈ ਹੈ ਤਾਂ ਇਸਦੀ ਜ਼ਿੰਮੇਵਾਰੀ ਤੈਅ ਕਰਕੇ ਸਬੰਧਤ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਗੋਲਡੀ ਨੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਹਾਲ ਹੀ ਵਿੱਚ ਦਿੱਤੇ ਬਿਆਨਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਵਿਰੋਧੀ ਆਗੂਆਂ ਖ਼ਿਲਾਫ਼ ਲਗਾਏ ਜਾਣ ਵਾਲੇ ਦੋਸ਼ਾਂ ਸਬੰਧੀ ਸਰਕਾਰ ਨੂੰ ਸਬੂਤ ਅਤੇ ਤੱਥ ਜਨਤਾ ਸਾਹਮਣੇ ਰੱਖਣੇ ਚਾਹੀਦੇ ਹਨ।

ਝੋਨੇ ਦੀ ਖਰੀਦ 'ਚ ਕਿਸਾਨਾਂ ਨੂੰ ਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ : ਰਾਹੁਲ ਤਿਵਾੜੀ

ਸਮਰਾਲਾ (ਸੁਰਜੀਤ ਸਿੰਘ)-ਝੋਨੇ ਦੀ ਖਰੀਦ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਸਰਕਾਰ ਦੇ ਯਤਨਾਂ ਦੇ ਸਿਲਸਿਲੇ ਵਜੋਂ ਵੀਰਵਾਰ ਨੂੰ ਰਾਹੁਲ ਤਿਵਾੜੀ ਆਈ ਏ ਐਸ, ਸਕੱਤਰ ਖੁਰਾਕ ਅਤੇ ਸਿਵਲ ਸਪਲਾਈ ਵਲੋਂ ਸਥਾਨਕ ਅਨਾਜ ਮੰਡੀ ਦਾ ਦੌਰਾ ਕਰਕੇ ਝੋਨਾ ਖਰੀਦ ਸਬੰਧੀ ਕਾਰਜਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਨਾਲ ਸਥਾਨਕ ਐਸ ਡੀ ਐਮ ਸਮਰਾਲਾ ਗੁਰਸਿਮਰਨਜੀਤ ਕੌਰ ਤੋਂ ਇਲਾਵਾ ਖੇਤੀਬਾੜੀ, ਜਿਲਾ ਖੁਰਾਕ ਸਪਲਾਈ, ਪ੍ਰਦੂਸ਼ਣ ਕੰਟਰੋਲ ਵਿਭਾਗਾਂ ਦੇ ਅਧਿਕਾਰੀ ਵੀ ਸ਼ਾਮਲ ਸਨ। ਰਾਹੁਲ ਤਿਵਾੜੀ ਨੇ ਇਹਨਾਂ ਅਧਿਕਾਰੀਆਂ ਨਾਲ ਇੱਕ ਮੀਟਿੰਗ ਕੀਤੀ, ਜਿਸ ਵਿਚ ਉਹਨਾਂ ਸਿਵਲ ਸਪਲਾਈ ਵਿਭਾਗ ਨੂੰ ਆਦੇਸ਼ ਦਿੱਤੇ ਕਿ ਝੋਨੇ ਦੀ ਖਰੀਦ ਨਿਯਮਾਂ ਅਨੁਸਾਰ ਅਤੇ ਸੁਚੱਜੇ ਢੰਗ ਨਾਲ ਕਰਵਾਈ ਜਾਵੇ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿਕੱਤ ਨਾ ਆਉਣ ਦਿੱਤੀ ਜਾਵੇ।ਅਧਿਕਾਰੀ ਨੇ ਖੇਤੀਬਾੜੀ ਵਿਭਾਗ ਨੂੰ ਹਿਦਾਇਤ ਕੀਤੀ ਕਿ ਉਹ ਕਿਸਨਾਂ ਨਾਲ ਨਿਰੰਤਰ ਤਾਲਮੇਲ ਰੱਖਣ ਅਤੇ ਉਹਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ ਜਾਵੇ। ਉਹਨਾਂ ਇਹ ਵੀ ਕਿਹਾ ਕਿ ਇਸ ਸਬੰਧੀ ਲੋਕਾਂ ਨੂੰ ਝੋਨੇ ਦੀ ਰਹਿੰਦ ਖੂਹੰਦ ਦੀ ਸਾਂਭ ਸੰਭਾਲ ਲਈ ਪਿੰਡਾਂ ਵਿਚ ਜਾ ਕੇ ਵੱਧ ਤੋਂ ਵੱਧ ਕੈਂਪ ਲਗਾਉਣ।ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਹਿਦਾਇਤ ਕਰਦਿਆਂ ਉਹਨਾਂ ਕਿਹਾ ਕਿ ਉਹ ਹਰ ਰੋਜ ਆਪਣੇ ਅਧਿਕਾਰ ਖੇਤਰ ਵਿਚ ਫੀਲਡ ਦਾ ਦੌਰਾ ਕਰਨ ਅਤੇ ਕਿਸੇ ਵੀ ਕਿਸਾਨ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦਿੱਤੀ ਜਾਵੇ।

PUBLIC NOTICE

I Rabia Begam W/o Aaijul Mollah R/o Amritsar, have approached Equitas Small Finance Bank Limited at Amritsar, for availing a loan to purchase and mortgage of below mentioned immovable property having its Sale deed of 59 Sq yards has been executed by Baldev Raj S/o Nika Mal in favour of Urmila W/o Raman Kumar vide Doc no. 10690 dated-28-02-2007 registered at sub-Registrar, Distt. Amritsar. Anybody having any claim or objection in creating mortgage over said property in favour of above Bank shall approach concerned authority within seven days from this publication, failing which it shall be presumed that there is no objection or claim of any one over this property and the bank may proceed further in advancing loan by way of mortgaging the said property. Further, any objection or claim made thereafter shall have no legal effect on me or on the Bank.

DESCRIPTION OF THE PROPERTY

Property bearing Khanna Sumari No. 163 old and New No. 310/11 situated at Amritsar Katra Bag Singh Bazar Toba Bhae Salo inside Gali Lubha Tehsil and District Amritsar (PB). Boundaries as under:- North: Chandan Kumar, South; Gali and Door of House situated, East: House of Suraj kant, West: Chandan Kumar

Name & address of property owner/ Purchaser Rabia Begam W/o Aaijul Mollah & Aaijul Mollah S/O Fajal Mollah

Through

Harpal Singh Nijjar, Advocate
Mob. 98156-10005

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਮਿਸ ਰਜਨੀਤ ਕੌਰ ਸਬ ਰਜਿਸਟਰਾਰ ਜਲੰਧਰ-2

ਵਿਸ਼ਾ: ਵਸੀਅਤ ਰਜਿਸਟ੍ਰੇਸ਼ਨ ਐਕਟ 1908 ਦੀ ਧਾਰਾ 40 ਅਧੀਨ ਰਜਿਸਟਰ ਕਰਨ ਬਾਰੇ।

ਦਰਖਾਸਤ ਵੱਲੋਂ ਬਲਬੀਰ ਸਿੰਘ ਚੀਮਾ

ਉਪਰੋਕਤ ਵਿਸ਼ੇ ਦੇ ਸਬੰਧ ਵਿਚ ਬਲਬੀਰ ਸਿੰਘ ਚੀਮਾ ਪੁੱਤਰ ਜਗੀਰ ਸਿੰਘ ਵਾਸੀ ਮਕਾਨ ਨੰ: 250 ਰਤਨ ਗਾਰਡਨ, ਜ਼ਿਲ੍ਹਾ ਜਲੰਧਰ ਨੇ ਨਿਮਨ ਹਸਤਾਖਰ ਦੇ ਦਫਤਰ ਪੇਸ਼ ਹੋ ਕੇ ਦਰਖਾਸਤ ਦਿੱਤੀ ਹੈ ਕਿ ਉਸ ਦੀ ਪਤਨੀ ਲੇਟ ਸ੍ਰੀਮਤੀ ਲਖਵਿੰਦਰ ਕੌਰ ਦੀ ਮੌਤ ਮਿਤੀ 05-07-2026 ਨੂੰ ਹੋ ਚੁੱਕੀ ਹੈ। ਉਨ੍ਹਾਂ ਨੇ ਆਪਣੀ ਮੌਤ ਤੋਂ ਪਹਿਲਾ ਮਿਤੀ 29-05-2026 ਨੂੰ ਇਕ ਅਣ-ਰਜਿਸਟਰਡ ਵਸੀਅਤ ਕੀਤੀ ਸੀ।ਪਰ ਇਹ ਵਸੀਅਤ ਰਜਿਸਟਰਡ ਨਹੀਂ ਕਰਵਾਈ ਗਈ ਸੀ। ਇਹ ਵਸੀਅਤ ਅੰਡਰ ਸੈਕਸ਼ਨ 40 ਰਜਿਸਟਰਡ ਕਰਨੀ ਹੈ। ਇਹ ਵਸੀਅਤ ਰਜਿਸਟ੍ਰੇਸ਼ਨ ਐਕਟ 1908 ਦੀ ਧਾਰਾ 40 ਅਧੀਨ ਰਜਿਸਟਰਡ ਕੀਤੀ ਜਾਣੀ ਹੈ, ਜੇਕਰ ਇਸ ਵਸੀਅਤ ਦੇ ਰਜਿਸਟਰਡ ਹੋਣ ਵਿਚ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਖੁਦ ਜਾਂ ਕਿਸੇ ਇਤਰਾਜ਼ ਅਸਾਲਤਨ ਜਾਂ ਵਕਾਲਤਨ ਜਾਂ ਬਜ਼ਰੀਆ ਮੁਖਤਿਆਰ ਨਿਮਨ ਹਸਤਾਖਰ ਦੀ ਅਦਾਲਤ ਵਿਚ ਹਾਜ਼ਰ ਆ ਕੇ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਵਸੀਅਤ ਰਜਿਸਟਰਡ ਕਰਨ ਸੰਬੰਧੀ ਅਗਲੀ ਕਾਰਵਾਈ ਆਰੰਭੀ ਜਾਵੇਗੀ।

ਸਹੀ/-ਸਬ-ਰਜਿਸਟਰਾਰ ਜਲੰਧਰ-2

ਨੰਬਰ : 3007/ਆਰ. ਸੀ./ਮਿਤੀ : 28.07.26

ਸਰਕਾਰ ਪਹਿਲਾਂ ਤੋਂ ਮਿਲੇ ਰੁਜ਼ਗਾਰ ਨੂੰ ਖੋਹਣ ਦੇ ਰਾਹ ਤੁਰੀ-ਆਗੂ

ਮਾਨਸਾ/ਮੋਗਾ (ਆਤਮਾ ਸਿੰਘ ਪਮਾਰ, ਇਕਬਾਲ ਸਿੰਘ ਖਹਿਰਾ) ਇੱਕ ਪ੍ਰਾਈਵੇਟ ਕੰਪਨੀ ਦੀ ਅਣਗਹਿਲੀ ਕਾਰਨ 253 ਅਧਿਆਪਕਾਂ ਨੂੰ ਆਪਣੀ ਨੌਕਰੀ ਤੋਂ ਹੱਥ ਧੋਣੇ ਪੈ ਰਹੇ ਹਨ। ਪੰਜਾਬ ਸਰਕਾਰ ਦੀ ਇਸ ਮਸਲੇ ਪ੍ਰਤੀ ਬੇਰੁਖੀ ਅਤੇ ਰੁਜ਼ਗਾਰ ਖੋਹਣ ਦੀ ਨੀਤੀ ਦੀ ਡੈਮੋਕ੍ਰੇਟਿਕ ਟੀਚਰ ਫਰੰਟ ਵੱਲੋਂ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ। ਡੀ ਟੀ ਐਫ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਗੱਲਬਾਤ ਦੌਰਾਨ ਦੱਸਿਆ ਕਿ ਨਾਈਲੇਟ ਨਾਂ ਦੀ ਇੱਕ ਨਿੱਜੀ ਕੰਪਨੀ ਨੇ ਇਨ੍ਹਾਂ ਅਧਿਆਪਕਾਂ ਦਾ ਟੈਸਟ ਲਿਆ ਸੀ। ਜਿਸ ਦੇ 83 ਪ੍ਰਸ਼ਨਾਂ ਦੇ ਉੱਤਰ ਗਲਤ ਪਾਏ ਗਏ। ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਆਦੇਸ਼ਾਂ ਅਨੁਸਾਰ ਇਨ੍ਹਾਂ ਅਧਿਆਪਕਾਂ ਨੂੰ ਰੁਜ਼ਗਾਰ ਮਿਲਿਆ ਪ੍ਰੰਤੂ ਹੁਣ ਮੁੜ ਪੁਰਾਣੀ ਉੱਤਰ ਪੱਤਰੀ ਨੂੰ ਆਧਾਰ ਮੰਨ ਕੇ ਪੰਜਾਬ ਸਰਕਾਰ ਨੇ ਇੱਕ ਝਟਕੇ ਨਾਲ ਇਨ੍ਹਾਂ ਦੀਆਂ ਸੇਵਾਵਾਂ ਖ਼ਤਮ ਕਰ ਦਿੱਤੀਆਂ ਹਨ।ਜਿਸ ਕਰਕੇ ਇਨ੍ਹਾਂ ਅਧਿਆਪਕਾਂ ਦੇ ਭਵਿੱਖ ਤੇ ਸਵਾਲੀਆ ਨਿਸ਼ਾਨ ਲੱਗ ਗਿਆ ਹੈ। ਡੀ ਟੀ ਐਫ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਇਨ੍ਹਾਂ ਅਧਿਆਪਕਾਂ ਦੇ ਰੁਜ਼ਗਾਰ ਉਜਾੜੇ ਦੇ ਨਾਦਰਸ਼ਾਹੀ ਫੁਰਮਾਨ ਦੀ ਤਿੱਖੀ ਅਲੋਚਨਾ ਕਰਦਿਆਂ ਹੁਕਮਾਂ ਨੂੰ ਤੁਰੰਤ ਵਾਪਿਸ ਲੈਣ ਦੀ ਮੰਗ ਕੀਤੀ।

ਜੱਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼੍ਰਿਗਾਰਾ ਸਿੰਘ, ਤਰਸੇਮ ਬੱਤਾਵਾਂ, ਹਰਦੀਪ ਸਿੰਘ, ਰਾਜਿੰਦਰਪਾਲ ਸਿੰਘ ਨੇ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਦੀਆਂ ਗਲਤੀਆਂ ਦਾ ਖਮਿਆਜ਼ਾ ਅਧਿਆਪਕ ਵਰਗ ਨੂੰ ਭੁਗਤਣਾ ਪੈਂਦਾ ਹੈ। ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ,ਕੁਲਦੀਪ ਅੱਕਾਂਵਾਲੀ, ਜਰਨੈਲ ਬੋਹਾ, ਸੰਦੀਪ ਚਹਿਲ ਉੱਡਤ, ਗੁਰਮੇਲ ਸਿੰਘ ਬੋਹਾ, ਅਜੈ ਕੁਮਾਰ ਬੋਹਾ, ਪਰਸ਼ੋਤਮ ਜੰਡੂ, ਕੁਲਜੀਤ ਪਾਠਕ, ਬਰਨਾਲਾ, ਚਰਨਪਾਲ ਸਿੰਘ,ਜਸਵਿੰਦਰ ਹਾਕਮਵਾਲਾ,ਨਰੇਸ਼ ਮਾਨਸਾ ,ਬਲਕਾਰ ਸਿੰਘ,ਰਜਿੰਦਰ ਸਿੰਘ ਐਚ ਟੀ, ਸੁਖਚੈਨ ਸੇਖੋਂ, ਮੱਘਰ ਸਿੰਘ,ਜਸਪ੍ਰੀਤ ਘੁਰਕਣੀ,ਜਗਪਾਲ ਸਿੰਘ, ਅਰਵਿੰਦਰ ਸਿੰਘ,ਅਮਨਦੀਪ ਕੌਰ, ਸੰਦੀਪ ਕੌਰ, ਖੁਸ਼ਵਿੰਦਰ ਕੌਰ,ਸੁਖਵਿੰਦਰ ਗਮੀਵਾਲਾ, ਜਸਵਿੰਦਰ ਕਾਮਰੇਡ, ਹਰਵਿੰਦਰ ਸਮਾਓ, ਮਨਦੀਪ ਕੁਮਾਰ, ਕੁਲਵਿੰਦਰ ਦਲੇਲਵਾਲਾ, ਬਲਜਿੰਦਰ ਦਲੇਲਵਾਲਾ, ਧਰਮ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

Change of Name

I Seema Rani Wife of Deepak Kumar Gupta, Resident of # 474, Ward Number 02, Mohalla Kartar Nagar Shahkot, Tehsil Shahkot, District Jalandhar, Punjab, 144702 India have changed my name Seema Rani to Seema Gupta Note Please.

I, Neelam W/O Darshan Lal R/O 2737, Gali Sikandra, Katra Dulo, Amritsar, Punjab have changed my name from Neelam to Nilam. Concerned note.

I, Sunil Kumar S/o Tilak Raj R/o V.PO.Kalyanpur, Distt. Jalandhar, Punjab have changed my name from Sunil Kumar to Given name as Sunil and Kumar as Surname. All please note.

I, Meena Rani W/o Sunil Kumar R/o V.PO.Kalyanpur, Distt. Jalandhar, Punjab have changed my name from Given name as Meena and Rani as Surname. All please note.

I Harkamal Singh S/o Surinder Singh R/o Vill Mander PO Adda Kathar Distt. Jalandhar 144106 Punjab. Inform that my given name is Harkamal and surname is Singh.

I, Rohit S/o Anuraj Yadav R/o 202, Gali No.8, Vikas Nagar, Khandwala, Amritsar have changed my name from Rohit to Rohit Yadav.

I, Gagandeep Singh s/o Gurdeep Singh r/o Vill. Kot Karar Khan, PO & Distt. Kapurthala have changed my Given name as Gagandeep & Surname as Singh. All Please Note.

I, hitherto known as Bandna Devi D/o Gurcharan Singh R/o VTC: Toadarpur Urf Theh. Pachrali, PO: Toadarpur, Distt. Hoshiarpur, Punjab- 144404 have changed my name and shall hereafter be known as Bandana Devi.

I, Pardeep Singh S/o Sukhwinder Singh R/o Vill. Madhopur, Po. Jallowal Madhopur, Distt. Kapurthala, Punjab have changed my name from Pardeep Singh to Singh Pardeep (Surname as Singh) All Please Note.

I, Shweta Kaur D/o Sanjeev Kumar R/o Near Ravidass Gurdwara Sahib, VPO. Bohani, Tehsil Phagwara, Distt.Kapurthala have changed my name to Given name as Shweta & Surname as Kaur. All Please Note.

I, Glory Masih W/o Samson R/o Village Kot Yograj, PO. Kala Bala, Distt. Gurdaspur, Punjab-143528, have changed my name from Glory to Glory Masih, After Marriage. All Please Note.

I, Jashanpreet Singh S/o Balwinder Singh R/o House Number 99, Street Number 4, New Harbans Nagar, Jalandhar, Punjab-144001 have changed my name from Jashanpreet Singh to Jashan Preet Singh Powar (Powar as Surname). All concerned please note.

ਆਮ ਸੂਚਨਾ

ਮੈਂ, ਮਨਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਵਾਸੀ ਪਿੰਡ ਮਿਆਣੀ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਜ਼ਮੀਨ ਵਾਕਿਆ ਪਿੰਡ ਮਿਆਣੀ ਹੱਦਬਸਤ ਨੰ: 532 ਦੀ ਜਮ੍ਹਾਂਬੰਦੀ ਦੇ ਕੁਝ ਖੇਵਟਾਂ ਵਿਚ ਮੇਰਾ ਨਾਂਅ ਅਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਗਲਤ ਦਰਜ ਹੈ, ਜਦ ਕਿ ਮੇਰਾ ਸਹੀ ਨਾਂਅ ਮਨਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਹੈ। ਕ੍ਰਿਪਾ ਕਰਕੇ ਮਾਲ ਰਿਕਾਰਡ ਵਿਚ ਮੇਰਾ ਨਾਂਅ ਮਨਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਦਰਜ ਕੀਤਾ ਜਾਵੇ।

ਮੈਂ ਹਰਜੀਤ ਕੌਰ ਸੁਪਤਨੀ ਸਰਦਾਰ ਬਲਕਾਰ ਸਿੰਘ ਵਾਸੀ ਸਲੇਮਗੜ੍ਹ ਤਹਿਸੀਲ ਮੂਨਕ ਜ਼ਿਲਾ ਸੰਗਰੂਰ ਦੀ ਰਹਿਣ ਵਾਲੀ ਹਾਂ। ਮੈਂ ਹਰ ਇੱਕ ਆਮ ਅਤੇ ਖਾਸ ਨੂੰ ਸੂਚਿਤ ਕਰਨਾ ਚਾਹੁੰਦੀ ਹਾਂ ਕਿ ਮੇਰਾ ਨਾਮ ਮੇਰੇ ਬੱਚੇ ਲਵਪ੍ਰੀਤ ਸਿੰਘ ਦੇ ਸਕੂਲ ਸਰਟੀਫਿਕੇਟ ਵਿੱਚ ਗਲਤ ਸਪੈਲਿੰਗ ਨਾਲ ਦਰਜ ਹੋਇਆ ਹੈ ਕਿਰਪਾ ਕਰਕੇ ਮੇਰੇ ਨਾਮ ਦੇ ਸਹੀ ਸਪੈਲਿੰਗ ਹੀ ਸਕੂਲ ਦਸਤਾਵੇਜ਼ ਵਿੱਚ ਦਰਜ ਕੀਤੇ ਜਾਣ।

ਮੈਂ, ਬੂਟਾ ਰਾਮ ਪੁੱਤਰ ਹਰਬੰਸ ਲਾਲ ਵਾਸੀ ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਨਿਤਿਸ਼ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਬੇਦਖਲੀ ਵਾਪਿਸ ਲੈਂਦਾ ਹਾਂ ਅਤੇ ਹੁਣ ਮੇਰਾ ਲੜਕਾ ਮੇਰੀ ਚੱਲ ਵਾ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਨਾਂਅ ਦੀ ਬਦਲੀ

ਮੈਂ, ਸੁਖਚੈਨ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਘਾਂਗਾ ਖੁਰਦ, ਤਹਿਸੀਲ ਜਲਾਲਾਬਾਦ ਪੱ:, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰੇ ਆਧਾਰ ਕਾਰਡ, ਵੋਟਰ ਕਾਰਡ, ਪੈਨ ਕਾਰਡ ਵਿਚ ਮੇਰਾ ਨਾਂਅ ਸੁਖਚੈਨ ਸਿੰਘ ਹੈ। ਮੇਰੇ ਪਾਸਪੋਰਟ ਪਰ ਮੇਰਾ ਨਾਂਅ ਸੁਖਚੈਨ ਸਿੰਘ ਸੰਧੂ ਪੁੱਤਰ ਸੁਰਜੀਤ ਸਿੰਘ ਦਰਜ ਹੈ। ਸੁਖਚੈਨ ਸਿੰਘ ਅਤੇ ਸੁਖਚੈਨ ਸਿੰਘ ਸੰਧੂ ਦੋਵੇਂ ਨਾਂਅ ਮੇਰੇ ਹਨ। ਹੁਣ ਮੈਂ ਆਪਣਾ ਨਾਂਅ ਸੁਖਚੈਨ ਸਿੰਘ ਸੰਧੂ ਤੋਂ ਬਦਲ ਕੇ ਸੁਖਚੈਨ ਸਿੰਘ ਰੱਖ ਲਿਆ ਹੈ।

ਬੇਦਖਲੀ ਨੋਟਿਸ

ਮੈਂ ਰੂਪਾ ਪਤਨੀ ਰਣਜੀਤ ਸਿੰਘ ਵਾਸੀ ਹਾਊਸ ਨੰ: 89, ਭੂਤਨਪੁਰਾ ਛੋਟਾ ਹਰੀਪੁਰਾ, ਅੰਮ੍ਰਿਤਸਰ ਆਪਣਾ ਲੜਕੇ ਰਵਿੰਦਰ ਸਿੰਘ ਉਰਫ਼ ਸੋਨੂੰ ਤਲਾਕਸ਼ੁਦਾ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦੀ ਹਾਂ। ਉਸਦੇ ਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਗੈਰ ਕਾਨੂੰਨੀ ਕੰਮ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਰਵਿੰਦਰ ਸਿੰਘ ਉਰਫ ਸੋਨੂੰ ਦੇ ਨਾਲ ਕੋਈ ਸਬੰਧ ਨਹੀ ਹੈ।

ਮੈਂ ਰੇਸ਼ਮ ਲਾਲ ਵਾਸੀ ਕਾਲਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਦਾ ਰਹਿਣ ਵਾਲਾ ਹਾਂ ਮੇਰਾ ਲੜਕਾ ਪਰਮਜੀਤ ਕੁਮਾਰ ਤੇ ਮੇਰੀ ਨੂੰਹ ਅਮਰਜੀਤ ਕੌਰ ਜੋ ਮੇਰੇ ਪਰਿਵਾਰ ਨਾਲ ਲੜਾਈ ਝੱਗੜਾ ਕਰਦੇ ਹਨ ਮੇਰਾ ਤੇ ਮੇਰੇ ਪਰਿਵਾਰ ਨਾਲ ਇਨ੍ਹਾਂ ਦਾ ਕੋਈ ਵੀ ਲੈਣ ਦੇਣ ਨਹੀਂ ਹੈ ਮੈਂ ਦੋਨਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਜੋ ਵੀ ਇਨ੍ਹਾਂ ਨਾਲ ਲੈਣ ਦੇਣ ਕਰੇਗਾ ਉਹ ਖ਼ੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਗੁਰਬਚਨ ਸਿੰਘ ਪੁੱਤਰ ਸਰਵਨ ਸਿੰਘ, ਅਮਰਜੀਤ ਕੌਰ ਪਤਨੀਂ ਗੁਰਬਚਨ ਸਿੰਘ, ਵਾਸੀਆਨ ਗੁਰੂ ਨਾਨਕ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਮਲਕੀਤ ਸਿੰਘ, ਨੂੰਹ ਕੋਮਲ ਰਾਣੀ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜ਼ਿੰਮੇਵਾਰ ਹੋਣਗੇ

ਮੈਂ, ਕਰਨੈਲ ਸਿੰਘ ਪੁੱਤਰ ਹਰਦਿਆਲ ਸਿੰਘ, ਪਿੰਡ ਹਰਚੰਦਪੁਰ (ਧੂਰੀ) ਜਿਲ੍ਹਾ ਸੰਗਰੂਰ ਆਪਣੀ ਲੜਕੀ ਹਰਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜ਼ਿੰਮੇਵਾਰ ਹੋਣਗੇ।

ਮੈਂ, ਸਰਜੀਵਨ ਕੁਮਾਰ ਪੁੱਤਰ ਮਹਿੰਦਰ ਲਾਲ ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪਕ ਭਾਸਕਰ ਅਤੇ ਮੇਰੀ ਲੜਕੀ ਜੋਤੀ ਸ਼ਰਮਾ ਪਤਨੀ ਮਨੋਜ ਕੁਮਾਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਚੰਗਾ ਵਿਹਾਰ ਨਹੀਂ ਕਰਦੇ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਨਰੇਸ਼ ਕੁਮਾਰ (ਆਧਾਰ ਕਾਰਡ ਨੰਬਰ: 6201 9930 4454) ਪੁੱਤਰ ਖੁਸ਼ਹਾਲ ਚੰਦ ਵਾਸੀ ਪਿੰਡ ਗੋਸਲ, ਡਾਕਖਾਨਾ ਸੈਦੋਵਾਲ ਤਹਿਸੀਲ ਵਾ ਜਿਲਾ ਕਪੂਰਥਲਾ, ਪੰਜਾਬ-144620 ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਉਂਕਾਰ ਸਿੰਘ ਤੇ ਨੂੰਹ ਸ਼ਿਫਾਲੀ ਉਰਫ ਸੀਆ ਮੇਰੇ ਕਹਿਣੇ ਤੋ ਬਾਹਰ ਹਨ ਤੇ ਆਪਣੀ ਮਰਜੀ ਕਰਦੇ ਹਨ, ਇਸ ਲਈ ਮੈਂ ਇਹਨਾਂ ਦੋਨਾਂ ਨੂੰ ਆਪਣੀ ਤਮਾਮ ਚਲ-ਅਚਲ ਜਾਇਦਾਦ ਚੋਂ ਬੇਦਖਲ ਕਰਦਾ ਹਾਂ। ਅੱਜ ਤੋ ਬਾਦ ਅਗਰ ਕੋਈ ਇਹਨਾ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਜਾਂ ਮੇਰੇ ਪਰਿਵਾਰ ਦੇ ਕਿਸੇ ਮੈਂਬਰ ਦੀ ਦੀ ਕੋਈ ਜਿੰਮੇਵਾਰੀ ਨਹੀ ਹੋਵੇਗੀ।

ਮੈਂ, ਕੁਲਵਿੰਦਰ ਕੌਰ ਪਤਨੀ ਹਰਭਜਨ ਸਿੰਘ, ਵਾਸੀ ਪਿੰਡ ਸੁਰਖਪੁਰ, ਤਹਿਸੀਲ ਵਾ ਜਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਅਤੇ ਨੂੰਹ ਜੋਤੀ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਜਤਿੰਦਰ ਸਿੰਘ ਅਤੇ ਨੂੰਹ ਜੋਤੀ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਦੋਵਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਨੀਤਾ ਰਾਏ ਪਤਨੀ ਮਨੋਜ ਕੁਮਾਰ ਪੁੱਤਰ ਪਵਨ ਕੁਮਾਰ ਵਾਸੀ ਲਹੌਰੀ ਗੇਟ, ਮਕਾਨ ਨੰ. 220, ਜਿਲ੍ਹਾ ਕਪੂਰਥਲਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਰਵੀਨਾ ਉਰਫ ਗਗਨ ਪਤਨੀ ਹਰਜਿੰਦਰ ਸਿੰਘ ਉਰਫ ਬੰਟੀ ਅਤੇ ਮੇਰਾ ਜਵਾਈ ਹਰਜਿੰਦਰ ਸਿੰਘ ਉਰਫ ਬੰਟੀ ਪੁੱਤਰ ਪਾਲ ਸਿੰਘ ਦੋਨੋਂ ਮੇਰੇ ਕਹਿਣੇ ਕਾਰ ਤੋ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਸਾਰੀ ਚੱਲ ਤੇ ਅਚੱਲ ਜਾਇਦਾਦ ਵਿਚੋ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ ।

ਬੇਦਖਲੀ ਨੋਟਿਸ

ਅਸੀਂ ਨਿਰਮਲ ਸਿੰਘ ਪੁੱਤਰ ਭਾਗ ਸਿੰਘ, ਪਰਮਜੀਤ ਕੌਰ ਪਤਨੀ ਨਿਰਮਲ ਸਿੰਘ ਵਾਸੀ 4821, ਨਵੀ ਅਬਾਦੀ, ਜੰਡਿਆਲਾ ਗੁਰੂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਚੰਦਨਪ੍ਰੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਅਸੀਂ ਇਸਦੇ ਕਿਸੇ ਲੈਣ ਦੇਣ ਦੇ ਜਿੰਮੇਵਾਰ ਨਹੀਂ ਹੋਵਾਂਗੇ।

ਅਸੀਂ ਸੁਰਿੰਦਰ ਕੁਮਾਰ ਪੁੱਤਰ ਰਾਮ ਲਾਲ ਅਤੇ ਵੀਨਾ ਰਾਣੀ ਪਤਨੀ ਸੁਰਿੰਦਰ ਕੁਮਾਰ ਵਾਸੀਆਨ ਮਕਾਨ ਨੰਬਰ ਡਬਲਿਊ ਐਸ 46/ ਏ , ਮੁਹੱਲਾ ਸੱਤਰਾਂ , ਬਸਤੀ ਸ਼ੇਖ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਜੇ ਵਰਮਾ ਉਸਦੀ ਪਤਨੀ ਪ੍ਰੀਤੀ ਅਤੇ ਇਹਨਾਂ ਦੇ ਬੱਚੇ ਰਾਘਵਾ ਵਰਮਾ, ਕੋਸ਼ਿਕਾ ਵਰਮਾ ਅਤੇ ਹੇਮੰਤ ਵਰਮਾ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਹਨਾ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਸ਼ੀਲਾ ਦੇਵੀ ਉਰਫ ਸ਼ੀਲਾ ਪਤਨੀ ਲੇਟ ਸ੍ਰੀ ਭਗਤ ਰਾਮ ਵਾਸੀ ਮਕਾਨ ਨੰ: 04, ਚੱਕੀ ਪ੍ਰੀਤਮ ਸਿੰਘ, ਜੀ. ਟੀ. ਰੋਡ ਛੇਹਰਟਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹੀਰਾ ਸਿੰਘ ਅਤੇ ਉਸ ਦੀ ਪਤਨੀ ਪਿੰਕੀ ਅਤੇ ਮੇਰੀਆਂ ਲੜਕੀਆਂ ਗੀਤਾ ਅਤੇ ਕਮਲਾ ਸ਼ਾਦੀਸ਼ੁਦਾ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਮਹਿੰਦਰ ਸਿੰਘ ਪੁੱਤਰ ਸ੍ਰੀ ਮੁਸ਼ੇ ਵਾਸੀ ਪਿੰਡ ਬੀਰਬਲ ਪੁਰਾ, ਡਾਕ. ਬੱਲ ਖੁਰਦ, ਥਾਣਾ ਕੰਬੋਜ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਾਸ਼ ਅਤੇ ਉਸ ਦੀ ਪਤਨੀ ਕਿਰਨ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਸੁਭੋਧ ਰੰਜਨ ਪੁੱਤਰ ਮਹੇਸ਼ ਰਾਮ ਵਾਸੀ ਪਿੰਡ ਗੱਧੋਵਾਲੀ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਸੁਸ਼ਮਾ ਦੇਵੀ ਵਾ ਮੇਰਾ ਪੁੱਤਰ ਅਸ਼ਵਨੀ ਰੰਜਨ ਵਾ ਮੇਰੀ ਪੁੱਤਰੀ ਅਕਾਂਸ਼ਾ ਕੁਮਾਰੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਮਨਦੀਪ ਕੋਰ ਪਤਨੀ ਬਲਦੇਵ ਸਿੰਘ ਵਾਸੀ ਪੱਤੀ ਬੂਲੇ ਕੀ, ਰੁੜਕਾ ਕਲਾਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਮਿੰਦਰ ਸਿੰਘ ਅਤੇ ਉਸਦੀ ਪਤਨੀ ਦਾਮੀਨੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਜੋਗਿੰਦਰ ਕੁਮਾਰ ਪੁੱਤਰ ਚਮਨ ਲਾਲ ਅਤੇ ਸਰਫੋ ਦੇਵੀ ਪਤਨੀ ਜੋਗਿੰਦਰ ਕੁਮਾਰ ਵਾਸੀ ਮਕਾਨ ਨੰਬਰ 3446, ਭਾਰਗਵ ਨਗਰ, ਜਲੰਧਰ ਹਲਫੀਆ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਤਿੰਦਰ ਕੁਮਾਰ ਅਤੇ ਉਸਦੀ ਪਤਨੀ ਦੀਪਿਕਾ ਅਰੋੜਾ, ਜੋਕਿ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਦੋਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰੇਗਾ ਉਹ ਉਸ ਦਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸਾਰੇ ਸੰਬੰਧਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਗੁਰਬਖਸ ਸਿੰਘ ਪੁੱਤਰ ਸੰਤਾ ਸਿੰਘ ਵਾਸੀ ਪਿੰਡ ਉਸਮਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ ਤੇ ਮੇਰੀ ਨੂੰਹ ਦਿਲਪ੍ਰੀਤ ਕੋਰ ਪਤਨੀ ਮਲਕੀਤ ਸਿੰਘ ਤੇ ਮੇਰਾ ਲੜਕਾ ਹਰਦੀਪ ਸਿੰਘ ਪੁੱਤਰ ਹਰਜਿੰਦਰ ਸਿੰਘ ਤੇ ਗੁਰਮੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਤੇ ਮੇਰੀ ਨੂੰਹ ਪ੍ਰਭਜੋਤ ਕੋਰ ਪਤਨੀ ਗੁਰਮੀਤ ਸਿੰਘ ਅਤੇ ਗੁਰਜੰਟ ਸਿੰਘ ਪੁੱਤਰ ਹਰਜਿੰਦਰ ਸਿੰਘ ਤੇ ਮੇਰੀ ਨੂੰਹ ਖੁਸਪ੍ਰੀਤ ਕੋਰ ਪਤਨੀ ਗੁਰਜੰਟ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰਬਰ AP-63/0052Y ਦੀਦਾਰ ਸਿੰਘ ਪੁੱਤਰ ਬੁੱਢਾ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਰੁਪਿੰਦਰ ਕੌਰ ਪਤਨੀ ਜਸਵਿੰਦਰ ਸਿੰਘ ਰਕਬਾ ਬੀੜ ਸਰਕਾਰ, ਤਹਿਸੀਲ ਫਿਰੋਜ਼ਪੁਰ ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ।ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿੱਚ ਐਸ.ਡੀ.ਓ. ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਏ ਪੀ 130377 ਐੱਲ, ਸੁੱਚਾ ਸਿੰਘ ਪੁੱਤਰ ਦੇਵਾ ਸਿੰਘ ਪਿੰਡ ਗੋਰਸੀਆਂ ਪੀਰਾਂ ਤੋਂ ਨਾਂਅ ਬਦਲੀ ਕਰਕੇ ਬਲਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਪਿੰਡ ਬਾਹਮਣੀਆਂ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 3004533058, ਦਰਸ਼ਨ ਸਿੰਘ ਪੁੱਤਰ ਹਰਨਾਮ ਸਿੰਘ ਪੱਤੀ ਝੁਗੀਆਂ ਤੋਂ ਨਾਂਅ ਬਦਲੀ ਕਰਕੇ ਅਮਰਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੱਤੀ ਝੁਗੀਆਂ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ [A51AP30-1330M] ਅਤੇ Migrated to SBS New A/c : 7471496000 ਦਾ 7.5 ਹਾਰਸ ਪਾਵਰ, ਜੋ ਕਿ ਸ੍ਰੀ ਹਰਨਾਮ ਸਿੰਘ ਪੁੱਤਰ ਸੁੰਦਰ ਸਿੰਘ ਦੇ ਨਾਂਅ 'ਤੇ ਉਪ ਮੰਡਲ ਫਤਿਹਪੁਰ ਰਾਜਪੂਤਾਂ ਅਧੀਨ ਚੱਲ ਰਿਹਾ ਹੈ। ਹੁਣ ਇਸ ਕੁਨੈਕਸ਼ਨ ਨੂੰ ਮਨਜਿੰਦਰ ਸਿੰਘ ਪੁੱਤਰ ਜਗਦੀਸ਼ ਸਿੰਘ ਵਾਸੀ ਨਵਾਂ ਪਿੰਡ, ਮਹਿਤਾ ਰੋਡ ਜ਼ਿਲ੍ਹਾ ਅੰਮ੍ਰਿਤਸਰ ਆਪਣੇ ਨਾਂਅ ਬਦਲੀ ਕਰਵਾਉਣਾ ਚਾਹੁੰਦਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼/ਉਜ਼ਰ ਹੋਵੇ, ਤਾਂ 15 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫ਼ਸਰ (SDO), ਪੀ.ਐੱਸ.ਪੀ.ਸੀ.ਐੱਲ., ਉਪ ਮੰਡਲ ਫਤਿਹਪੁਰ ਰਾਜਪੂਤਾਂ ਅਧੀਨ ਜੰਡਿਆਲਾ ਗੁਰੂ, ਅੰਮ੍ਰਿਤਸਰ ਦੇ ਦਫ਼ਤਰ ਵਿਖੇ ਪੇਸ਼ ਕਰ ਸਕਦਾ ਹੈ।ਬਾਅਦ 'ਚ ਕੋਈ ਵੀ ਇਤਰਾਜ਼ ਵਿਚਾਰਿਆ ਨਹੀਂ ਜਾਵੇਗਾ।

ਮੈਂ, ਮੁਹੰਮਦ ਸਾਇਦ ਪੁੱਤਰ ਸ੍ਰੀ ਗੁਲਾਮ ਰਸੂਲ ਵਾਸੀ ਪਿੰਡ ਟਾਹਲੀ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਪਾਸਪੋਰਟ ਨੰ: AR 613755 ਅਤੇ ਮੇਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲੇਮਪੁਰ ਤੋਂ ਪਾਸ ਕੀਤੇ ਅੱਠਵੀਂ ਅਤੇ ਦਸਵੀਂ ਕਲਾਸ ਦੇ ਪੰਜਾਬ ਬੋਰਡ ਵੱਲੋਂ ਸਰਟੀਫਿਕੇਟ ਮਿਲੇ ਸਨ, ਮੇਰਾ ਪੈਨ ਕਾਰਡ ਨੰ: PUKPS 7156G ਅਤੇ ਮੇਰਾ ਵੋਟਰ ਕਾਰਡ ਨੰ: ZCF 1790294 ਹੈ, ਜੋ ਸਾਡੇ ਘਰ ਵਿਚ 03.10.2026 ਨੂੰ ਸ਼ਾਰਟ ਬਿਜਲੀ ਸਰਕਟ ਹੋਣ ਕਰਕੇ ਅੱਗ ਲੱਗਣ ਨਾਲ ਸਾਰੇ ਦਸਤਾਵੇਜ਼ ਸੜ ਗਏ ਹਨ। ਉਪਰੋਕਤ ਸਾਰੇ ਡਾਕੂਮੈਂਟ ਸੜ ਜਾਣ ਸੰਬੰਧੀ ਇਤਰਾਜ਼ ਦਰਜ ਕੀਤੇ ਜਾਣ, ਤਾਂ ਜੋ ਦੁਬਾਰਾ ਮੇਰੇ ਡਾਕੂਮੈਂਟ ਜਾਰੀ ਹੋ ਸਕਣ।

PUBLIC NOTICE

I Hariman Narayan Sharma R/o 1870/10 Near Khalsa School, Gaushala Road, Rupnagar declare that in some of my documents my name is mentioned in abbreviated form as H.N. Sharma instead of full name i.e. Hariman Narayan Sharma & my father's name mentioned as B D. Sharma Instead of full name Bishan Dev Sharma. That both names of myself & my father are of one & same person as mentioned above.

I, Jatinder Kumar son of Parmod Kumar, resident of House No. 173, Ward No.13, Mohalla Pathkan Wala, Sunam, District Sangrur was also known as Janki Dass by my maternal grandfather namely late Shri Hans Raj, due to which he got mentioned my name as Janki Dass in the Will bearing no. 57 dated 25.07.2001. Jatinder Kumar and Janki Dass is the one and same person.

I, Munish Kumar son of Parmod Kumar, resident of House No. 173, Ward No.13, Mohalla Pathkan Wala, Sunam, District Sangrur was also known as Mani Lal by my maternal grandfather namely late Shri Hans Raj, due to which he got mentioned my name as Mani Lal in the Will bearing no. 57 dated 25.07.2001. Munish Kumar and Mani Lal is the one and same person.

I, Deepak Garg son of Parmod Kumar, resident of House No. 173, Ward No.13, Mohalla Pathkan Wala, Sunam, District Sangrur was also known as Deep Chand by my maternal grandfather namely late Shri Hans Raj, due to which he got mentioned my name as Deep Chand in the Will bearing no. 57 dated 25.07.2001. Deepak Garg and Deep Chand is the one and same person.

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

SGL NURSING COLLEGE

Managed by : Baba Kashmira Singh Jan Sewa Trust.

NOTICE

Semi Online Counseling For Left Over Seats In GNM Course (Session 2026-27) For SGL Nursing College, Semi, Jalandhar

It is informed that the process for Semi Online counseling for left over seats for SGL Nursing College, Jalandhar will be conducted at institute level as per following schedule.

Only the candidates, who have completed applications in all respects on Counselling admission portal 2026-27 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi Online counseling and joining of candidates for SGL Nursing College, Jalandhar	31-10-2026

PNRC Helpline for Counselling

+91 62836-18852 (Mon-Fri, 9 am-5 pm) admissionspnrc@gmail.com

Address: Vill. Semi P.O. Khajurla, Jalandhar - 144411

ਫਾਰਮ ਨੰ: URC 2

ਕੰਪਨੀ ਐਕਟ, 2013 ਦੇ ਚੈਪਟਰ XXI ਦੇ ਭਾਗ I ਅਧੀਨ ਰਜਿਸਟ੍ਰੇਸ਼ਨ ਸਬੰਧੀ ਨੋਟਿਸ ਦਾ ਇਸ਼ਤਿਹਾਰ (ਕੰਪਨੀ ਐਕਟ, 2013 ਦੀ ਧਾਰਾ 374(b) ਅਤੇ ਕੰਪਨੀ (ਰਜਿਸਟਰ ਕਰਨ ਲਈ ਅਧਿਕਾਰਤ) ਨਿਯਮ, 2014 ਦੇ ਨਿਯਮ 4(1) ਦੇ ਅਨੁਸਾਰ)

1. ਸਾਰਿਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀ ਐਕਟ, 2013 ਦੀ ਧਾਰਾ 366 ਦੀ ਉਪ-ਧਾਰਾ (2) ਦੇ ਅਨੁਸਾਰ, ਇਸ ਨੋਟਿਸ ਤੋਂ ਪੰਦਰਾਂ ਦਿਨਾਂ ਬਾਅਦ ਪਰ ਇਸ ਤੋਂ ਬਾਅਦ ਤੀਹ ਦਿਨਾਂ ਦੇ ਅੰਦਰ-ਅੰਦਰ ਰਜਿਸਟਰਾਰ, ਸੈਂਟਰਲ ਰਜਿਸਟ੍ਰੇਸ਼ਨ ਸੈਂਟਰ (CRC), ਇੰਡੀਅਨ ਇੰਸਟੀਚਿਊਟ ਆਫ ਕਾਰਪੋਰੇਟ ਅਫੇਅਰਜ਼ (IICA), ਪਲਾਟ ਨੰ. 6,7,8 ਸੈਕਟਰ 5, IMT ਮਾਨੇਸਰ ਜ਼ਿਲ੍ਹਾ ਗੁੜਗਾਓਂ (ਹਰਿਆਣਾ), 122050 ਨੂੰ ਇੱਕ ਅਰਜ਼ੀ ਦੇਣ ਦਾ ਪ੍ਰਸਤਾਵ ਹੈ ਕਿ "ਮੈਸਰਜ਼ ਐਸ.ਵੀ. ਅਲਾਇਜ਼" ਨਾਂ ਦੀ ਇੱਕ ਪਾਰਟਨਰਸ਼ਿਪ ਫਰਮ ਨੂੰ ਕੰਪਨੀ ਐਕਟ, 2013 ਦੇ ਚੈਪਟਰ XXI ਦੇ ਭਾਗ I ਅਧੀਨ, ਇੱਕ ਚਾਲੂ ਸੰਸਥਾ ਦੇ ਤੌਰ 'ਤੇ ਸ਼ੇਅਰਾਂ ਦੁਆਰਾ ਸੀਮਿਤ ਕੰਪਨੀ ਵਜੋਂ 'ਐਸਵੀ ਅਲਾਇਜ਼ ਪ੍ਰਾਈਵੇਟ ਲਿਮਟਿਡ' ਦੇ ਨਾਮ ਹੇਠ ਰਜਿਸਟਰ ਕੀਤਾ ਜਾ ਸਕਦਾ ਹੈ।
2. ਕੰਪਨੀ ਦੇ ਮੁੱਖ ਉਦੇਸ਼ ਇਸ ਪ੍ਰਕਾਰ ਹਨ:
(ੳ) ਰਜਿਸਟਰਡ ਪਾਰਟਨਰਸ਼ਿਪ ਫਰਮ 'ਮੈਸਰਜ਼ ਐਸ.ਵੀ. ਅਲਾਇਜ਼' ਨੂੰ ਕੰਪਨੀ ਐਕਟ, 2013 ਦੇ ਚੈਪਟਰ XXI ਦੇ ਭਾਗ I ਅਧੀਨ ਇੱਕ ਚਾਲੂ ਸੰਸਥਾ ਵਜੋਂ ਪ੍ਰਾਈਵੇਟ ਲਿਮਟਿਡ ਕੰਪਨੀ ਵਿੱਚ ਤਬਦੀਲ ਕਰਨਾ।
(ਬ) ਲੋਹਾ ਅਤੇ ਗੈਰ-ਲੋਹਾ ਧਾਤਾਂ ਅਤੇ ਅਲਮੀਨੀਅਮ ਅਤੇ ਅਲਮੀਨੀਅਮ-ਅਧਾਰਤ ਉਤਪਾਦਾਂ ਦੀਆਂ ਸਾਰੀਆਂ ਕਿਸਮਾਂ ਜਿਸ ਵਿੱਚ ਅਲਮੀਨੀਅਮ ਸਕ੍ਰੈਪ, ਅਲਮੀਨੀਅਮ ਡਰਾਸ ਅਤੇ ਅਲਮੀਨੀਅਮ ਸ਼ੀਟਾਂ, ਕੋਇਲਾਂ, ਪਲੇਟਾਂ, ਫੋਇਲਾਂ, ਰਾਡਾਂ, ਬਾਰਾਂ, ਬਿਲਟਸ, ਇਨਗੌਟਸ, ਐਕਸਟਰੂਜ਼ਨ, ਪ੍ਰੋਫਾਈਲਾਂ, ਪਾਈਪਾਂ, ਟਿਊਬਾਂ, ਤਾਰਾਂ, ਸੈਕਸ਼ਨਾਂ, ਬਣੇ ਹੋਏ ਅਲਮੀਨੀਅਮ ਦੇ ਸਮਾਨ ਅਤੇ ਹਿੱਸੇ, ਸਕ੍ਰੈਪ, ਫਿਊਲ ਆਇਲ ਅਤੇ ਹੋਰ ਸਾਰੇ ਸਹਾਇਕ ਜਾਂ ਆਕਸਮਿਕ ਸਮਾਨ ਦਾ ਵਪਾਰੀ, ਆਯਾਤਕ, ਨਿਰਯਾਤਕ, ਖਰੀਦਦਾਰ, ਵਿਕ੍ਰੇਤਾ, ਸਟਾਕਿਸਟ, ਵਿਤਰਕ, ਕਮਿਸ਼ਨ ਏਜੰਟ, ਥੋਕ ਵਿਕਰੇਤਾ, ਪ੍ਰਚੂਨ ਵਿਕਰੇਤਾ ਅਤੇ ਡੀਲਰ ਵਜੋਂ ਕਾਰੋਬਾਰ ਕਰਨਾ, ਅਤੇ ਦੇਸ਼ੀ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਉਨ੍ਹਾਂ ਦਾ ਵਪਾਰ, ਪ੍ਰੋਸੈਸਿੰਗ, ਪੈਕਿੰਗ, ਸਟੋਰੇਜ, ਟ੍ਰਾਂਸਪੋਰਟ, ਮਾਰਕੀਟਿੰਗ, ਸਪਲਾਈ ਅਤੇ ਵੰਡ ਕਰਨਾ।
3. ਪ੍ਰਸਤਾਵਿਤ ਕੰਪਨੀ ਦੇ ਮੈਮੋਰੰਡਮ ਅਤੇ ਆਰਟੀਕਲਜ਼ ਆਫ ਐਸੋਸੀਏਸ਼ਨ ਦੇ ਖਰੜੇ ਦੀ ਕਾਪੀ ਦਾ ਨਿਰੀਖਣ ਦਫ਼ਤਰ "ਖਸਰਾ ਨੰ. 1892/1, 1895/1, 1894 ਵਾਕਿਆ, ਅਪੋਜ਼ਿਟ ਪੀਰ ਖਾਨਾ, ਗਿੱਲ ਬਾਈਪਾਸ ਰੋਡ, ਗਿੱਲ ਬਾਈਪਾਸ, ਲੁਧਿਆਣਾ, 141006" ਵਿਖੇ ਕੀਤਾ ਜਾ ਸਕਦਾ ਹੈ।
4. ਇਸ ਅਰਜ਼ੀ 'ਤੇ ਇਤਰਾਜ਼ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਪਣਾ ਇਤਰਾਜ਼ ਲਿਖਤੀ ਰੂਪ ਵਿੱਚ ਰਜਿਸਟਰਾਰ, ਸੈਂਟਰਲ ਰਜਿਸਟ੍ਰੇਸ਼ਨ ਸੈਂਟਰ (CRC), ਇੰਡੀਅਨ ਇੰਸਟੀਚਿਊਟ ਆਫ ਕਾਰਪੋਰੇਟ ਅਫੇਅਰਜ਼ (IICA), ਪਲਾਟ ਨੰ. 6,7,8 ਸੈਕਟਰ 5, IMT ਮਾਨੇਸਰ ਜ਼ਿਲ੍ਹਾ ਗੁੜਗਾਓਂ (ਹਰਿਆਣਾ), 122050 ਨੂੰ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ ਇਕਵੀਹ ਦਿਨਾਂ ਦੇ ਅੰਦਰ-ਅੰਦਰ, ਕੰਪਨੀ ਨੂੰ ਉਸਦੇ ਰਜਿਸਟਰਡ ਦਫ਼ਤਰ ਵਿਖੇ ਇੱਕ ਕਾਪੀ ਦੇ ਨਾਲ ਭੇਜ ਸਕਦਾ ਹੈ।

ਮਿਤੀ: 29 ਅਕਤੂਬਰ, 2026

ਬਿਨੈਕਾਰਾਂ ਦੇ ਨਾਮ

1. ਵਨੀਤਾ ਅਗਰਵਾਲ 2. ਵਾਸੂ ਜੈਨ

ਪਬਲਿਕ ਨੋਟਿਸ

ਬਾ: ਅਦਾਲਤ ਸ੍ਰੀ ਲਛਮਣ ਸਿੰਘ, ਪੀ.ਸੀ.ਐੱਸ. ਉਪ ਮੰਡਲ ਮੈਜਿਸਟਰੇਟ-ਕਮ-ਸਹਾਇਕ ਕੁਲੈਕਟਰ ਦਰਜਾ-1 ਡੇਰਾ ਬਾਬਾ ਨਾਨਕ।

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਸੁਖਦੇਵ ਸਿੰਘ ਪੁੱਤਰ ਸ੍ਰੀ ਸੋਹਣ ਸਿੰਘ ਵਾਸੀ ਪਿੰਡ ਢਿੱਲਵਾਂ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਨੇ ਨਿਮਨ ਹਸਤਾਖਰ ਦੇ ਪੇਸ਼ ਹੋ ਕੇ ਇੱਕ ਦਰਖਾਸਤ ਦਿੱਤੀ ਹੈ, ਜਿਸ ਵਿੱਚ ਇੰਤਕਾਲ ਨੰਬਰ 881 ਵਾਕਿਆ ਪਿੰਡ ਢਿੱਲਵਾਂ, ਹੱਦਬਸਤ ਨੰਬਰ 416, ਤਹਿਸੀਲ ਡੇਰਾ ਬਾਬਾ ਨਾਨਕ ਮਨਜ਼ੂਰ ਕਰਨ ਲਈ ਬਿਨੈ ਕੀਤੀ ਹੋਈ ਹੈ। ਇਸ ਲਈ ਇੰਤਕਾਲ ਨੰਬਰ 881 ਪਿੰਡ ਢਿੱਲਵਾਂ, ਤਹਿਸੀਲ ਡੇਰਾ ਬਾਬਾ ਨਾਨਕ ਨੂੰ ਮਨਜ਼ੂਰ ਕਰਨ ਵਿੱਚ ਕੋਈ ਇਤਰਾਜ਼ ਹੈ ਤਾਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਦੇ ਦਫ਼ਤਰ ਪੇਸ਼ ਹੋ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਜੇਕਰ 15 ਦਿਨਾਂ ਦੇ ਅੰਦਰ-ਅੰਦਰ ਕੋਈ ਇਤਰਾਜ਼ ਪ੍ਰਾਪਤ ਨਾ ਹੋਇਆ ਤਾਂ ਇੰਤਕਾਲ ਨੰਬਰ 881 ਮਨਜ਼ੂਰ ਕਰ ਦਿੱਤਾ ਜਾਵੇਗਾ।

ਇਹ ਹੁਕਮ ਦਫ਼ਤਰੀ ਮੋਹਰ ਨਾਲ ਜਾਰੀ ਕੀਤਾ ਜਾਂਦਾ ਹੈ।

ਸਹੀ/-ਉਪ ਮੰਡਲ, ਮੈਜਿਸਟਰੇਟ ਡੇਰਾ ਬਾਬਾ ਨਾਨਕ

ਮਿਤੀ : 29-10-2026

ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਹ ਪ੍ਰਾਪਰਟੀ (ਵਪਾਰਕ) ਦਫ਼ਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰਾਪਰਟੀ ਟੈਕਸ ਰਿਕਾਰਡ ਵਿੱਚ ਸ੍ਰੀਮਤੀ ਜਸਵੰਤ ਕੌਰ ਪਤਨੀ ਮੇਜਰ ਪੁੱਤਰ ਸੁਰਜੀਤ ਸਿੰਘ ਵਾਸੀ ਲੋਹੀਆਂ ਖਾਸ ਦੇ ਨਾਂਅ 'ਤੇ ਦਰਜ ਹੈ। ਜਿਸ ਦਾ ਪੀ.ਟੀ. ਨੰਬਰ PT-1007- 455984 ਹੈ। ਜਿਸ ਦਾ ਰਕਬਾ ਕਰੀਬ 00 ਕ 07 ਮ 0 ਸ ਮਰਲੇ (ਕਵਰਡ ਏਰੀਆ 700 ਫੁੱਟ) ਹੈ।ਇਹ ਪ੍ਰਾਪਰਟੀ ਵਾਰਡ ਨੰ. 10 ਪੁੱਡਾ ਕਾਲੋਨੀ ਹੈ। ਜਿਸ ਦੀਆਂ ਹੱਦਾਂ ਚੜ੍ਹਦੇ ਕੁਲਵਿੰਦਰ ਕੌਰ, ਲਹਿੰਦੇ ਪਲਾਟ ਗਿਆਨ ਸਿੰਘ, ਪਹਾੜ ਰਸਤਾ, ਦੱਖਣ ਹੋਰ ਮਾਲਕ ਹੈ।ਜਿਸ ਵਿੱਚ 3 ਕਮਰੇ, ਲੌਬੀ, ਸਟੋਰ, ਰਸੋਈ, 3 ਬਾਥਰੂਮ ਪੂਜਾ ਰੂਮ, ਵਿਹੜਾ, ਮੋਟਰ ਸਬਮਰਸੀਬਲ ਅਤੇ ਸਮੇਤ ਮਲਬਾ, ਲੋਹੀਆਂ ਖਾਸ ਹੈ ਸ੍ਰੀਮਤੀ ਜਸਵੰਤ ਕੌਰ ਪਤਨੀ ਮੇਜਰ ਪੁੱਤਰ ਸੁਰਜੀਤ ਸਿੰਘ ਵਾਸੀ ਲੋਹੀਆਂ ਖਾਸ ਇਹ ਰਕਬਾ ਬਰੂਏ ਇੰਤਕਾਲ ਨੰ. 13862 ਪਤੀ ਮੇਜਰ ਸਿੰਘ ਪੁੱਤਰ ਸੁਰਜੀਤ ਸਿੰਘ ਤਬਦੀਲ ਮਲਕੀਅਤ ਕੀਤਾ ਹੈ।ਸ੍ਰੀ ਮੇਜਰ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਵਾਰਡ ਨੰ. 10 ਲੋਹੀਆਂ ਖਾਸ ਵੱਲੋਂ ਇਹ ਪ੍ਰੋਪਰਟੀ ਸ੍ਰੀਮਤੀ ਸ਼ਸ਼ੀ ਸ਼ਰਮਾ ਪਤਨੀ ਕੁਲਵੰਤ ਰਾਏ ਸ਼ਰਮਾ ਪੁੱਤਰ ਗੋਕਲ ਚੰਦ ਵਾਸੀ ਵਾਰਡ ਨੰ. 10 ਲੋਹੀਆਂ ਖਾਸ ਦਸਤਾਵੇਜ਼ ਨੰਬਰ 588 ਮਿਤੀ 4.11.2025 ਰਜਿਸਟਰੀ ਕਰਵਾਈ ਗਈ ਹੈ। ਇਹ ਪ੍ਰੋਪਰਟੀ ਦਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀਮਤੀ ਸ਼ਸ਼ੀ ਸ਼ਰਮਾ ਪਤਨੀ ਕੁਲਵੰਤ ਰਾਏ ਸ਼ਰਮਾ ਪੁੱਤਰ ਗੋਕਲ ਚੰਦ ਵਾਸੀ ਵਾਰਡ ਨੰ. 10 ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਿਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚਲਦਾ ਹੈ।ਇਸ ਲਈ ਇਹ ਪ੍ਰੋਪਰਟੀ (ਵਪਾਰਕ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀਮਤੀ ਸ਼ਸ਼ੀ ਸ਼ਰਮਾ ਪਤਨੀ ਕੁਲਵੰਤ ਰਾਏ ਸ਼ਰਮਾ ਪੁੱਤਰ ਗੋਕਲ ਚੰਦ ਵਾਸੀ ਵਾਰਡ ਨੰ. 10 ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ।ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ, 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰੋਪਰਟੀ ਸ੍ਰੀਮਤੀ ਸ਼ਸ਼ੀ ਸ਼ਰਮਾ ਪਤਨੀ ਕੁਲਵੰਤ ਰਾਏ ਸ਼ਰਮਾ ਪੁੱਤਰ ਗੋਕਲ ਚੰਦ ਵਾਸੀ ਵਾਰਡ ਨੰ. 10 ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।

ਪਬਲਿਕ ਨੋਟਿਸ

ਅਸਲ ਪਿਛਲਾ ਵਿਕਰੀਨਾਮਾ (ਸੇਲ ਡੀਡ) ਜਿਸ ਦਾ ਵਸੀਕਾ ਨੰਬਰ 661 ਮਿਤੀ 13.05.1974 ਹੈ, ਜੋ ਕਿ ਹਰਬੰਸ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਨੱਥਾ ਸਿੰਘ ਵੱਲੋਂ ਮਹਿੰਦਰ ਸਿੰਘ ਪੁੱਤਰ ਕਿਰਪਾ ਸਿੰਘ ਪੁੱਤਰ ਬੱਗੂ ਸਿੰਘ ਦੇ ਪੱਖ ਵਿੱਚ ਕੀਤਾ ਗਿਆ ਸੀ ਅਤੇ ਅਸਲ ਪਿਛਲਾ ਵਿਕਰੀਨਾਮਾ (ਸੇਲ ਡੀਡ) ਜਿਸ ਦਾ ਵਸੀਕਾ ਨੰਬਰ 2227 ਮਿਤੀ 21.09.1967 ਹੈ, ਜੋ ਕਿ ਸੌਦਾਗਰ ਸਿੰਘ ਉਰਫ਼ ਬੇਲਾ ਸਿੰਘ ਪੁੱਤਰ ਜਿਉਣ ਸਿੰਘ ਵੱਲੋਂ ਪ੍ਰੇਮ ਪ੍ਰਕਾਸ਼ ਪੁੱਤਰ ਚਰੰਜੀ ਲਾਲ ਪੁੱਤਰ ਗੁਲਾਬ ਮੱਲ ਦੇ ਪੱਖ ਵਿੱਚ ਕੀਤਾ ਗਿਆ ਸੀ ਅਤੇ ਅਸਲ ਪਿਛਲਾ ਵਿਕਰੀਨਾਮਾ (ਸੇਲ ਡੀਡ) ਜਿਸ ਦਾ ਵਸੀਕਾ ਨੰਬਰ 5514 ਮਿਤੀ 12.12.1990 ਹੈ, ਜੋ ਕਿ ਪ੍ਰੇਮ ਪ੍ਰਕਾਸ਼ ਪੁੱਤਰ ਚਰੰਜੀ ਲਾਲ ਪੁੱਤਰ ਗੁਲਾਬ ਮੱਲ ਵੱਲੋਂ ਅਵਤਾਰ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਕੇਹਰ ਸਿੰਘ ਦੇ ਪੱਖ ਵਿੱਚ ਕੀਤਾ ਗਿਆ ਸੀ, ਅਤੇ ਅਸਲ ਪਿਛਲਾ ਵਿਕਰੀਨਾਮਾ (ਸੇਲ ਡੀਡ) ਜਿਸ ਦਾ ਵਸੀਕਾ ਨੰਬਰ 6039 ਮਿਤੀ 01.12.1992 ਹੈ, ਜੋ ਕਿ ਅਵਤਾਰ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਕੇਹਰ ਸਿੰਘ ਵੱਲੋਂ (i) ਦਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਪੁੱਤਰ ਇੰਦਰ ਸਿੰਘ (ii) ਗੁਰਸ਼ਰਨ ਕੌਰ ਪਤਨੀ ਤਜਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ (iii) ਹਰਪ੍ਰੀਤ ਕੌਰ ਪਤਨੀ ਬਲਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਦੇ ਪੱਖ ਵਿੱਚ, ਮੋਗਾ ਮਹਿਲਾ ਸਿੰਘ-1, ਤਹਿਸੀਲ ਅਤੇ ਜ਼ਿਲ੍ਹਾ ਮੋਗਾ ਵਿਖੇ ਸਥਿਤ ਸਿਵਲ ਲਾਈਨਜ਼ ਦੇ ਖੇਤਰ ਵਿੱਚ ਕੀਤਾ ਗਿਆ ਸੀ।

ਹੁਣ ਮੌਜੂਦਾ ਮਾਲਕ M/s. ਮੋਗਾ ਮੈਡੀਸਿਟੀ ਪ੍ਰਾਈਵੇਟ ਲਿਮਟਿਡ, ਸਿਵਲ ਲਾਈਨਜ਼, ਮੋਗਾ, ਤਹਿਸੀਲ ਅਤੇ ਜ਼ਿਲ੍ਹਾ ਮੋਗਾ ਹੈ।ਉਪਰੋਕਤ ਸੇਲ ਡੀਡਾਂ ਵਿਨੀਤ ਕੁਮਾਰ ਪੁੱਤਰ ਵਿਜੇ ਕੁਮਾਰ, (ਡਾਇਰੈਕਟਰ) ਕੋਲੋਂ ਸਫ਼ਰ ਦੌਰਾਨ ਗੁਆਚ ਗਈਆਂ ਹਨ। ਇਹ ਗੁਆਚੀਆਂ ਸੇਲ ਡੀਡਾਂ ਕਿਸੇ ਵੀ ਬੈਂਕ ਜਾਂ ਵਿੱਤੀ ਸੰਸਥਾ ਕੋਲ ਗਿਰਵੀ ਨਹੀਂ ਕੀਤੀਆਂ ਗਈਆਂ ਹਨ, ਇਸ ਸੰਬੰਧੀ ਡੀ.ਡੀ.ਆਰ. ਨੰਬਰ LAR-2026-MGA-818574 ਮਿਤੀ 26.10.2026 ਦਰਜ ਕਰਵਾਈ ਜਾ ਚੁੱਕੀ ਹੈ।ਜੇਕਰ ਕਿਸੇ ਵੀ ਵਿਅਕਤੀ ਨੂੰ ਇਸ ਜਾਇਦਾਦ ਨੂੰ ਪੰਜਾਬ ਐਂਡ ਸਿੰਧ ਬੈਂਕ, ਰੇਲਵੇ ਰੋਡ ਮੋਗਾ, ਜ਼ਿਲ੍ਹਾ ਮੋਗਾ ਕੋਲ ਵੇਚਣ ਜਾਂ ਗਿਰਵੀ ਰੱਖਣ ਬਾਬਤ ਕੋਈ ਇਤਰਾਜ਼ ਹੋਵੇ ਤਾਂ ਉਹ ਸੱਤ ਦਿਨਾਂ ਦੇ ਅੰਦਰ-ਅੰਦਰ ਸ੍ਰੀ ਕਰਨ ਸਿੰਘ, ਸ਼ਾਖਾ ਪ੍ਰਬੰਧਕ, ਮੋਬਾਈਲ ਨੰਬਰ 98882-29013 ਜਾਂ ਐਡਵੋਕੇਟ ਯੋਗੇਸ਼ ਗੁਪਤਾ, ਮੋਬਾਈਲ ਨੰਬਰ 98159-34466 ਨਾਲ ਸੰਪਰਕ ਕਰ ਸਕਦਾ ਹੈ ਜਾਂ ਆਪਣਾ ਇਤਰਾਜ਼ ਦਰਜ ਕਰਵਾ ਸਕਦਾ ਹੈ।

ST. KABIR SCHOOL OF NURSING MOGA

Moga - Ludhiana GT Road Village Puranewala

94171-12554/stkabir.moga@gmail.com/www.stkabirorg.com

Semi online Counseling for left over seats in GNM Courses (Session 2026-27) for St. Kabir School of Nursing Moga

It is informed that the process for Semi online Counseling of left over seats for St. Kabir School of Nursing Moga will be conducted at Institute level as per following schedule. Only the candidates, who have completed application in all respects on Counseling admission portal 2026-27 of PNRC and not holding any seat in any institute, shall be allowed to appear in this round. After preparation of merit list no candidate shall be allowed to participate.

Description	Date
Semi online Counseling and joining of candidates for St. Kabir School of Nursing - Moga	31-10-2026 Time: 9 AM onwards

PNRC Helpline for Counseling

+91 62836-18852 (Mon-Fri, 9am-5pm) I admissionspnrc@gmail.com

Principal

St. Kabir school of Nursing, Moga

UMMEED HOUSING FINANCE PVT. LTD.

Registered office at: Unit 2009-14,20th Floor, Magnum Global Park, Golf Course Extension Road,Sec-58, Gurugram (Haryana)-122011)

CIN: U65922HR2016PTC057984.

ਅੰਤਿਕਾ IV [(ਦੇਖੋ ਰੂਲ 8 (1)] ਕਬਜ਼ਾ ਨੋਟਿਸ

ਜਦੋਂਕਿ ਨਿਮਨਹਸਤਾਖਰੀ 'ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ 2002 (54 ਆਫ 2002) ਅਧੀਨ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ (ਰੂਲ 3) ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਅਸਲ ਅਦਾਇਗੀ ਦੀ ਪ੍ਰਾਪਤੀ ਮਿਤੀ ਤੱਕ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਨੋਟਿਸ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਉਕਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਉਨ੍ਹਾਂ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਆਮ ਤੌਰ 'ਤੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈ: ਲਿਮ: ਨੂੰ ਰਕਮ ਅਤੇ ਉਸ ਉੱਪਰ ਅਗਲਾ ਵਿਆਜ, ਲਾਗਤਾਂ, ਚਾਰਜਿਜ਼ ਆਦਿ ਨੂੰ ਨਿਮਨਲਿਖਤ ਨਿਰਧਾਰਤ ਮਿਤੀਆਂ ਤੋਂ ਮੁਕੰਮਲ ਅਦਾਇਗੀ ਤੱਕ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟਸ ਨੂੰ ਗਿਰਵੀ ਰੱਖਣ ਲਈ ਦਿੱਤੇ ਗਏ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਗਰੰਟਰਾਂ, ਸਕਿਉਰਟੀਜ਼, ਬਕਾਇਆ ਰਕਮਾਂ, ਡਿਮਾਂਡ ਨੋਟਿਸ ਸੈਕਸ਼ਨ 13 (2) ਅਧੀਨ ਭੇਜੇ ਗਏ ਹਨ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਅਤੇ ਕਬਜ਼ੇ ਦੀ ਮਿਤੀ ਹੇਠਾਂ ਦਰਸਾਏ ਅਨੁਸਾਰ ਹੈ :

ਲੜੀ ਨੰ.	ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ ਅਤੇ ਪਤਾ ਕਰਜ਼ਾ ਖਾਤਾ ਨੰ. ਅਤੇ ਕਰਜ਼ਾ ਰਾਸ਼ੀ	ਡਿਮਾਂਡ ਨੋਟਿਸ ਮਿਤੀ ਬਕਾਇਆ ਰਕਮ ਰੁਪਏ 'ਚ
1	1. ਬਾਬੂ ਸਿੰਘ ਪੁੱਤਰ ਸੰਤ ਸਿੰਘ (ਕਰਜ਼ਦਾਰ) 2. ਗੁਰਮੀਤ ਕੌਰ ਪਤਨੀ ਬਾਬੂ ਸਿੰਘ (ਸਹਿ-ਕਰਜ਼ਦਾਰ) 3. ਸਤਵਿੰਦਰ ਸਿੰਘ ਪੁੱਤਰ ਬਾਬੂ ਸਿੰਘ (ਸਹਿ-ਕਰਜ਼ਦਾਰ) 4. ਤੇਜਿੰਦਰ ਸਿੰਘ ਪੁੱਤਰ ਬਾਬੂ ਸਿੰਘ (ਸਹਿ-ਕਰਜ਼ਦਾਰ) ਸਾਰੇ ਵਾਸੀ 384, ਰਾਮਦਾਸੀਆ ਮੁਹੱਲਾ ਵਾਰਡ ਨੰ. 8, ਮੋਰਿੰਡਾ, ਰੂਪਨਗਰ, ਪੰਜਾਬ-140101 ਕਰਜ਼ਾ ਨੰ. ਐੱਲ ਐੱਕਸ ਕੇ ਯੂ ਆਰ04122-230018835 ਕਰਜ਼ਾ ਇਕਰਾਰਨਾਮਾ ਮਿਤੀ : 22 ਅਗਸਤ 2022 ਕਰਜ਼ਾ ਰਾਸ਼ੀ ਰੁਪਏ 5,30,000/-	12 ਅਗਸਤ-26 12 ਅਗਸਤ 2026 ਨੂੰ ਰੁਪਏ 2,74,474/-(ਦੋ ਲੱਖ ਚੁਹੱਤਰ ਹਜ਼ਾਰ ਚਾਰ ਸੌ ਚੌਹੱਤਰ ਰੁਪਏ ਕੇਵਲ) +13 ਅਗਸਤ 2026 ਤੋਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼। ਸੰਕੇਤਕ ਕਬਜ਼ਾ ਮਿਤੀ 28 ਅਕਤੂਬਰ 2026

ਸਕਿਉਰਡ ਐੱਸਟ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ, ਜਿਸ ਦਾ ਜ਼ਮੀਨੀ ਰਕਬਾ 0 ਵਿਘਾ 1 ਬਿਸਵਾ 11 ਬਿਸਵਾਸੀ, 01 ਬੀ-06 ਬੀ ਦਾ 7/117 ਹਿੱਸਾ, ਅੰਦਾਜ਼ਨ 77.50 ਵਰਗ ਗਜ਼, ਖੇਵਟ/ਖਤੌਨੀ ਨੰ. 41/42, ਖਸਰਾ ਨੰ. 2826 (1-6), ਹੱਦਬਸਤ ਨੰ. 254, 384 ਵਿਖੇ ਸਥਿਤ, ਰਾਮਦਾਸੀਆ ਮੁਹੱਲਾ, ਵਾਰਡ ਨੰ. 8, ਮੋਰਿੰਡਾ ਰੂਪਨਗਰ, ਪੰਜਾਬ। ਹੱਦਾਂ ਤਕਨੀਕੀ ਰਿਪੋਰਟ ਮਿਤੀ 13-08-2022 ਅਨੁਸਾਰ। ਪੂਰਬ : ਹੋਰ ਜਾਇਦਾਦ, ਪੱਛਮ : ਗਲੀ, ਉੱਤਰ : ਗੁਰਮੀਤ ਸਿੰਘ, ਦੱਖਣ : ਪੋਰ ਸਿੰਘ

ਮਿਤੀ : 30 ਅਕਤੂਬਰ 2026 ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ-9650055701

ਸਥਾਨ : ਗੁਰੂਗ੍ਰਾਮ, ਹਰਿਆਣਾ ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈ. ਲਿਮ.

Capital Small Finance Bank

Capital Small Finance Bank Limited

H.O: MIDAS Corporate Park, 3rd Floor, 37 G.T. Road, Jalandhar City

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਮਿਤੀ 23.10.2026 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਦਾ ਨਾਂਅ	ਚੱਲ ਜਾਇਦਾਦ ਦਾ ਵੇਰਵਾ	ਮਨਜ਼ੂਰ ਸਹੂਲਤ/ਕਰਜ਼ਾ ਨੰ. ਦੀ ਕਿਸਮ, ਮਨਜ਼ੂਰ ਰਕਮ ਅਤੇ ਬਕਾਇਆ ਰਕਮ
ਕਰਜ਼ਦਾਰ : ਸ੍ਰੀ ਰਾਜਿੰਦਰ ਕੁਮਾਰ ਪੁੱਤਰ ਸਵ. ਬਸੰਤ ਰਾਮ ਵਾਸੀ ਮਕਾਨ ਨੰ. 476/7, ਗੁਰੂ ਨਾਨਕਪੁਰਾ ਪੱਛਮੀ, ਜਲੰਧਰ, ਪੰਜਾਬ-144009 ਨੋਟਿਸੀ ਨੰ. 1 (ਕਰਜ਼ਦਾਰ ਆਟੋ ਲੋਨ 'ਚ) ਸ੍ਰੀ ਪੀਟਰ ਜੋਹਨ ਪੁੱਤਰ ਪੌਲ ਜੌਹਨ ਵਾਸੀ ਵਾਰਡ ਨੰ. 4, ਮੁਹੱਲਾ ਤਿਕਰੀਆਂ, ਕਰਤਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ-144801, ਨੋਟਿਸੀ ਨੰ. 2 (ਗਰੰਟਰ ਆਟੋ ਲੋਨ 'ਚ)	ਸਕਿਉਰਡ ਐਸਟ ਰਿਨਾਲਟ ਇੰਡੀਆ ਪ੍ਰਾਈਵੇਟ ਲਿਮਟਿਡ ਟ੍ਰੀਬਰ ਆਰ ਐੱਕਸ ਟੀ ਐੱਮ ਟੀ 1 ਐਲ ਈ ਸੀ ਈ, ਰਜਿਸਟ੍ਰੇਸ਼ਨ ਨੰ. ਪੀ ਬੀ 08 ਐਫ ਐਲ 3329, ਚੇਸੀਜ਼ ਨੰ. ਐਮ ਈ ਈ ਆਰ ਬੀ ਸੀ 009 ਆਰ 5204766, ਇੰਜਣ ਨੰ. ਬੀ 4 ਡੀ ਐਫ 424 ਈ 083477, ਸ੍ਰੀ ਰਾਜਿੰਦਰ ਕੁਮਾਰ ਪੁੱਤਰ ਸਵਰਗੀ ਬਸੰਤ ਰਾਮ ਦੇ ਨਾਂਅ।	ਆਟੋ ਲੋਨ/013607003657 ਮਨਜ਼ੂਰ ਰਕਮ : ਰੁਪਏ 6,40,000/- ਬਕਾਇਆ ਰਕਮ : ਰੁਪਏ 5,25,916.34 (01.10.2026 ਤੋਂ ਵਿਆਜ ਤੋਂ ਬਿਨਾਂ)

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ, ਜਲੰਧਰ ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: - (ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ (ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ (ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ (ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ। ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਸਹੀ/- ਅਧਿਕਾਰਤ ਅਫਸਰ

ਉੱਤਰ ਰੇਲਵੇ

ਸੂਚਨਾ

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉੱਤਰ ਰੇਲਵੇ, ਜੰਮੂ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਹੇਠਾਂ ਲਿਖਤ ਐਸਟੀਬੀਏ (ਸਟੇਸ਼ਨ ਟਿਕਟ ਬੁਕਿੰਗ ਏਜੰਟ) ਕੰਮ ਦੇ ਲਈ ਤੈਅ ਸਿੰਗਲ ਪੈਕੇਟ ਮੁਹਰਬੰਦ ਦਰਖਾਸਤਾਂ ਦੀ ਮੰਗ ਕਰਦੇ ਹਨ:-

ਲ. ਨੰ.	ਸਟੇਸ਼ਨ ਦਾ ਨਾਮ	ਸਟੇਸ਼ਨ ਕੋਡ	ਸਟੇਸ਼ਨ ਦੀ ਸ਼੍ਰੇਣੀ	ਈਐਮਡੀ (ਰੁ.)	ਦਰਖਾਸਤ ਫਾਰਮ ਫੀਸ (ਰੁ.)	ਕਾਂਟਰੈਕਟ ਮਿਆਦ
1	ਪਾਲਮਪੁਰ ਹਿਮਾਚਲ	PLMX	NSG-4	10,000/-	1,180/-	ਇਕ ਸਾਲ
2	ਕੋਪਰ ਲਾਹਰ	KPLR	NSG-6	2,000/-	1,180/-	ਤਿੰਨ ਸਾਲ
3	ਛੀਨਾ	CHN	NSG-6	2,000/-	1,180/-	ਤਿੰਨ ਸਾਲ
4	ਛਨਨ ਅਰੋਰਿਯਾਂ	CHNR	NSG-6	2,000/-	1,180/-	ਤਿੰਨ ਸਾਲ
5	ਬੁਧੀ	BDHY	NSG-6	2,000/-	1,180/-	ਤਿੰਨ ਸਾਲ
6	ਕਾਂਗੜਾ	KGRA	NSG-6	2,000/-	1,180/-	ਤਿੰਨ ਸਾਲ
7	ਕੰਦਰੋਰੀ	KNDI	NSG-6	2,000/-	1,180/-	ਤਿੰਨ ਸਾਲ
8	ਖੁਦਾ ਕੁਰਾਲਾ	KZA	NSG-6	2,000/-	1,180/-	ਤਿੰਨ ਸਾਲ
9	ਭਰੋਲੀ	BHRL	NSG-6	2,000/-	1,180/-	ਤਿੰਨ ਸਾਲ
10	ਜਖੋਲਾਹੜੀ	JK	NSG-6	2,000/-	1,180/-	ਤਿੰਨ ਸਾਲ
11	ਭੰਗਾਲਾ	BNGL	NSG-6	2,000/-	1,180/-	ਤਿੰਨ ਸਾਲ

ਦਰਖਾਸਤ ਪੱਤਰ ਕੇਵਲ ਮੁਹਰਬੰਦ ਪੈਕੇਟ ਵਿਚ ਵਾਣਿਜਕ ਬ੍ਰਾਂਚ, ਡੀਆਰਐਮ ਦਫਤਰ, ਜੰਮੂ ਵਿਚ ਮਿਤੀ 25.11.2026 ਨੂੰ 10:00 ਤੋਂ 15:00 ਵਜੇ ਦੇ ਵਿਚ ਪ੍ਰਾਪਤ ਕੀਤੇ ਜਾਣਗੇ। ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ ਤੇ ਜਾਓ।

nr.indianrailways.gov.in No. 01/STBA/Policy/Comml/JAT Dated: 29.10.2026 3788/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਐੱਸ ਡੀ ਐੱਮ ਵੱਲੋਂ ਅਲਾਵਲਪੁਰ ਤੇ ਸਿਕੰਦਰਪੁਰ ਦੀਆਂ ਦਾਣਾ ਮੰਡੀਆਂ ਦਾ ਦੌਰਾ

ਅਲਾਵਲਪੁਰ, (ਮਦਨ ਬੰਗੜ)- ਮਾਰਕੀਟ ਕਮੇਟੀ ਆਦਮਪੁਰ ਅਧੀਨ ਆਉਂਦੀਆਂ ਦਾਣਾ ਮੰਡੀ ਅਲਾਵਲਪੁਰ ਅਤੇ ਦਾਣਾ ਮੰਡੀ ਸਿਕੰਦਰਪੁਰ ਵਿਖੇ ਝੋਨੇ ਦੀ ਖਰੀਦ, ਲਿਫਟਿੰਗ ਅਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਐੱਸ ਡੀ ਐੱਮ ਲਾਲ ਬਿਲਾਸ ਵੱਲੋਂ ਦੋਵਾਂ ਮੰਡੀਆਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਨੇ ਦਾਣਾ ਮੰਡੀ ਅਲਾਵਲਪੁਰ ਵਿਖੇ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਗੱਲਬਾਤ ਕਰਦਿਆਂ ਮੰਡੀ ਵਿੱਚ ਕੀਤੇ ਗਏ ਪ੍ਰਬੰਧਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਕਿਸਾਨਾਂ ਅਤੇ ਆੜ੍ਹਤੀਆਂ ਨੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ, ਜਿਸ ਕਾਰਨ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ। ਦਾਣਾ ਮੰਡੀ ਅਲਾਵਲਪੁਰ ਦਾ ਜਾਇਜ਼ਾ ਲੈਣ ਤੋਂ ਬਾਅਦ ਐੱਸ ਡੀ ਐੱਮ ਲਾਲ ਬਿਲਾਸ ਵੱਲੋਂ ਦਾਣਾ ਮੰਡੀ ਸਿਕੰਦਰਪੁਰ ਦਾ ਵੀ ਦੌਰਾ ਕੀਤਾ ਗਿਆ। ਇੱਥੇ ਉਨ੍ਹਾਂ ਨੇ ਢਿੱਲੋਂ ਟਰੇਡਿੰਗ ਕੰਪਨੀ ਦੇ ਪ੍ਰਭਜੋਤ ਸਿੰਘ ਢਿੱਲੋਂ ਨਾਲ ਗੱਲਬਾਤ ਕਰਦਿਆਂ ਮੰਡੀ ਵਿੱਚ ਝੋਨੇ ਦੀ ਖਰੀਦ ਅਤੇ ਹੋਰ ਪ੍ਰਬੰਧਾਂ ਬਾਰੇ ਜਾਣਕਾਰੀ ਲਈ। ਇਸ ਮੌਕੇ ਮਾਰਕੀਟ ਕਮੇਟੀ ਆਦਮਪੁਰ ਦੇ ਸਕੱਤਰ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਦਾਣਾ ਮੰਡੀ ਅਲਾਵਲਪੁਰ ਅਤੇ ਸਿਕੰਦਰਪੁਰ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਦੀ ਸਹੂਲਤ ਲਈ ਵਧੀਆ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਤੱਕ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਿਆ। ਮਾਰਕੀਟ ਕਮੇਟੀ ਦੇ ਕਲਰਕ ਜਗਦੀਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਾਣਾ ਮੰਡੀ ਅਲਾਵਲਪੁਰ ਵਿੱਚ ਝੋਨੇ ਦੀ ਕੁੱਲ ਆਮਦ 1,76,478 ਕੁਇੰਟਲ ਹੋਈ ਹੈ ਅਤੇ ਸਾਰੇ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਇਸ ਵਿੱਚੋਂ 93,620 ਕੁਇੰਟਲ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ, ਜਦਕਿ ਬਾਕੀ ਦੀ ਲਿਫਟਿੰਗ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਾਣਾ ਮੰਡੀ ਸਿਕੰਦਰਪੁਰ ਵਿੱਚ ਝੋਨੇ ਦੀ ਆਮਦ ਅਤੇ ਖਰੀਦ ਸਬੰਧੀ ਅੰਕੜਿਆਂ ਅਨੁਸਾਰ 35,344 ਕੁਇੰਟਲ ਝੋਨੇ ਦੀ ਖਰੀਦ ਕੀਤੀ ਗਈ ਹੈ ਅਤੇ 26105 ਕੁਇੰਟਲ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ। ਬਾਕੀ ਝੋਨੇ ਦੀ ਲਿਫਟਿੰਗ ਦੀ ਪ੍ਰਕਿਰਿਆ ਜਾਰੀ ਹੈ।

ਸੰਗਰੂਰ ਰੈਲੀ ਲਈ ਬਿੱਟੂ ਵੱਲੋਂ ਵੱਡਾ ਕਾਫ਼ਲਾ ਲਿਜਾਣ ਦਾ ਐਲਾਨ

ਫਗਵਾੜਾ (ਜਸਵਿੰਦਰ ਢੱਡਾ)- ਪੰਜਾਬ ਕਾਂਗਰਸ ਐੱਸ ਸੀ ਵਿਭਾਗ ਦੇ ਸੂਬਾ ਸਕੱਤਰ ਕਰਮਜੀਤ ਸਿੰਘ ਬਿੱਟੂ ਵੱਲੋਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸਮਰਥਕਾਂ ਸਮੇਤ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸੰਬੰਧੀ ਸੰਗਰੂਰ ਵਿਖੇ ਹੋਈ ਮੀਟਿੰਗ ਦੌਰਾਨ ਰੈਲੀ ਦੀਆਂ

ਤਿਆਰੀਆਂ ਅਤੇ ਵਰਕਰਾਂ ਦੀ ਸ਼ਮੂਲੀਅਤ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਕਰਮਜੀਤ ਸਿੰਘ ਬਿੱਟੂ ਨੇ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਰੈਲੀ ਵਿੱਚ ਵੱਧ ਤੋਂ ਵੱਧ ਗੱਡੀਆਂ ਅਤੇ ਬੱਸਾਂ ਦਾ ਕਾਫ਼ਲਾ ਲੈ ਕੇ ਪਹੁੰਚਣਗੇ, ਤਾਂ ਜੋ ਰਾਹੁਲ ਗਾਂਧੀ ਦੇ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਵਿੱਚ ਰੈਲੀ ਨੂੰ ਲੈ ਕੇ ਉਤਸ਼ਾਹ ਹੈ ਅਤੇ ਉਹ ਇਸ ਨੂੰ ਸਫ਼ਲ ਬਣਾਉਣ ਲਈ ਪੂਰੀ ਮਿਹਨਤ ਕਰਨਗੇ। ਮੀਟਿੰਗ ਦੌਰਾਨ ਪੰਜਾਬ ਕਾਂਗਰਸ ਐੱਸ.ਸੀ. ਵਿਭਾਗ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਲੱਕੀ ਪੱਖੋਕੇ ਅਤੇ ਪੰਜਾਬ ਇੰਚਾਰਜ ਸੁਧੀਰ ਚੌਧਰੀ ਦੇ ਨਾਲ ਰੈਲੀ ਦੀਆਂ ਤਿਆਰੀਆਂ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਕਰਮਜੀਤ ਸਿੰਘ ਬਿੱਟੂ ਵਲੋਂ ਸੀਨੀਅਰ ਆਗੂਆਂ ਨੂੰ ਦੋਸ਼ਾਲਾ ਅਤੇ ਸਿਰੀ ਸਾਹਿਬ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਸਿਆਸੀ ਹਲਕਿਆਂ ਵਿੱਚ ਇਸ ਮੀਟਿੰਗ ਨੂੰ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਦੀਆਂ ਸਰਗਰਮੀਆਂ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਜਿਕਰਯੋਗ ਹੈ ਕਿ ਸ. ਕਰਮਜੀਤ ਸਿੰਘ ਬਿੱਟੂ ਨੂੰ ਵੀ ਆਗਾਮੀ ਵਿਧਾਨ ਸਭਾ ਚੋਣਾਂ ਲਈ ਬੰਗਾ ਵਿਧਾਨਸਭਾ ਹਲਕੇ ਤੋਂ ਸੰਭਾਵੀ ਉਮੀਦਵਾਰ ਵਜੋਂ ਦੇਖਿਆ ਜਾ ਰਿਹਾ ਹੈ। ਉਹਨਾਂ ਵਲੋਂ ਟਿਕਟ ਲਈ ਦਾਅਵੇਦਾਰੀ ਵੀ ਪੇਸ਼ ਕੀਤੀ ਜਾ ਚੁੱਕੀ ਹੈ। ਉਹਨਾਂ ਦੱਸਿਆ ਕਿ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੀਨੀਅਰ ਆਗੂ ਮਾਂਗੀ ਰਾਮ, ਸੂਬਾ ਉਪ ਪ੍ਰਧਾਨ ਯਾਮਨੀ ਗੋਮਰ, ਜ਼ਿਲ੍ਹਾ ਕਪੂਰਥਲਾ ਦੇ ਚੇਅਰਮੈਨ ਚਰਨਜੀਤ ਹੰਸ ਸਮੇਤ ਹੋਰ ਆਗੂ ਵੀ ਹਾਜਰ ਸਨ।

'ਆਦਿ ਧਰਮ' ਸਮਾਗਮ 'ਚ ਸ਼ਾਮਲ ਹੋਣ ਲਈ ਬਲਵੀਰ ਦਾਸ ਸਾਹਰੀ ਨੂੰ ਦਿੱਤਾ ਸੱਦਾ ਪੱਤਰ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਸਮਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਵਰੇਗੰਢ ਦੀ ਖੁਸ਼ੀ 'ਚ ਮਹਾਨ ਆਦਿ ਧਰਮ ਸਮਾਗਮ 1 ਨਵੰਬਰ ਨੂੰ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਨਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ ਲਈ ਸੰਤ ਬਲਵੀਰ ਦਾਸ ਗੱਦੀ ਨਸ਼ੀਨ ਡੇਰਾ ਮਹਾਨਪੁਰੀ ਸਾਹਰੀ ਨੂੰ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਸੰਤ ਧਰਮਪਾਲ ਧਾਮ ਚਾਨਣ ਪੁਰੀ ਸ਼ੇਰਗੜ,ਓਮ ਪ੍ਰਕਾਸ਼ ਰਾਣਾ ਮੀਡੀਆ ਇੰਚਾਰਜ ਆਦਿ ਨੇ ਸੱਦਾ ਪੱਤਰ ਦਿੱਤਾ। ਇਸ ਮੌਕੇ ਸੰਤ ਬਲਵੀਰ ਦਾਸ ਸਾਹਰੀ ਨੇ ਦੱਸਿਆ ਕਿ ਡੇਰਾ ਮਹਾਨ ਪੁਰੀ ਸਾਹਰੀ ਦੇ ਮਹਾਨ ਸੰਤ ਮਹਾਂਪੁਰਸ਼ ਆਦਿ ਧਰਮ ਲਹਿਰ ਨੂੰ ਸਮਰਪਿਤ ਸੀ ਅਤੇ ਅੱਜ ਵੀ ਮਹਾਨ ਪੁਰੀ ਦੇ ਅੰਦਰ 'ਸੋਹੰ' ਦਾ ਨਿਸ਼ਾਨ ਸਥਾਪਿਤ ਹੈ। ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਆਦਿ ਧਰਮ ਸਮਾਗਮਾਂ ਵਿੱਚ ਹੁੰਮ ਹੁਮਾਕੇ ਸ਼ਾਮਲ ਹੋਣ। ਇਸ ਮੌਕੇ ਸੰਤ ਸਤਵਿੰਦਰ ਹੀਰਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਅਤੇ ਸੰਤ ਧਰਮਪਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ

108 ਸੰਤ ਮੇਲਾ ਰਾਮ ਨਗਰ (ਫਿਲੌਰ) ਵਿਖੇ ਸੰਤ ਸਰਵਣ ਦਾਸ ਜੀ ਮਹਾਰਾਜ ਬੋਹਣ ਵਾਲਿਆਂ ਦੀ ਰਹਿਨੁਮਾਈ ਅਤੇ ਸੰਤ ਪਰਮਜੀਤ ਦਾਸ ਜੀ ਨਗਰ ਵਾਲਿਆਂ ਦੀ ਦੇਖ ਰੇਖ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ। ਉਨਾਂ ਦੱਸਿਆ ਕਿ ਇਨਾਂ ਸਮਾਗਮਾਂ ਵਿੱਚ ਭਾਰਤ ਦੀਆਂ ਉੱਘੀਆਂ ਮਹਾਨ ਸਖਸ਼ੀਅਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਬੁੱਧੀਜੀਵੀ, ਵਿਦਵਾਨ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਉਨਾਂ ਸਮੂਹ ਸੰਗਤਾਂ ਨੂੰ ਇਨਾਂ ਸਮਾਗਮਾਂ ਵਿੱਚ ਹੁੰਮ ਹੁਮਾ ਕੇ ਪਹੁੰਚ ਕੇ ਆਦਿ ਧਰਮ ਦੇ ਝੰਡੇ ਬੁਲੰਦ ਕਰਨ ਦੀ ਅਪੀਲ ਕੀਤੀ ਅਤੇ ਜਨਗਣਨਾ ਵਿੱਚ ਆਦਿ ਧਰਮ ਲਿਖਵਾਉਣ ਅਤੇ ਆਦਿ ਧਰਮ ਦਾ ਕਾਲਿਮ ਸਥਾਪਤ ਕਰਾਉਣ ਲਈ ਸਮਤਾ,ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਦਾ ਸੁਨੇਹਾ ਦਿੱਤਾ।

ਭ੍ਰਿਸ਼ਟਾਚਾਰ ਮੁਕਤ ਜਾਗਰੂਕਤਾ ਹਫ਼ਤਾ ਮਨਾਇਆ

ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ ਦੇ ਇੰਸਟੀਚਿਊਟ ਆਫ਼ ਹਿਊਮੈਨਿਟੀਜ਼ ਅਤੇ ਐਜੂਕੇਸ਼ਨ ਦੇ ਸੰਯੁਕਤ ਉੱਦਮ ਨਾਲ 'ਭ੍ਰਿਸ਼ਟਾਚਾਰ ਮੁਕਤ ਜਾਗਰੂਕਤਾ ਹਫ਼ਤਾ 2026' ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਮਨੋਰਥ ਵਿਦਿਆਰਥੀਆਂ ਨੂੰ ਇਮਾਨਦਾਰੀ, ਪਾਰਦਰਸ਼ਤਾ, ਨੈਤਿਕ ਮੁੱਲਾਂ, ਕਾਨੂੰਨੀ ਜਾਗਰੂਕਤਾ ਅਤੇ ਭ੍ਰਿਸ਼ਟਾਚਾਰ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਸੀ।ਇਸ ਸਾਲ ਦਾ ਜਾਗਰੂਕਤਾ ਹਫ਼ਤਾ 1 ਨਵੰਬਰ 2026 ਤੱਕ ਮਨਾਇਆ ਜਾ ਰਿਹਾ ਹੈ, ਜਿਸ ਦਾ ਮੁੱਖ ਵਿਸ਼ਾ 'ਪ੍ਰਸਿੱਧੀ ਲਈ ਇਮਾਨਦਾਰੀ' ਹੈ। ਇਸ ਪ੍ਰੋਗਰਾਮ ਦੌਰਾਨ ਭ੍ਰਿਸ਼ਟਾਚਾਰ ਮੁਕਤ ਸਮਾਜ ਦੇ ਨਿਰਮਾਣ ਵਿੱਚ ਇਮਾਨਦਾਰੀ, ਜਵਾਬਦੇਹੀ ਅਤੇ ਨੈਤਿਕ ਵਿਹਾਰ ਦੇ ਮਹੱਤਵ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਪ੍ਰੋਗਰਾਮ ਦੌਰਾਨ ਡਾ. ਰਿਆਜ਼ ਨੇ ਇਮਾਨਦਾਰੀ, ਨੈਤਿਕ ਜ਼ਿੰਮੇਵਾਰੀ ਅਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਨੂੰ ਉਤਸ਼ਾਹਿਤ ਕਰਨ ਦੇ ਮਹੱਤਵ 'ਤੇ ਇੱਕ ਜਾਣਕਾਰੀ ਭਰਪੂਰ ਲੈਕਚਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਕਾਨੂੰਨੀ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ ਅਤੇ ਆਪਣੇ ਅਕਾਦਮਿਕ, ਨਿੱਜੀ ਅਤੇ ਪੇਸ਼ੇਵਰ ਜੀਵਨ ਵਿੱਚ ਇਮਾਨਦਾਰੀ ਤੇ ਪਾਰਦਰਸ਼ਤਾ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਭ੍ਰਿਸ਼ਟਾਚਾਰ ਸਮਾਜਿਕ ਅਤੇ ਆਰਥਿਕ ਤਰੱਕੀ ਵਿੱਚ ਰੁਕਾਵਟ ਪਾਉਂਦਾ ਹੈ, ਜਦ ਕਿ ਇਮਾਨਦਾਰੀ ਅਤੇ ਜਵਾਬਦੇਹੀ ਦੇਸ਼ ਦੇ ਸਥਾਈ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ। ਯੂ ਆਈ ਐੱਚ ਦੇ ਡੀਨ ਡਾ. ਮਨਦੀਪ ਸਿੰਘ ਅਤੇ ਯੂ ਆਈ ਈ ਦੇ ਡੀਨ ਡਾ. ਅਮਰਜੀਤ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਨੈਤਿਕ ਮੁੱਲਾਂ 'ਤੇ ਚੱਲਣ ਅਤੇ ਭ੍ਰਿਸ਼ਟਾਚਾਰ ਵਿਰੁੱਧ ਹਮੇਸ਼ਾ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਦੀ ਜ਼ਿੰਮੇਵਾਰੀ ਸਿਰਫ਼ ਅਕਾਦਮਿਕ ਗਿਆਨ ਦੇਣਾ ਹੀ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਇਮਾਨਦਾਰੀ, ਅਨੁਸ਼ਾਸਨ, ਸਮਾਜਿਕ ਜ਼ਿੰਮੇਵਾਰੀ ਅਤੇ ਨੈਤਿਕ ਜਾਗਰੂਕਤਾ ਪੈਦਾ ਕਰਨਾ ਵੀ ਹੈ।ਇਹ ਪ੍ਰੋਗਰਾਮ ਡਾ. ਮੋਹਨ ਲਾਲ (ਕਨਵੀਨਰ) ਦੀ ਅਗਵਾਈ ਹੇਠ ਕਰਵਾਇਆ ਗਿਆ। ਪ੍ਰੋਗਰਾਮ ਦਾ ਸਮਾਪਨ ਮੌਕੇ ਮਿਸ ਸਾਕਸ਼ੀ ਨੇ ਵਿਦਿਆਰਥੀਆਂ ਨੂੰ 'ਇਮਾਨਦਾਰੀ ਦੀ ਸਹੁੰ' ਚੁਕਾਈ।

ਸਿਸਟਮ ਦੀਆਂ ਖ਼ਾਮੀਆਂ ਤੇ ਪ੍ਰਸ਼ਾਸਨਿਕ ਅਣਗਹਿਲੀ 'ਤੇ ਤਿੱਖਾ ਕਟਾਖਸ਼ ਕਰਦੀ ਫ਼ਿਲਮ 'ਪੀੜ'

ਚੰਡੀਗੜ੍ਹ (ਸੁਰਜੀਤ ਸੁਮਨ)- ਗਲੋਅ ਬਲ ਆਰਟ ਫ਼ਿਲਮਜ਼ ਦੀ ਤੀਜੀ ਸ਼ਾਰਟ ਫ਼ਿਲਮ 'ਪੀੜ (ਦਰਦ-ਏ-ਦਿਲ)' ਦਾ ਸ਼ੋਅ, 31 ਅਕਤੂਬਰ ਨੂੰ ਬਾਅਦ ਦੁਪਹਿਰ 2.30 ਵਜੇ, ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ

(ਮੈਗਸਿਪਾ), ਸੈਕਟਰ 26, ਚੰਡੀਗੜ੍ਹ ਵਿਖੇ ਦਿਖਾਇਆ ਜਾਵੇਗਾ। ਇਸ ਫ਼ਿਲਮ ਦੇ ਲੇਖਕ ਡਾ. ਮਨਜੀਤ ਸਿੰਘ ਬੱਲ ਨੇ ਦੱਸਿਆ ਕਿ ਇਹ ਫ਼ਿਲਮ ਸਮਾਜਿਕ ਤੌਰ 'ਤੇ ਇੱਕ ਬੇਹੱਦ ਮਹੱਤਵਪੂਰਨ ਤੇ ਪ੍ਰਭਾਵਸ਼ਾਲੀ ਵਿਸ਼ੇ 'ਤੇ ਆਧਾਰਿਤ ਹੈ, ਜੋ ਮੌਜੂਦਾ ਪ੍ਰਸ਼ਾਸਨਿਕ ਸਿਸਟਮ ਦੀਆਂ ਖ਼ਾਮੀਆਂ ਅਤੇ ਆਮ ਨਾਗਰਿਕਾਂ ਪ੍ਰਤੀ ਅਣਗਹਿਲੀ ਦੇ ਰਵੱਈਏ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਇਸ ਫ਼ਿਲਮ ਦੇ ਨਿਰਮਾਤਾ ਇੰਦਰਜੀਤ ਕੌਰ ਬੱਲ ਹਨ, ਜਦਕਿ ਫ਼ਿਲਮ ਦੀ ਸੰਵੇਦਨਸ਼ੀਲ ਕਹਾਣੀ ਅਤੇ ਦਮਦਾਰ ਸੰਵਾਦ ਪ੍ਰਸਿੱਧ ਲੇਖਕ ਡਾ. ਮਨਜੀਤ ਸਿੰਘ ਬੱਲ ਨੇ ਲਿਖੇ ਹਨ। ਨਿਰਦੇਸ਼ਨ ਦੇ ਅਦਾਕਾਰੀ ਦਾ ਲੋਹਾ ਮਨਵਾ ਚੁੱਕੇ ਰੌਸ਼ਨ ਵਾਲੇ ਡਾਇਰੈਕਟਰ ਸੋਮ ਸਹੋਤਾ ਨੇ ਇਸ ਫ਼ਿਲਮ ਦੇ ਬਿਹਤਰੀਨ ਨਿਰਦੇਸ਼ਨ ਕਰਨ ਦੇ ਨਾਲ-ਨਾਲ ਇਸਦੀ ਪਟਕਥਾ (ਸਕ੍ਰੀਨ-ਪਲੇ) ਵੀ ਖ਼ੁਦ ਤਿਆਰ ਕੀਤੀ ਹੈ। ਡਾ. ਬੱਲ ਨੇ ਦੱਸਿਆ ਕਿ ਇਸ ਫ਼ਿਲਮ ਵਿੱਚ ਮੁੱਖ ਭੂਮਿਕਾਵਾਂ ਨਿਭਾਉਣ ਵਾਲੇ ਅਦਾਕਾਰਾਂ ਗੁਲਸ਼ਨ ਸੈਣੀ, ਗੁਰਵਿੰਦਰ ਸਿੰਘ ਮੁਲਤਾਨੀ ਅਤੇ ਬੀ.ਐਸ. ਸ਼ਰਮਾ ਨੇ ਆਪਣੀ ਅਦਾਕਾਰੀ ਨਾਲ ਫ਼ਿਲਮ ਨੂੰ ਚਾਰ ਚੰਦ ਲਗਾਏ ਹਨ। ਇਹਨਾਂ ਦੇ ਇਲਾਵਾ ਸਾਥੀ ਕਲਾਕਾਰਾਂ ਵਿੱਚ ਗੁਰਪ੍ਰੀਤ ਸਿੰਘ, ਅਨੁਰਾਧਾ ਸ਼ਰਮਾ, ਆਰਤੀ ਬੇਦੀ, ਜੱਸ ਬੱਲ, ਕਿਸ਼ੋਰ ਸ਼ਰਮਾ, ਪੀ.ਪੀ. ਸਿੰਘ, ਬਲਦੇਵ ਸਨੌਰੀ, ਦਰਸ਼ਨ ਸਿੰਘ ਤਿਊਣਾ ਅਤੇ ਕੁਲਦੀਪ ਕਾਜਲ ਨੇ ਅਹਿਮ ਭੂਮਿਕਾ ਨਿਭਾਈ ਹੈ। ਬਾਲ ਕਲਾਕਾਰਾਂ ਵਜੋਂ ਹਰਸਿਮਰਨ ਸਹੋਤਾ, ਗੁਲਾਬ ਬੱਲ ਅਤੇ ਉਮੀਦ ਬੱਲ ਨੇ ਬਹੁਤ ਹੀ ਉਮਦਾ ਕਾਰ-ਗੁਜ਼ਾਰੀ ਦਿਖਾਈ ਹੈ।

ਮਾਲ ਰੋਡ 'ਤੇ 'ਸਤਿ ਸ੍ਰੀ ਅਕਾਲ' ਦਾ ਨਵਾਂ ਸਾਈਨ ਬੋਰਡ ਸਥਾਪਤ

ਕਪੂਰਥਲਾ (ਹਨੀ)- ਕਪੂਰਥਲਾ ਸ਼ਹਿਰ ਦੀ ਸੁੰਦਰਤਾ ਅਤੇ ਸਾਫ ਸਫਾਈ ਨੂੰ ਵਧਾਉਣ ਦੇ ਉਦੇਸ਼ ਨਾਲ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਰੇਲ ਕੋਚ ਫੈਕਟਰੀ ਕਪੂਰਥਲਾ ਵੱਲੋਂ ਸਿਟੀ ਬਿਊਟੀਫਿਕੇਸ਼ਨ ਇਨੀਸ਼ੀਏਟਿਵ ਤਹਿਤ ਮਾਲ ਰੋਡ 'ਤੇ 'ਸਤਿ ਸ੍ਰੀ ਅਕਾਲ,

ਕਪੂਰਥਲਾ' ਦਾ ਨਵਾਂ ਸਾਈਨ ਬੋਰਡ ਸਥਾਪਤ ਕੀਤਾ ਗਿਆ। ਇਹ ਉਪਰਾਲਾ ਸਕੂਲ ਦੇ ਸੰਸਥਾਪਕ ਅਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਆਤਮਾ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਤ ਕੀਤਾ ਗਿਆ।ਇਸ ਨਵੇਂ ਸਾਈਨ ਬੋਰਡ ਦਾ ਉਦਘਾਟਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਦੇ ਮੈਂਬਰ ਅਤੇ ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਅਤੇ ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵੱਲੋਂ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਆਰ ਸੀ ਐਫ ਦੇ ਪ੍ਰਿੰਸੀਪਲ ਇੰਜ.ਹਰਨਿਮਰਤ ਕੌਰ, ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਵੀ ਹਾਜ਼ਰ ਸਨ।ਇਹ ਸਾਈਨ ਬੋਰਡ ਮਾਲ ਰੋਡ ਦੀ ਸੁੰਦਰਤਾ ਅਤੇ ਸ਼ਹਿਰ ਦੀ ਦਿੱਖ ਨੂੰ ਹੋਰ ਨਿਖਾਰਨ ਅਤੇ ਸਾਫ਼ ਸੁਥਰਾ ਰੱਖਣ ਵਿੱਚ ਯੋਗਦਾਨ ਪਾਵੇਗਾ। ਇਸ ਮੌਕੇ ਗੁਰਦਿਆਲ ਸਿੰਘ, ਮਨਪ੍ਰੀਤ ਸਿੰਘ ਬਿੰਦ, ਸ੍ਰੀਮਤ ਵਾਲੀਆ, ਸ੍ਰੀਮਤੀ ਚੰਦਨ, ਵਿਕਜੋਤ ਕੌਰ, ਜਸਵਿੰਦਰ ਸਿੰਘ, ਹਰਜਿੰਦਰ ਸਿੰਘ,ਦਿਲਜੀਤ ਕੌਰ, ਸ਼ੀਲਾ ਸ਼ਰਮਾ, ਸੁਨੀਤਾ ਗੁਜਰਾਲ, ਜਗਜੀਤ ਕੌਰ, ਨਿਧੀ ਸੰਗੋਤਰਾ ਪ੍ਰਿੰਸੀਪਲ ਨਨਕਾਣਾ ਸਾਹਿਬ ਸੀਨੀਅਰ ਸਕੈਂਡਰੀ ਸਕੂਲ ਸੁਲਤਾਨਪੁਰ ਲੋਧੀ, ਜਸਵੀਰ ਕੌਰ, ਪ੍ਰਿੰਸੀਪਲ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਆਦਿ ਹਾਜ਼ਰ ਸਨ।

ਕੰਗਰੋੜ ਵਿਖੇ 15 ਨਵੰਬਰ ਦੀ ਕਨਵੈਨਸ਼ਨ ਦੀਆਂ ਤਿਆਰੀਆਂ ਜ਼ੋਰਾਂ 'ਤੇ

ਬੰਗਾ (ਅਵਤਾਰ ਕਲੇਰ)- ਪਿੰਡ ਮਾਂਗਟ ਵਿਖੇ ਮਨਰੇਗਾ ਮਜ਼ਦੂਰਾਂ ਦੀ ਭਰਮੀ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਬੀਬੀ ਹਰਜਿੰਦਰ ਨੇ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਹੁਸਨ ਸਿੰਘ ਮਾਂਗਟ ਜਿਲ੍ਹਾ ਸਕੱਤਰ ਕੁਲ ਹਿੰਦ ਮਜਦੂਰ ਯੂਨੀਅਨ ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕਿ ਸੂਬਾ ਕਮੇਟੀ ਦੇ ਫੈਸਲੇ ਮੁਤਾਬਕ ਹਰੇਕ ਜ਼ਿਲ੍ਹੇ ਵਿੱਚ

ਮਨਰੇਗਾ ਮਜ਼ਦੂਰਾਂ ਦੀ ਕਨਵੈਨਸ਼ਨ ਕੀਤੀ ਜਾਵੇ ਜਿਸ ਵਿੱਚ ਸਿਰਫ ਮਜ਼ਦੂਰ ਬੀਬੀਆਂ ਅੰਦਰਾਂ ਦੀ ਸ਼ਮੂਲੀਅਤ ਹੋਵੇ ਦੇ ਤਹਿਤ ਪਿੰਡ ਮਾਂਗਟ ਗੋਰਜੀਆਂ ਵਿਖੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਕਨਵੈਨਸ਼ਨ ਪਿੰਡ ਕੰਗਰੋੜ ਵਿਖੇ 15 ਨਵੰਬਰ ਨੂੰ ਹੋਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਮਾਂਗਟ ਨੇ ਦੱਸਿਆ ਕਿ ਅੱਜ ਸਮਾਜ ਦੇ ਅੰਦਰ ਜੋ ਮਜ਼ਦੂਰ ਵਰਗਾਂ ਦੀ ਦੁਰਦਸ਼ਾ ਹੋ ਰਹੀ ਹੈ ਉਸ ਲਈ ਹਾਕਮ ਜਮਾਤਾਂ ਤੇ ਸਰਮਾਏਦਾਰੀ ਪੱਖੀ ਨੀਤੀਆਂ ਜ਼ਿੰਮੇਵਾਰ ਹਨ। ਮਨਰੇਗਾ ਕਾਨੂੰਨ ਨੂੰ ਬਚਾਉਣ ਲਈ ਇੱਕ ਮੁੱਠ ਹੋ ਕੇ ਲੜਾਈ ਲੜਨੀ ਹੋਵੇਗੀ। ਇਸ ਸੰਬੰਧ ਵਿੱਚ ਪਿੰਡ ਕੰਗਰੋੜ ਵਿਖੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ 15 ਨਵੰਬਰ ਨੂੰ ਸਵੇਰੇ 11 ਵਜੇ ਹੋਵੇਗੀ ਜਿਸ ਨੂੰ ਸੂਬਾਈ ਆਗੂ ਸੰਬੋਧਨ ਕਰਨਗੇ।

ਕਰਵਾ ਚੌਥ ਮੌਕੇ ਮਹਿੰਦੀ ਮੁਕਾਬਲਾ ਕਰਵਾਇਆ

ਕਰਤਾਰਪੁਰ (ਰਘਬੀਰ ਦੱਤ)- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਕਰਤਾਰਪੁਰ ਵਿਖੇ ਕਰਵਾਚੌਥ ਦੇ ਪਵਿੱਤਰ ਮੌਕੇ 'ਤੇ ਵਿਦਿਆਰਥੀਆਂ ਦੀ ਰਚਨਾਤਮਕਤਾ, ਕਲਾਤਮਕ ਪ੍ਰਤਿਭਾ ਅਤੇ ਸੱਭਿਆਚਾਰਕ ਰੁਚੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮਹਿੰਦੀ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵੱਖ-ਵੱਖ ਹਾਊਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਸੁੰਦਰ ਡਿਜ਼ਾਇਨਾਂ

ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਵਿੱਚ ਟੈਗੋਰ ਹਾਊਸ ਨੇ ਪਹਿਲਾ ਸਥਾਨ, ਸ਼ਿਵਾਜੀ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਰਣਜੀਤ ਹਾਊਸ ਅਤੇ ਗੋਵਿੰਦ ਹਾਊਸ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ।ਇਸ ਮੌਕੇ ਸਕੂਲ ਦੀ ਚੇਅਰਪਰਸਨ ਸੁਰਿੰਦਰ ਕੌਰ, ਚੇਅਰਮੈਨ ਡਾ. ਚਰਨ ਸਿੰਘ, ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ ਅਤੇ ਸਕੂਲ ਦੇ ਪ੍ਰਿੰਸੀਪਲ ਹਰਵਿਸ਼ਵਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਤੋਂ ਇਲਾਵਾ ਸਾਰੇ ਹਾਊਸ ਇੰਚਾਰਜ ਵੀ ਮੌਜੂਦ ਸਨ, ਜਿਨ੍ਹਾਂ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ।ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਨੇ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਜੇਤੂ ਹਾਊਸਾਂ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਕਲਾਤਮਕ ਯੋਗਤਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਪ੍ਰਤੀ ਸਤਿਕਾਰ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ।

ਸਿਹਤ ਵਿਭਾਗ ਨੇ ਮਠਿਆਈਆਂ ਦੇ ਸੈਂਪਲ ਭਰੇ

ਪੋਜੇਵਾਲ (ਰਾਮ ਲਾਲ) ਤਿਉਹਾਰਾਂ ਦੇ ਸੀਜ਼ਨ ਦੌਰਾਨ ਲੋਕਾਂ ਨੂੰ ਸ਼ੁੱਧ, ਸੁਰੱਖਿਅਤ ਅਤੇ ਮਿਆਰੀ ਖਾਧ ਪਦਾਰਥ ਮੁਹੱਈਆ ਕਰਵਾਉਣ ਲਈ ਸਿਹਤ ਵਿਭਾਗ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਜਾਂਚ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ।ਮਾਣਯੋਗ ਕਮਿਸ਼ਨਰ ਫੂਡ ਸੇਫਟੀ ਕੰਵਲਪ੍ਰੀਤ ਬਰਾੜ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਡਾ. ਅਮਨ ਸੂਦ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਹਾਇਕ ਕਮਿਸ਼ਨਰ (ਫੂਡ) ਹਰਪ੍ਰੀਤ ਕੌਰ ਦੀ ਅਗਵਾਈ ਹੇਠ ਫੂਡ ਸੇਫਟੀ ਟੀਮ ਵੱਲੋਂ ਬਲਾਚੌਰ ਅਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਖਾਧ ਪਦਾਰਥਾਂ ਦੀਆਂ ਦੁਕਾਨਾਂ ਅਤੇ ਹਲਵਾਈਆਂ ਦੀਆਂ ਵਰਕਸ਼ਾਪਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਰੱਤੇਵਾਲ, ਕਾਠਗੜ੍ਹ ਅਤੇ ਹੋਰ ਇਲਾਕਿਆਂ ਵਿੱਚ ਮਠਿਆਈਆਂ ਦੀਆਂ ਦੁਕਾਨਾਂ ਤੋਂ ਬੇਸਣ, ਬਰਫ਼ੀ, ਦੁੱਧ, ਗੁਲਾਬ ਜਾਮੁਨ, ਰਸਗੁੱਲੇ, ਖੋਆ, ਫੇਣੀਆਂ ਅਤੇ ਪਤੀਸੇ ਦੇ ਸੈਂਪਲ ਲਏ ਗਏ। ਇਸ ਤੋਂ ਇਲਾਵਾ ਮਠਿਆਈਆਂ ਤਿਆਰ ਕਰਨ ਵਾਲੀਆਂ ਵਰਕਸ਼ਾਪਾਂ ਵਿੱਚ ਸਫ਼ਾਈ ਅਤੇ ਖਾਧ ਸੁਰੱਖਿਆ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਗਿਆ। ਜਾਂਚ ਦੌਰਾਨ ਵਰਕਸ਼ਾਪਾਂ ਵਿੱਚ ਪਾਈਆਂ ਗਈਆਂ ਕਮੀਆਂ ਨੂੰ ਦੂਰ ਕਰਨ ਲਈ ਸਬੰਧਤ ਦੁਕਾਨਦਾਰਾਂ ਅਤੇ ਹਲਵਾਈਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ। ਉਨ੍ਹਾਂ ਨੂੰ ਕੰਮ ਵਾਲੀਆਂ

ਥਾਵਾਂ, ਉਪਕਰਨਾਂ ਅਤੇ ਮਠਿਆਈਆਂ ਤਿਆਰ ਕਰਨ ਵਾਲੇ ਖੇਤਰਾਂ ਵਿੱਚ ਪੂਰੀ ਸਫ਼ਾਈ ਰੱਖਣ, ਕਰਮਚਾਰੀਆਂ ਵੱਲੋਂ ਦਸਤਾਨੇ, ਸਿਰ ਢਕਣ ਲਈ ਕੈਪ ਅਤੇ ਐਪਰਨ ਦੀ ਵਰਤੋਂ ਯਕੀਨੀ ਬਣਾਉਣ ਅਤੇ ਦੁੱਧ, ਖੋਆ, ਪਨੀਰ ਸਮੇਤ ਹੋਰ ਕੱਚਾ ਮਾਲ ਲਾਇਸੰਸਸ਼ੁਦਾ ਵਿਕਰੇਤਾਵਾਂ ਤੋਂ ਹੀ ਖਰੀਦਣ ਲਈ ਕਿਹਾ ਗਿਆ।ਇਸ ਮੌਕੇ ਸਹਾਇਕ ਕਮਿਸ਼ਨਰ (ਫੂਡ) ਸ੍ਰੀਮਤੀ ਹਰਪ੍ਰੀਤ ਕੌਰ ਨੇ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਵਿੱਚ ਮਠਿਆਈਆਂ ਅਤੇ ਹੋਰ ਖਾਧ ਪਦਾਰਥਾਂ ਦੀ ਮੰਗ ਵਧਣ ਕਾਰਨ ਉਨ੍ਹਾਂ ਦੀ ਗੁਣਵੱਤਾ ਅਤੇ ਸ਼ੁੱਧਤਾ ਯਕੀਨੀ ਬਣਾਉਣਾ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ। ਫੂਡ ਸੇਫਟੀ ਵਿਭਾਗ ਤੇ ਸਿਹਤ ਵਿਭਾਗ ਵੱਲੋਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੀ ਕਿਸੇ ਵੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਵਿਭਾਗ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਤਿਉਹਾਰਾਂ ਦੇ ਸੀਜ਼ਨ ਦੌਰਾਨ ਖਾਧ ਪਦਾਰਥਾਂ ਦੀ ਜਾਂਚ ਮੁਹਿੰਮ ਲਗਾਤਾਰ ਜਾਰੀ ਰਹੇਗੀ।

ਰੁਜ਼ਗਾਰ ਜਾਗਰੂਕਤਾ ਸੈਮੀਨਾਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਤਹਿਤ ਐਕਸਟਰਾ ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਗੁਰਕੰਵਲ ਸਿੰਘ ਦੀ ਅਗਵਾਈ ਹੇਠ ਸੁੰਦਰ ਨਗਰ ਹੁਸ਼ਿਆਰਪੁਰ ਵਿਖੇ ਰੁਜ਼ਗਾਰ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ ਅਤੇ ਉਨ੍ਹਾਂ ਨੇ ਪ੍ਰਾਰਥੀਆਂ ਨੂੰ ਨਸ਼ੇ ਦੇ ਰਾਹ ਨੂੰ ਛੱਡ ਕੇ ਕੋਈ ਨਾ ਕੋਈ ਸਕਿੱਲ ਪ੍ਰਾਪਤ ਕਰਕੇ ਕੋਈ ਚੰਗਾ ਰੋਜ਼ਗਾਰ ਜਾਂ ਸਵੈ-ਰੁਜ਼ਗਾਰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਪ੍ਰਾਰਥੀਆਂ ਨੂੰ ਰੁਜ਼ਗਾਰ ਸਬੰਧੀ ਵਧੇਰੇ ਜਾਣਕਾਰੀ ਲਈ ਰੋਜ਼ਗਾਰ ਦਫਤਰ ਵਿਖੇ ਵਿਜ਼ਟ

ਕਰਨ ਅਤੇ ਦਫਤਰ ਵਿਖੇ ਆਪਣਾ ਨਾਂਅ ਦਰਜ ਕਰਵਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਵਿਕਰਮ ਸਿੰਘ ਯੰਗ ਪ੍ਰੋਫੈਸ਼ਨਲ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਵੱਲੋਂ ਬੇਰੋਜ਼ਗਾਰ ਪ੍ਰਾਰਥੀਆਂ ਦੇ ਰੁਜ਼ਗਾਰ ਸਬੰਧੀ ਬਹੁਤ ਸਾਰੇ ਉਪਰਾਲੇ ਕੀਤੇ ਜਾ ਰਹੇ ਹਨ, ਜਿਵੇਂ ਕਿ ਜਿਹੜੇ ਪ੍ਰਾਰਥੀ ਭਵਿੱਖ ਦੇ ਕਰੀਅਰ ਸਬੰਧੀ ਜਾਣਕਾਰੀ ਲੈਣੀ ਚਾਹੁੰਦੇ ਹਨ, ਉਨ੍ਹਾਂ ਦੀ ਮੁਫ਼ਤ ਕਰੀਅਰ ਕਾਊਂਸਲਿੰਗ ਕੀਤੀ ਜਾਂਦੀ ਹੈ।

ਜੋ ਪ੍ਰਾਰਥੀ ਨੌਕਰੀਆਂ ਸਬੰਧੀ ਜਾਣਕਾਰੀ ਪ੍ਰਾਪਤ ਕਰਨੀ ਚਾਹੁੰਦੇ ਹਨ, ਉਨ੍ਹਾਂ ਨੂੰ ਇਸ ਦਫ਼ਤਰ ਦੇ ਪਲੇਸਮੈਂਟ ਸੈੱਲ ਦੁਆਰਾ ਨੌਕਰੀਆਂ ਦੇਣ ਦੇ ਉਪਰਾਲੇ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਰਵਿੰਦਰ ਸਿੰਘ ਡੀ ਬੀ ਈ ਈ ਹੁਸ਼ਿਆਰਪੁਰ ਨੇ ਜਿਹੜੇ ਪ੍ਰਾਰਥੀ ਸਵੈ-ਰੁਜ਼ਗਾਰ ਸਕੀਮਾਂ ਤਹਿਤ ਲੋਨ ਲੈ ਕੇ ਆਪਣਾ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਸਵੈ-ਰੁਜ਼ਗਾਰ ਸਕੀਮਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਜਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਐਮ ਐਸ ਡੀ ਸੀ. ਬਿਲਡਿੰਗ, ਪਹਿਲੀ ਮੰਜ਼ਿਲ, ਸਰਕਾਰੀ ਆਈ ਟੀ ਆਈ ਕੰਪਲੈਕਸ, ਜਲੰਧਰ ਰੋਡ, ਹੁਸ਼ਿਆਰਪੁਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਵਿਜ਼ਟ ਕਰਕੇ ਇਨ੍ਹਾਂ ਸਾਰੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਹਨ।

ਸਫ਼ਾਈ ਸੇਵਕਾਂ ਨੂੰ ਕੂੜਾ ਚੁੱਕਣ ਵਾਲੀ ਟਰਾਲੀ 'ਚ ਲਿਜਾਣਾ ਨਿੰਦਣਯੋਗ : ਰਾਵਲਪਿੰਡੀ

ਫਗਵਾੜਾ (ਜਸਵਿੰਦਰ ਢੱਡਾ)- ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ ਸੁਰਿੰਦਰ ਸਿੰਘ ਰਾਵਲਪਿੰਡੀ ਨੇ ਫਗਵਾੜਾ ਨਗਰ ਨਿਗਮ ਦੇ ਕਥਿਤ ਗੈਰ-ਜ਼ਿੰਮੇਵਾਰਾਨਾ ਪ੍ਰਬੰਧਾਂ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਫ਼ਾਈ ਸੇਵਕਾਂ ਨੂੰ ਪੂਰਾ ਮਾਣ-ਸਨਮਾਨ ਅਤੇ ਸੁਰੱਖਿਅਤ ਆਵਾਜਾਈ ਦੀ ਸਹੂਲਤ ਮੁਹੱਈਆ ਕਰਵਾਉਣਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੁੰਦੀ ਹੈ।

ਪਰ ਬੜੀ ਮੰਦਭਾਗੀ ਗੱਲ ਹੈ ਕਿ ਜਲੰਧਰ ਵਿਖੇ ਚੱਲ ਰਹੇ ਹਾਕੀ ਦੇ ਅੰਤਰਰਾਸ਼ਟਰੀ ਟੂਰਨਾਮੈਂਟ ਦੌਰਾਨ ਡਿਊਟੀ ਲਈ ਫਗਵਾੜਾ ਤੋਂ ਭੇਜੇ ਗਏ ਸਫ਼ਾਈ ਸੇਵਕਾਂ ਨੂੰ ਕੂੜਾ ਚੁੱਕਣ ਵਾਲੀ ਟਰਾਲੀ ਵਿੱਚ ਬਿਠਾ ਕੇ ਲਿਜਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਇੱਕ ਲਾਵਾਰਿਸ ਲਾਸ਼ ਨੂੰ ਅੰਤਿਮ ਸੰਸਕਾਰ ਲਈ ਕੂੜਾ ਚੁੱਕਣ ਵਾਲੀ ਗੱਡੀ ਰਾਹੀਂ ਲਿਜਾਣ ਦੇ ਮਾਮਲੇ ਨੇ ਵੀ ਕਾਰਪੋਰੇਸ਼ਨ ਦੀ ਕਾਰਗੁਜਾਰੀ 'ਤੇ ਸਵਾਲ ਖੜੇ ਕੀਤੇ ਸਨ। ਸੁਰਿੰਦਰ ਸਿੰਘ ਰਾਵਲਪਿੰਡੀ ਨੇ ਕਿਹਾ ਕਿ ਜੇਕਰ ਸਫ਼ਾਈ ਸੇਵਕਾਂ ਨੂੰ ਇਸ ਤਰ੍ਹਾਂ ਕੂੜਾ ਚੁੱਕਣ ਵਾਲੀ ਟਰਾਲੀ ਵਿੱਚ ਲਿਜਾਇਆ ਜਾਣਾ ਬੇਹੱਦ ਅਫ਼ਸੋਸਨਾਕ ਹੈ ਅਤੇ ਕਰਮਚਾਰੀਆਂ ਦੀ ਸੁਰੱਖਿਆ ਤੇ ਮਾਣ-ਸਨਮਾਨ ਪ੍ਰਤੀ ਪ੍ਰਸ਼ਾਸਨ ਦੀ ਜਵਾਬਦੇਹੀ 'ਤੇ ਸਵਾਲ ਖੜ੍ਹੇ ਕਰਦਾ ਹੈ। ਉਹਨਾਂ ਕਿਹਾ ਕਿ ਸਫ਼ਾਈ ਸੇਵਕ ਸਮਾਜ ਦਾ ਅਹਿਮ ਹਿੱਸਾ ਹਨ, ਜੋ ਆਪਣੀ ਮਿਹਨਤ ਨਾਲ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਵਿੱਚ ਵੱਡਾ ਯੋਗਦਾਨ ਪਾਉਂਦੇ ਹਨ। ਉਨ੍ਹਾਂ ਨਾਲ ਸਨਮਾਨਜਨਕ ਵਿਹਾਰ ਕਰਨਾ ਅਤੇ ਡਿਊਟੀ ਦੌਰਾਨ ਸੁਰੱਖਿਅਤ ਆਵਾਜਾਈ ਦੇ ਪ੍ਰਬੰਧ ਕਰਨਾ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਜਾਂਚ ਕਰਵਾਈ ਜਾਵੇ ਅਤੇ ਲਾਪਰਵਾਹੀ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਢੁੱਕਵੀਂ ਕਾਰਵਾਈ ਕੀਤੀ ਜਾਵੇ।

253 ਅਧਿਆਪਕਾਂ ਨੂੰ ਨੌਕਰੀਓਂ ਕੱਢਣਾ ਅਨਿਆਂਪੂਰਨ : ਡੀ ਟੀ ਐੱਫ

ਚੰਡੀਗੜ੍ਹ (ਗੁਰਜੀਤ ਬਿੱਲਾ)- ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਸੂਬਾ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਪ੍ਰੈੱਸ ਸਕੱਤਰ ਪਵਨ ਕੁਮਾਰ ਨੇ ਸਰਕਾਰ ਵੱਲੋਂ 253 ਮਾਸਟਰ ਕਾਡਰ ਅਧਿਆਪਕਾਂ ਨੂੰ ਟਰਮੀਨੇਟ ਕਰਨ ਦੇ ਫ਼ੈਸਲੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਸਰਕਾਰ ਦੀ ਅਧਿਆਪਕ ਵਿਰੋਧੀ, ਨੌਜਵਾਨ ਵਿਰੋਧੀ ਅਤੇ ਲੋਕ ਵਿਰੋਧੀ ਨੀਤੀ ਦਾ ਜਿਉਂਦਾ-ਜਾਗਦਾ ਸਬੂਤ ਕਰਾਰ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਇਹ ਫ਼ੈਸਲਾ ਸਿਰਫ਼ 253 ਅਧਿਆਪਕਾਂ ਨੂੰ ਪ੍ਰਭਾਵਿਤ ਨਹੀਂ ਕਰਦਾ, ਸਗੋਂ ਉਨ੍ਹਾਂ ਦੇ ਬੱਚਿਆਂ, ਮਾਪਿਆਂ ਅਤੇ ਪਰਿਵਾਰਾਂ ਦੀ ਆਰਥਿਕ ਸੁਰੱਖਿਆ ਅਤੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੀ ਸਿੱਖਿਆ ਨੂੰ ਵੀ ਸਿੱਧੀ ਸੱਟ ਮਾਰਦਾ ਹੈ। ਡੀ ਟੀ ਐੱਫ ਪੰਜਾਬ ਦੇ ਆਗੂਆਂ ਨੇ ਭਰਤੀ ਪ੍ਰਕਿਰਿਆ ਦਾ ਵੇਰਵਾ ਦਿੰਦਿਆਂ ਕਿਹਾ ਕਿ ਅਗਸਤ 2022 ਵਿੱਚ ਮਾਸਟਰ ਕਾਡਰ ਦੀ ਭਰਤੀ ਪ੍ਰੀਖਿਆ ਹੋਈ ਅਤੇ ਦਸੰਬਰ 2022 ਵਿੱਚ ਨਾਈਲੈਟ ਕੰਪਨੀ ਵੱਲੋਂ ਨਤੀਜਾ ਐਲਾਨਿਆ ਗਿਆ। ਜਨਵਰੀ 2023 ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਅਤੇ ਮਈ 2023 ਵਿੱਚ ਇਨ੍ਹਾਂ ਅਧਿਆਪਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਤਾਇਨਾਤ ਕਰ ਦਿੱਤਾ ਗਿਆ। ਭਰਤੀ ਪ੍ਰੀਖਿਆ ਦੀ ਉੱਤਰ ਕੁੰਜੀ ਵਿੱਚ ਗਲਤੀਆਂ ਦਾ ਮਾਮਲਾ ਹਾਈ ਕੋਰਟ ਵਿੱਚ ਪਹੁੰਚਣ ਤੋਂ ਬਾਅਦ ਅਦਾਲਤੀ ਆਦੇਸ਼ਾਂ ਅਨੁਸਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਸਮੇਤ ਹੋਰ ਯੂਨੀਵਰਸਿਟੀਆਂ ਦੇ ਵਿਸ਼ਾ ਮਾਹਿਰਾਂ ਤੋਂ ਸੋਧੀ ਹੋਈ ਉੱਤਰ ਕੁੰਜੀ ਤਿਆਰ ਕਰਵਾਈ ਗਈ ਅਤੇ ਉਸ ਦੇ ਆਧਾਰ 'ਤੇ ਨਵੀਂ ਚੋਣ ਸੂਚੀ ਬਣਾਈ ਗਈ। ਆਗੂਆਂ ਨੇ ਸਵਾਲ ਕੀਤਾ ਕਿ ਜੇਕਰ ਭਰਤੀ ਪ੍ਰਕਿਰਿਆ ਵਿੱਚ ਕੋਈ ਖਾਮੀ ਸੀ ਤਾਂ ਇਸ ਲਈ ਜ਼ਿੰਮੇਵਾਰ ਕੰਪਨੀ, ਅਧਿਕਾਰੀਆਂ ਅਤੇ ਪ੍ਰਬੰਧਕੀ ਤੰਤਰ ਦੀ ਜਵਾਬਦੇਹੀ ਤੈਅ ਕਰਨ ਦੀ ਬਜਾਏ ਉਨ੍ਹਾਂ ਅਧਿਆਪਕਾਂ ਨੂੰ ਕਟਹਿਰੇ ਵਿੱਚ ਕਿਉਂ ਖੜ੍ਹਾ ਕੀਤਾ ਜਾ ਰਿਹਾ ਹੈ, ਜਿਨ੍ਹਾਂ ਨੇ ਸਰਕਾਰ ਵੱਲੋਂ ਜਾਰੀ ਨਿਯੁਕਤੀ ਪੱਤਰਾਂ ਦੇ ਆਧਾਰ 'ਤੇ ਆਪਣੀਆਂ ਸੇਵਾਵਾਂ ਸ਼ੁਰੂ ਕੀਤੀਆਂ ਸਨ? ਆਗੂਆਂ ਮੰਗ ਕੀਤੀ ਕਿ 253 ਅਧਿਆਪਕਾਂ ਦੀਆਂ ਸੇਵਾਵਾਂ ਖ਼ਤਮ ਕਰਨ ਦੇ ਫ਼ੈਸਲੇ 'ਤੇ ਮੁੜ ਵਿਚਾਰ ਕਰਕੇ ਇਸ ਨੂੰ ਵਾਪਸ ਲਿਆ ਜਾਣਾ ਬਣਦਾ ਹੈ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਅਧਿਆਪਕਾਂ ਦੇ ਰੁਜ਼ਗਾਰ ਅਤੇ ਸਨਮਾਨ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਵਿਜੀਲੈਂਸ ਜਾਗਰੂਕਤਾ ਹਫਤਾ ਮਨਾਇਆ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਮਾਨਯੋਗ ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਚੰਡੀਗੜ੍ਹ ਦੇ ਹੁਕਮਾਂ ਅਨੁਸਾਰ ਅਤੇ ਸ੍ਰੀ ਹਰਪ੍ਰੀਤ ਸਿੰਘ ਮੰਡੇਰ ਐਸ.ਐਸ.ਪੀ. ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਵੱਲੋਂ 1 ਨਵੰਬਰ ਤੱਕ ਵਿਜੀਲੈਂਸ ਜਾਗਰੂਕਤਾ ਹਫਤਾ ਮਨਾਇਆ ਜਾ ਰਿਹਾ ਹੈ ਜਿਸ ਸਬੰਧੀ ਦਫਤਰ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਸੁਲਤਾਨਪੁਰ ਲੋਧੀ ਵਿਖੇ ਭ੍ਰਿਸ਼ਟਾਚਾਰ ਨੂੰ ਰੋਕਣ ਸਬੰਧੀ ਸ੍ਰੀ ਜੋਗਿੰਦਰ ਪਾਲ ਡੀ ਐਸ ਪੀ ਵਿਜੀਲੈਂਸ ਬਿਊਰੋ ਯੂਨਿਟ ਕਪੂਰਥਲਾ ਦੀ ਪ੍ਰਧਾਨਗੀ ਹੇਠ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਗੁਰਮੀਤ ਸਿੰਘ ਕਾਹਲੋਂ ਬੀ ਡੀ ਪੀ ਓ ਸੁਲਤਾਨਪੁਰ ਲੋਧੀ, ਦਵਿੰਦਰ ਪਾਲ ਐਸ ਐਚ ਓ ਸੁਲਤਾਨਪੁਰ ਲੋਧੀ ਸਮੇਤ ਇੰਸਪੈਕਟਰ ਪ੍ਰੀਤੀ, ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਦੇ ਸਮੂਹ ਕਰਮਚਾਰੀ, ਵੱਖ-ਵੱਖ ਪਿੰਡਾਂ ਦੇ ਪੰਚ/ਸਰਪੰਚ, ਅਤੇ ਸੁਲਤਾਨਪੁਰ ਲੋਧੀ ਸ਼ਹਿਰ ਦੇ ਮੋਹਤਬਰ ਵਿਅਕਤੀਆਂ ਨੇ ਸੈਮੀਨਾਰ ਵਿੱਚ ਭਾਗ ਲਿਆ।ਜੋਗਿੰਦਰ ਪਾਲ ਡੀ ਐਸ ਪੀ ਵਿਜੀਲੈਂਸ ਬਿਊਰੋ, ਕਪੂਰਥਲਾ ਅਤੇ ਇੰਸਪੈਕਟਰ ਪ੍ਰੀਤੀ ਵਿਜੀਲੈਂਸ ਬਿਊਰੋ, ਕਪੂਰਥਲਾ ਵੱਲੋਂ ਮੌਕੇ ਤੇ ਹਾਜਰ ਆਏ ਵੱਖ-ਵੱਖ ਪਿੰਡਾਂ ਦੇ ਪੰਚ/ਸਰਪੰਚ, ਅਤੇ ਸੁਲਤਾਨਪੁਰ ਲੋਧੀ ਸ਼ਹਿਰ ਦੇ ਮੋਹਤਬਰ ਵਿਅਕਤੀਆਂ ਨੂੰ ਭ੍ਰਿਸ਼ਟਾਚਾਰ ਨੂੰ ਰੋਕਣ ਸਬੰਧੀ ਜਾਗਰੂਕ ਕੀਤਾ ਗਿਆ।

ਪੰਚਾਇਤ ਸਮਿਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਵੱਲੋਂ ਰੋਸ ਪ੍ਰਦਰਸ਼ਨ

ਮੁਹਾਲੀ (ਗੁਰਜੀਤ ਬਿੱਲਾ)- ਪੰਚਾਇਤ ਸਮਿਤੀਆ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਵੱਲੋਂ ਆਪਣੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਮੰਗਵਾਉਣ ਲਈ ਸੀਨੀਅਰ ਪੈਨਸ਼ਨਰਾਂ ਲਛਮਣ ਸਿੰਘ ਗਰੇਵਾਲ, ਰਾਜਵਿੰਦਰ ਸਿੰਘ ਤਰਸਿੱਕਾ ਦੀ ਅਗਵਾਈ ਵਿੱਚ ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫਤਰ ਵਿਕਾਸ ਭਵਨ ਮੁਹਾਲੀ ਵਿਖੇ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਜਿਸ ਵਿੱਚ ਪੰਜਾਬ ਦੇ ਹਰ ਕੋਨੇ ਤੋਂ ਇਨ੍ਹਾਂ ਪੈਨਸ਼ਨਰਾਂ ਵੱਲੋਂ ਵੱਡੀ ਗਿਣਤੀ ਵਿੱਚ

ਸ਼ਿਰਕਤ ਕੀਤੀ ਗਈ। ਬੁਲਾਰਿਆਂ ਵੱਲੋਂ ਪੈਨਸ਼ਨਰਾਂ ਦੇ ਦੁੱਖ ਦਰਦ ਸਾਂਝਿਆਂ ਕਰਦਿਆਂ ਕਿਹਾ ਗਿਆ ਕਿ ਸਰਕਾਰ ਅਤੇ ਵਿਭਾਗ ਉਨ੍ਹਾਂ ਨਾਲ ਮਤਰੇਈ ਮਾਂ ਜਿਹਾ ਸਲੂਕ ਕਰ ਰਿਹਾ ਹੈ ਜਿਵੇਂ ਕਿ ਪੇ-ਕਮਿਸ਼ਨ ਦੇ ਬਕਾਏ ਜਾਰੀ ਨਹੀਂ ਕੀਤੇ ਜਾ ਰਹੇ, ਬੁਢਾਪਾ ਭੱਤਾ ਪੂਰਾ ਨਹੀਂ ਦਿੱਤਾ ਜਾ ਰਿਹਾ, ਐੱਲ.ਟੀ.ਸੀ. ਦੀ ਸਹੂਲਤ ਲਾਗੂ ਨਹੀਂ ਕੀਤੀ ਜਾ ਰਹੀ, ਪੈਨਸ਼ਨ ਲਾਉਣ ਲਈ ਕੋਈ ਸਮਾਂ ਸੀਮਾਂ ਨਹੀਂ, ਪੈਨਸ਼ਨ ਸਮੇਂ ਸਿਰ ਨਹੀਂ ਦਿੱਤੀ ਜਾਂਦੀ, ਅਦਾਲਤੀ ਫੈਸਲਿਆਂ ਨੂੰ ਅਪੀਲਾਂ ਰਾਹੀਂ ਲਟਕਾਇਆ ਜਾ ਰਿਹਾ ਹੈ, ਪੈਨਸ਼ਨ ਸੈੱਲ ਨੂੰ ਸੁਚਾਰੂ ਬਣਾਉਣ ਲਈ ਯਤਨ ਨਹੀਂ ਕੀਤੇ ਜਾਂਦੇ। ਉਨ੍ਹਾਂ ਨੇ ਕਿਹਾ ਕਿ ਜੇ ਇਸ ਧਰਨੇ ਉਪਰੰਤ ਵੀ ਕਾਰਗਰ ਕਦਮ ਨਾ ਚੁੱਕੇ ਗਏ ਤਾਂ ਉਹ ਮੁੜ 25 ਨਵੰਬਰ ਨੂੰ ਧਰਨਾ ਦੇਣਗੇ। ਧਰਨੇ ਨੂੰ ਪੈਨਸ਼ਨਰ ਆਗੂਆਂ ਲਛਮਣ ਸਿੰਘ ਗਰੇਵਾਲ, ਰਾਜਵਿੰਦਰ ਸਿੰਘ ਤਰਸਿੱਕਾ, ਕੁਲਵੰਤ ਕੌਰ ਬਾਠ, ਗੁਰਮੀਤ ਸਿੰਘ ਭਾਂਖਰਪੁਰ, ਸੁਰਿੰਦਰ ਹਾਟਾ,;ਸ਼ੇਰ ਮੁਹੰਮਦ, ਲਖਵਿੰਦਰ ਸਿੰਘ, ਰਾਜਵੰਤ ਸਿੰਘ, ਦਰਸ਼ਨ ਸਿੰਘ, ਮਾਨ ਸਿੰਘ, ਬਲਦੇਵ ਸਿੰਘ, ਮਹਿੰਦਰ ਸਿੰਘ ਭੰਗੂ, ਭਗਵਾਨ ਸਿੰਘ ਤੇ ਜਾਗੀਰ ਸਿੰਘ ਢਿੱਲੋਂ ਆਦਿ ਨੇ ਸੰਬੋਧਨ ਕੀਤਾ।

ਇਲਾਹਾਬਾਦ ਵਾਸੀਆਂ ਦੀਆਂ ਸਮੱਸਿਆਵਾਂ ਹੱਲ ਕਰਨ ਦਾ ਦਿੱਤਾ ਭਰੋਸਾ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਪਿੰਡ ਇਲਾਹਾਬਾਦ ਵਿਖੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਪਿੰਡ ਦੇ ਵਿਕਾਸ ਨਾਲ ਜੁੜੇ ਵੱਖ-ਵੱਖ ਮੁੱਦਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨੇ ਸੜਕ ਦੀ ਸਮੱਸਿਆ ਨੂੰ ਪ੍ਰਮੁੱਖਤਾ ਨਾਲ ਉਠਾਉਂਦਿਆਂ ਪਿੰਡ 'ਚ ਸਰਕਾਰੀ ਹਾਈ ਸਕੂਲ ਬਣਾਉਣ ਦੀ ਮੰਗ ਵੀ ਰੱਖੀ। ਮੀਟਿੰਗ ਦੌਰਾਨ ਪਿੰਡ ਵਾਸੀਆਂ ਨੇ ਕਿਹਾ ਕਿ ਪਿੰਡ ਵਾਸੀਆਂ ਨੂੰ ਸੜਕ ਦੀ ਮਾੜੀ ਹਾਲਤ ਤੋਂ ਬਹੁਤ ਪ੍ਰੇਸ਼ਾਨੀ ਹੋ ਰਹੀ ਹੈ ਜਿਸ ਕਾਰਨ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਅਤੇ ਆਵਾਜਾਈ ਲਈ ਬਹੁਤ ਪ੍ਰਭਾਵਿਤ ਹੋ ਰਹੀ ਹੈ।ਓਨਾਂ ਦੱਸਿਆ ਕਿ ਸੜਕ ਦੀ ਸਮੱਸਿਆ ਦਾ ਹੱਲ ਹੋਣ ਨਾਲ ਲੋਕਾਂ ਨੂੰ ਆਉਣ-ਜਾਣ ਵਿੱਚ ਸਹੂਲਤ ਮਿਲੇਗੀ ਅਤੇ ਪਿੰਡ ਦੇ ਵਿਕਾਸ ਨੂੰ ਵੀ ਹੁਲਾਰਾ ਮਿਲ ਸਕੇਗਾ। ਪਿੰਡ ਵਾਸੀਆਂ ਨੇ ਸੜਕ ਤੋਂ ਇਲਾਵਾ ਪਿੰਡ ਵਿੱਚ ਸਰਕਾਰੀ ਹਾਈ ਸਕੂਲ ਸਥਾਪਤ ਕਰਨ ਦੀ ਮੰਗ ਵੀ ਉਠਾਈ। ਪਿੰਡ ਵਾਸੀਆਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਸੁਣਨ ਤੋਂ ਬਾਅਦ ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ 'ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਨੇ ਲੋਕਾਂ ਨਾਲ ਗੱਲਬਾਤ ਕਰਦਿਆਂ ਪਿੰਡ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਪਿੰਡ ਵਾਸੀਆਂ ਨੇ ਉਮੀਦ ਜਤਾਈ ਕਿ ਸੜਕ ਦੀ ਸਮੱਸਿਆ ਦੇ ਹੱਲ ਅਤੇ ਸਰਕਾਰੀ ਹਾਈ ਸਕੂਲ ਬਣਾਉਣ ਦੀ ਮੰਗ ਵੱਲ ਸਬੰਧਤ ਪੱਧਰ 'ਤੇ ਧਿਆਨ ਦਿੱਤਾ ਜਾਵੇਗਾ, ਤਾਂ ਜੋ ਪਿੰਡ ਵਿੱਚ ਬੁਨਿਆਦੀ ਸਹੂਲਤਾਂ ਬਿਹਤਰ ਹੋ ਸਕਣ ਅਤੇ ਬੱਚਿਆਂ ਨੂੰ ਸਿੱਖਿਆ ਦੇ ਵਧੇਰੇ ਮੌਕੇ ਮਿਲ ਸਕਣ। ਪਿੰਡ ਦੀ ਸੜਕ ਅਤੇ ਸਰਕਾਰੀ ਹਾਈ ਸਕੂਲ ਦੀ ਮੰਗ ਇਸ ਮੀਟਿੰਗ ਦੇ ਮੁੱਖ ਮੁੱਦੇ ਰਹੇ।

ਐੱਸ ਐੱਸ ਆਰ 2027 : 12 ਨੂੰ ਪ੍ਰਕਾਸ਼ਿਤ ਹੋਵੇਗਾ ਵੋਟਰ ਸੂਚੀਆਂ ਦਾ ਡਰਾਫਟ : ਆਸ਼ਿਕਾ ਜੈਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਫੋਟੋ ਵਾਲੀਆਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਸੁਧਾਈ (ਐਸ ਐਸ ਆਰ)-2027 ਕਰਵਾਈ ਜਾ ਰਹੀ ਹੈ। ਇਸ ਸੁਧਾਈ ਲਈ 1 ਜਨਵਰੀ 2027 ਨੂੰ ਯੋਗਤਾ ਮਿਤੀ ਨਿਰਧਾਰਤ ਕੀਤੀ ਗਈ ਹੈ। ਇਸ ਦਾ ਉਦੇਸ਼ ਯੋਗ ਨਾਗਰਿਕਾਂ, ਖ਼ਾਸ ਕਰਕੇ ਨੌਜਵਾਨਾਂ ਅਤੇ ਪਹਿਲੀ ਵਾਰ ਵੋਟ ਪਾਉਣ ਦੇ ਯੋਗ ਹੋਣ ਵਾਲੇ ਨਾਗਰਿਕਾਂ ਦੇ ਨਾਂਅ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਯੋਗ ਨਾਗਰਿਕਾਂ ਦੇ ਨਾਂਅ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਤਹਿਤ 1 ਜਨਵਰੀ 2027 ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਯੋਗ ਨਾਗਰਿਕ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਲਈ ਅਰਜ਼ੀਆਂ ਦੇ ਸਕਣਗੇ। ਇਸ ਤੋਂ ਇਲਾਵਾ 1 ਅਪ੍ਰੈਲ, 1 ਜੁਲਾਈ ਅਤੇ 1 ਅਕਤੂਬਰ 2027 ਨੂੰ ਨਿਰਧਾਰਤ ਉਮਰ ਪੂਰੀ ਕਰਨ ਵਾਲੇ ਸੰਭਾਵੀ ਯੋਗ ਵੋਟਰਾਂ ਤੋਂ ਵੀ ਅਗਾਊਂ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣਗੀਆਂ, ਤਾਂ ਜੋ ਉਨ੍ਹਾਂ ਨੂੰ ਨਿਰਧਾਰਤ ਸਮੇਂ 'ਤੇ ਵੋਟਰ ਸੂਚੀ

ਵਿੱਚ ਸ਼ਾਮਲ ਕਰਨ ਦੀ ਪ੍ਰਕਿਰਿਆ ਪੂਰੀ ਕੀਤੀ ਜਾ ਸਕੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਅਤੇ ਮੁੜ ਵਿਵਸਥਾ ਦਾ ਕੰਮ 2 ਨਵੰਬਰ 2026 ਤੱਕ ਕੀਤਾ ਜਾਵੇਗਾ। ਇਸ ਤੋਂ ਬਾਅਦ 12 ਨਵੰਬਰ 2026 ਨੂੰ ਵੋਟਰ ਸੂਚੀਆਂ ਦੇ ਏਕੀਕ੍ਰਿਤ ਖਰੜੇ ਦਾ ਪ੍ਰਕਾਸ਼ਨ ਕੀਤਾ ਜਾਵੇਗਾ। ਖਰੜਾ ਵੋਟਰ ਸੂਚੀਆਂ ਸਬੰਧੀ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦੀ ਮਿਆਦ 12 ਨਵੰਬਰ ਤੋਂ 11 ਦਸੰਬਰ 2026 ਤੱਕ ਨਿਰਧਾਰਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ, ਜਦਕਿ ਵੋਟਰ ਸੂਚੀਆਂ ਦਾ ਅੰਤਿਮ ਪ੍ਰਕਾਸ਼ਨ 4 ਜਨਵਰੀ 2027 ਨੂੰ ਹੋਵੇਗਾ।

ਡਾ. ਅੰਬੇਡਕਰ ਦੇ ਆਗਮਨ ਦਿਵਸ ਨੂੰ 'ਯਾਦਗਾਰੀ ਦਿਵਸ' ਵਜੋਂ ਮਨਾਇਆ

ਜਲੰਧਰ (ਰਾਜੇਸ਼ ਥਾਪਾ)- ਅੰਬੇਡਕਰ ਭਵਨ ਟਰੱਸਟ ਜਲੰਧਰ ਵੱਲੋਂ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਡਾ. ਅੰਬੇਡਕਰ ਦੇ ਆਗਮਨ ਦਿਵਸ (27 ਅਕਤੂਬਰ 1951) ਨੂੰ 'ਯਾਦਗਾਰੀ ਦਿਵਸ' ਵਜੋਂ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਅੰਬੇਡਕਰਵਾਦੀ ਵਿਚਾਰਧਾਰਾ ਪ੍ਰਤੀ ਸਮਰਪਿਤ ਸੀਨੀਅਰ ਆਗੂ ਅਤੇ ਅੰਬੇਡਕਰ ਭਵਨ ਟਰੱਸਟ ਦੇ ਉਪ-ਚੇਅਰਮੈਨ ਡਾ. ਜੀ ਸੀ ਕੌਲ ਨੇ ਆਪਣੇ ਭਾਸ਼ਣ 'ਚ ਕਿਹਾ ਕਿ 75 ਸਾਲ ਪਹਿਲਾਂ, 27 ਅਕਤੂਬਰ 1951 ਨੂੰ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਨੇ ਜਲੰਧਰ ਦਾ ਦੌਰਾ ਕੀਤਾ ਸੀ ਅਤੇ ਬੂਟਣ ਮੰਡੀ ਦੇ ਰਾਮਦਾਸਪੁਰਾ ਵਿਖੇ ਲੱਖਾਂ ਲੋਕਾਂ ਦੇ ਇਕੱਠ ਨੂੰ ਸੰਬੋਧਨ ਕੀਤਾ ਸੀ। ਬਾਬਾ ਸਾਹਿਬ ਦੇ ਚਰਨ-ਛੋਹ ਪ੍ਰਾਪਤ ਇਸ ਧਰਤੀ 'ਤੇ ਉਨ੍ਹਾਂ ਦੀ ਵਿਰਾਸਤ ਨੂੰ ਕਾਇਮ ਰੱਖਣ ਲਈ, ਉੱਘੇ ਅੰਬੇਡਕਰਵਾਦੀ ਅਤੇ 'ਭੀਮ ਪਤ੍ਰਿਕਾ' ਦੇ ਮੁੱਖ ਸੰਪਾਦਕ ਸ੍ਰੀ ਲਾਹੌਰੀ ਰਾਮ ਬਾਲੀ ਨੇ 1963 ਵਿੱਚ ਸੇਠ ਕਰਮ ਚੰਦ ਬਾਠ ਦੇ ਸਹਿਯੋਗ ਨਾਲ ਅਤੇ ਲੋਕਾਂ ਤੋਂ ਇੱਕ-ਇੱਕ ਰੁਪਈਆ ਇਕੱਠਾ ਕਰਕੇ ਇਹ ਜ਼ਮੀਨ ਖਰੀਦੀ ਸੀ। 1972 ਵਿੱਚ, ਉਨ੍ਹਾਂ ਨੇ ਇਸ ਜਾਇਦਾਦ ਦੀ ਦੇਖਭਾਲ ਲਈ 'ਅੰਬੇਡਕਰ ਭਵਨ ਟਰੱਸਟ' ਨਾਮਕ ਇੱਕ ਟਰੱਸਟ ਦਾ ਗਠਨ ਕੀਤਾ। ਸਾਰੇ ਟਰੱਸਟੀਆਂ ਦੇ ਸੰਘਰਸ਼ ਅਤੇ ਸਮਰਪਣ ਸਦਕਾ, ਇਸ ਇਤਿਹਾਸਕ ਸਥਾਨ 'ਤੇ -ਜਿੱਥੇ ਬਾਬਾ

ਸਾਹਿਬ ਨੇ 27 ਅਕਤੂਬਰ 1951 ਨੂੰ ਭਾਸ਼ਣ ਦਿੱਤਾ ਸੀ—ਇੱਕ ਸੁੰਦਰ ਭਵਨ ਉਸਾਰਿਆ ਗਿਆ ਹੈ। ਸੀਨੀਅਰ ਟਰੱਸਟੀ ਅਤੇ 'ਕਿਰਤੀ' ਦੇ ਸਾਬਕਾ ਸੰਪਾਦਕ, ਹਰਮੇਸ਼ ਜੱਸਲ ਨੇ ਅੰਬੇਡਕਰ ਭਵਨ ਦੇ ਸਾਰੇ ਸਤਿਕਾਰਯੋਗ ਸਾਬਕਾ ਟਰੱਸਟੀਆਂ-ਲਾਹੌਰੀ ਰਾਮ ਬਾਲੀ (ਸੰਸਥਾਪਕ ਟਰੱਸਟੀ), ਕਰਮ ਚੰਦ ਬਾਠ, ਆਰ. ਸੀ. ਪਾਲ, ਡਾ. ਰਾਮ ਲਾਲ ਜੱਸੀ, ਬਰਖਾ ਰਾਮ, ਡਾ. ਆਰ. ਡੀ. ਨਰ 'ਮਨਸੂਰ', ਆਰ. ਸੀ. ਸੰਗਰ, ਕੇ. ਸੀ. ਸੁਲੇਖ, ਗਿਆਨ ਸਿੰਘ ਬੱਲ, ਮਹਾਸ਼ਾ ਕ੍ਰਿਸ਼ਨ ਕੁਮਾਰ ਬੋਧੀ, ਕੇ. ਸੀ. ਸ਼ੇਨਮਾਰ, ਚੌਧਰੀ ਨਸੀਬ ਚੰਦ, ਮੋਹਨ ਲਾਲ, ਪ੍ਰੀਤਮ ਸਿੰਘ ਬਾਲਾ, ਐਡਵੋਕੇਟ ਭਗਵਾਨ ਦਾਸ, ਰਵੀ ਦੱਤ ਸ਼ੇਨਮਾਰ ਅਤੇ ਚੌਧਰੀ ਦਲੀਪ ਚੰਦ ਦੇ ਜੀਵਨ, ਪ੍ਰਾਪਤੀਆਂ ਅਤੇ ਅੰਬੇਡਕਰ ਭਵਨ ਦੀ ਉਸਾਰੀ ਤੇ ਵਿਕਾਸ ਵਿੱਚ ਪਾਏ ਯੋਗਦਾਨ ਬਾਰੇ ਆਪਣਾ ਪਰਚਾ ਪੜ੍ਹਿਆ। ਟਰੱਸਟ ਵੱਲੋਂ ਇਨ੍ਹਾਂ ਸਾਰੇ ਸਤਿਕਾਰਯੋਗ ਸਾਬਕਾ ਟਰੱਸਟੀਆਂ ਦੇ ਪਰਵਾਰਾਂ ਨੂੰ ਸਨਮਾਨਤ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ, ਯੂ. ਕੇ. ਤੋਂ ਪ੍ਰਕਾਸ਼ਿਤ ਅਖ਼ਬਾਰ 'ਸਮਾਜ ਵੀਕਲੀ' ਦੇ ਮੁੱਖ ਸੰਪਾਦਕ ਦੇਵਿੰਦਰ ਚੰਦਰ ਅਤੇ ਮਿਸ਼ਨਰੀ ਲੇਖਕ ਸੋਹਨ ਸਹਿਜਲ ਨੂੰ ਵੀ ਸਨਮਾਨਿਤ ਕੀਤਾ ਗਿਆ।ਡਾ: ਮਹਿੰਦਰ ਸੰਧੂ ਨੇ ਸਟੇਜ ਦੀ ਡਿਊਟੀ ਬਾਖ਼ੂਬੀ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਦਾਸ ਸੰਧੂ, ਪ੍ਰੋ: ਬਲਬੀਰ, ਸਾਬਕਾ ਚੇਅਰਮੈਨ ਸੋਹਨ ਲਾਲ, ਐਡਵੋਕੇਟ ਯੱਗਿਆਦੀਪ, ਬਲਦੇਵ ਰਾਜ ਭਾਰਦਵਾਜ, ਸਾਬਕਾ ਰਾਜਦੂਤ ਰਮੇਸ਼ ਚੰਦਰ, ਪਰਮਜੀਤ ਮਹੇ, ਐਡਵੋਕੇਟ ਸੁਧੀਰ ਕੁਮਾਰ, ਕਮਲ ਕੁਮਾਰ, ਮਨਜੀਤ ਸਿੰਘ, ਪਿਸ਼ੌਰੀ ਲਾਲ ਸੰਧੂ, ਮੋਹਨ ਲਾਲ, ਨਿਰਮਲ ਬਿੰਜੀ, ਰਾਮ ਸਰੂਪ ਬਾਲੀ, ਹੇਮ ਰਾਜ, ਕਮਲ ਨੈਨ, ਪਰਦੀਪ ਕੁਮਾਰ, ਅਵਿਨਾਸ਼ ਕੁਮਾਰ, ਲੇਖ ਰਾਜ ਨਈਅਰ, ਡਾ: ਕੁਲਵੰਤ ਸਿੰਘ ਢੁੱਲ, ਮਲਕੀਤ ਸਿੰਘ, ਅਮਰਜੀਤ ਸਾਂਪਲਾ, ਪ੍ਰੋ: ਅਸ਼ਵਨੀ ਵਾਲੀਆ, ਸੂਰਜ ਵਿਰਦੀ, ਯਸ਼ ਪਾਲ, ਤੇਜਿੰਦਰ ਕੁਮਾਰ ਜੱਸੀ, ਹਰਭਜਨ ਲੱਖਾ, ਬਲਬੀਰ ਕਾਜਲਾ, ਅਮਰਜੀਤ ਕਾਜਲਾ, ਸੁਭਾਸ਼ ਅਹੀਰ, ਤੀਰਥ ਭਾਰਦਵਾਜ, ਪ੍ਰੋ ਅਸ਼ਵਨੀ ਜੱਸਲ, ਸੁਖਦੇਵ ਕਲੇਰ, ਡਾ. ਅਮ੍ਰਿਤਪਾਲ ਕੌਰ, ਗੁਰਮੀਤ ਕੌਰ, ਆਸ਼ਾ ਪਾਲ, ਸ਼ਾਂਤੀ ਦੇਵੀ, ਰਤਨ ਰਾਜਿਕਾ, ਪਿੰਕੀ ਦੇਵੀ ਸੰਗਰ, ਡਾ ਵੀਨਾ ਪਾਲ, ਵਿਜੇ ਪਾਲ, ਗੁਰਦੇਵ ਕੌਰ ਹਾਜ਼ਰ ਸਨ।

ਬਾਬਾ ਬਿਸ਼ਨ ਸਿੰਘ ਦੀ ਨਿੱਘੀ ਯਾਦ ਨੂੰ ਸਮਰਪਿਤ ਕੀਰਤਨ ਦਰਬਾਰ ਭਲਕੇ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਕੰਧਾਲਾ ਜੱਟਾਂ ਵਿਖੇ ਧੰਨ-ਧੰਨ ਸੰਤ ਬਾਬਾ ਬਿਸ਼ਨ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਭਲਕੇ 31 ਅਕਤੂਬਰ ਦਿਨ ਸ਼ਨੀਵਾਰ ਨੂੰ ਕਰਵਾਏ ਜਾ ਰਹੇ 126ਵੇਂ ਸਾਲਾਨਾ ਸਮਾਗਮ ਅਤੇ ਕੀਰਤਨ ਦਰਬਾਰ ਮੁੱਖ ਰੱਖਦੇ ਹੋਏ ਗੁਰਦੁਆਰਾ ਸਾਹਿਬ ਬਾਬਾ ਬਿਸ਼ਨ ਸਿੰਘ ਵਿਖੇ ਸਲਾਨਾ ਸਮਾਗਮ ਵਿਚ ਸ੍ਰੀ ਅਖੰਡ ਪਾਠ ਸਾਹਿਬ ਜੀ 26 ਪਾਠਾਂ ਦੇ ਪੰਜਵੀਂ ਲੜੀ ਦੇ ਭੋਗ ਪਾਏ ਗਏ ਅਤੇ ਸਮੂਹ ਨਗਰ ਨਿਵਾਸੀ ਅਤੇ ਐਨਆਰਆਈ ਸੰਗਤ ਦੇ ਸਹਿਯੋਗ ਨਾਲ ਸਾਂਝਾ ਇੱਕ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਧੰਨ-ਧੰਨ ਬਾਬਾ ਬਿਸ਼ਨ ਸਿੰਘ ਜੀ ਗੁਰਦੁਆਰਾ ਦੇ ਸੇਵਾਦਾਰਾਂ-ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਵਿਦੇਸ਼ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਹੇ ਸਮਾਗਮ ਵਿੱਚ ਲੜੀਵਾਰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਲਕੇ 31 ਅਕਤੂਬਰ ਨੂੰ ਸੰਪੂਰਨਤਾ ਹੋਵੇਗੀ। ਸੇਵਾਦਾਰਾਂ ਨੇ ਦੱਸਿਆ ਕਿ ਸਮਾਗਮ ਦੇ ਅੰਤਿਮ ਦਿਨ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਦੀਵਾਨ ਦੀ ਆਰੰਭਤਾ ਹੋਵੇਗੀ। ਜਿਸ ਵਿਚ ਸਿੱਖ ਪੰਥ ਦੇ ਮਹਾਨ ਕਵੀਸ਼ਰ, ਭਾਈ ਸੁਖਬੀਰ ਸਿੰਘ ਜੀ ਇੰਟਰਨੈਸ਼ਨਲ ਕਵੀਸ਼ਰੀ ਜਥਾ, ਗਿਆਨੀ ਗੁਰਪ੍ਰਤਾਪ ਸਿੰਘ ਪਦਮ ਇੰਟਰਨੈਸ਼ਨਲ ਢਾਡੀ, ਭਾਈ ਅੰਮ੍ਰਿਤਪਾਲ ਸਿੰਘ ਕੀਰਤਨੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਬੀਬੀ ਦਲੇਰ ਕੌਰ ਖਾਲਸਾ ਇੰਟਰਨੈਸ਼ਨਲ ਢਾਡੀ ਜਥਾ, ਗਿਆਨੀ ਮਨਵੀਰ ਸਿੰਘ ਐਮ ਏ ਮਹੂਵਿੰਡ ਢਾਡੀ ਜਥਾ, ਗਿਆਨੀ ਭਗਵੰਤ ਸਿੰਘ ਸੂਰਵਿੰਡ ਕਵੀਸ਼ਰੀ ਜਥਾ, ਭਾਈ ਗੁਰਪ੍ਰੀਤ ਸਿੰਘ ਕੰਧਾਲਾ (ਕਨੇਡਾ) ਵਾਲੇ ਕੀਰਤਨੀ ਜਥਾ, ਭਾਈ ਦਾਤਾਰ ਸਿੰਘ ਦਾਤਾ ਢਾਡੀ ਜਥਾ ਕੰਧਾਲਾ ਜੱਟਾਂ, ਭਾਈ ਗੁਰਮੁੱਖ ਸਿੰਘ ਕੰਧਾਲਾ ਜੱਟਾਂ ਕੀਰਤਨੀ ਜਥਾ,

ਭਾਈ ਹਰਚਰਨ ਸਿੰਘ ਕੰਧਾਲਾ ਜੱਟਾਂ ਵਾਲੇ, ਬਾਬਾ ਬਿਸ਼ਨ ਸਿੰਘ ਜੀ ਕੀਰਤਨ ਵਿਦਿਆਲਾ ਕੰਧਾਲਾ ਜੱਟਾਂ ਦੇ ਬੱਚੇ ਅਤੇ ਹੋਰ ਬਹੁਤ ਸਾਰੇ ਕੀਰਤਨੀ ਜਥੇ ਪਹੁੰਚ ਕੇ ਆਈਆਂ ਹੋਈਆਂ ਸੰਗਤਾਂ ਨੂੰ ਕੀਰਤਨ ਗੁਰਬਾਣੀ ਕਥਾ ਰਾਹੀਂ ਨਿਹਾਲ ਕਰਨਗੇ। ਇਸੇ ਤਰ੍ਹਾਂ ਸਿੱਖ ਪੰਥ ਤੇ ਮਹਾਨ ਕਥਾਵਾਚਕ ਸ੍ਰੀਮਾਨ ਬਾਬਾ ਬੰਤਾ ਸਿੰਘ ਜੀ ਅੰਸ਼ ਵੰਸ਼ ਬਾਬਾ ਬਿਧੀ ਚੰਦ ਜੀ ਮੁੰਡਾ ਪਿੰਡ, ਭਾਈ ਸੁਖਦੇਵ ਸਿੰਘ ਜੀ ਡੱਲਾ ਕਥਾਵਾਚਕ, ਸ੍ਰੀਮਾਨ ਸੰਤ ਬਾਬਾ ਮੱਖਣ ਸਿੰਘ ਜੀ ਦਰੀਏ ਵਾਲੇ ਸੰਗਤਾਂ ਨੂੰ ਕਥਾ ਵਿਚਾਰਾਂ ਨਾਲ ਜੋੜਣਗੇ। ਪ੍ਰਬੰਧਕਾਂ ਨੇ ਦੱਸਿਆ ਇਸੇ ਤਰ੍ਹਾਂ 29 ਅਕਤੂਬਰ ਨੂੰ ਰਾਤਰੀ ਦੇ ਦੀਵਾਨਾਂ ਵਿਚ ਪ੍ਰੋਫੈਸਰ ਅਮਰਜੀਤ ਸਿੰਘ ਜੰਡੀ ਕਥਾਵਾਚਕ (ਧਰਮ ਪ੍ਰਚਾਰਕ ਕਮੇਟੀ), ਭਾਈ ਮਨਜੀਤ ਸਿੰਘ ਜੀ ਬਾਬਕ ਕੀਰਤਨੀ ਜਥਾ,ਗਿਆਨੀ ਸੁਲੱਖਣ ਸਿੰਘ ਰਿਆੜ ਕਵੀਸ਼ਰੀ ਜਥਾ, ਨੇ ਸੰਗਤਾਂ ਨੂੰ ਕਥਾ ਕੀਰਤਨ ਨਾਲ ਨਿਹਾਲ ਕੀਤਾ। 30 ਅਕਤੂਬਰ ਨੂੰ ਗਿਆਨੀ ਆਕਾਸ਼ਦੀਪ ਸਿੰਘ ਦਮਦਮੀ ਟਕਸਾਲ ਕਥਾਵਾਚਕ, ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ ਜੀ ਸੋਤਲੇ ਵਾਲੇ ਕੀਰਤਨੀ ਜਥਾ, ਗਿਆਨੀ ਜਤਿੰਦਰ ਸਿੰਘ ਜੋਧ ਹਜ਼ੂਰੀ ਢਾਡੀ ਮਿਸਲ ਸ਼ਹੀਦਾਂ ਤਰਨਾ ਦਲ ਢਾਡੀ ਵਾਰਾਂ,ਕਥਾ ਵਿਚਾਰਾਂ ਅਤੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।30 ਅਕਤੂਬਰ ਨੂੰ ਸਵੇਰੇ 10 ਵਜੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ, ਜਿਨਾਂ ਵੀ ਪ੍ਰਾਣੀਆਂ ਨੇ ਅੰਮ੍ਰਿਤ ਸੰਚਾਰ ਦੀ ਦਾਤ ਲੈਣੀ ਹੋਵੇ ਕੇਸੀ ਇਸ਼ਨਾਨ ਕਰ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨ ਜੀ। ਅੰਮ੍ਰਿਤ ਸੰਚਾਰ ਵਿੱਚ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ। ਇਸ ਮੌਕੇ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ ਪ੍ਰਧਾਨ ਅੰਮ੍ਰਿਤਪਾਲ ਸਿੰਘ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਤਜਿੰਦਰ ਸਿੰਘ ਬਿੱਲਾ ਉੱਪ ਖਜਾਨਚੀ, ਸੁੱਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੈਲ ਸਿੰਘ, ਇੰਦਰਜੀਤ ਸਿੰਘ, ਬਲਸਾਹਿਬ ਸਿੰਘ, ਤਨਵਪ੍ਰੀਤ ਸਿੰਘ, ਕਮਲਜੀਤ ਸਿੰਘ, ਇੰਦਰਜੀਤ ਸਿੰਘ,ਹੈਡ ਗ੍ਰੰਥੀ ਬਾਬਾ ਰਣਜੀਤ ਸਿੰਘ, ਗ੍ਰੰਥੀ ਬਾਬਾ ਦਾਨ ਸਿੰਘ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

ਪਾਣੀਆਂ ਦੇ ਰਾਖੇ ਬਣਨ ਦਾ ਦਾਅਵਾ ਕਰਨ ਵਾਲਿਆਂ ਨੇ ਹੀ ਪੰਜਾਬ ਨੂੰ ਲੁੱਟਿਆ : ਬਲਤੇਜ ਪੰਨੂ

ਚੰਡੀਗੜ੍ਹ (ਗੁਰਜੀਤ ਬਿੱਲਾ)- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਾਂਗਰਸ ਅਤੇ ਅਕਾਲੀ-ਭਾਜਪਾ ਦੀਆਂ ਪਿਛਲੀਆਂ ਸਰਕਾਰਾਂ 'ਤੇ ਧਰਤੀ ਹੇਠਲੇ ਪਾਣੀ ਦੇ ਗੰਭੀਰ ਮੁੱਦੇ ਨੂੰ ਅਣਗੌਲਿਆ ਕਰਨ ਦਾ ਦੋਸ਼ ਲਾਉਂਦੀਆਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਮਾਹਰ ਚੇਤਾਵਨੀ ਦਿੰਦੇ ਰਹੇ ਸਨ ਕਿ ਪੰਜਾਬ ਦਾ ਧਰਤੀ ਹੇਠਲਾ ਪਾਣੀ ਬਹੁਤ ਤੇਜ਼ੀ ਨਾਲ ਖ਼ਤਮ ਹੋ ਰਿਹਾ ਹੈ, ਪਰ ਇਨ੍ਹਾਂ ਸਰਕਾਰਾਂ ਨੇ ਕਦੇ ਇਸ ਸਮੱਸਿਆ ਵੱਲ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਾਡੀਆਂ ਨਹਿਰਾਂ, ਸੂਇਆਂ ਤੇ ਕੱਸੀਆਂ ਨੂੰ ਸਾਜ਼ਿਸ਼ ਤਹਿਤ ਗਾਇਬ ਹੋਣ ਦਿੱਤਾ ਤਾਂ ਜੋ ਆਉਣ ਵਾਲੀਆਂ ਨਸਲਾਂ ਲਈ ਪਾਣੀ ਹੀ ਨਾ ਬਚੇ। ਜਿਨ੍ਹਾਂ ਨੇ ਪੰਜਾਬ ਵਿੱਚ 'ਪਾਣੀਆਂ ਦੇ ਰਾਖੇ' ਦੇ ਵੱਡੇ-ਵੱਡੇ ਬੋਰਡ ਲਾਏ ਸੀ, ਉਹ ਅਸਲ ਵਿੱਚ 'ਪਾਣੀਆਂ 'ਤੇ ਡਾਕਾ' ਮਾਰਨ ਵਾਲੇ ਨਿਕਲੇ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਜਦੋਂ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਐੱਸਵਾਈਐੱਲ ਦਾ ਟੱਕ ਲਾਇਆ ਸੀ ਤਾਂ ਕੈਪਟਨ ਅਮਰਿੰਦਰ ਸਿੰਘ ਨੇ ਉਨ੍ਹਾਂ ਨੂੰ ਸੋਨੇ ਦੀ ਕਹੀ ਤੇ ਚਾਂਦੀ ਦਾ ਬੱਠਲ ਪੇਸ਼ ਕੀਤਾ ਸੀ। ਇਸ ਤੋਂ ਵੀ ਪਹਿਲਾਂ ਬਾਦਲ ਸਰਕਾਰ ਵੇਲੇ ਐਸ ਵਾਈ ਐਲ ਦੀ ਮਨਜ਼ੂਰੀ ਦਵਾਈ ਗਈ, ਜਿਸ ਲਈ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਚੌਧਰੀ ਦੇਵੀ ਲਾਲ ਨੇ ਹਰਿਆਣਾ ਵਿਧਾਨ ਸਭਾ ਵਿੱਚ ਉਚੇਚੇ ਤੌਰ 'ਤੇ ਬਾਦਲ ਸਾਹਿਬ ਦਾ ਧੰਨਵਾਦ ਕੀਤਾ ਸੀ। ਇੰਨਾ ਹੀ ਨਹੀਂ, ਨਹਿਰਾਂ ਦੀ ਉੱਚਾਈ ਵੀ ਇਸ ਲਈ ਵਧਾਈ ਗਈ ਸੀ ਤਾਂ ਜੋ ਬਾਦਲਾਂ ਦੇ ਨਿੱਜੀ ਫਾਰਮ ਹਾਊਸ ਤੱਕ ਪਾਣੀ ਪਹੁੰਚ ਸਕੇ।ਉਨ੍ਹਾਂ ਅੱਗੇ ਦੱਸਿਆ ਕਿ 2022 ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਆਉਂਦਿਆਂ ਹੀ ਪਹਿਲ ਦੇ ਆਧਾਰ 'ਤੇ ਨਹਿਰੀ ਪਾਣੀ ਨੂੰ ਰਿਵਾਈਵ ਕਰਨ ਦੇ ਹੁਕਮ ਦਿੱਤੇ ਗਏ। ਵਿਧਾਨ ਸਭਾ ਦੇ ਹਾਲੀਆ ਸੈਸ਼ਨ ਦਾ ਹਵਾਲਾ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਸੈਸ਼ਨ ਦੇ ਆਖਰੀ ਦਿਨ ਪਾਣੀਆਂ ਨਾਲ ਸੰਬੰਧਤ ਇਤਿਹਾਸਕ ਮਤੇ ਲਿਆਂਦੇ ਗਏ ਸਨ, ਪਰ ਕਾਂਗਰਸ ਜਾਣਬੁੱਝ ਕੇ ਡਰਾਮਾ ਰਚ ਕੇ ਵਿਧਾਨ ਸਭਾ 'ਚੋਂ ਬਾਹਰ ਭੱਜ ਗਈ।

ਐਥਲੀਟਾਂ ਨੇ ਵੇਟ ਲਿਫਟਿੰਗ 'ਚ ਤਿੰਨ ਸੋਨ, ਇੱਕ ਚਾਂਦੀ ਤੇ ਇੱਕ ਕਾਂਸੀ ਦਾ ਤਗਮਾ ਜਿੱਤ ਕੇ ਸਕੂਲ ਦਾ ਮਾਣ ਵਧਾਇਆ

ਬਿਲਗਾ (ਵਿਜੇ ਕੁਮਾਰ)- ਸ਼ੀਲਾ ਰਾਣੀ ਤਾਂਗੜੀ ਡੀ ਏ ਵੀ ਪਬਲਿਕ ਸਕੂਲ, ਬਿਲਗਾ ਦੇ ਐਥਲੀਟਾਂ ਨੇ ਡੀ ਏ ਵੀ ਰਾਸ਼ਟਰੀ ਖੇਡ ਮੁਕਾਬਲੇ 2026 ਦੇ ਵੇਟਲਿਫਟਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨ ਸੋਨ, ਇੱਕ ਚਾਂਦੀ ਅਤੇ ਇੱਕ ਕਾਂਸੀ ਦਾ ਤਗਮਾ ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਸੋਨ ਤਗਮਾ ਜੇਤੂਆਂ ਵਿੱਚ, ਅੰਡਰ-17 ਕੁੜੀਆਂ ਦੇ ਵਰਗ ਵਿੱਚ 48 ਕਿਲੋਗ੍ਰਾਮ ਭਾਰ ਵਰਗ ਵਿੱਚ ਹਰਮੀਤ ਕੌਰ, ਅੰਡਰ-19 ਕੁੜੀਆਂ ਦੇ ਵਰਗ ਵਿੱਚ 63 ਕਿਲੋਗ੍ਰਾਮ ਭਾਰ ਵਰਗ ਵਿੱਚ ਸੁਖਮੀਤ ਕੌਰ ਅਤੇ ਅੰਡਰ-17 ਲੜਕਿਆਂ ਦੇ ਵਰਗ ਵਿੱਚ 88 ਕਿਲੋਗ੍ਰਾਮ ਭਾਰ ਵਰਗ ਵਿੱਚ ਅਰਸ਼ਦੀਪ ਸਿੰਘ ਨੇ ਆਪਣੀ ਪ੍ਰਤਿਭਾ ਤੇ ਮਿਹਨਤ ਦਾ ਪ੍ਰਦਰਸ਼ਨ ਕੀਤਾ।ਅੰਕਿਤਾ ਦਾਦਰਾ ਨੇ ਅੰਡਰ-17 ਕੁੜੀਆਂ ਦੇ ਵਰਗ ਵਿੱਚ 63 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦਾ ਤਗਮਾ ਜਿੱਤਿਆ, ਜਦੋਂ ਕਿ ਜਸਲੀਨ ਕੌਰ ਨੇ ਅੰਡਰ-14 ਕੁੜੀਆਂ ਦੇ ਵਰਗ ਵਿੱਚ 63 ਕਿਲੋਗ੍ਰਾਮ ਭਾਰ ਵਰਗ ਵਿੱਚ ਕਾਂਸੀ ਦਾ ਤਗਮਾ ਜਿੱਤਿਆ।ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਜੀਵ ਗੁੱਜਰਾਲ ਨੇ ਸਾਰੇ ਤਗਮਾ ਜੇਤੂ ਐਥਲੀਟਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਐਥਲੀਟਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਇਰਾਦੇ ਦਾ ਨਤੀਜਾ ਹੈ। ਪ੍ਰਿੰਸੀਪਲ ਨੇ ਡੀ ਪੀ ਈ ਅਧਿਆਪਕਾਂ ਬਲਵਿੰਦਰ ਸਿੰਘ, ਜਸਵਿੰਦਰ ਸਿੰਘ ਅਤੇ ਸਾਹਿਲ ਦੇ ਸਮਰਪਿਤ ਮਾਰਗਦਰਸ਼ਨ, ਸਿਖਲਾਈ ਅਤੇ ਨਿਰੰਤਰ ਯਤਨਾਂ ਦੀ ਵੀ ਸ਼ਲਾਘਾ ਕੀਤੀ।

ਵਿਦਿਆਰਥੀਆਂ ਨੇ ਜੇ ਐੱਮ ਪੀ ਇੰਡਸਟਰੀ ਦਾ ਕੀਤਾ ਉਦਯੋਗਿਕ ਦੌਰਾ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਆਟੋਮੋਬਾਈਲ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਦੀ ਪ੍ਰੈਕਟੀਕਲ ਜਾਣਕਾਰੀ ਪ੍ਰਦਾਨ ਕਰਨ ਦੇ ਉਦੇਸ਼ ਨਾਲ ਜੇ ਐੱਮ ਪੀ ਇੰਡਸਟਰੀ, ਜਲੰਧਰ ਵਿਖੇ ਉਦਯੋਗਿਕ ਦੌਰਾ ਕਰਵਾਇਆ ਗਿਆ। ਇਹ ਦੌਰਾ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਸਰਪ੍ਰਸਤੀ ਤੇ ਵਿਭਾਗ ਮੁਖੀ ਗੌਰਵ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਆਟੋਮੋਬਾਈਲ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਦਯੋਗਿਕ ਦੌਰੇ ਵਿਦਿਆਰਥੀਆਂ ਦੇ ਹੁਨਰ ਵਿਕਾਸ ਅਤੇ ਉਨ੍ਹਾਂ ਨੂੰ ਉਦਯੋਗ ਦੀਆਂ ਅਸਲ ਲੋੜਾਂ ਨਾਲ ਜਾਣੂ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੀਆਂ ਸਿੱਖਿਆਤਮਕ ਅਤੇ ਤਕਨੀਕੀ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ। ਵਿਭਾਗ ਮੁਖੀ ਸ਼੍ਰੀ ਗੌਰਵ ਸ਼ਰਮਾ ਨੇ ਕਿਹਾ ਕਿ ਅਜਿਹੇ ਉਦਯੋਗਿਕ ਦੌਰੇ ਵਿਦਿਆਰਥੀਆਂ ਨੂੰ ਕਲਾਸਰੂਮ ਵਿੱਚ ਪ੍ਰਾਪਤ ਸਿਧਾਂਤਕ ਗਿਆਨ ਨੂੰ ਅਸਲ ਉਦਯੋਗਿਕ ਪ੍ਰਕਿਰਿਆਵਾਂ ਨਾਲ ਜੋੜਨ ਦਾ ਮੌਕਾ ਪ੍ਰਦਾਨ ਕਰਦੇ ਹਨ। ਦੌਰੇ ਦੌਰਾਨ ਇੰਡਸਟਰੀ ਦੇ ਤਕਨੀਕੀ ਮਾਹਿਰਾਂ ਵੱਲੋਂ ਵਿਦਿਆਰਥੀਆਂ ਨੂੰ ਉੱਥੇ ਕੀਤੀਆਂ ਜਾਂਦੀਆਂ ਨਿਰਮਾਣ ਪ੍ਰਕਿਰਿਆਵਾਂ, ਮਸ਼ੀਨਰੀ ਦੀ ਵਰਤੋਂ, ਉਤਪਾਦਨ ਪ੍ਰਣਾਲੀ ਅਤੇ ਗੁਣਵੱਤਾ ਜਾਂਚ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਵੱਖ-ਵੱਖ ਉਦਯੋਗਿਕ ਪ੍ਰਕਿਰਿਆਵਾਂ ਨੂੰ ਨਜ਼ਦੀਕ ਤੋਂ ਦੇਖਿਆ ਅਤੇ ਆਧੁਨਿਕ ਮਸ਼ੀਨਰੀ ਤੇ ਉਦਯੋਗਿਕ ਸੁਰੱਖਿਆ ਨਿਯਮਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਵਿਭਾਗ ਮੁਖੀ ਗੌਰਵ ਸ਼ਰਮਾ ਅਤੇ ਲੈਕਚਰਰ ਸ਼੍ਰੀ ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਦੀ ਰਹਿਨੁਮਾਈ ਕੀਤੀ ਅਤੇ ਉਦਯੋਗਿਕ ਦੌਰੇ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

ਨਾਜਾਇਜ਼ ਮਾਈਨਿੰਗ ਦੀ ਜਾਂਚ ਲਈ ਸੀ ਬੀ ਆਈ ਟੀਮ ਨੇ ਲਾਏ ਪੱਕੇ ਡੇਰੇ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੇ ਨਿਰਦੇਸ਼ਾਂ 'ਤੇ ਤਲਵਾੜਾ ਅਤੇ ਹਾਜੀਪੁਰ 'ਚ ਨਾਜਾਇਜ਼ ਖਣਨ ਦੀ ਜਾਂਚ ਲਈ ਪਹੁੰਚੀ ਕੇਂਦਰੀ ਏਜੰਸੀ ਸੀ ਬੀ ਆਈ ਦੀ ਟੀਮ ਨੇ ਤਲਵਾੜਾ 'ਚ ਪੱਕੇ ਡੇਰੇ ਲਾਏ ਹਨ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸੀਬੀਆਈ ਦੀ ਟੀਮ ਇੱਥੇ ਸਰਕਾਰੀ ਗੈਸਟ ਹਾਊਸ 'ਚ ਠਹਿਰੀ ਹੋਈ ਹੈ। ਜਾਂਚ ਟੀਮ ਦੇ ਨਾਲ ਮਾਈਨਿੰਗ ਵਿਭਾਗ ਪੰਜਾਬ ਦੇ ਵੀ ਸਰਕਾਰੀ ਕਰਮਚਾਰੀਆਂ ਨੂੰ ਆਪਣੀ ਠਾਹਰ ਬਣਾਇਆ ਹੋਇਆ ਹੈ। ਜਾਂਚ ਟੀਮ ਵੱਲੋਂ ਰੋਜ਼ਾਨਾ ਖਣਨ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਹਾਲਾਂਕਿ ਜਾਂਚ ਟੀਮ ਨੇ ਮੀਡੀਆ ਤੋਂ ਦੂਰੀ ਬਣਾ ਕੇ ਰੱਖੀ ਹੋਈ ਹੈ।ਜਾਂਚ ਟੀਮ ਬਲਾਕ ਤਲਵਾੜਾ ਦੇ ਨੀਮ ਪਹਾੜੀ ਪਿੰਡ ਸੁਖਚੈਨਪੁਰ ਵਿਖੇ ਖਣਨ ਮਾਫੀਆ ਵੱਲੋਂ ਪੁੱਟੀਆਂ ਪਹਾੜੀਆਂ ਦਾ ਜਾਇਜ਼ਾ ਲੈਣ ਪਹੁੰਚੀ। ਜਾਂਚ ਟੀਮ ਨੇ ਡਰੋਨ ਦੀ ਮਦਦ ਨਾਲ ਤਬਾਹ ਕੀਤੀਆਂ ਪਹਾੜੀਆਂ ਦਾ ਜਾਇਜ਼ਾ ਲਿਆ। ਪਿੰਡ ਵਾਸੀਆਂ ਦੇ ਦੱਸਣ ਮੁਤਾਬਕ ਸੀ ਬੀ ਆਈ ਦੀ ਟੀਮ ਨੇ ਤੀਜੀ ਵਾਰ ਪਿੰਡ 'ਚ ਦਸਤਕ ਦਿੱਤੀ ਹੈ। ਜ਼ਿਕਰਯੋਗ ਹੈ ਕਿ ਸੁਖਚੈਨਪੁਰ ਵਿਖੇ ਸਾਲ 2012 'ਚ ਅਕਾਲੀ ਭਾਜਪਾ ਗੱਠਜੋੜ ਸਰਕਾਰ ਦੌਰਾਨ ਪਹਿਲੀ ਵਾਰ ਪਹਾੜੀਆਂ ਨੂੰ ਪੁੱਟਣ ਦਾ ਕੰਮ ਸ਼ੁਰੂ ਹੋਇਆ ਸੀ। ਸਟੋਨ ਕਰੱਸ਼ਰ ਸਥਾਪਿਤ ਕੀਤਾ ਗਿਆ ਸੀ। ਲੋਕਾਂ ਦੇ ਵਿਰੋਧ ਤੋਂ ਬਾਅਦ ਕੁੱਝ ਸਮਾਂ ਲਈ ਸਟੋਨ ਕਰੱਸ਼ਰ ਬੰਦ ਰਿਹਾ ਪਰ ਫਿਰ ਕਾਂਗਰਸ ਦੀ ਸਰਕਾਰ ਦੌਰਾਨ ਮੁੜ ਕਰੱਸ਼ਰ ਚੱਲਿਆ, ਲੋਕਾਂ ਦੇ ਦਬਾਅ 'ਤੇ ਬਾਅਦ ਬੰਦ ਹੋਇਆ। ਮੌਜੂਦਾ ਸਰਕਾਰ 'ਚ ਉਕਤ ਸਟੋਨ ਕਰੱਸ਼ਰ ਦੇ ਚੱਲਣ ਦੇ ਨਾਲ ਨਾਲ, ਨੇੜੇ ਪਿੰਡ ਭੋਲ ਬਦਮਾਣੀਆ 'ਚ ਇੱਕ ਹੋਰ ਸਟੋਨ ਕਰੱਸ਼ਰ ਨੂੰ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਹੋਇਆ। ਮੰਡਰ 'ਚ ਸਰਗਰਮ ਮਾਇਨਿੰਗ ਰੋਕੋ ਮੁਹਿੰਮ ਬਚਾਓ ਸੰਘਰਸ਼ ਕਮੇਟੀ ਨੇ ਵਿਰੋਧ ਕੀਤਾ। ਪਹਿਲਾਂ ਲੱਗਿਆ ਕਰੱਸ਼ਰ ਤਾਂ ਬੰਦ ਹੋ ਗਿਆ, ਪਰ ਨਵੇਂ ਕਰੱਸ਼ਰ ਦਾ ਕੰਮ ਜਾਰੀ ਰਿਹਾ। ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ, ਤਲਵਾੜਾ ਦੇ ਪ੍ਰਧਾਨ ਕੈਪ. (ਰਿਟ) ਰਾਜੇਸ਼ ਕੁਮਾਰ, ਕੈਪ.(ਰਿਟ) ਸੁਨੀਲ ਕੌਸ਼ਲ, ਕੈਪ.(ਰਿਟ) ਜੋਗਿੰਦਰ ਸਿੰਘ ਮੰਗੂ ਮੈਂਗ੍ਰਾ, ਅਸ਼ੋਕ ਜਲੇਰੀਆ, ਸਾਬਕਾ ਸਰਪੰਚ ਨਰੇਸ਼ ਕੁਮਾਰ ਨੀਟੂ, ਸਾਬਕਾ ਸਰਪੰਚ ਨਵਲ ਕਿਸ਼ੋਰ ਮਹਿਤਾ, ਨੀਰਜ ਸ਼ਰਮਾ, ਆਦਿ ਨੇ ਦੱਸਿਆ ਕਿ ਤਲਵਾੜਾ ਖੇਤਰ ਦਾ ਜ਼ਿਆਦਾਤਰ ਰਕਬਾ ਵਣ ਵਿਭਾਗ ਦੀ ਦਫ਼ਾ 4 ਅਤੇ 5 ਅਧੀਨ ਆਉਂਦਾ ਹੈ ਜਿਸ ਮੁਤਾਬਕ ਇੱਥੇ ਖਣਨ ਜਾਂ ਕਰੱਸ਼ਰ ਲੱਗ ਹੀ ਨਹੀਂ ਸਕਦਾ। ਪਰ ਸਿਆਸੀ, ਅਫਸਰਸ਼ਾਹੀ ਅਤੇ ਮਾਫੀਆ ਦੀ ਗੰਢਤੁਪ ਨੇ ਪਿਛਲੇ ਕਰੀਬ 14 ਸਾਲ ਤੋਂ ਇਲਾਕੇ 'ਚ ਕੁਦਰਤੀ ਸਾਧਨਾਂ ਦੀ ਭਾਰੀ ਲੁੱਟ ਕੀਤੀ ਹੈ। ਉਨ੍ਹਾਂ ਸੀ ਬੀ ਆਈ ਦੀ ਜਾਂਚ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਹੈ।

ਮੇਹਰਚੰਦ ਪੌਲੀਟੈਕਨਿਕ ਦੀ ਗਵਰਨਿੰਗ ਬਾਡੀ ਦੀ ਮੀਟਿੰਗ

ਜਲੰਧਰ (ਸ਼ੈਲੀ ਐਲਬਰਟ)- ਮੇਹਰਚੰਦ ਪੌਲੀਟੈਕਨਿਕ ਕਾਲਜ ਦੀ 129ਵੀਂ ਗਵਰਨਿੰਗ ਬਾਡੀ ਮੀਟਿੰਗ ਨਵੀਂ ਦਿੱਲੀ ਵਿਖੇ ਚਿੱਤਰਗੁਪਤ ਰੋਡ 'ਤੇ ਸਥਿਤ ਡੀ.ਏ.ਵੀ ਮੈਨੇਜਿੰਗ ਕਮੇਟੀ ਦੇ ਦਫ਼ਤਰ ਵਿਖੇ 26 ਅਕਤੂਬਰ ਨੂੰ ਮਾਨਯੋਗ ਡੀ.ਏ.ਵੀ ਪਰੈਜ਼ੀਡੈਂਟ ਡਾ. ਪੂਨਮ ਸੂਰੀ ਦੀ ਪ੍ਰਧਾਨਗੀ ਹੇਠ ਹੋਈ। ਇਸ ਵਿੱਚ ਉਪ ਪ੍ਰਧਾਨ ਐਸ.ਕੇ ਸਪੋਰੀ, ਉਪ- ਪ੍ਰਧਾਨ ਜਸਟਿਸ ਪ੍ਰੀਤਮਪਾਲ, ਅਜੇ ਸੂਰੀ ਜਨਰਲ ਸਕੱਤਰ, ਰਮੇਸ਼ ਲੀਖਾ ਸੈਕਟਰੀ, ਡੇਵੀਅਟ ਪ੍ਰਿੰਸੀਪਲ ਸੰਦੀਪ ਵਿੱਜ, ਨੈਸ਼ਨਲ ਕੋਆਰਡੀਨੇਟਰ ਪ੍ਰੋ. ਅਨੂਪ ਕੁਮਾਰ, ਕਾਲਜ ਸਟਾਫ ਪ੍ਰਤੀਨਿਧੀ ਡਾ. ਸੰਜੇ ਬਾਂਸਲ ਅਤੇ ਮੈਡਮ ਮੀਨਾ ਬਾਂਸਲ, ਗੁਰਵਿੰਦਰ ਸਿੰਘ ਇੰਚਾਰਜ (ਜੇ.ਟੀ.ਐਸ), ਪ੍ਰਿੰਸੀਪਲ ਡਾ. ਜਗਰੂਪ ਅਤੇ ਪ੍ਰਿੰਸੀਪਲ ਸਰਕਾਰੀ ਪੌਲੀਟੈਕਨਿਕ ਬਡਬਰ (ਬਰਨਾਲਾ) ਪੰਜਾਬ ਸਰਕਾਰ ਵੱਲੋਂ ਨਾਮਜ਼ਦ ਤਕਨੀਕੀ ਸਿੱਖਿਆ ਅਤੇ ਤਕਨੀਕੀ ਬੋਰਡ ਦੇ ਨੁਮਾਇੰਦੇ ਵਜੋਂ ਸ਼ਾਮਿਲ ਹੋਏ। ਉਪ ਪ੍ਰਧਾਨ ਸ੍ਰੀ ਅਨਿਲ ਰਾਓ ਵਿਸ਼ੇਸ਼ ਪ੍ਰਤੀਨਿਧੀ ਵਜੋਂ ਸ਼ਾਮਲ ਹੋਏ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਪ੍ਰਧਾਨ ਪੂਨਮ ਸੂਰੀ ਅਤੇ ਸਮੂਹ ਮੈਂਬਰਾਂ ਦਾ ਸਵਾਗਤ ਕੀਤਾ। ਉਨ੍ਹਾਂ ਕਾਲਜ ਦੀ ਸਲਾਨਾ ਪ੍ਰਗਤੀ ਰਿਪੋਰਟ ਪੜ੍ਹੀ। ਪ੍ਰਧਾਨ ਡਾ. ਪੂਨਮ ਸੂਰੀ ਅਤੇ ਸਮੂਹ ਮੈਂਬਰਾਂ ਨੇ ਕਾਲਜ ਦੀਆਂ ਅਕਾਦਮਿਕ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਵਿਲੱਖਣ ਪ੍ਰਾਪਤੀਆਂ ਲਈ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਲਾਨਾ ਬਜਟ ਪੇਸ਼ ਕੀਤਾ ਜਿਸ ਨੂੰ ਸਮੂਹ ਮੈਂਬਰਾਂ ਵਲੋਂ ਅਪਰੂਵਲ ਦਿੱਤੀ ਗਈ । ਨਵੀਂ ਗਵਰਨਿੰਗ ਬਾਡੀ ਜੋ ਕਿ 01.01.2027 ਤੋਂ 31.12.2029 ਤੱਕ ਬਣਾਈ ਗਈ ਹੈ, ਉਸ ਨੂੰ ਵੀ ਸਮੂਹ ਮੈਂਬਰਾ ਵਲੋਂ ਪ੍ਰਵਾਨਗੀ ਦਿੱਤੀ ਗਈ। ਉਪਰੰਤ ਇਹ ਮੀਟਿੰਗ ਸ਼ਾਂਤੀ ਪਾਠ ਨਾਲ ਸਮਾਪਤ ਹੋਈ।

ਕ੍ਰਿਕਟ ਮੈਚ 'ਚ ਲਾਟੀਆਂਵਾਲ ਦੀ ਟੀਮ ਰਹੀ ਜੇਤੂ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਅਕਾਲ ਇੰਟਰਨੈਸ਼ਨਲ ਸਟੇਡੀਅਮ, ਸੁਲਤਾਨਪੁਰ ਲੋਧੀ ਵਿਖੇ ਲਾਟੀਆਂਵਾਲ ਅਤੇ ਤੋਤੀ ਪਿੰਡ ਦੀਆਂ ਨੌਜਵਾਨ ਕ੍ਰਿਕਟ ਟੀਮਾਂ ਵਿਚਕਾਰ ਦੋਸਤਾਨਾ ਮੈਚ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਲਾਟੀਆਂਵਾਲ ਦੀ ਟੀਮ ਨੇ ਤੋਤੀ ਦੀ ਟੀਮ ਨੂੰ ਹਰਾ ਕੇ ਜਿੱਤ ਦਰਜ ਕੀਤੀ। ਮੈਚ ਦਾ ਉਦਘਾਟਨ ਐੱਸ ਡੀ ਐੱਮ ਸੁਲਤਾਨਪੁਰ ਲੋਧੀ ਜਸਜੀਤ ਸਿੰਘ ਤੇ ਏ ਐੱਸ ਪੀ ਧੀਰੇਂਦਰ ਵਰਮਾ ਵੱਲੋਂ ਕੀਤਾ ਗਿਆ।

ਦੋਵਾਂ ਪਿੰਡਾਂ ਦੇ ਨੌਜਵਾਨਾਂ ਨੇ ਪੂਰੇ ਉਤਸ਼ਾਹ ਨਾਲ ਇਸ ਮੁਕਾਬਲੇ ਵਿੱਚ ਭਾਗ ਲਿਆ। ਇਸ ਪਹਿਲਕਦਮੀ ਨੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਖੇਡਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ।ਮੈਚ ਦੌਰਾਨ ਤੋਤੀ ਪਿੰਡ ਦੀ ਟੀਮ ਨੇ 126 ਦੌੜਾਂ ਬਣਾਈਆਂ, ਜਦਕਿ ਲਾਟੀਆਂਵਾਲ ਦੀ ਟੀਮ ਨੇ 127 ਦੌੜਾਂ ਬਣਾ ਕੇ ਜਿੱਤ ਹਾਸਲ ਕੀਤੀ।ਇਸ ਮੌਕੇ ਐੱਸ.ਡੀ.ਐੱਮ. ਜਸਜੀਤ ਸਿੰਘ ਅਤੇ ਏ.ਐੱਸ.ਪੀ. ਧੀਰੇਂਦਰ ਵਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਉਦੇਸ਼ ਨਸ਼ਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਸਿਹਤਮੰਦ ਤੇ ਅਨੁਸ਼ਾਸਿਤ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਇਹ ਮੈਚ ਲਾਟੀਆਂਵਾਲ ਅਤੇ ਤੋਤੀ ਪਿੰਡ ਦੇ ਸਰਪੰਚਾਂ ਅਤੇ ਗ੍ਰਾਮ ਪੰਚਾਇਤਾਂ ਦੇ ਮੈਂਬਰਾਂ ਦੇ ਵਿਸ਼ੇਸ਼ ਸਹਿਯੋਗ ਨਾਲ ਸ਼ਾਹ ਸੁਲਤਾਨ ਕ੍ਰਿਕਟ ਕਲੱਬ ਵੱਲੋਂ ਕਰਵਾਇਆ ਗਿਆ।ਇਸ ਮੌਕੇ ਕਿਰਨਜੀਤ ਕੌਰ, ਸੁਖਦੇਵ ਸਿੰਘ, ਗੁਰਵਿੰਦਰ ਸਿੰਘ ਵਿਰਕ, ਬੀ ਡੀ ਪੀ ਓ ਗੁਰਮੀਤ ਸਿੰਘ ਕਾਹਲੋਂ, ਜਸਵੀਰ ਕੌਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਸਰਕਾਰ ਅੰਦੋਲਨਾਂ ਨੂੰ ਲਾਠੀ, ਗੋਲੀ ਨਾਲ ਦਬਾਉਣਾ ਚਾਹੁੰਦੀ : ਲੋਕ ਇਨਸਾਫ਼ ਮੰਚ

ਫਿਲੌਰ (ਨਿਰਮਲ)- ਮਾਨਸਾ ਵਿੱਚ ਨਸ਼ਿਆਂ ਖ਼ਿਲਾਫ਼ ਮਿਸ਼ਨ ਤਹਿਤ ਡਟ ਕੇ ਲੜਨ ਵਾਲੇ ਨੌਜਵਾਨ ਆਗੂ ਪਰਮਿੰਦਰ ਸਿੰਘ ਝੋਟੇ ਦਾ ਬੀਤੇ ਦਿਨੀਂ ਦਿਨ-ਦਿਹਾੜੇ ਕੀਤਾ ਗਿਆ ਕਤਲ ਸੂਬੇ ਦੀ ਅਮਨ-ਕਾਨੂੰਨ ਦੀ ਬਦਤਰ ਹਾਲਤ ਨੂੰ ਬਿਆਨ ਕਰਦਾ ਹੈ ਅਤੇ ਉਸ ਤੋਂ ਬਾਅਦ ਇਨਸਾਫ਼ ਲਈ ਮਾਨਸਾ 'ਚ ਲੱਗੇ ਸ਼ਾਂਤੀਪੂਰਨ ਧਰਨੇ ਨੂੰ ਸਰਕਾਰ ਦੀ ਸ਼ਹਿ ਤਾਂ ਚੁਕਵਾਉਣ ਲਈ ਪੁਲਸ ਪ੍ਰਸ਼ਾਸ਼ਨ ਵਲੋਂ ਮੋਰਚੇ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਕੇਸ ਪਾਉਣ ਦੀ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਨੇ ਨਿਖੇਧੀ ਕਰਦਿਆਂ ਮੰਗ ਕੀਤੀ ਹੈ ਕਿ ਮੋਰਚੇ ਦੇ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਇਸ ਮੌਕੇ ਜਰਨੈਲ ਫਿਲੌਰ ਨੇ ਦੋਸ਼ ਲਾਇਆ ਕਿ ਪੁਲਸ ਪ੍ਰਸ਼ਾਸਨ ਅੰਦੋਲਨਕਾਰੀਆਂ ਨੂੰ ਨਿਸ਼ਾਨਾ ਬਣਾ ਰਹੀ ਹੈ ਅਤੇ ਝੂਠੇ ਪਰਚੇ ਪਾ ਕੇ ਅੰਦੋਲਨ ਨੂੰ ਦਬਾਉਣਾ ਚਾਹੁੰਦੀ ਹੈ। ਉਹਨਾਂ ਕਿਹਾ ਕੇ ਯੁੱਧ ਨਸ਼ਿਆਂ ਵਿਰੁੱਧ ਕਰਨ ਦੀ ਬਜਾਇ ਜਿਹੜੇ ਲੋਕ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਦੇ ਹਨ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਸਕੱਤਰ ਪ੍ਰਸ਼ੋਤਮ ਫਿਲੌਰ, ਮਾਸਟਰ ਹੰਸ ਰਾਜ, ਸੰਦੀਪ ਫਿਲੌਰ, ਰਾਮਜੀ ਦਾਸ ਗੰਨਾ ਪਿੰਡ, ਡਾਕਟਰ ਅਸ਼ੋਕ ਫਿਲੌਰ, ਹਨੀ ਸੰਤੋਖਪੁਰਾ, ਅਮਰਜੀਤ ਲਾਡੀ ਮਹਿਸਮਪੁਰ, ਸੁਨੀਲ ਗੰਨਾ ਪਿੰਡ, ਅਕਾਸ਼ ਸੰਧੂ, ਅਰਸ਼ਪ੍ਰੀਤ ਗੁਰੂ, ਸੁਰਿੰਦਰ ਮਾਹਲਾ, ਸਰੂਪ ਕਲੇਰ, ਜੋਗਿੰਦਰ ਪਾਲ ਕਾਲਾ ਆਦਿ ਹਾਜ਼ਰ ਸਨ।

'ਲੋਕਤੰਤਰ ਬਚਾਓ' ਰੈਲੀ ਲਈ ਦਸੂਹਾ ਤੋਂ ਵਰਕਰਾਂ ਦਾ ਕਾਫ਼ਲਾ ਰਵਾਨਾ

ਦਸੂਹਾ (ਕਰਨੈਲ ਮਾਂਗਟ) ਹੁਸ਼ਿਆਰਪੁਰ ਵਿਖੇ ਆਯੋਜਿਤ ਕੀਤੀ ਜਾ ਰਹੀ 'ਲੋਕਤੰਤਰ ਬਚਾਓ' ਰੈਲੀ ਵਿੱਚ ਹਿੱਸਾ ਲੈਣ ਲਈ ਭਾਰਤੀ ਜਨਤਾ ਪਾਰਟੀ ਦੇ ਸੂਬਾ ਕਾਰਜਕਾਰਨੀ ਮੈਂਬਰ ਡਾ. ਹਰਸਿਮਰਤ ਸਾਹੀ ਦੀ ਅਗਵਾਈ ਹੇਠ ਦਸੂਹਾ ਤੋਂ ਪਾਰਟੀ ਵਰਕਰਾਂ ਦਾ ਇੱਕ ਵੱਡਾ ਕਾਫ਼ਲਾ ਭਾਰੀ ਉਤਸ਼ਾਹ ਨਾਲ ਰਵਾਨਾ ਹੋਇਆ। ਇਸ ਕਾਫ਼ਲੇ ਵਿੱਚ ਵੱਖ-ਵੱਖ ਪਿੰਡਾਂ ਤੋਂ ਪਹੁੰਚਿਆ ਵੱਡਾ ਹਜੂਮ ਗੁਰੂ ਹਰਗੋਬਿੰਦ ਪੈਟਰੋਲੀਅਮ ਪੰਪ ਤੋਂ ਬੱਸਾਂ ਰਾਹੀਂ ਹੁਸ਼ਿਆਰਪੁਰ ਲਈ ਰਵਾਨਾ ਹੋਇਆ। ਕਾਫ਼ਲੇ ਦੀ ਰਵਾਨਗੀ ਸਮੇਂ ਡਾ. ਹਰਸਿਮਰਤ ਸਾਹੀ ਨੇ ਸਮੂਹ ਵਰਕਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਲੋਕਤੰਤਰ ਦੀ ਰਾਖੀ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਦਸੂਹਾ ਹਲਕੇ ਦੇ ਭਾਜਪਾ ਵਰਕਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੀ ਹਾਜ਼ਰੀ ਯਕੀਨੀ ਬਣਾ ਰਹੇ ਹਨ, ਜੋ ਕਿ ਪਾਰਟੀ ਪ੍ਰਤੀ ਉਨ੍ਹਾਂ ਦੇ ਭਾਰੀ ਉਤਸ਼ਾਹ ਅਤੇ ਸਮਰਪਣ ਨੂੰ ਦਰਸਾਉਂਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਰੈਲੀ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਇੱਕ ਅਹਿਮ ਮੀਲ ਪੱਥਰ ਸਾਬਤ ਹੋਵੇਗੀ।

ਤੁਲੀ ਨੇ ਸ਼ਤਰੰਜ ਚੈਂਪੀਅਨਸ਼ਿਪ 'ਚ ਜਿੱਤਿਆ ਕਾਂਸੇ ਦਾ ਤਗਮਾ

ਜਲੰਧਰ (ਸ਼ੈਲੀ ਐਲਬਰਟ)- ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ, ਜਲੰਧਰ ਦੇ ਵਿਦਿਆਰਥੀ ਉਤਕ੍ਰਿਸ਼ਟ ਤੁਲੀ ਨੇ ਇੱਕ ਸ਼ਾਨਦਾਰ ਪ੍ਰਾਪਤੀ ਕਰਦਿਆਂ, 70ਵੀਆਂ ਰਾਸ਼ਟਰੀ ਸਕੂਲ ਖੇਡਾਂ 2026-27 ਵਿੱਚ ਪੰਜਾਬ ਦੀ ਅੰਡਰ-19 ਲੜਕਿਆਂ ਦੀ ਸ਼ਤਰੰਜ ਟੀਮ ਦੀ ਕਪਤਾਨੀ ਕਰਦਿਆਂ ਟੀਮ ਨੂੰ ਇਤਿਹਾਸਕ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਇਹ ਮੁਕਾਬਲੇ 23 ਤੋਂ 27 ਅਕਤੂਬਰ ਤੱਕ ਦਿੱਲੀ ਵਿਖੇ ਕਰਵਾਏ ਗਏ।ਬੇਮਿਸਾਲ ਰਣਨੀਤਕ ਹੁਨਰ, ਦ੍ਰਿੜ੍ਹ ਇਰਾਦੇ ਅਤੇ ਨਿਰੰਤਰ ਸ਼ਾਨਦਾਰ ਪ੍ਰਦਰਸ਼ਨ ਦਾ ਸਬੂਤ ਦਿੰਦਿਆਂ, ਉਤਕ੍ਰਿਸ਼ਟ ਪੂਰੀ ਚੈਂਪੀਅਨਸ਼ਿਪ ਦੌਰਾਨ ਜੇਤੂ ਰਿਹਾ। ਉਸ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਮਿਸਾਲੀ ਅਗਵਾਈ ਨੇ ਪੰਜਾਬ ਲਈ ਕਾਂਸੇ ਦਾ ਤਗਮਾ ਜਿੱਤਣ ਵਿੱਚ ਅਹਿਮ ਭੂਮਿਕਾ ਨਿਭਾਈ।ਇਹ ਪ੍ਰਾਪਤੀ ਵਿਸ਼ੇਸ਼ ਮਹੱਤਵ ਰੱਖਦੀ ਹੈ, ਕਿਉਂਕਿ ਐੱਸ ਜੀ ਐੱਫ ਆਈ ਦੀਆਂ ਰਾਸ਼ਟਰੀ ਸਕੂਲ ਖੇਡਾਂ ਦੀ ਸ਼ਤਰੰਜ ਚੈਂਪੀਅਨਸ਼ਿਪ ਵਿੱਚ ਪੰਜਾਬ ਨੇ ਪਹਿਲੀ ਵਾਰ ਤੀਜਾ ਸਥਾਨ ਹਾਸਲ ਕਰਕੇ ਤਗਮਾ ਜਿੱਤਿਆ ਹੈ। ਇਹ ਰਾਜ ਲਈ ਇੱਕ ਇਤਿਹਾਸਕ ਮੀਲ ਪੱਥਰ ਹੈ।ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਉਤਕ੍ਰਿਸ਼ਟ ਤੁਲੀ ਅਤੇ ਉਸ ਦੇ ਮਾਪਿਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

ਪਰਾਲੀ ਨੂੰ ਅੱਗ ਲਗਾਉਣ 'ਤੇ ਕਿਸਾਨ ਨੂੰ 5 ਹਜ਼ਾਰ ਰੁਪਏ ਜੁਰਮਾਨਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ 'ਤੇ ਰੋਕ ਲਗਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਜ਼ਿਲ੍ਹੇ ਦੀਆਂ ਸਾਰੀਆਂ ਸਬ-ਡਵੀਜ਼ਨਾਂ ਵਿੱਚ ਐੱਸ.ਡੀ.ਐੱਮ. ਪੱਧਰ 'ਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਗੰਭੀਰਤਾ ਨਾਲ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ ਗੜ੍ਹਸ਼ੰਕਰ ਸਬ- ਡਵੀਜ਼ਨ ਦੇ ਪਿੰਡ ਮੋਰਾਂਵਾਲੀ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦਾ ਮਾਮਲਾ ਸਾਹਮਣੇ ਆਇਆ। ਪ੍ਰਸ਼ਾਸਨ ਵੱਲੋਂ ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਪਰਾਲੀ ਸਾੜਨ ਵਾਲੇ ਵਿਅਕਤੀ ਨੂੰ 5,000 ਰੁਪਏ ਦਾ ਜੁਰਮਾਨਾ ਲਗਾਇਆ ਗਿਆ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਨ ਦੀ ਸੰਭਾਲ ਅਤੇ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਹਵਾ ਪ੍ਰਦੂਸ਼ਣ ਵਧਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ ਅਤੇ ਲੋਕਾਂ ਦੀ ਸਿਹਤ 'ਤੇ ਵੀ ਮਾੜਾ ਅਸਰ ਪੈਂਦਾ ਹੈ। ਇਸ ਤੋਂ ਇਲਾਵਾ, ਪਰਾਲੀ ਨੂੰ ਅੱਗ ਲਗਾਉਣ ਨਾਲ ਖੇਤਾਂ ਵਿੱਚ ਮੌਜੂਦ ਮਿੱਤਰ ਕੀੜੇ ਅਤੇ ਮਿੱਟੀ ਦੇ ਜ਼ਰੂਰੀ ਪੌਸ਼ਟਿਕ ਤੱਤ ਵੀ ਨਸ਼ਟ ਹੋ ਜਾਂਦੇ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਖੇਤੀਬਾੜੀ ਵਿਭਾਗ ਵੱਲੋਂ ਸੁਝਾਏ ਗਏ ਆਧੁਨਿਕ ਖੇਤੀ ਸੰਦਾਂ ਅਤੇ ਵਿਗਿਆਨਕ ਤਰੀਕਿਆਂ ਨੂੰ ਅਪਣਾਉਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਮਾਨਸਾ ਵਿਖੇ ਪੁਲਸ ਵੱਲੋਂ ਕੀਤਾ ਜਬਰ ਤੇ ਧੱਕੇਸ਼ਾਹੀ ਨਾ-ਬਰਦਾਸ਼ਤਯੋਗ : ਸੰਕਲਪ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਮਾਨਸਾ ਦੇ ਪਿੰਡ ਭੰਮੇ ਕਲਾਂ ਦੇ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋ ਜਾਣ ਤੋਂ ਬਾਅਦ ਮਾਨਸਾ ਵਿਖੇ ਵਾਪਰੀ ਘਟਨਾ ਸੰਬੰਧੀ ਵਿਦਿਆਰਥੀ ਜੱਥੇਬੰਦੀ ਸੰਕਲਪ ਵਲੋਂ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਹੁਸ਼ਿਆਰਪੁਰ ਵਿਖੇ ਇਕੱਤਰਤਾ ਬੁਲਾਈ ਗਈ। ਉਨ੍ਹਾਂ ਕਿਹਾ ਕਿ ਪੁਲਸ ਵਲੋਂ ਮਾਨਸਾ ਵਿਖੇ ਕੀਤੀ ਗਈ ਧੱਕੇਸ਼ਾਹੀ ਅਤੇ ਜਬਰ ਦੀ ਅਸੀਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ, ਇਹ ਘਟਨਾ ਨਾ-ਬਰਦਾਸ਼ਤ ਯੋਗ ਹੈ ਅਤੇ ਜੋ ਹਾਲਾਤ ਬਣ ਰਹੇ ਹਨ, ਉਨ੍ਹਾਂ ਪ੍ਰਤੀ ਅਸੀਂ ਚਿੰਤਤ ਵੀ ਹਾਂ। ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਨਾਲ ਮਾਰਿਆ ਜਾ ਰਿਹਾ, ਨਸ਼ਾ ਤਸਕਰਾਂ ਵਿਰੁੱਧ ਸੰਘਰਸ਼ ਕਰਨ ਵਾਲਿਆਂ ਨੂੰ ਗੋਲੀਆਂ ਮਾਰ ਕੇ ਕਤਲ ਕੀਤਾ ਜਾ ਰਿਹਾ, ਜੇਕਰ ਕਿਸੇ ਦਾ ਨੌਜਵਾਨ ਪੁੱਤ ਨਸ਼ੇ ਦੀ ਓਵਰਡੋਜ਼ ਨਾਲ ਮਰ ਰਿਹਾ ਹੈ ਤਾਂ ਪਰਵਾਰ ਨੂੰ ਰੋਸ ਪ੍ਰਗਟ ਕਰਨ ਤੋਂ ਰੋਕਦਿਆਂ ਹੋਇਆ ਧੱਕੇਸ਼ਾਹੀ ਕੀਤੀ ਜਾ ਰਹੀ ਹੈ, ਅੰਨ੍ਹੇਵਾਹ ਲਾਠੀਚਾਰਜ ਕੀਤਾ ਜਾ ਰਿਹਾ, ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਪੁਲਸ ਪ੍ਰਸ਼ਾਸ਼ਨ ਗ੍ਰਿਫ਼ਤਾਰ ਕੀਤੇ ਲੱਖਾ ਸਿੰਘ ਸਿਧਾਣਾ, ਮੋਹਨਜੀਤ ਸਿੰਘ ਸ਼ੇਰੋਂ, ਅਰਵਿੰਦਰ ਕੌਰ (ਵਿਦਿਆਰਥੀ ਆਗੂ) ਸਮੇਤ ਸਾਰੇ ਸੰਘਰਸ਼ੀਆਂ ਨੂੰ ਤੁਰੰਤ ਰਿਹਾਅ ਕਰੇ। ਇਸ ਮੌਕੇ ਰਣਵੀਰ ਸਿੰਘ ਬੈਂਸਤਾਨੀ, ਮਹਿੰਦਰ ਸਿੰਘ, ਮਨਦੀਪ ਸਿੰਘ, ਹਰਮਨਪ੍ਰੀਤ ਸਿੰਘ, ਪ੍ਰਥਮ ਸਿੰਘ, ਗੁਰਜੋਤ ਸਿੰਘ, ਹਰਦੀਪ ਸਿੰਘ, ਮਨਰੂਪ ਕੌਰ, ਕੇਸਰਦੀਪ ਕੌਰ, ਸਿਮਰਨ ਕੌਰ, ਸ਼ਰਨਪ੍ਰੀਤ ਸਿੰਘ, ਹਰਮਨ ਸਿੰਘ, ਕੁਲਵੀਰ ਸਿੰਘ, ਰਵੀ ਕੁਮਾਰ, ਰਮਨਦੀਪ ਸਿੰਘ, ਅੰਕੁਸ਼ ਸਿੰਘ, ਸਾਹਿਬ ਸਿੰਘ, ਮਨਿੰਦਰ ਕੌਰ, ਚਰਨਜੀਤ ਸਿੰਘ ਆਦਿ ਹਾਜ਼ਰ ਸਨ।

ਵਿਜੀਲੈਂਸ ਜਾਗਰੂਕਤਾ ਹ਼ਫਤਾ ਮਨਾਇਆ

ਕਪੂਰਥਲਾ (ਮਨਜੀਤ ਮਾਨ)- ਮੁੱਖ ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ ਚੰਡੀਗੜ੍ਹ ਦੇ ਹੁਕਮਾਂ ਅਨੁਸਾਰ ਅਤੇ ਹਰਪ੍ਰੀਤ ਸਿੰਘ ਮੰਡੇਰ ਐਸ ਐਸ ਪੀ ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਵੱਲੋਂ ਮਿਤੀ 26 ਅਕਤੂਬਰ 2026 ਤੋਂ ਮਿਤੀ 01 ਨਵੰਬਰ 2026 ਤੱਕ ਵਿਜੀਲੈਂਸ ਜਾਗਰੂਕਤਾ ਹ਼ਫਤਾ ਮਨਾਇਆ ਜਾ ਰਿਹਾ ਹੈ। ਜਿਸ ਸਬੰਧੀ ਜਗਜੀਤ ਪਾਲ ਡੀ.ਐਸ.ਪੀ. ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਦੀ ਪ੍ਰਧਾਨਗੀ ਹੇਠ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਰਜਨੀਸ਼ ਸ਼ਰਮਾ ਡਿਪਟੀ ਰਜਿਸਟਰਾਰ ਪੀ ਟੀ ਯੂ ਕਪੂਰਥਲਾ, ਸੁਰਿੰਦਰ ਮਨ ਕੰਬਾਈਨ ਫੈਕਟਰੀ ਸਰਵਿਸ ਸੀਨੀਅਰ ਸੈਕੰਡਰੀ ਸਕੂਲ ਸਿੱਧਵਾਂ ਦੋਨਾਂ, ਸਰਵਣ ਭਾਟੀਆ ਕਮਿਊਨਿਟੀ ਕੋਆਰਡੀਨੇਟਰ, ਸਕੂਲ ਆਫ਼ ਐਮੀਨੈਂਸ ਕਪੂਰਥਲਾ, ਸਤਨਾਮ ਗਿੱਲ ਜੀ.ਐਮ.ਡੀ.ਐਨ. ਕਪੂਰਥਲਾ ਅਤੇ ਸ੍ਰੀ ਜਗਜੀਤ ਪਾਲ, ਡੀ.ਐਸ.ਪੀ. ਵਿਜੀਲੈਂਸ ਬਿਊਰੋ, ਕਪੂਰਥਲਾ ਸਮੇਤ ਇੰਸਪੈਕਟਰ ਪ੍ਰੀਤੀ, ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਦੇ ਸਮੂਹ ਕਰਮਚਾਰੀ, ਵੱਖ-ਵੱਖ ਪਿੰਡਾਂ ਦੇ ਪੰਚ/ਸਰਪੰਚ ਅਤੇ ਸ਼ਹਿਰ ਦੇ ਮੋਹਤਬਰ ਵਿਅਕਤੀਆਂ ਨੇ ਸੈਮੀਨਾਰ ਵਿੱਚ ਭਾਗ ਲਿਆ। ਜਗਜੀਤ ਪਾਲ, ਡੀ ਐਸ ਪੀ ਵਿਜੀਲੈਂਸ ਬਿਊਰੋ, ਕਪੂਰਥਲਾ ਅਤੇ ਇੰਸਪੈਕਟਰ ਪ੍ਰੀਤੀ ਵਿਜੀਲੈਂਸ ਬਿਊਰੋ, ਕਪੂਰਥਲਾ ਵੱਲੋਂ ਮੌਕਾ ਤੇ ਹਾਜ਼ਰ ਵੱਖ-ਵੱਖ ਪਿੰਡਾਂ ਦੇ ਪੰਚ/ਸਰਪੰਚ ਅਤੇ ਸ਼ਹਿਰ ਦੇ ਮੋਹਤਬਰ ਵਿਅਕਤੀਆਂ ਨੂੰ ਭ੍ਰਿਸ਼ਟਾਚਾਰ ਨੂੰ ਰੋਕਣ ਸਬੰਧੀ ਜਾਗਰੂਕ ਕੀਤਾ ਗਿਆ। ਉਨ੍ਹਾਂ ਸੈਮੀਨਾਰ ਵਿੱਚ ਹਾਜ਼ਰੀਨ ਨੂੰ ਰਿਸ਼ਵਤਖੋਰੀ ਰੋਕਣ ਸਬੰਧੀ ਆਨ-ਲਾਈਨ ਵੈੱਬਸਾਈਟ www.vigilancebureau.punjab.gov.in, ਟੋਲ ਫਰੀ ਨੰਬਰ 1800 1800 1000, ਐਸ.ਐਸ.ਪੀ. ਵਿਜੀਲੈਂਸ ਬਿਊਰੋ ਰੇਂਜ ਜਲੰਧਰ ਦੇ ਟੈਲੀਫੋਨ/ਮੋਬਾਈਲ ਨੰਬਰ 0181-2226349, ਐਂਟੀ ਕਰੱਪਸ਼ਨ ਐਕਸ਼ਨ ਲਾਈਨ ਨੰਬਰ 95012-00200 ਅਤੇ ਡੀ.ਐਸ.ਪੀ. ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਦੇ ਟੈਲੀਫੋਨ/ਮੋਬਾਈਲ ਨੰਬਰ 01822-230109, 98765-01927, ਈ-ਮੇਲ: dspvbunitkpt@Punjab.gov.in ਬਾਰੇ ਜਾਣਕਾਰੀ ਦਿੱਤੀ।

ਕਰਵਾ ਚੌਥ ਦਾ ਤਿਉਹਾਰ ਮਨਾਇਆ

ਜਲੰਧਰ (ਸ਼ੈਲੀ ਅਲਬਰਟ)- ਇੰਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਕਲਚਰਲ ਕਲੱਬ ਵੱਲੋਂ ਕਰਵਾ ਚੌਥ ਦੇ ਤਿਉਹਾਰ ਦੇ ਮੌਕੇ 'ਤੇ ਮਹਿੰਦੀ ਡਿਜ਼ਾਈਨ ਅਤੇ ਨੇਲ ਆਰਟ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ 'ਏਕ ਭਾਰਤ ਸ਼੍ਰੇਸ਼ਠ ਭਾਰਤ' ਪ੍ਰੋਗਰਾਮ ਦੀ ਥੀਮ 'ਤੇ ਆਧਾਰਿਤ ਸਨ, ਜਿਨ੍ਹਾਂ ਦਾ ਉਦੇਸ਼ ਏਕਤਾ ਨੂੰ ਮਜ਼ਬੂਤ ਕਰਨਾ, ਰਵਾਇਤੀ ਡਿਜ਼ਾਈਨਾਂ ਨੂੰ ਮੁੜ ਸੁਰਜੀਤ ਕਰਨਾ ਅਤੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਤੇ ਰੀਤੀ-ਰਿਵਾਜਾਂ ਨੂੰ ਉਜਾਗਰ ਕਰਨਾ ਸੀ। ਇਸ ਨਾਲ ਵਿਦਿਆਰਥੀ-ਅਧਿਆਪਕਾਂ ਨੂੰ ਭਾਰਤ ਦੀ ਵਿਭਿੰਨਤਾ ਨੂੰ ਸਮਝਣ ਅਤੇ ਉਸ ਦੀ ਕਦਰ ਕਰਨ ਦਾ ਮੌਕਾ ਮਿਲਿਆ, ਜਿਸ ਨਾਲ ਉਨ੍ਹਾਂ ਵਿੱਚ ਸਾਂਝੀ ਪਛਾਣ ਦੀ ਭਾਵਨਾ ਪੈਦਾ ਹੋਈ। ਭਾਰਤੀ ਔਰਤਾਂ ਦੀ ਸ਼ਕਤੀ, ਉਨ੍ਹਾਂ ਦੀ ਸੁੰਦਰਤਾ, ਸਾਦਗੀ ਅਤੇ ਸ਼ਾਨ ਨੂੰ ਮਹਿੰਦੀ ਦੇ ਰਵਾਇਤੀ ਕਲਾਤਮਕ ਡਿਜ਼ਾਈਨਾਂ ਰਾਹੀਂ ਪੇਸ਼ ਕੀਤਾ ਗਿਆ। ਵਿਦਿਆਰਥੀ-ਅਧਿਆਪਕਾਂ ਨੇ ਇੱਕ-ਦੂਜੇ ਦੇ ਹੱਥਾਂ 'ਤੇ ਮਹਿੰਦੀ ਦੇ ਖ਼ੂਬਸੂਰਤ ਡਿਜ਼ਾਈਨ ਬਣਾਏ। ਇਸ ਤੋਂ ਇਲਾਵਾ, ਉਨ੍ਹਾਂ ਨੇ ਨੇਲ ਆਰਟ ਦੀ ਰਚਨਾਤਮਕ ਗਤੀਵਿਧੀ ਦਾ ਵੀ ਆਨੰਦ ਲਿਆ, ਜਿਸ ਵਿੱਚ ਜੋੜਿਆਂ ਵਿੱਚ ਰਹਿ ਕੇ ਇੱਕ-ਦੂਜੇ ਦੇ ਨਹੁੰਆਂ ਨੂੰ ਸਜਾਇਆ ਅਤੇ ਹੋਰ ਆਕਰਸ਼ਕ ਬਣਾਇਆ ਗਿਆ। ਅਰਸ਼ਪ੍ਰੀਤ ਕੌਰ ਨੇ ਮਹਿੰਦੀ ਡਿਜ਼ਾਈਨ ਅਤੇ ਨੇਲ ਆਰਟ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਕਾਵਿਆ ਨੇ ਮਹਿੰਦੀ ਡਿਜ਼ਾਈਨ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਅਰਜਿੰਦਰ ਸਿੰਘ ਨੇ ਜੇਤੂਆਂ ਨੂੰ ਵਧਾਈ ਦਿੱਤੀ ।



ਪਵਾਰ ਨੇ ਪੰਜਾਬ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਨਾਲ ਕੀਤੀ ਮੁਲਾਕਾਤ

ਪੋਜੇਵਾਲ (ਰਾਮ ਲਾਲ)- ਯੂਥ ਕਾਂਗਰਸ ਦੇ ਆਗੂ ਪ੍ਰਿੰਸ ਪਵਾਰ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਪ੍ਰਗਟ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ 4 ਨਵੰਬਰ ਨੂੰ ਸੰਗਰੂਰ ਵਿਖੇ ਕਾਂਗਰਸ ਦੇ ਸੀਨੀਅਰ ਆਗੂ ਸਾਂਸਦ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਪ੍ਰਸਤਾਵਿਤ ਰੈਲੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਯੂਥ ਕਾਂਗਰਸ ਆਗੂ ਪ੍ਰਿੰਸ ਪਵਾਰ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਸੰਗਰੂਰ ਰੈਲੀ ਨੂੰ ਲੈ ਕੇ ਕਾਂਗਰਸੀ ਵਰਕਰਾਂ ਅਤੇ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਯੂਥ ਕਾਂਗਰਸ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਪ੍ਰਿੰਸ ਪਵਾਰ ਨੇ ਕਿਹਾ ਕਿ 15 ਨਵੰਬਰ ਤੱਕ ਪੰਜਾਬ ਯੂਥ ਕਾਂਗਰਸ ਪੰਜਾਬ ਦੇ ਮੰਤਰੀਆਂ ਦੇ ਘਰਾਂ ਤੱਕ ਘਰਾਓ ਕਰਨਗੇ।

ਕਬੱਡੀ ਕੱਪ 2 ਨੂੰ

ਫਿਲੌਰ (ਨਿਰਮਲ)- ਫਿਲੌਰ ਵਾਲੀ ਮਈਆ ਭਗਵਾਨ ਜੀ ਦੀ ਯਾਦ ਵਿੱਚ ਤੀਸਰਾ ਫਿਲੌਰ ਕਬੱਡੀ ਕੱਪ 2 ਨਵੰਬਰ ਦਿਨ ਸੋਮਵਾਰ ਨੂੰ ਹੋਵੇਗਾ ਜਿਸ ਵਿੱਚ ਪੰਜਾਬ ਭਰ ਤੋਂ ਨਾਮੀ ਕਬੱਡੀ ਟੀਮਾਂ ਭਾਗ ਲੈਣਗੀਆਂ ਜੇਤੂ ਟੀਮ ਨੂੰ ਦਿਲ ਖਿੱਚਵੇ ਇਨਾਮ ਦਿੱਤੇ ਜਾਣਗੇ ਪਹਿਲਾ ਇਨਾਮ 1 ਲੱਖ ਰੁਪਏ ਦੂਜਾ 75 ਹਜ਼ਾਰ ਰੁਪਏ ਬੈਸਟ ਰੇਡਰ ਅਤੇ ਜਾਫੀ ਨੂੰ ਟਰੈਕਟਰ ਇਨਾਮ ਵਜੋਂ ਦਿੱਤਾ ਜਾਵੇਗਾ। ਲੜਕੀਆਂ ਦਾ ਸ਼ੋਅ ਮੈਚ ਵੀ ਕਰਾਇਆ ਜਾਵੇਗਾ।

ਭਰਤੀ ਲਈ ਦਿੱਤੀ ਜਾ ਰਹੀ ਮੁ਼ਫਤ ਫਿਜ਼ੀਕਲ ਤੇ ਲਿਖਤੀ ਪੇਪਰ ਦੀ ਟਰੇਨਿੰਗ : ਕੈਪਟਨ ਅਜੀਤ ਸਿੰਘ

ਜਲੰਧਰ (ਸੁਰਿੰਦਰ ਕੁਮਾਰ)- ਸੀ-ਪਾਈਟ ਜਲੰਧਰ ਕੈਂਪ ਕਪੂਰਥਲਾ ਦੇ ਅਧਿਕਾਰੀ ਕੈਪਟਨ ਅਜੀਤ ਸਿੰਘ ਨੇ ਦੱਸਿਆ ਹੈ ਕਿ ਜਿਲ੍ਹਾ ਜਲੰਧਰ,ਹੁਸਿਆਰਪੁਰ,ਤਰਨਤਾਰਨ ਤੇ ਕਪੂਰਥਲਾ ਦੇ ਜਿਨ੍ਹਾਂ ਯੁਵਕਾਂ ਦਾ ਆਰਮੀ ਅਗਨੀਵੀਰ ਦਾ ਲਿਖਤੀ ਟੈਸਟ ਪਾਸ ਹੋ ਗਿਆ ਹੈ, ਉਹ ਫਿਜੀਕਲ ਟਰੇਨਿੰਗ ਵਾਸਤੇ ਸੀ-ਪਾਈਟ ਕੈਂਪ ਥੇਹ ਕਾਂਜਲਾ, ਕਪੂਰਥਲਾ ਨਾਲ ਜਲਦੀ ਤੋਂ ਜਲਦੀ ਸੰਪਰਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੈਂਪ ਵਿਖੇ ਯੁਵਕਾਂ ਨੂੰ ਭਰਤੀ ਦੇ ਅਨੁਸਾਰ ਟਰੇਨਿੰਗ ਦਿੱਤੀ ਜਾਂਦੀ ਹੈ । ਉਨ੍ਹਾਂ ਅੱਗੇ ਦੱਸਿਆ ਕਿ ਇਸ ਦੇ ਨਾਲ ਹੀ ਪੈਰਾਮਿਲਟਰੀ ਫੋਰਸ਼ ਜਿਵੇ ਬੀ ਐੱਸ ਐੱਫ, ਸੀ. ਆਰ. ਪੀ. ਐਫ, ਆਈ.ਟੀ.ਬੀ.ਪੀ, ਪੰਜਾਬ ਪੁਲਿਸ ਦੀ ਫਿਜੀਕਲ ਦੀ ਤਿਆਰੀ ਕਰਨ ਵਾਲੇ ਅਤੇ ਪੀ.ਐਸ.ਐਸ.ਐਸ.ਬੀ ਦੇ ਲਿਖਤੀ ਪੇਪਰ ਦੀ ਤਿਆਰੀ ਕਰਨ ਵਾਲੇ ਯੁਵਕ ਵੀ ਸੀ-ਪਾਈਟ ਕੈਂਪ ਥੇਹ ਕਾਂਜਲਾ, ਕਪੂਰਥਲਾ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਯੁਵਕਾਂ ਨੂੰ ਸਵੇਰੇ ਅਤੇ ਸ਼ਾਮ ਫਿਜੀਕਲ ਟਰੇਨਿੰਗ ਕਰਵਾਈ ਜਾਵੇਗੀ ਤੇ ਕੈਂਪ ਵਿਖੇ ਯੁਵਕਾਂ ਵਾਸਤੇ ਜਿੰਮ,ਖੇਡਾਂ ਦਾ ਖਾਸ ਪ੍ਰਬੰਧ ਹੈ। ਉਨ੍ਹਾਂ ਦੱਸਿਆ ਕਿ ਟਰੇਨਿੰਗ ਲੈਣ ਲਈ ਆਧਾਰ ਕਾਰਡ,ਦਸਵੀਂ ਜਾਂ ਬਾਰਵੀ ਕਾਲਸ ਦਾ ਸਰਟੀਫਿਕੇਟ,ਜਾਤੀ ਸਰਟੀਫਿਕੇਟ ਅਤੇ ਦੋ ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਯੁਵਕਾਂ ਨੂੰ ਟਰੇਨਿੰਗ ਤੋਂ ਇਲਾਵਾ ਪੜ੍ਹਾਈ, ਰਿਹਾਇਸ਼ ਅਤੇ ਖਾਣਾ ਮੁਫ਼ਤ ਦਿੱਤਾ ਜਾਵੇਗਾ ।

ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਚੋਣ ਸੰਪੰਨ

ਬੰਗਾ (ਅਵਤਾਰ ਕਲੇਰ)- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ, ਵੱਖ-ਵੱਖ ਅਹੁਦੇਦਾਰਾਂ ਅਤੇ ਜ਼ਿਲ੍ਹੇ ਦੀਆਂ ਵੱਖ-ਵੱਖ ਇਕਾਈਆਂ ਦੇ ਪ੍ਰਧਾਨਾਂ ਦੀ ਚੋਣ ਨਵਾਂ ਸ਼ਹਿਰ ਵਿਖੇ ਸਰਬਸੰਮਤੀ ਨਾਲ ਕੀਤੀ ਗਈ। ਇਸ ਚੋਣ ਪ੍ਰਕਿਰਿਆ ਦੀ ਪ੍ਰਧਾਨਗੀ ਚੇਤ ਰਾਮ ਰਤਨ, ਦੀਦਾਰ ਸਿੰਘ ਸ਼ੇਤਰਾ ਅਤੇ ਅਮਿਤ ਸ਼ਰਮਾ ਵੱਲੋਂ ਕੀਤੀ ਗਈ। ਹਾਈਕਮਾਂਡ ਵੱਲੋਂ ਨਵਕਾਂਤ ਭਰੋਮਜਾਰਾ ਨੂੰ ਚੋਣ ਅਬਜ਼ਰਵਰ ਨਿਯੁਕਤ ਕੀਤਾ ਗਿਆ। ਚੋਣ ਅਬਜ਼ਰਵਰ ਨਵਕਾਂਤ ਭਰੋਮਜਾਰਾ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਸਰਬਸੰਮਤੀ ਨਾਲ ਜਸਬੀਰ ਸਿੰਘ ਨੂਰਪੁਰ ਨੂੰ ਜ਼ਿਲ੍ਹਾ ਪ੍ਰਧਾਨ, ਚੇਤ ਰਾਮ ਰਤਨ ਨੂੰ ਜ਼ਿਲ੍ਹਾ ਚੇਅਰਮੈਨ ਅਤੇ ਨਵਕਾਂਤ ਭਰੋਮਜਾਰਾ ਨੂੰ ਜਨਰਲ ਸਕੱਤਰ ਵਜੋਂ ਮੁੜ ਜ਼ਿੰਮੇਵਾਰੀ ਸੌਂਪੀ ਗਈ। ਇਸੇ ਤਰ੍ਹਾਂ ਸੰਜੀਵ ਭਨੋਟ ਨੂੰ ਜ਼ਿਲ੍ਹਾ ਉਪ ਚੇਅਰਮੈਨ ਨਿਯੁਕਤ ਕੀਤਾ ਗਿਆ। ਯੂਨੀਅਨ ਦੇ ਕੰਮਕਾਜ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਲਈ ਦੀਦਾਰ ਸਿੰਘ ਸ਼ੇਤਰਾ, ਅਮਿਤ ਸ਼ਰਮਾ, ਜਤਿੰਦਰ ਪਾਲ ਸਿੰਘ ਕਲੇਰ, ਮਨੋਰੰਜਨ ਕਾਲੀਆ ਅਤੇ ਅਮਰੀਕ ਸਿੰਘ ਢੀਂਡਸਾ ਨੂੰ ਮੁੱਖ ਸਲਾਹਕਾਰ ਬਣਾਇਆ ਗਿਆ। ਜ਼ਿਲ੍ਹਾ ਕਾਰਜਕਾਰਨੀ ਵਿੱਚ ਸੁਰਜੀਤ ਮਜਾਰੀ, ਯੋਗੇਸ਼ ਮਲਹੋਤਰਾ, ਗੁਰਨਾਮ ਸਿੰਘ ਸੈਣੀ, ਅਵਤਾਰ ਕਲੇਰ, ਓਂਕਾਰ ਸਿੰਘ ਅਤੇ ਦਿਨੇਸ਼ ਸੂਰੀ ਨੂੰ ਸੀਨੀਅਰ ਮੀਤ ਪ੍ਰਧਾਨ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸੇ ਤਰ੍ਹਾਂ ਜਗਤਾਰ ਸਿੰਘ ਮਹਿੰਦੀਪੁਰ, ਨਰਿੰਦਰ ਮਾਹੀ, ਵਿਜੇ ਕੁਮਾਰ, ਚਰਨਜੀਤ ਸੱਲਾਂ ਅਤੇ ਨਿਰਮਲਜੀਤ ਸਿੰਘ ਚਾਹਲ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਰਾਕੇਸ਼ ਆਨੰਦ, ਸੁਖਦੇਵ ਪਨੇਸਰ, ਪ੍ਰੇਮ ਜੰਡਿਆਲੀ, ਹਰਮੇਲ ਸਿੰਘ ਸਹੂੰਗੜਾ, ਹਰਦੀਪ ਚੌਧਰੀ ਪੋਜੇਵਾਲ ਅਤੇ ਨਰਿੰਦਰ ਭੂੰਬਲਾ ਨੂੰ ਸਕੱਤਰ ਨਿਯੁਕਤ ਕੀਤਾ ਗਿਆ। ਹਰਮਿੰਦਰ ਸਿੰਘ ਪਿੰਟੂ ਨੂੰ ਖ਼ਜ਼ਾਨਚੀ, ਰਮੇਸ਼ ਸ਼ਰਮਾ ਨੂੰ ਸਹਾਇਕ ਖ਼ਜ਼ਾਨਚੀ ਅਤੇ ਜਤਿੰਦਰ ਮਹਿਮੀ ਨੂੰ ਸੰਯੁਕਤ ਸਕੱਤਰ ਬਣਾਇਆ ਗਿਆ। ਇਸ ਤੋਂ ਇਲਾਵਾ ਲਖਵਿੰਦਰ ਸੋਨੂੰ ਅਤੇ ਰਘਵੀਰ ਸਿੰਘ ਨੂੰ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਦੀ ਜ਼ਿੰਮੇਵਾਰੀ ਦਿੱਤੀ ਗਈ। ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਲ ਇਕਾਈਆਂ ਦੇ ਅਹੁਦੇਦਾਰਾਂ ਦੀ ਚੋਣ ਕਰਦਿਆਂ ਬੰਗਾ ਸਰਕਲ ਇਕਾਈ ਦਾ ਪ੍ਰਧਾਨ ਮਨਜਿੰਦਰ ਸਿੰਘ, ਬਹਿਰਾਮ ਇਕਾਈ ਦਾ ਪ੍ਰਧਾਨ ਨਛੱਤਰ ਪਾਲ, ਨਵਾਂ ਸ਼ਹਿਰ ਇਕਾਈ ਦਾ ਪ੍ਰਧਾਨ ਪ੍ਰਦੀਪ ਭਨੋਟ, ਔੜ ਇਕਾਈ ਦਾ ਪ੍ਰਧਾਨ ਛਿੰਜੀ ਲੜੋਆ , ਬਲਾਚੌਰ ਇਕਾਈ ਦਾ ਪ੍ਰਧਾਨ ਨਰੇਸ਼ ਧੌਲ ਅਤੇ ਰਾਹੋਂ ਇਕਾਈ ਦਾ ਪ੍ਰਧਾਨ ਗੌਰਵ ਗਾਬਾ ਨੂੰ ਬਣਾਇਆ ਗਿਆ।

ਸਹਿਕਾਰਤਾ ਵਿਭਾਗ ਵੱਲੋਂ ਜਾਗਰੂਕਤਾ ਕੈਂਪ

ਕਪੂਰਥਲਾ (ਮਨਜੀਤ ਮਾਨ)- ਸਹਿਕਾਰਤਾ ਵਿਭਾਗ ਵੱਲੋਂ ਪਿੰਡ ਗੋਪੀਪੁਰ, ਜ਼ਿਲ੍ਹਾ ਕਪੂਰਥਲਾ ਵਿਖੇ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਮੌਕੇ ਇੰਸਪੈਕਟਰ ਇੰਦਰਬੀਰ ਸਿੰਘ, ਇੰਸਪੈਕਟਰ ਸ਼ਿਵਮ ਦੂਬੇ ਅਤੇ ਇੰਸਪੈਕਟਰ ਕਾਰਤਿਕ ਮਿਨਹਾਸ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਹੋਣ ਵਾਲੇ ਹਵਾ ਪ੍ਰਦੂਸ਼ਣ, ਮਿੱਟੀ ਦੀ ਉਪਜਾਊ ਸ਼ਕਤੀ ਨੂੰ ਨੁਕਸਾਨ ਅਤੇ ਵਾਤਾਵਰਣ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ।

ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਸਹਿਕਾਰੀ ਸਭਾਵਾਂ ਰਾਹੀਂ ਉਪਲਬਧ ਸੀ ਆਰ ਐਮ ਮਸ਼ੀਨਰੀ ਦੀ ਵਰਤੋਂ ਕਰਨ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।

ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਦਿਹਾੜਾ ਮਨਾਇਆ

ਆਦਮਪੁਰ (ਪਰਮਜੀਤ ਸਿੰਘ)- ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰ ਭਵਨ ਪਿੰਡ ਡਮੁੰਡਾ ਨੇੜੇ ਸਾਰਾਗੜ੍ਹੀ ਸਟੇਡੀਅਮ ਏਅਰਪੋਰਟ ਰੋਡ ਵਿਖੇ ਵਿਸ਼ਵ ਦੋਆਬਾ ਰਾਜਪੂਤ ਸਭਾ ਰਜਿ ਪੰਜਾਬ ਵੱਲੋਂ ਸਰਪ੍ਰਸਤ ਫਤਹਿ ਸਿੰਘ ਪ੍ਰਹਾਰ, ਪ੍ਰਧਾਨ ਬਲਵਿੰਦਰ ਸਿੰਘ ਭਾਮ ਤੇ ਸਮੂਹ ਮੈਂਬਰਾਂ, ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਪ੍ਰਬੰਧਕ ਕਮੇਟੀ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪਾਠ ਦੇ ਭੋਗ ਪਾਉਣ ਉਪਰੰਤ ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ, ਗਿਆਨੀ ਸੁਖਦੇਵ ਸਿੰਘ ਚਮਕਾਰਾਂ ਢਾਡੀ ਜੱਥੇ ਨੇ ਕੀਰਤਨ ਤੇ ਢਾਡੀ ਵਾਰਾਂ ਰਾਹੀਂ ਆਈ ਹੋਈ ਸੰਗਤ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਬਾਰੇ ਜਾਣੂ ਕਰਵਾਇਆ। ਉਪਰੰਤ ਸਭਾ ਦੇ ਸਰਪ੍ਰਸਤ ਫਤਹਿ ਸਿੰਘ ਪ੍ਰਹਾਰ, ਪ੍ਰਧਾਨ ਬਲਵਿੰਦਰ ਸਿੰਘ ਭਾਮ, ਉਪ ਪ੍ਰਧਾਨ ਬਲਵਿੰਦਰ ਸਿੰਘ ਕਾਲਰਾ ਤੇ ਖਜਾਨਚੀ ਸ਼ਿਵ ਸਿੰਘ ਪ੍ਰਹਾਰ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ਼੍ਰੋਮਣੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਨੇ ਸਿੱਖ ਕੌਮ ਦੇ ਲਈ ਆਪਣੀ ਸਾਰੀ ਜ਼ਿੰਦਗੀ ਕੁਰਬਾਨ ਕਰ ਦਿੱਤੀ। ਉਨ੍ਹਾਂ ਕਿਹਾ ਕਿ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਉਸਾਰੀ ਅਧੀਨ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰ ਭਵਨ ਵਿਖੇ ਹੁਣ ਹਰ ਸਾਲ ਧਾਰਮਿਕ ਸਮਾਗਮ ਕਰਵਾਇਆ ਕਰਨਗੇ।

ਸਮਾਗਮ ਦੀ ਸਮਾਪਤੀ ਦੌਰਾਨ ਰਾਜਪੂਤ ਸਭਾ ਦੇ ਸਮੂਹ ਮੈਂਬਰਾਂ ਵੱਲੋਂ ਆਏ ਹੋਏ ਸਮਾਗਮ ਚ ਸਹਿਯੋਗ ਕਰਨ ਵਾਲੀਆਂ ਸੰਗਤਾਂ ਤੇ ਪਤਵੰਤਿਆ ਦਾ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਆਇਆ ਸੰਗਤਾਂ ਲਈ ਗੁਰੂ ਕਾ ਅਤੁਟ ਲੰਗਰ ਦਾ ਪ੍ਰਬੰਧ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ। ਇਸ ਮੌਕੇ ਬਲਵਿੰਦਰ ਸਿੰਘ ਡਰੋਲੀ ਖੁਰਦ, ਜਰਨਲ ਸਕੱਤਰ ਤਰਸੇਮ ਸਿੰਘ ਚੁਖਿਆਰਾ, ਗੁਰਪ੍ਰਤਾਪ ਸਿੰਘ ਸਹਾਰਨਪੁਰੀ, ਮੰਨਾ ਸਿੰਘ ਮਿਨਹਾਸ, ਹਰਵਿੰਦਰ ਸਿੰਘ ਪ੍ਰਹਾਰ, ਗੁਰਦੀਪ ਸਿੰਘ ਪ੍ਰਹਾਰ, ਅਵਤਾਰ ਸਿੰਘ ਡਰੋਲੀ, ਇਕਬਾਲ ਸਿੰਘ ਜਾਜਲ, ਜੱਥੇ. ਮਨੋਹਰ ਸਿੰਘ ਡਰੋਲੀ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ, ਜਸਵੀਰ ਸਿੰਘ ਜਾਜਲ, ਅਵਤਾਰ ਸਿੰਘ ਮਿਨਹਾਸ, ਸੁਖਵੰਤ ਸਿੰਘ, ਸੰਜੀਵ ਕੁਮਾਰ ਜਾਜਲ, ਸੋਹਣ ਸਿੰਘ ਡਰੋਲੀ ਖੁਰਦ, ਸੁਰਜੀਤ ਸਿੰਘ ਮਿਨਹਾਸ, ਸੁਬੇਦਾਰ ਜਸਵੀਰ ਸਿੰਘ ਡਰੋਲੀ ਖੁਰਦ, ਰਾਜੀ ਸਿੰਘ ਪ੍ਰਹਾਰ, ਬਲਦੇਵ ਸਿੰਘ ਪ੍ਰਹਾਰ ਗੁਰਦਿਆਲ ਸਿੰਘ ਜਲਵੇੜਾ, ਮੰਗਲ ਸਿੰਘ ਜਲਵੇੜਾ, ਗੁਰਦੀਪ ਸਿੰਘ ਪ੍ਰਹਾਰ, ਗੁਰਤੇਜ ਸਿੰਘ, ਭੁਪਿੰਦਰ ਸਿੰਘ, ਬਲਦੇਵ ਸਿੰਘ ਮਿਨਹਾਸ, ਇਕਬਾਲ ਸਿੰਘ ਭਾਮ ਤੇ ਹੋਰ ਮੈਂਬਰ ਹਾਜ਼ਰ ਸਨ।

ਕਣਕ ਦੇ ਬੀਜ ਦੀ ਖਰੀਦ 'ਤੇ ਕਿਸਾਨਾਂ ਨੂੰ ਮਿਲੇਗੀ 2,000 ਤੱਕ ਦੀ ਸਬਸਿਡੀ

ਮੁਹਾਲੀ (ਗੁਰਜੀਤ ਬਿੱਲਾ)- ਹਾੜ੍ਹੀ ਸੀਜ਼ਨ 2026-27 ਦੌਰਾਨ ਕਿਸਾਨਾਂ ਨੂੰ ਕਣਕ ਦਾ ਤਸਦੀਕਸ਼ੁਦਾ ਬੀਜ ਮੁਹੱਈਆ ਕਰਵਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਕਿਸਾਨਾਂ ਨੂੰ ਵਿਭਾਗ ਵੱਲੋਂ ਸਪਲਾਈ ਕੀਤਾ ਤਸਦੀਕਸ਼ੁਦਾ ਬੀਜ ਖਰੀਦਣ 'ਤੇ ਸਰਕਾਰ ਵੱਲੋਂ ਸਬਸਿਡੀ ਦਿੱਤੀ ਜਾਵੇਗੀ। ਇਸ ਸਕੀਮ ਤਹਿਤ ਕਿਸਾਨਾਂ ਨੂੰ ਬੀਜ ਦੀ ਖਰੀਦ ਤੇ ਪ੍ਰਤੀ ਕੁਇੰਟਲ 2,000 ਰੁਪਏ ਜਾਂ ਬੀਜ ਦੀ ਕੀਮਤ ਦਾ 50 ਫ਼ੀਸਦੀ, ਜੋ ਵੀ ਘੱਟ ਹੋਵੇ, ਦੇ ਹਿਸਾਬ ਨਾਲ ਵੱਧ ਤੋਂ ਵੱਧ 2,000 ਰੁਪਏ ਪ੍ਰਤੀ ਕੁਇੰਟਲ ਦੀ ਸਹਾਇਤਾ ਦਿੱਤੀ ਜਾਵੇਗੀ। ਕਿਸਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਕਣਕ ਦੀ ਬਿਜਾਈ ਲਈ ਤਸਦੀਕਸ਼ੁਦਾ ਬੀਜ ਪ੍ਰਾਪਤ ਕਰਨ ਵਾਸਤੇ ਆਪਣੇ ਨੇੜਲੇ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰਨ।

ਮੁੱਖ ਖੇਤੀਬਾੜੀ ਅਫ਼ਸਰ, ਐਸ.ਏ.ਐਸ. ਨਗਰ ਡਾ ਰਾਕੇਸ਼ ਕੁਮਾਰ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਸਾਨ ਕਣਕ ਦੇ ਤਸਦੀਕਸ਼ੁਦਾ ਬੀਜ ਲਈ ਵਿਭਾਗ ਦੇ ਆਨਲਾਈਨ ਪੋਰਟਲ www.agrimachinerypb.com ਰਾਹੀਂ ਖੁਦ ਵੀ ਅਪਲਾਈ ਕਰ ਸਕਦੇ ਹਨ। ਇਸ ਤੋਂ ਇਲਾਵਾ ਕਿਸਾਨ ਆਪਣੇ ਸਬੰਧਤ ਬਲਾਕ ਖੇਤੀਬਾੜੀ ਦਫ਼ਤਰ ਵਿਖੇ ਜਾ ਕੇ ਵੀ ਆਨਲਾਈਨ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਛੁੱਟੀ ਵਾਲੇ ਦਿਨਾਂ ਵਿੱਚ ਵੀ ਬੀਜ ਮੁਹੱਈਆ ਕਰਵਾਉਣ ਲਈ ਬਲਾਕ ਖੇਤੀਬਾੜੀ ਦਫ਼ਤਰ ਖੁੱਲ੍ਹੇ ਰਹਿਣਗੇ।

ਡਿਵਾਈਨ ਪਬਲਿਕ ਸਕੂਲ ਨੇ ਮਨਾਇਆ ਸਾਲਾਨਾ ਸਿਲਵਰ ਜੁਬਲੀ ਸਮਾਗਮ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਡਿਵਾਈਨ ਪਬਲਿਕ ਸਕੂਲ, ਫਗਵਾੜਾ ਵੱਲੋਂ ਸਕੂਲ ਦੇ 25 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਸਿਲਵਰ ਜੁਬਲੀ ਸਾਲਾਨਾ ਸਮਾਗਮ ਬੜੀ ਧੂਮਧਾਮ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਰੇਨੂ ਠਾਕੁਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਸਕੂਲ ਦੇ 25 ਸਾਲਾਂ ਦੇ ਸਫ਼ਰ, ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਅਤੇ ਸਿੱਖਿਆ ਦੇ ਨਾਲ-ਨਾਲ ਕਲਾ ਤੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਦਰਸਾਇਆ। ਸਮਾਗਮ ਦੌਰਾਨ ਸਬ-ਡਿਵੀਜ਼ਨਲ ਮੈਜਿਸਟ੍ਰੇਟ ਡਾ. ਨਵਜੋਤ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਤੋਂ ਇਲਾਵਾ ਨਾਇਬ ਤਹਿਸੀਲਦਾਰ ਧਰਮਜੀਤ ਸਿੰਘ, ਮਾਰਕੀਟ ਕਮੇਟੀ ਦੇ ਚੇਅਰਮੈਨ ਅਨੁਰਾਗ ਮਨਖੰਡ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਕੁਲਵੰਤ ਰਾਏ ਪੱਬੀ, ਮਨੀਸ਼ ਭਾਰਦਵਾਜ, ਮਲਕੀਅਤ ਸਿੰਘ ਰਘਬੋਤਰਾ, ਰਾਜੀਵ ਗੁਪਤਾ ਸਮੇਤ ਹੋਰ ਪਤਵੰਤੇ ਅਤੇ ਸ਼ਹਿਰ ਵਾਸੀਆਂ ਨੇ ਵੀ ਉਚੇਰੇ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਦੇ ਨਿੱਘੇ ਸਵਾਗਤ ਨਾਲ ਹੋਈ। ਇਸ ਉਪਰੰਤ ਦੀਪ ਪ੍ਰੱਜਵਲਿਤ ਕਰਕੇ ਸਮਾਗਮ ਦਾ ਸ਼ੁਭ ਆਰੰਭ ਕੀਤਾ ਗਿਆ ਅਤੇ ਸਕੂਲ ਦੇ ਐਂਥਮ ਨਾਲ ਮਾਹੌਲ ਵਿੱਚ ਉਤਸ਼ਾਹ ਤੇ ਮਾਣ ਦੀ ਭਾਵਨਾ ਪੈਦਾ ਹੋਈ। ਵਿਦਿਆਰਥੀਆਂ ਵੱਲੋਂ ਪੇਸ਼ ਸ਼ਬਦ ਗਾਇਨ, ਸ਼ਿਵ ਤਾਂਡਵ, 'ਦਿ ਗਰੂਵ ਮੂਵਰਜ਼' (ਐਲ ਕੇ ਜੀ), ਸੋਲੋ ਗੀਤ, 'ਸਟਾਰਜ਼ ਆਨ ਫੀਟ' (ਨਰਸਰੀ), 'ਦਿ ਡਰੀਮਰਜ਼' (ਯੂ.ਕੇ.ਜੀ.), ਵਿਕਟੋਰੀਆ ਯੁੱਗ 'ਤੇ ਆਧਾਰਿਤ ਨਾਟਕ, ਡਾਕਯੂਮੈਂਟਰੀ, ਹਰਿਆਣਵੀ ਡਾਂਸ, 'ਦਿ ਸਕੂਲ ਡੇਜ਼', 'ਪਰੰਪਰਾ' ਨਾਟਕ, ਪਿਰਾਮਿਡ, 'ਕਲਰਜ਼ ਆਫ਼ ਕਲਚਰ', ਕਲਾਸੀਕਲ ਡਾਂਸ ਅਤੇ ਭੰਗੜਾ ਆਦਿ ਨੇ ਹਾਜ਼ਰ ਮਹਿਮਾਨਾਂ ਅਤੇ ਮਾਪਿਆਂ ਨੂੰ ਮੰਤਰਮੁਗਧ ਕਰ ਦਿੱਤਾ। ਪੇਸ਼ਕਾਰੀਆਂ ਵਿੱਚ ਵਿਦਿਆਰਥੀਆਂ ਦਾ ਆਤਮ-ਵਿਸ਼ਵਾਸ, ਮਿਹਨਤ ਅਤੇ ਕਲਾਤਮਕ ਹੁਨਰ ਦੇਖਣਯੋਗ ਸੀ। ਹਾਜ਼ਰੀਨ ਨੇ ਤਾੜੀਆਂ ਨਾਲ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਇਨ੍ਹਾਂ ਪੇਸ਼ਕਾਰੀਆਂ ਨੇ ਭਾਰਤੀ ਸੱਭਿਆਚਾਰ, ਪਰੰਪਰਾਵਾਂ ਅਤੇ ਵਿਦਿਆਰਥੀਆਂ ਦੀ ਸਿਰਜਣਾਤਮਕ ਸਮਰੱਥਾ ਦੀ ਸੁੰਦਰ ਝਲਕ ਪੇਸ਼ ਕੀਤੀ। ਵਿੱਦਿਅਕ ਅਤੇ ਖੇਡ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ-ਸਮਾਗਮ ਦੌਰਾਨ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਲਈ ਇਨਾਮ ਵੰਡ ਸਮਾਰੋਹ ਵੀ ਕਰਵਾਇਆ ਗਿਆ। ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਵਿੱਦਿਅਕ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਨਰਸਰੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਵੀ ਇਨਾਮਾਂ ਨਾਲ ਨਵਾਜਿਆ ਗਿਆ। ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਨਿਵਾਜਿਆ ਗਿਆ। ਇਸ ਉਪਰਾਲੇ ਦਾ ਉਦੇਸ਼ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕਰਨਾ ਸੀ। ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਕੂਲ ਦੇ 25 ਸਾਲਾਂ ਦਾ ਸਫ਼ਰ ਮਿਹਨਤ ਅਤੇ ਸਮਰਪਣ ਦੀ ਪ੍ਰੇਰਨਾਦਾਇਕ ਮਿਸਾਲ ਹੈ।

ਹੇਮਕੁੰਟ ਸਕੂਲ ਵਿਖੇ ਮਨਾਇਆ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ

ਕੋਟ ਈਸੇ ਖਾਂ (ਅਰੋੜਾ)-ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਸਿੱਖਾਂ ਦੇ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ।ਇਸ ਤੋਂ ਪਹਿਲਾਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ 'ਤੇ ਧੰਨ ਧੰਨ ਰਾਮਦਾਸ ਗੁਰ ਜਿਨਿ ਸਿਰਿਆ ਤਿਨੈ ਸਵਾਰਿਆ ਸ਼ਬਦ ਗਾਇਨ, ਸਿਮਰਨਜੀਤ ਕੌਰ, ਕਮਲਦੀਪ ਕੌਰ, ਰਜਨੀਤ ਕੌਰ, ਮਨਪ੍ਰੀਤ ਕੌਰ, ਰੀਆ ਸ਼ਰਮਾ ਨੇ ਕੀਤਾ।ਮੈਡਮ ਅਮਨਦੀਪ ਕੌਰ ਅਤੇ ਗੁਰਪ੍ਰੀਤ ਕੌਰ ਨੇ ਸ੍ਰੀ ਗੁਰੂ ਰਾਮਦਾਸ ਜੀ ਦੀ ਜੀਵਨੀ ਬਾਰੇ ਦੱਸਦਿਆਂ ਉਨ੍ਹਾਂ ਦੇ ਜਨਮ ਨਾਲ, ਗੁਰਗੱਦੀ, ਬਾਣੀ ਨਾਲ ਸਬੰਧਿਤ ਵਿਚਾਰ ਪੇਸ਼ ਕੀਤੇ ਅਤੇ ਲੰਗਰ ਪ੍ਰਥਾ ਦਾ ਆਰੰਭ ਵੀ ਗੁਰੂ ਰਾਮਦਾਸ ਜੀ ਦੁਆਰਾ ਕੀਤਾ ਗਿਆ।ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਚੂਨਾ ਮੰਡੀ ਲਾਹੌਰ ਵਿਖੇ ਹਰਿਦਾਸ ਸੋਢੀ ਦੇ ਘਰ ਮਾਤਾ ਦਇਆ ਕੌਰ ਦੀ ਕੁੱਖੋਂ ਹੋਇਆ।ਬਾਲ ਰੂਪ ਵਿੱਚ ਆਪ ਜੀ ਨੂੰ ਜੇਠਾ ਨਾਮ ਨਾਲ ਬੁਲਾਇਆ ਜਾਂਦਾ ਸੀ। ਗੁਰੂ ਰਾਮਦਾਸ ਜੀ ਨੂੰ ਗੁਰੂ ਅਮਰਦਾਸ ਜੀ ਦੁਆਰਾ ਗੁਰਗੱਦੀ ਸੌਂਪੀ ਗਈ।ਗੁਰੂ ਜੀ ਦੁਆਰਾ ਮੰਜੀ ਪ੍ਰਥਾ ਚਾਲੂ ਕੀਤੀ ਗਈ।ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਵਾਹਿਗੁਰੂ ਦੇ ਸਿਮਰਨ ਦਾ ਜਾਪ ਕੀਤਾ ਗਿਆ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ. ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਤੇ ਕਿਹਾ ਕਿ ਸਾਨੂੰ ਗੁਰੂ ਜੀ ਦੇ ਦੱਸੇ ਮਾਰਗ 'ਤੇ ਚੱਲਣਾ ਚਾਹੀਦਾ ਹੈ।ਪ੍ਰਿੰਸੀਪਲ ਰਮਨਜੀਤ ਕੌਰ ਨੇ ਗੁਰੂ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਭ ਨੂੰ ਬਹੁਤ-ਬਹੁਤ ਵਧਾਈਆਂ ਦਿੱਤੀਆਂ ਤੇ ਕਿਹਾ ਕਿ ਗੁਰੂ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਕਿਹਾ ਅਤੇ ਉਨ੍ਹਾਂ ਦੇ ਦੱਸੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

ਵਿਧਾਨ ਸਭਾ 'ਚ ਅੱਠ ਮਤੇ ਸਰਬਸੰਮਤੀ ਨਾਲ ਪਾਸ ਹੋਣਾ ਪੰਜਾਬ ਦੇ ਹਿੱਤਾਂ ਦੀ ਜਿੱਤ : ਡਾ. ਮਿੰਕੂ ਜਵੰਧਾ

ਭਵਾਨੀਗੜ੍ਹ (ਰਾਜ ਖੁਰਮੀ)

ਪੰਜਾਬ ਵਿਧਾਨ ਸਭਾ ਦੇ 13ਵੇਂ ਇਜਲਾਸ ਦੌਰਾਨ ਸੂਬੇ ਦੇ ਅਹਿਮ ਮੁੱਦਿਆਂ ਨਾਲ ਸਬੰਧਤ ਅੱਠ ਮਤੇ ਸਰਬਸੰਮਤੀ ਨਾਲ ਪਾਸ ਹੋਣ ਨੂੰ ਪੰਜਾਬ ਦੇ ਹਿੱਤਾਂ ਦੀ ਜਿੱਤ ਕਰਾਰ ਦਿੰਦਿਆਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਪੰਜਾਬ ਦੇ ਹੱਕਾਂ, ਸਰੋਤਾਂ ਤੇ ਲੋਕਾਂ ਦੀ ਭਲਾਈ ਨਾਲ ਜੁੜੇ ਮੁੱਦਿਆਂ 'ਤੇ ਸਾਰੀਆਂ ਧਿਰਾਂ ਦੀ ਸਹਿਮਤੀ ਸੂਬੇ ਦੇ ਭਵਿੱਖ ਲਈ ਇਕ ਸਕਾਰਾਤਮਕ ਸੰਕੇਤ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹੱਕਾਂ ਤੇ ਹਿੱਤਾਂ ਦੀ ਰਾਖੀ ਲਈ ਸਿਆਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਸਾਂਝੇ ਯਤਨ ਕਰਨੇ ਸਮੇਂ ਦੀ ਮੁੱਖ ਲੋੜ ਹਨ।ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀਆਂ, ਸਿੰਚਾਈ ਪ੍ਰਬੰਧਾਂ, ਡੈਮਾਂ ਦੀ ਸੁਰੱਖਿਆ, ਪਾਣੀ ਦੀ ਰਾਇਲਟੀ ਤੇ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਵਰਗੇ ਮੁੱਦੇ ਸੂਬੇ ਦੀ ਆਰਥਿਕਤਾ, ਕਿਸਾਨੀ ਅਤੇ ਲੋਕਾਂ ਦੀਆਂ ਭਾਵਨਾਵਾਂ ਨਾਲ ਡੂੰਘੇ ਤੌਰ 'ਤੇ ਜੁੜੇ ਹੋਏ ਹਨ।ਇਨ੍ਹਾਂ ਮੁੱਦਿਆਂ 'ਤੇ ਵਿਧਾਨ ਸਭਾ ਵੱਲੋਂ ਇਕਜੁਟਤਾ ਦਿਖਾਉਣਾ ਇਸ ਗੱਲ ਦਾ ਪ੍ਰਗਟਾਵਾ ਹੈ ਕਿ ਪੰਜਾਬ ਦੇ ਹਿੱਤਾਂ ਨਾਲ ਸਬੰਧਤ ਮਾਮਲਿਆਂ ਵਿੱਚ ਸਾਂਝੀ ਆਵਾਜ਼ ਦੀ ਵਿਸ਼ੇਸ਼ ਮਹੱਤਤਾ ਹੈ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਯਮੁਨਾ ਦਰਿਆ ਦੇ ਪਾਣੀਆਂ, ਪੰਜਾਬ ਦੇ ਸਿੰਚਾਈ ਹੈੱਡਵਰਕਸ ਦੇ ਪ੍ਰਬੰਧਾਂ, ਡੈਮ ਸੇਫਟੀ ਐਕਟ-2021 ਤੇ ਰਾਜਸਥਾਨ ਸਰਕਾਰ ਤੋਂ ਦਰਿਆਈ ਪਾਣੀ ਦੀ ਰਾਇਲਟੀ ਲੈਣ ਨਾਲ ਸਬੰਧਤ ਮਤਿਆਂ ਦਾ ਪਾਸ ਹੋਣਾ ਪੰਜਾਬ ਦੇ ਜਲ ਸਰੋਤਾਂ ਅਤੇ ਹੱਕਾਂ ਨਾਲ ਜੁੜੇ ਅਹਿਮ ਸਵਾਲਾਂ ਨੂੰ ਉਜਾਗਰ ਕਰਦਾ ਹੈ।ਉਨ੍ਹਾਂ ਕਿਹਾ ਕਿ ਖੇਤੀਬਾੜੀ ਪ੍ਰਧਾਨ ਸੂਬਾ ਹੋਣ ਕਰਕੇ ਪੰਜਾਬ ਲਈ ਪਾਣੀ ਦੀ ਉਪਲਬਧਤਾ ਤੇ ਸਿੰਚਾਈ ਪ੍ਰਬੰਧਾਂ ਦੀ ਸੁਚੱਜੀ ਵਿਵਸਥਾ ਬੇਹੱਦ ਮਹੱਤਵਪੂਰਨ ਹੈ।ਕਿਸਾਨੀ ਦੀਆਂ ਲੋੜਾਂ, ਪਾਣੀ ਦੀ ਸੰਭਾਲ ਅਤੇ ਭਵਿੱਖ ਦੀਆਂ ਚੁਣੌਤੀਆਂ ਨੂੰ ਧਿਆਨ ਵਿੱਚ ਰੱਖਦਿਆਂ ਅਜਿਹੇ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਢੁੱਕਵੇਂ ਕਦਮ ਚੁੱਕਣਾ ਜ਼ਰੂਰੀ ਹੈ।ਡਾ. ਮਿੰਕੂ ਜਵੰਧਾ ਨੇ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਣ ਸਬੰਧੀ ਮਤੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਲੱਖਾਂ ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ।ਲਾਂਘੇ ਰਾਹੀਂ ਸੰਗਤ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦੀ ਸਹੂਲਤ ਮਿਲਦੀ ਹੈ।ਇਸ ਲਈ ਇਸ ਨੂੰ ਮੁੜ ਖੋਲ੍ਹਣ ਸਬੰਧੀ ਉਠਾਈ ਗਈ ਆਵਾਜ਼ ਸੰਗਤ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਮਹੱਤਵਪੂਰਨ ਹੈ।ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਵਿਧਾਨ ਸਭਾ ਵਿੱਚ ਮਤਿਆਂ ਦਾ ਸਰਬਸੰਮਤੀ ਨਾਲ ਪਾਸ ਹੋਣਾ ਇਕ ਮਹੱਤਵਪੂਰਨ ਕਦਮ ਹੈ, ਪਰ ਇਨ੍ਹਾਂ ਮਤਿਆਂ ਦੇ ਉਦੇਸ਼ਾਂ ਦੀ ਪੂਰਤੀ ਲਈ ਅਗਲੀ ਕਾਰਵਾਈ ਵੀ ਉਨੀ ਹੀ ਜ਼ਰੂਰੀ ਹੈ।

ਨੌਜਵਾਨਾਂ ਨੂੰ ਟਿਕਟਾਂ ਦੇਣ ਵਿੱਚ ਪਹਿਲ ਦਿੱਤੀ ਜਾਵੇ : ਸ਼ੁਭਮ ਸ਼ਰਮਾ

ਧੂਰੀ (ਮਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ 'ਸ਼ੁਭੀ' ਨੇ ਇੰਡੀਅਨ ਯੂਥ ਕਾਂਗਰਸ ਦੇ ਕੌਮੀ ਪ੍ਰਧਾਨ ਸ੍ਰੀ ਉਦੈ ਭਾਨੂ ਚਿਬ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਪਰਗਟ ਸਿੰਘ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਪੰਜਾਬ ਦੇ ਸਹਿ-ਇੰਚਾਰਜ ਸੂਰਜ ਠਾਕੁਰ ਨਾਲ ਮੁਲਾਕਾਤ ਕਰਨ ਤੋਂ ਬਾਅਦ ਗੱਲਬਾਤ ਕਰਦਿਆਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਨੌਜਵਾਨਾਂ ਨੂੰ ਟਿਕਟਾਂ ਦੇਣ ਸਮੇਂ ਪਹਿਲ ਦਿੱਤੀ ਜਾਣੀ ਚਾਹੀਦੀ ਹੈ, ਤਾਂ ਜੋ ਨੌਜਵਾਨ ਨੂੰ ਰਾਜਨੀਤੀ ਵਿੱਚ ਵੱਧ ਤੋਂ ਵੱਧ ਅੱਗੇ ਆਉਣ ਅਤੇ ਲੋਕਾਂ ਦੀ ਨੁਮਾਇੰਦਗੀ ਕਰਨ ਦੇ ਵੱਧ ਤੋਂ ਵੱਧ ਮੌਕੇ ਮਿਲ ਸਕਣ।ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਜਥੇਬੰਦੀ ਦੀ ਤਾਕਤ ਹੁੰਦੇ ਹਨ ਅਤੇ ਉਨ੍ਹਾਂ ਦੀ ਭਾਗੀਦਾਰੀ ਨਾਲ ਲੋਕਤੰਤਰ ਹੋਰ ਮਜ਼ਬੂਤ ਹੁੰਦਾ ਹੈ।ਸ਼ੁਭਮ ਸ਼ਰਮਾ ਨੇ ਕਾਂਗਰਸ ਪਾਰਟੀ ਨਾਲ ਜੋੜਨ, ਯੂਥ ਕਾਂਗਰਸ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਪਾਵਰ ਪੁਆਇੰਟ ਪੇਸ਼ਕਾਰੀ ਮੁਕਾਬਲਾ

ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਗਣਿਤ ਵਿਭਾਗ ਵੱਲੋਂ ਰਾਮਾਨੁਜਨ ਗਣਿਤ ਕਲੱਬ ਦੇ ਸਹਿਯੋਗ ਨਾਲ ਵਿਸ਼ਵ ਅੰਕੜਾ ਦਿਵਸ ਮੌਕੇ ਪਾਵਰ ਪੁਆਇੰਟ ਪੇਸ਼ਕਾਰੀ ਮੁਕਾਬਲਾ ਸਫ਼ਲ ਢੰਗ ਨਾਲ ਕਰਵਾਇਆ ਗਿਆ।ਇਸ ਮੁਕਾਬਲੇ ਦਾ ਉਦੇਸ਼ ਰੋਜ਼ਾਨਾ ਜੀਵਨ ਵਿੱਚ ਅੰਕੜਾ ਵਿਗਿਆਨ ਦੀ ਅਹਿਮੀਅਤ ਨੂੰ ਉਜਾਗਰ ਕਰਨਾ ਸੀ।ਮੁਕਾਬਲੇ ਦਾ ਵਿਸ਼ਾ ਗੁਣਵੱਤਾਪੂਰਨ ਅੰਕੜਿਆਂ ਅਤੇ ਸਾਰਿਆਂ ਲਈ ਡਾਟੇ ਰਾਹੀਂ ਬਿਹਤਰ ਭਵਿੱਖ ਬਣਾਉਣਾ ਸੀ।ਇਹ ਉਪਰਾਲਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦੀ ਅਗਵਾਈ ਹੇਠ ਕਰਵਾਇਆ ਗਿਆ। ਗਣਿਤ ਵਿਭਾਗ ਦੇ ਮੁਖੀ ਡਾ. ਰਿਚਾ ਬਰਾੜ ਅਤੇ ਐਸੋਸੀਏਟ ਪ੍ਰੋਫੈਸਰ ਡਾ. ਬ੍ਰਿਜਮਿਤ ਕੌਰ ਨੇ ਇਸ ਪ੍ਰੋਗਰਾਮ ਦੇ ਪ੍ਰਬੰਧ ਵਿੱਚ ਅਹਿਮ ਭੂਮਿਕਾ ਨਿਭਾਈ।ਉਪਰਾਲੇ ਦੀ ਸ਼ੁਰੂਆਤ ਗਣਿਤ ਵਿਭਾਗ ਦੀ ਸਹਾਇਕ ਪ੍ਰੋਫੈਸਰ ਮਿਸ ਸਿਮਰਨਜੀਤ ਕੌਰ ਵੱਲੋਂ ਜੱਜ ਸਾਹਿਬਾਨ, ਫੈਕਲਟੀ ਮੈਂਬਰਾਂ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਦੇ ਨਿੱਘੇ ਸਵਾਗਤ ਨਾਲ ਹੋਈ।ਮੁਕਾਬਲੇ ਦੀ ਪਰਖ ਡਾ. ਰਿਚਾ ਬਰਾੜ ਅਤੇ ਕਾਮਰਸ ਐਂਡ ਮੈਨੇਜਮੈਂਟ ਵਿਭਾਗ ਦੀ ਮੁਖੀ ਡਾ. ਕੰਚਨ ਵੱਲੋਂ ਕੀਤੀ ਗਈ।ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਗੁਣਵੱਤਾਪੂਰਨ ਅੰਕੜਿਆਂ, ਪੁਰਾਤਨ ਸਮੇਂ ਤੋਂ ਅਜੋਕੇ ਯੁੱਗ ਤੱਕ ਅੰਕੜਾ ਵਿਗਿਆਨ ਦੇ ਵਿਕਾਸ ਅਤੇ ਅਸਲ ਜੀਵਨ ਵਿੱਚ ਇਸ ਦੀ ਵਰਤੋਂ ਬਾਰੇ ਜਾਣਕਾਰੀ ਭਰਪੂਰ ਪੇਸ਼ਕਾਰੀਆਂ ਦਿੱਤੀਆਂ।ਮੁਕਾਬਲੇ ਵਿੱਚ ਬੀ.ਬੀ.ਏ. ਸਮੈਸਟਰ ਪੰਜਵਾਂ ਦੀ ਗੁਰਕਮਲਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਬੀ.ਐੱਸ ਸੀ. ਆਨਰਜ਼ ਗਣਿਤ, ਸਮੈਸਟਰ ਪਹਿਲਾ ਦੀ ਪਰਨੀਤ ਕੌਰ ਸੋਹੀ ਨੇ ਦੂਜਾ ਅਤੇ ਇਸੇ ਜਮਾਤ ਦੀ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਕੈਂਸਰ ਬਾਰੇ ਜਾਗਰੂਕਤਾ ਤੇ ਨਸ਼ਾ ਵਿਰੋਧੀ ਸੈਮੀਨਾਰ

ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)-ਸਮਰਪਿਤ ਸਿਹਤ ਸੇਵਾਵਾਂ ਦੇ 25 ਮਾਣਮੱਤੇ ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਰਾਣਾ ਹਸਪਤਾਲ, ਸਰਹਿੰਦ ਵੱਲੋਂ ਡਾ. ਹਿਤੇਂਦਰ ਸੂਰੀ, ਕਨਸਲਟੈਂਟ ਪ੍ਰੋਕਟੋਲੋਜਿਸਟ ਅਤੇ ਰਾਣਾ ਹਸਪਤਾਲ ਦੇ ਪ੍ਰਮੁਖ ਦੀ ਅਗਵਾਈ ਹੇਠ ਗੁਦੇ ਦੇ ਕੈਂਸਰ ਬਾਰੇ ਜਾਗਰੂਕਤਾ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਵੱਖ-ਵੱਖ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਤੋਂ ਡਾਕਟਰਾਂ ਦੇ ਨਾਲ-ਨਾਲ ਪੱਤਰਕਾਰਾਂ ਨੇ ਵੀ ਸ਼ਮੂਲੀਅਤ ਕੀਤੀ। ਇਹ ਮੌਕਾ ਇਸ ਕਰਕੇ ਵੀ ਖਾਸ ਰਿਹਾ ਕਿਉਂਕਿ ਇਸੇ ਦਿਨ ਸਾਲ 2013 ਵਿੱਚ ਰਾਣਾ ਹਸਪਤਾਲ ਵੱਲੋਂ ਸਥਾਪਿਤ ਕੀਤੇ ਗਏ ਇੱਕ ਮਹੱਤਵਪੂਰਨ ਮੈਡੀਕਲ ਕੀਰਤੀਮਾਨ ਦੀ 13ਵੀਂ ਵਰ੍ਹੇਗੰਢ ਵੀ ਸੀ। ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਹਿਤੇਂਦਰ ਸੂਰੀ ਨੇ ਹਸਪਤਾਲ ਦੀ ਉਸ ਇਤਿਹਾਸਕ ਪ੍ਰਾਪਤੀ ਨੂੰ ਯਾਦ ਕੀਤਾ, ਜਿਸ ਤਹਿਤ ਸਿਰਫ਼ 8 ਘੰਟੇ 45 ਮਿੰਟ ਵਿੱਚ 391 ਕਰਸ਼ ਸੂਤਰ ਸਰਜਰੀਆਂ ਕੀਤੀਆਂ ਗਈਆਂ ਸਨ। ਇਸ ਪ੍ਰਾਪਤੀ ਨੂੰ ਲਿਮਕਾ ਬੁੱਕ ਆਫ਼ ਰਿਕਾਰਡਜ਼ ਵਿੱਚ ਰਾਸ਼ਟਰੀ ਰਿਕਾਰਡ ਵਜੋਂ ਮਾਨਤਾ ਮਿਲੀ ਸੀ। ਇਸ ਤੋਂ ਬਾਅਦ ਸਾਲ 2025 ਵਿੱਚ ਵਰਲਡ ਰਿਕਾਰਡ ਯੂਨੀਅਨ ਵੱਲੋਂ ਇਸ ਨੂੰ ਸਭ ਤੋਂ ਲੰਬਾ ਨਿਰੰਤਰ ਮੈਡੀਕਲ ਰਿਕਾਰਡ ਵਜੋਂ ਦਰਜ ਕੀਤਾ ਗਿਆ।ਆਪਣੇ ਸੰਬੋਧਨ ਦੌਰਾਨ ਡਾ. ਸੂਰੀ ਨੇ ਗੁਦੇ ਦੇ ਕੈਂਸਰ ਬਾਰੇ ਜਾਗਰੂਕਤਾ ਫੈਲਾਉਣ, ਇਸ ਦੇ ਮੁੱਢਲੇ ਲੱਛਣਾਂ ਦੀ ਸਮੇਂ ਸਿਰ ਪਛਾਣ ਕਰਨ, ਤੁਰੰਤ ਡਾਕਟਰੀ ਸਲਾਹ ਲੈਣ ਅਤੇ ਗੁਦਾ ਤੇ ਮਲਾਸ਼ਯ ਨਾਲ ਸਬੰਧਤ ਬਿਮਾਰੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੀ ਮਹੱਤਤਾ ਉੱਤੇ ਚਾਨਣਾ ਪਾਇਆ। ਇਸ ਮੌਕੇ ਸ੍ਰੀ ਸ਼ੁਭਮ ਅਗਰਵਾਲ, ਆਈ.ਪੀ.ਐੱਸ., ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐੱਸ.ਐੱਸ.ਪੀ.), ਫਤਹਿਗੜ੍ਹ ਸਾਹਿਬ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਯਤਨਾਂ ਅਤੇ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਿਹਤਮੰਦ ਅਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਲਈ ਸਰਕਾਰੀ ਏਜੰਸੀਆਂ, ਸਿਹਤ ਮਾਹਿਰਾਂ, ਪੱਤਰਕਾਰਾਂ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਸਾਂਝੇ ਯਤਨਾਂ ਦੀ ਲੋੜ ਉੱਤੇ ਜ਼ੋਰ ਦਿੱਤਾ।

ਐੱਮ ਸੀ ਸੰਜੀਵ ਕਾਲੂ ਨੇ ਵਿਧਾਨ ਸਭਾ ਚੋਣਾਂ ਲਈ ਆਪਣੀ ਦਾਅਵੇਦਾਰੀ ਕੀਤੀ ਪੇਸ਼

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸੰਜੀਵ ਸਰਮਾ ਕਾਲੂ ਅੱਜ ਹਲਕਾ ਪਟਿਆਲਾ ਦਿਹਾਤੀ ਵਿਚ ਇਕ ਜਾਣਿਆ ਪਛਾਣਿਆ ਨਾਮ ਬਣ ਚੁੱਕਿਆ ਹੈ ਜਿਸ ਪਿੱਛੇ ਸੰਜੀਵ ਸ਼ਰਮਾ ਦੀ ਕਾਂਗਰਸ ਪਾਰਟੀ ਨਾਲ ਜੁੜ ਕੇ ਪਾਰਟੀ ਲਈ ਕੀਤੀ ਮਿਹਨਤ ਕਾਰਨ ਹੀ ਸੰਜੀਵ ਨੂੰ ਪਾਰਟੀ ਹਾਈਕਮਾਨ ਵਲੋਂ ਵੱਖ ਵੱਖ ਅਹੁਦੇ ਸੌਂਪੇ ਗਏ।ਪਟਿਆਲਾ ਦਿਹਾਤੀ ਵਿਧਾਨ ਸਭਾ ਹਲਕੇ ਤੋਂ 2027 ਚੋਣਾਂ ਲਈ ਆਪਣੀ ਦਾਅਵੇਦਾਰੀ ਪੇਸ਼ ਕਰ ਦਿੱਤੀ ਹੈ ਜਿਸ ਕਾਰਨ ਕਾਂਗਰਸ ਦੇ ਟਿਕਟ ਦੇ ਦਾਅਵੇਦਾਰਾਂ 'ਚ ਸਹਿਮ ਦਾ ਮਾਹੌਲ ਪੈਦਾ ਹੋ ਗਿਆ ਹੈ ਅਤੇ ਟਿਕਟ ਨੂੰ ਲੈ ਕੇ ਉਹਨਾਂ ਨੂੰ ਹੱਥਾਂ ਪੈਰਾਂ ਦੀ ਪੈ ਗਈ ਹੈ। ਆਪਣੇ ਵਿਦਿਆਰਥੀ ਜੀਵਨ ਤੋਂ ਕਾਂਗਰਸ ਪਾਰਟੀ ਲਈ ਸੰਜੀਵ ਦਾ ਸਮਰਪਣ ਇਸ ਕਦਰ ਰਿਹਾ ਕਿ ਪਾਰਟੀ ਹਾਈਕਮਾਨ ਨੇ ਉਸ ਦੀ ਵਫ਼ਾਦਾਰੀ ਦਾ ਮੁੱਲ ਪਾਉਂਦਿਆਂ ਉਸ ਨੂੰ ਵੱਖ ਵੱਖ ਅਹੁਦੇ ਸੌਂਪੇ। ਪਟਿਆਲਾ ਦਿਹਾਤੀ ਦਾ ਜਾਣਿਆ ਪਛਾਣਿਆ ਤੇ ਵਿਧਾਨ ਸਭਾ ਚੋਣਾਂ ਲਈ ਸੰਭਾਵੀ ਉਮੀਦਵਾਰ ਮੰਨਿਆ ਜਾਣ ਵਾਲਾ ਸੰਜੀਵ ਸ਼ਰਮਾ ਅੱਜ ਆਪਣੇ ਹਲਕੇ ਵਿਚ ਰੋਜ਼ਾਨਾ ਵੱਡੀ ਗਿਣਤੀ ਪਰਿਵਾਰਾਂ ਨੂੰ ਕਾਂਗਰਸ ਪਾਰਟੀ ਨਾਲ ਜੋੜ ਰਿਹਾ ਹੈ।

ਸਪਰਿੰਗ ਫੀਲਡ 'ਚ ਸੁਰੱਖਿਅਤ ਬਚਪਨ ਪ੍ਰੋਗਰਾਮ ਕਰਵਾਇਆ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਪਰਿੰਗ ਫੀਲਡ ਕਾਨਵੈਂਟ ਸਕੂਲ, ਬਾਘਾ ਪੁਰਾਣਾ ਵਿਖੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਰੱਖਿਅਤ ਬਚਪਨ ਅਭਿਆਨ ਤਹਿਤ ਜਾਗਰੂਕਤਾ ਪ੍ਰੋਗਰਾਮ ਅਤੇ ਰੈਲੀ ਕਰਵਾਈ ਗਈ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਬੱਚਿਆਂ ਦੇ ਕਾਨੂੰਨੀ ਅਧਿਕਾਰਾਂ, ਸੁਰੱਖਿਆ, ਸਾਈਬਰ ਅਪਰਾਧਾਂ ਅਤੇ ਸਮਾਜਿਕ ਜ਼ਿੰਮੇਵਾਰੀਆਂ ਬਾਰੇ ਜਾਗਰੂਕ ਕਰਨਾ ਸੀ। ਇਸ ਮੌਕੇ ਮਾਣਯੋਗ ਜੁਡੀਸ਼ੀਅਲ ਮੈਜਿਸਟਰੇਟ ਸ੍ਰੀ ਵਿਜੇ ਕੁਮਾਰ, ਸੀ.ਜੇ. ਬਾਘਾ ਪੁਰਾਣਾ, ਸ੍ਰੀਮਤੀ ਵੰਦਨਾ ਰੱਖੜਾ ਐਡਵੋਕੇਟ, ਸੁਰਿੰਦਰ ਕੁਮਾਰ ਐਡਵੋਕੇਟ ਅਤੇ ਗੁਰਭੇਜ ਸਿੰਘ ਪੀ.ਐਲ.ਬੀ. ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਕਾਨੂੰਨੀ ਮਾਹਿਰਾਂ ਨੇ ਵਿਦਿਆਰਥੀਆਂ ਨੂੰ ਪੋਕਸੋ ਐਕਟ, 2012 ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਕਾਨੂੰਨ ਬੱਚਿਆਂ ਨੂੰ ਜਿਨਸੀ ਸ਼ੋਸ਼ਣ ਅਤੇ ਛੇੜਛਾੜ ਵਰਗੇ ਅਪਰਾਧਾਂ ਤੋਂ ਸੁਰੱਖਿਆ ਪ੍ਰਦਾਨ ਕਰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਸੁਚੇਤ ਰਹਿਣ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਸਬੰਧੀ ਆਪਣੇ ਮਾਪਿਆਂ, ਅਧਿਆਪਕਾਂ ਜਾਂ ਸਬੰਧਤ ਅਧਿਕਾਰੀਆਂ ਨੂੰ ਜਾਣਕਾਰੀ ਦੇਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਸਾਈਬਰ ਅਪਰਾਧਾਂ ਬਾਰੇ ਜਾਗਰੂਕ ਕਰਦਿਆਂ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਸੋਸ਼ਲ ਮੀਡੀਆ ਅਤੇ ਇੰਟਰਨੈੱਟ ਦੀ ਵਰਤੋਂ ਸਮੇਂ ਸਾਵਧਾਨੀ ਵਰਤਣੀ ਬਹੁਤ ਜ਼ਰੂਰੀ ਹੈ। ਸਕੂਲ ਦੇ ਚੇਅਰਮੈਨ ਨਰ ਸਿੰਘ ਬਰਾੜ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਅਤੇ ਸਰਵਪੱਖੀ ਵਿਕਾਸ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਪ੍ਰਿੰਸੀਪਲ ਸ੍ਰੀ ਬੈਜੂ ਵਿਜੇ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਵਿਚ ਕਾਨੂੰਨੀ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ।

ਆਕਸਫੋਰਡ ਸੰਸਥਾ ਵਿਖੇ ਮਨਾਇਆ ਸ੍ਰੀ ਗੁਰੂ ਰਾਮਦਾਸ ਦਾ ਪ੍ਰਕਾਸ਼ ਪੁਰਬ

ਭਗਤਾ ਭਾਈ ਕਾ (ਰਾਜੀਵ ਗੋਇਲ)-'ਦਾ ਆਕਸਫ਼ੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਵਿੱਚ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਨਾਲ ਮਨਾਇਆ ਗਿਆ। ਧਾਰਮਿਕ ਰੰਗਤ ਦੀਆਂ ਸੁਰਾਂ ਵਿੱਚ ਲਿਪਟੇ ਇਸ ਪ੍ਰੋਗਰਾਮ ਦਾ ਆਗਾਜ਼ ਸਕੂਲ ਦੇ ਪੰਜਾਬੀ ਅਧਿਆਪਕਾ ਪਰਮਪਾਲ ਕੌਰ ਵੱਲੋਂ ਸ੍ਰੀ ਗੁਰੂ ਰਾਮਦਾਸ ਦੀ ਵੱਡੀ ਵਡਿਆਈ ਉਤੇ ਚਾਨਣਾ ਪਾ ਕੇ ਕੀਤਾ ਗਿਆ। ਇਸ ਸਮੇਂ ਸਕੂਲ ਦੇ ਚਾਰਾਂ ਹਾਊਸਾਂ ਵੱਲੋਂ ਸ਼ਬਦ ਗਾਇਨ ਕੀਤੇ ਗਏ। ਚਾਰਾਂ ਹਾਊਸਾਂ ਦੇ ਵਿਦਿਆਰਥੀਆਂ ਨੇ ਰਸਭਿੰਨਾਂ ਅਤੇ ਰੂਹਾਨੀ ਸ਼ਬਦ ਕੀਰਤਨ ਕਰਕੇ ਸੰਗਤ ਦੇ ਰੂਪ ਵਿੱਚ ਬੈਠੇ ਵਿਦਿਆਰਥੀਆਂ ਨੂੰ ਮੰਤਰ-ਮੁਗਧ ਕਰ ਦਿੱਤਾ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਦਾ ਜੀਵਨ ਨਿਸ਼ਕਾਮ ਸੇਵਾ, ਅਥਾਹ ਪ੍ਰੇਮ ਭਗਤੀ, ਨਿਮਰਤਾ ਅਤੇ ਸਹਿਣਸ਼ੀਲਤਾ ਵਰਗੇ ਗੁਣਾਂ ਦਾ ਪ੍ਰਤੀਕ ਹੈ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਸ. ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਤੇ ਸਾਰੇ ਕੁਆਰਡੀਨੇਟਰਜ਼ ਵੀ ਹਾਜ਼ਰ ਸਨ।

ਝੋਟਾ ਪਰਵਾਰ ਦੀ ਚੜ੍ਹਦੀ ਕਲਾ ਲਈ ਕੀਤੀ ਅਰਦਾਸ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਅਦੇਸ਼ਾਂ ਤਹਿਤ ਨਸ਼ਿਆਂ ਖ਼ਿਲਾਫ਼ ਲੜਦਿਆਂ ਸ਼ਹਾਦਤ ਪ੍ਰਾਪਤ ਕਰਨ ਵਾਲੇ ਸਮਾਜ ਸੇਵੀ ਨੌਜਵਾਨ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ, ਪਰਿਵਾਰ ਦੀ ਚੜ੍ਹਦੀ ਕਲਾ ਲਈ ਅਤੇ ਪੰਜਾਬ ਅੰਦਰ ਚੱਲ ਰਹੀ ਨਸ਼ਿਆਂ ਦੀ ਦਲਦਲ 'ਚ ਫਸੇ ਨੌਜਵਾਨਾਂ ਨੂੰ ਗੁਰਮਤਿ ਨਾਲ ਜੋੜਨ ਲਈ ਗੁਰਦੁਆਰਾ ਲੋਹਗੜ੍ਹ ਸਾਹਿਬ (ਜ਼ਫਰਨਾਮਾ ਸਾਹਿਬ) , ਪਿੰਡ ਦੀਨਾਂ ਵਿਖੇ ਅਰਦਾਸ ਸਮਾਗਮ ਕਰਵਾਇਆ ਗਿਆ। ਇਸ ਮੌਕੇ ਜੁਪ ਜੀ ਸਾਹਿਬ ਦੇ ਪਾਠ ਕਰਨ ਉਪਰੰਤ ਗੁਰਦੁਆਰਾ ਲੋਹਗੜ੍ਹ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਭਾਈ ਕਮਲਵੀਰ ਸਿੰਘ ਬੌਡੇ ਵਲੋਂ ਗੁਰਬਾਣੀ ਸ਼ਬਦਾਂ ਦਾ ਕੀਰਤਨ ਕੀਤਾ ਗਿਆ। ਇਸ ਮੌਕੇ ਸਹਾਇਕ ਗ੍ਰੰਥੀ ਭਾਈ ਕੁਲਵੰਤ ਸਿੰਘ ਘੰਡਾਬੰਨਾ ਵਲੋਂ ਅਰਦਾਸ ਬੇਨਤੀ ਕੀਤੀ ਗਈ ਅਤੇ ਇਸ ਮੌਕੇ ਆਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਦੇ ਹੁਕਮਨਾਮਾ ਦੀ ਕਥਾ ਕੀਤੀ ਗਈ। ਇਸ ਮੌਕੇ ਸਹਾਇਕ ਗ੍ਰੰਥੀ ਭਾਈ ਚਮਕੌਰ ਸਿੰਘ ਗੌਂਸਪੁਰਾ, ਭਾਈ ਰੇਸ਼ਮ ਸਿੰਘ ਖਾਈ, ਜ਼ਿਲ੍ਹਾ ਮੋਗਾ ਦੇ ਸੀਨੀਅਰ ਮੀਤ ਬੂਟਾ ਸਿੰਘ, ਭਾਈ ਨਿਰਵੈਰ ਸਿੰਘ, ਹੈਲਪਰ ਗੁਰਭੇਜ ਸਿੰਘ ਖੋਟੇ, ਭਾਈ ਹਰਦੀਪ ਸਿੰਘ ਖਾਈ, ਜੋੜੀ ਮਾਸਟਰ ਸਤਨਾਮ ਸਿੰਘ, ਪਾਠੀ ਅਮਰਜੀਤ ਸਿੰਘ ਤੋਂ ਇਲਾਵਾ ਨਗਰ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ।

ਐੱਸ ਕੇ ਐੱਮ ਵੱਲੋਂ ਪੁਲਸ ਧੱਕੇਸ਼ਾਹੀ ਦੀ ਪੁਰਜ਼ੋਰ ਨਿਖੇਧੀ

ਮਾਨਸਾ (ਆਤਮਾ ਸਿੰਘ ਪਮਾਰ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮਾਨਸਾ ਦੀ ਇੱਕ ਅਹਿਮ ਮੀਟਿੰਗ ਬੀ.ਕੇ.ਯੂ. (ਰਾਜੇਵਾਲ) ਦੇ ਆਗੂ ਦਿਲਬਾਗ ਸਿੰਘ, ਬੀ.ਕੇ.ਯੂ. (ਕਾਦੀਆਂ) ਦੇ ਆਗੂ ਪਰਮਜੀਤ ਸਿੰਘ ਗਾਗੋਵਾਲ ਅਤੇ ਬੀ.ਕੇ.ਯੂ. (ਸਿੱਧੂਪੁਰ) ਦੇ ਆਗੂ ਬੋਘ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਐੱਸ.ਕੇ.ਐੱਮ. ਦੀ ਸੂਬਾ ਕਮੇਟੀ ਦੇ ਫ਼ੈਸਲਿਆਂ ਨੂੰ ਜ਼ਿਲ੍ਹਾ ਕਮੇਟੀ 'ਚ ਵਿਚਾਰਿਆ ਗਿਆ। ਮੀਟਿੰਗ ਉਪਰੰਤ ਪਰਵਿੰਦਰ ਸਿੰਘ ਇਨਸਾਫ਼ ਮੋਰਚੇ ਤੋਂ ਚੁੱਕੇ ਗਏ ਆਗੂਆਂ ਦੀ ਗ੍ਰਿਫਤਾਰੀ ਦੀ ਪੁਰਜ਼ੋਰ ਸ਼ਬਦਾਂ 'ਚ ਨਿਖੇਧੀ ਕਰਦਿਆਂ ਪੁਲਿਸ ਵੱਲੋਂ ਕਾਰਕੁੰਨਾਂ ਨੂੰ ਕੁੱਟਮਾਰ ਤੇ ਧੂਹ ਘੜੀਸ ਕਰਕੇ ਮੋਰਚੇ 'ਚ ਡਟੇ ਲੋਕਾਂ 'ਤੇ ਪਾਏ ਗਏ ਦਹਿਸ਼ਤ ਦੇ ਮਾਹੌਲ ਦੀ ਨਿੰਦਾ ਕਰਦਿਆਂ ਦੋਸ਼ੀ ਪੁਲਿਸ ਮੁਲਾਜ਼ਮਾਂ 'ਤੇ ਬਣਦੀ ਕਾਰਵਾਈ ਦੀ ਮੰਗ ਕੀਤੀ। ਮੀਟਿੰਗ 'ਚ ਗੁਰਜੰਟ ਸਿੰਘ ਮਾਨਸਾ, ਮਹਿੰਦਰ ਸਿੰਘ ਭੈਣੀਬਾਘਾ, ਦਰਸ਼ਨ ਸਿੰਘ ਜਟਾਣਾ, ਨਰਿੰਦਰ ਕੌਰ ਬੁਰਜ ਹਮੀਰਾ, ਕੁਲਦੀਪ ਸਿੰਘ ਕਾਦੀਆਂ, ਦਰਸ਼ਨ ਸਿੰਘ ਜਟਾਣਾ, ਗੁਰਮੀਤ ਸਿੰਘ ਧਾਲੀਵਾਲ ਅਮਰੀਕ ਸਿੰਘ ਫਫੜੇ ਭਾਈ ਕੇ ਅਤੇ ਗੋਪਾਲ ਸਿੰਘ ਕਲੀਪੁਰ ਵੀ ਹਾਜ਼ਰ ਸਨ।

ਮਾਂਟੂ ਵੋਹਰਾ ਡੇਰਾ ਭਜਨਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਰੋਹਿਤ ਕੁਮਾਰ ਮਾਂਟੂ ਵੋਹਰਾ ਆਪਣੇ ਪੁਰਾਣੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਨਾਲ ਲੈ ਕੇ ਡੇਰਾ ਸ੍ਰੀ ਭਜਨਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ ਗੁਰੂਹਰਸਹਾਏ ਦੇ ਕਈ ਕਾਂਗਰਸੀ ਆਗੂ, ਵਰਕਰ ਅਤੇ ਪਿੰਡਾਂ ਦੇ ਪਤਵੰਤੇ ਸੱਜਣ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰੋਹਿਤ ਕੁਮਾਰ ਮਾਂਟੂ ਵੋਹਰਾ ਨੇ ਕਾਂਗਰਸ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ।ਇਸ ਮੌਕੇ ਲਾਡਾ ਵੋਹਰਾ, ਕਸ਼ਮੀਰ ਲਾਲ ਸਾਬਕਾ ਸਰਪੰਚ, ਲਾਲ ਚੰਦ ਸਾਬਕਾ ਸਰਪੰਚ, ਕੁਲਵਿੰਦਰ ਮਾਲਾ, ਸਾਬਕਾ ਸਰਪੰਚ ਪ੍ਰਸ਼ੋਤਮ ਥਿੰਦ, ਅਵਿਨਾਸ਼ ਚੰਦਰ, ਜੋਗਿੰਦਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਵਰਕਰ ਅਤੇ ਪਿੰਡਾਂ ਦੇ ਪਤਵੰਤੇ ਸੱਜਣ ਹਾਜ਼ਰ ਸਨ।

ਮਾਤਾ-ਪਿਤਾ ਦੀ ਯਾਦ 'ਚ ਹੁਸ਼ਿਆਰ ਵਿਦਿਆਰਥੀਆਂ ਦਾ ਸਨਮਾਨ

ਸ੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ, ਪੂਜਾ)-ਰਾਮ ਮੁਹੰਮਦ ਸਿੰਘ ਆਜਾਦ ਵੈਲਫੇਅਰ ਸੁਸਾਇਟੀ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਰਾਏਨਾਗਾ ਵਿਖੇ ਸਵ. ਪਿਤਾ ਸ੍ਰ ਅਮਰ ਸਿੰਘ ਅਤੇ ਮਾਤਾ ਕੇਸਰ ਕੌਰ ਦੀ ਯਾਦ ਨੂੰ ਸਮਰਪਿਤ ਇਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਸ੍ਰ ਸੁਰਿੰਦਰ ਸਿੰਘ ਪ੍ਰਧਾਨ ਟਾਇਰਜ਼ ਯੂਨੀਅਨ ਸ਼੍ਰੀ ਮੁਕਤਸਰ ਸਾਹਿਬ ਨੇ ਬਤੌਰ ਮੁੱਖ ਮਹਿਮਾਨ, ਜਦ ਕਿ ਬੀਬੀ ਸੁਰਿੰਦਰ ਕੌਰ ਅਤੇ ਬੀਬੀ ਚਰਨਜੀਤ ਕੌਰ ਨੇ ਵਿਸ਼ੇਸ਼ ਮਹਿਮਾਨਾ ਦੇ ਤੌਰ 'ਤੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਦੌਰਾਨ ਸੁਸਾਇਟੀ ਦੇ ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਆਪਣੇ ਮਾਤਾ-ਪਿਤਾ ਵੱਲੋਂ ਦਿੱਤੀਆਂ ਸਿੱਖਿਆਵਾਂ, ਚੰਗੇ ਵਿਚਾਰਾਂ ਅਤੇ ਜੀਵਨ ਵਿੱਚ ਨੈਤਿਕ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਵਿੱਤ ਸਕੱਤਰ ਮਾ. ਸੋਮਨਾਥ ਅਰੋੜਾ, ਇੰਜੀ. ਹਰਿੰਦਰ ਸਿੰਘ ਰਿੱਕੀ ਅਤੇ ਐਲ ਆਈ ਸੀ ਐਡਵਾਈਜਰ ਵਰਿੰਦਰਪਾਲ ਸਿੰਘ ਅਰਨੇਜਾ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਮਾਤਾ-ਪਿਤਾ ਅਤੇ ਅਧਿਆਪਕਾਂ ਵੱਲੋਂ ਦਿੱਤੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਨਾਉਣ ਅਤੇ ਇੱਕ ਚੰਗੇ ਨਾਗਰਿਕ ਬਣਨ ਲਈ ਯਤਨਸ਼ੀਲ ਰਹਿਣ। ਸਟੇਜ ਸੰਚਾਲਨ ਕਰਦਿਆਂ ਸੀਨੀਅਰ ਪੱਤਰਕਾਰ ਗੁਰਮੀਤ ਸਿੰਘ ਮੀਤਾ ਨੇ ਸੁਸਾਇਟੀ ਦੇ ਸੇਵਾ ਕਾਰਜਾਂ ਅਤੇ ਉਦੇਸ਼ਾਂ ਤੋਂ ਜਾਣੂ ਕਰਵਾਉਂਦਿਆਂ ਆਖਿਆ ਕਿ ਹੁਣ ਜਨਮ ਦਿਨ, ਵਿਆਹ ਦੀ ਵਰੇਗੰਢ ਜਾਂ ਬਜ਼ੁਰਗਾਂ ਦੀ ਬਰਸੀ ਮੌਕੇ ਜਾਗਰੂਕ ਵਰਗ ਸਰਕਾਰੀ ਸਕੂਲਾਂ ਦੇ ਬੱਚਿਆਂ ਦੇ ਸਕੂਲ ਮੁਖੀ ਪ੍ਰਿੰਸੀਪਲ ਕਪਿਲ ਸ਼ਰਮਾ ਨੇ ਆਖਿਆ ਕਿ ਉਹਨਾ ਆਪਣੇ ਵਿਦਿਆਰਥੀ ਜੀਵਨ ਦੌਰਾਨ ਸਕੂਲ, ਕਾਲਜ ਅਤੇ ਯੂਨੀਵਰਸਿਟੀ ਆਦਿ ਵਿਦਿਅਕ ਅਦਾਰਿਆਂ ਵਿੱਚ ਬਹੁਤ ਸੈਮੀਨਾਰ ਦੇਖੇ ਪਰ ਅੱਜ ਵਾਲੇ ਸੈਮੀਨਾਰ ਨੇ ਮੈਨੂੰ ਖੁਦ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ। ਚਮਕੌਰ ਸਿੰਘ ਭੰਗਚਿੜੀ, ਮੈਡਮ ਬਲਜਿੰਦਰ ਕੌਰ, ਮੈਡਮ ਸੁਖਜੀਤ ਕੌਰ ਸਮੇਤ ਸਮੁੱਚੇ ਸਟਾਫ ਨੇ ਰਾਮ ਮੁਹੰਮਦ ਸਿੰਘ ਆਜਾਦ ਵੈਲਫੇਅਰ ਸੁਸਾਇਟੀ ਦੇ ਉਕਤ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਆਖਿਆ ਕਿ ਉਹ ਵੀ ਆਪਣੇ ਬੱਚਿਆਂ ਦੇ ਜਨਮ ਦਿਨ ਮੌਕੇ ਅਜਿਹੇ ਸਮਾਗਮ ਕਰਨ ਦੇ ਇੱਛੁਕ ਹਨ। ਅੰਤ ਵਿੱਚ ਸੁਸਾਇਟੀ ਵਲੋਂ ਛੇਵੀਂ ਤੋਂ 12ਵੀਂ ਜਮਾਤ ਤੱਕ ਦੇ ਪਹਿਲਾ, ਦੂਜਾ, ਤੀਜਾ ਸਥਾਨ ਲੈਣ ਵਾਲੇ ਵਿਦਿਆਰਥੀਆਂ ਸਮੇਤ ਸਕੂਲ ਮੁਖੀ ਅਤੇ ਮੁੱਖ ਮਹਿਮਾਨ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।

ਤਿੰਨ ਦਹਾਕਿਆਂ ਤੋਂ ਬੰਦ ਪਈ ਪਟਿਆਲਾ-ਗੁਲਾਹੜ ਬੱਸ ਰੂਟ ਸ਼ੁਰੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਸਬ-ਡਵੀਜ਼ਨ ਪਾਤੜਾਂ ਦੇ ਵੱਡੇ ਪਿੰਡਾਂ ਵਿੱਚ ਸ਼ਾਮਿਲ ਗੁਲਾਹੜ ਤੋਂ ਪਟਿਆਲਾ ਲਈ ਚੱਲਦਾ ਪੀ ਆਰ ਟੀ ਸੀ ਦਾ ਤਿੰਨ ਦਹਾਕਿਆਂ ਤੋਂ ਬੰਦ ਪਿਆ ਰੂਟ ਚਾਲੂ ਹੋ ਗਿਆ ਹੈ।ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਚਾਰ ਪਿੰਡਾਂ ਨੂੰ ਪੀ ਆਰ ਟੀ ਸੀ ਬੱਸ ਦੀ ਸੁਵਿਧਾ ਦਿੱਤੀ ਗਈ ਹੈ।ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਨਵਲਦੀਪ ਸਿੰਘ ਮੌਲਵੀਵਾਲਾ ਦੇ ਯਤਨਾਂ ਨਾਲ ਸ਼ੁਰੂ ਹੋਈ ਬੱਸ ਸੇਵਾ ਦੀ ਰਸਮੀ ਸ਼ੁਰੂਆਤ ਦਸ਼ਮੇਸ਼ ਨਗਰ ਮੌਲਵੀਵਾਲਾ ਦੇ ਸਰਪੰਚ ਚਰਨਜੀਤ ਸਿੰਘ ਸੰਧੂ ਵੱਲੋਂ ਕੀਤੀ ਗਈ।ਇਹ ਬਸ ਹਰ ਰੋਜ਼ ਸਵੇਰੇ 7.10 ਵਜੇ ਖਨੌਰੀ ਤੋਂ ਚੱਲੇਗੀ ਅਤੇ ਗੁਲਾਹੜ, ਜੋਗੇਵਾਲਾ, ਨੂਰਪੁਰਾ, ਖਾਂਗ ਤੋਂ ਹੁੰਦੀ ਹੋਈ ਮੌਲਵੀਵਾਲਾ 7.50 ਵਜੇ ਤੇ ਪਹੁੰਚੇਗੀ।ਇੱਥੋਂ ਇਹ ਬੱਸ ਪਾਤੜਾਂ ਤੋਂ ਹੋ ਕੇ ਸਵੇਰੇ 9:30 ਵਜੇ ਪਟਿਆਲਾ ਪਸਿਆਣਾ ਤੋਂ ਰਜਿੰਦਰਾ ਹਸਪਤਾਲ ਹੋ ਕੇ ਪੁਰਾਣੇ ਬੱਸ ਅੱਡਾ ਤੇ ਫਿਰ ਨਵੇਂ ਬੱਸ ਅੱਡਾ ਪਟਿਆਲਾ ਜਾਵੇਗੀ ਅਤੇ ਸ਼ਾਮ ਨੂੰ ਵਾਪਸ ਆਵੇਗੀ।ਇਸ ਮੌਕੇ ਸੰਸਾਰ ਸਿੰਘ ਅੱਡਾ ਇੰਚਾਰਜ ਪਾਤੜਾਂ, ਮੁਖਤਿਆਰ ਸਿੰਘ ਕਡੰਕਟਰ, ਲਾਭ ਸਿੰਘ ਡਰਾਈਵਰ ਤੇ ਭੁਪਿੰਦਰਜੀਤ ਮੌਲਵੀਵਾਲਾ, ਹਾਜ਼ਰ ਸਨ।

ਵਿਜੀਲੈਂਸ ਵੱਲੋਂ ਜਾਗਰੂਕਤਾ ਹਫਤਾ ਪਹਿਲੀ ਨਵੰਬਰ ਤੱਕ



ਰਾਏਕੋਟ (ਇਕਬਾਲ ਸਿੰਘ ਫੇਰੂਰਾਈ)-ਪੰਜਾਬ ਵਿਜੀਲੈਂਸ ਬਿਊਰੋ 26 ਅਕਤੂਬਰ ਤੋਂ 1 ਨਵੰਬਰ ਤੱਕ ਇਮਾਨਦਾਰੀ ਨਾਲ ਖੁਸ਼ਹਾਲੀ ਵਿਸ਼ੇ ਤਹਿਤ ਜਾਗਰੂਕਤਾ ਹਫਤਾ ਮਨਾ ਰਹੀ ਹੈ। ਇਸ ਮੌਕੇ ਵਿਜੀਲੈਂਸ ਬਿਊਰੋ ਦੇ ਅਧਿਕਾਰੀਆਂ ਨੇ ਇੰਸਪੈਕਟਰ ਕਿਰਨਪ੍ਰੀਤ ਕੌਰ ਦੀ ਅਗਵਾਈ ਵਿੱਚ ਸਬ ਡਿਵੀਜ਼ਨ ਰਾਏਕੋਟ ਵਿਖੇ ਜਾਗਰੂਕਤਾ ਮੁਹਿੰਮ ਦਾ ਆਗਾਜ਼ ਕੀਤਾ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਕਰਨ ਦੀ ਸਹੁੰ ਖਾਧੀ।ਇਸ ਮੌਕੇ ਰਾਏਕੋਟ ਸ਼ਹਿਰ ਅਤੇ ਪਿੰਡਾਂ ਦੇ ਪੰਚਾਂ ਸਰਪੰਚਾਂ ਸਮੇਤ ਆਮ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਇੰਸਪੈਕਟਰ ਕਿਰਨਪ੍ਰੀਤ ਕੌਰ ਨੇ ਰਿਸ਼ਵਤ ਮੰਗਣ ਵਾਲੇ ਅਧਿਕਾਰੀਆਂ ਦੀ ਸ਼ਿਕਾਇਤ ਕਰਨ ਬਾਰੇ ਜਾਣਕਾਰੀ ਵੀ ਦਿੱਤੀ ਅਤੇ ਰਿਸ਼ਵਤ ਦੇ ਕੋਹੜ ਨੂੰ ਜੜ ਤੋਂ ਪੁੱਟਣ ਲਈ ਆਮ ਲੋਕਾਂ ਤੋਂ ਸਹਿਯੋਗ ਵੀ ਮੰਗਿਆ।ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਇਤਵਾਰ ਸਿੰਘ ਨੱਥੋਵਾਲ ਨੇ ਵੀ ਭ੍ਰਿਸ਼ਟਾਚਾਰ ਸਬੰਧੀ ਸੌਖੀਆਂ ਅਤੇ ਸਰਲ ਉਦਾਹਰਨਾਂ ਦੇ ਕੇ ਸੰਬੋਧਨ ਕੀਤਾ ਅਤੇ ਭਰਿਸ਼ਟਾਚਾਰ ਨੂੰ ਜੜ ਤੋਂ ਖਤਮ ਕਰਨ ਲਈ ਆਮ ਲੋਕਾਂ ਨੂੰ ਵਿਜੀਲੈਂਸ ਦੇ ਅਧਿਕਾਰੀਆਂ ਦਾ ਸਾਥ ਦੇਣ ਦੀ ਗੱਲ ਕਹੀ। ਵਿਜੀਲੈਂਸ ਬਿਊਰੋ ਦੇ ਅਧਿਕਾਰੀ ਇੰਸਪੈਕਟਰ ਜਗਵਿੰਦਰ ਸਿੰਘ, ਗੁਰਧੀਰ ਸਿੰਘ, ਜਸਵੀਰ ਕੌਰ, ਰਾਮ ਜੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਬਾਵਾ ਸਿੰਘ ਗਿੱਲ ਨੰਬਰਦਾਰ, ਮਨਜਿੰਦਰ ਸਿੰਘ ਕਾਕੂ ਕੌਂਸਲਰ, ਬਿਪਨ ਕੁਮਾਰ ਡਾਵਰ ਪ੍ਰਧਾਨ ਵਪਾਰ ਵਿੰਗ, ਸਰਬਜੀਤ ਕੌਰ ਸਰਪੰਚ, ਜਸਪਾਲ ਸਿੰਘ ਗਰੇਵਾਲ ਬੀ ਕੇ ਯੂ, ਵਿੰਦਰ ਸਿੰਘ ਧੂਰਕੋਟ, ਸਰਬਜੀਤ ਸਿੰਘ ਸੁਪਰਡੈਂਟ, ਹੈਪੀ ਨੰਬਰਦਾਰ ਸਿਵੀਆਂ, ਕਨੌਜ ਨਾਹਰ ਸਮੇਤ ਹੋਰ ਪੰਤਵੰਤੇ ਹਾਜ਼ਰ ਸਨ।

ਫਿਰੋਜ਼ਪੁਰ ਰੇਲਵੇ ਮੰਡਲ 'ਚ ਵਿਸ਼ੇਸ਼ ਕੈਂਪ ਲਗਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਰੇਲਵੇ ਬੋਰਡ ਅਤੇ ਉੱਤਰ ਰੇਲਵੇ ਦੇ ਪ੍ਰਧਾਨ ਦਫ਼ਤਰ ਦੇ ਨਿਰਦੇਸ਼ਾਂ ਅਨੁਸਾਰ ਫਿਰੋਜ਼ਪੁਰ ਰੇਲਵੇ ਮੰਡਲ ਵਿਚ ਪੈਨਸ਼ਨਧਾਰੀਆਂ ਦੀ ਸਹੂਲਤ ਲਈ ਡਿਜੀਟਲ ਜੀਵਨ ਪ੍ਰਮਾਣ ਪੱਤਰ ਮੁਹਿੰਮ 5.0 ਤਹਿਤ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਹ ਕੈਂਪ ਸੀਨੀਅਰ ਮੰਡਲ ਕਾਰਮਿਕ ਅਧਿਕਾਰੀ ਸਾਕਸ਼ੀ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਦਾ ਮੁੱਖ ਉਦੇਸ਼ ਪੈਨਸ਼ਨਧਾਰੀਆਂ ਨੂੰ ਡਿਜੀਟਲ ਤਰੀਕੇ ਨਾਲ ਜੀਵਨ ਪ੍ਰਮਾਣ ਪੱਤਰ ਬਣਾਉਣ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਬਾਰੇ ਜਾਣਕਾਰੀ ਦੇਣਾ ਸੀ, ਤਾਂ ਜੋ ਉਨ੍ਹਾਂ ਨੂੰ ਪੈਨਸ਼ਨ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਕੈਂਪ ਦੌਰਾਨ ਸਟੇਟ ਬੈਂਕ ਆਫ਼ ਇੰਡੀਆ ਦੀ ਫਿਰੋਜ਼ਪੁਰ ਕੈਂਟ ਸ਼ਾਖਾ ਦੇ ਚੀਫ਼ ਮੈਨੇਜਰ ਵਰਿੰਦਰ ਕੁਮਾਰ ਅਤੇ ਸਰਵਿਸ ਮੈਨੇਜਰ ਸੁਸ਼ੀਲ ਗੁਪਤਾ ਨੇ ਪਾਵਰਪੁਆਇੰਟ ਪ੍ਰੈਜ਼ੈਂਟੇਸ਼ਨ ਰਾਹੀਂ ਪੈਨਸ਼ਨਧਾਰੀਆਂ ਨੂੰ ਡਿਜੀਟਲ ਜੀਵਨ ਪ੍ਰਮਾਣ ਪੱਤਰ ਡਾਊਨਲੋਡ ਕਰਨ ਅਤੇ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਪੰਜਾਬ ਮੈਡੀਕਲ ਰਿਪ੍ਰਜ਼ੈਂਟੇਟਿਵ ਐਸੋਸੀਏਸ਼ਨ ਵੱਲੋਂ ਸੂਬਾ ਪੱਧਰੀ ਮੀਟਿੰਗ ਤੇ ਕਾਨੂੰਨੀ ਵਰਕਸ਼ਾਪ

ਦੋਰਾਹਾ (ਹਰਮਿੰਦਰ ਸੇਠ)

ਪੰਜਾਬ ਮੈਡੀਕਲ ਰਿਪ੍ਰਜ਼ੈਂਟੇਟਿਵ ਐਸੋਸੀਏਸ਼ਨ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਕਾਮਰੇਡ ਅਨੁਰਾਗ ਸਿੰਘ ਦੀ ਅਗਵਾਈ ਹੇਠ ਹੋਈ ਜਿਸ ਬਾਰੇ ਐਸੋਸੀਏਸ਼ਨ ਦੇ ਪੀ ਆਰ ਓ ਕਾਮਰੇਡ ਸੰਜੀਵ ਸ਼ਰਮਾ ਤੇ ਕਾਮਰੇਡ ਪੰਕਜ ਸੂਦ ਦੋਰਾਹਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੀਟਿੰਗ ਵਿੱਚ ਸੂਬਾ ਸਕੱਤਰ ਕਾਮਰੇਡ ਰਮਨ ਮਲਹੋਤਰਾ ਵੱਲੋਂ ਮੈਡੀਕਲ ਰਿਪ੍ਰਜ਼ੈਂਟੇਟਿਵ ਵਰਗ ਨੂੰ ਦਰਪੇਸ਼ ਮੌਜੂਦਾ ਚੁਣੌਤੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਨੇ ਵੱਖ ਵੱਖ ਕੰਪਨੀਆਂ ਵੱਲੋਂ ਮੁਲਾਜ਼ਮਾਂ ਉੱਤੇ ਬਣਾਏ ਜਾ ਰਹੇ ਦਬਾਅ, ਗੈਰ-ਵਾਜਬ ਨੀਤੀਆਂ, ਕੰਮਕਾਜ ਵਾਲੀ ਥਾਂ 'ਤੇ ਪ੍ਰੇਸ਼ਾਨ ਕਰਨ ਅਤੇ ਮਜ਼ਦੂਰ ਵਿਰੋਧੀ ਕਾਰਵਾਈਆਂ ਬਾਰੇ ਚਿੰਤਾ ਪ੍ਰਗਟਾਈ। ਇਸ ਮੀਟਿੰਗ ਵਿੱਚ ਵੱਖ-ਵੱਖ ਟਰੇਡ ਯੂਨੀਅਨਾਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ।ਐਨ. ਐੱਫ .ਐੱਸ. ਆਰ. ਯੂ ਵੱਲੋਂ ਮੀਤ ਪ੍ਰਧਾਨ ਕਾਮਰੇਡ ਹਰਦੀਪ ਸਿੱਧਾਨਾ ਅਤੇ ਕਾਮਰੇਡ ਹਰੀ ਓਮ ਅਰੋੜਾ ਨੇ ਸ਼ਿਰਕਤ ਕੀਤੀ, ਉਥੇ ਹਰਿਆਣਾ ਦੀ ਭਾਰਤੀ ਮੈਡੀਕਲ ਐਂਡ ਸੇਲਜ਼ ਰਿਪ੍ਰਜ਼ੈਂਟੇਟਿਵ ਮਹਾਸੰਘ ਵੱਲੋਂ ਸੂਬਾ ਪ੍ਰਧਾਨ ਕਾਮਰੇਡ ਸੂਰਜ ਪਾਲ ਮਾਨ ਅਤੇ ਜਨਰਲ ਸਕੱਤਰ ਕਾਮਰੇਡ ਵਿਕਾਸ ਬਿਸ਼ਨੋਈ ਸ਼ਾਮਿਲ ਹੋਏ। ਇਸ ਤੋਂ ਇਲਾਵਾ ਜੰਮੂ ਤੋਂ ਐਨ. ਆਈ. ਐਮ. ਆਰ . ਏ ਦੇ ਕਾਮਰੇਡ ਵਿਨੈ ਅਤੇ ਕਾਮਰੇਡ ਰਵੀ ਨੇ ਵੀ ਮੀਟਿੰਗ ਵਿੱਚ ਹਾਜ਼ਰੀ ਲਗਵਾਈ। ਮੀਟਿੰਗ ਦੌਰਾਨ ਇੱਕ ਵਿਸ਼ੇਸ਼ ਕਾਨੂੰਨੀ ਵਰਕਸ਼ਾਪ ਕਰਵਾਈ ਗਈ, ਜਿਸ ਵਿੱਚ ਹਰਿਆਣਾ ਤੋਂ ਕਾਨੂੰਨੀ ਮਾਹਿਰ ਜੈ ਪ੍ਰਕਾਸ਼ ਕੌਸ਼ਿਕ ਨੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਫਾਰਮਾਸਿਊਟੀਕਲ ਕੰਪਨੀਆਂ ਵੱਲੋਂ ਚਲਾਏ ਜਾਂਦੇ ਪਰਫਾਰਮੈਂਸ ਇੰਪਰੂਵਮੈਂਟ ਪ੍ਰੋਗਰਾਮ (ਪੀ ਆਈ ਪੀ ਅਤੇ ਪੀ ਈ ਪੀ) ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਇਸ ਦੇ ਮੁਲਾਜ਼ਮਾਂ ਉੱਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਚਰਚਾ ਕੀਤੀ। ਇਸ ਦੇ ਨਾਲ ਹੀ ਕੰਪਨੀਆਂ ਵੱਲੋਂ ਮੈਡੀਕਲ ਰਿਪ੍ਰਜ਼ੈਂਟੇਟਿਵਜ਼ ਦੀ ਨਿਗਰਾਨੀ ਲਈ ਵਰਤੀ ਜਾਂਦੀ ਲੋਕੇਸ਼ਨ-ਅਧਾਰਿਤ ਰਿਪੋਰਟਿੰਗ ਪ੍ਰਣਾਲੀ ਦੇ ਕਾਨੂੰਨੀ ਪੱਖਾਂ ਬਾਰੇ ਵੀ ਚਾਨਣਾ ਪਾਇਆ। ਸਾਰੀਆਂ ਯੂਨਿਟਾਂ ਦੇ ਆਗੂਆਂ ਨੇ ਸੂਬਾ ਲੀਡਰਸ਼ਿਪ ਨੂੰ ਭਰੋਸਾ ਦਿਵਾਇਆ ਕਿ ਜੱਥੇਬੰਦੀ ਦੀ ਏਕਤਾ ਅਤੇ ਸਾਂਝੇ ਸੰਘਰਸ਼ ਰਾਹੀਂ ਮਜ਼ਦੂਰ ਵਿਰੋਧੀ ਕਾਰਵਾਈਆਂ ਕਰਨ ਵਾਲੇ ਅਤੇ ਮੁਲਾਜ਼ਮਾਂ ਨੂੰ ਵੱਖ-ਵੱਖ ਗੈਰ-ਵਾਜਬ ਬਹਾਨਿਆਂ ਹੇਠ ਪ੍ਰੇਸ਼ਾਨ ਕਰਨ ਵਾਲੇ ਕੰਪਨੀ ਪ੍ਰਬੰਧਕਾਂ ਦਾ ਡਟ ਕੇ ਮੁਕਾਬਲਾ ਕੀਤਾ ਜਾਵੇਗਾ।

ਰਸੂਲਪੁਰ 'ਚ ਕਬੱਡੀ ਟੂਰਨਾਮੈਂਟ ਹੋਇਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਿੰਡ ਰਸੂਲਪੁਰ ਵਿਖੇ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਦਲਜੀਤ ਸਿੰਘ ਛੀਨਾ ਅਤੇ ਸਮੂਹ ਪ੍ਰਬੰਧਕ ਕਮੇਟੀ ਮੈਂਬਰਾਂ ਵੱਲੋਂ ਕਰਾਏ ਗਏ ਪਹਿਲੇ ਕਬੱਡੀ ਟੂਰਨਾਮੈਂਟ ਵਿੱਚ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਟੂਰਨਾਮੈਂਟ ਦੇ ਪ੍ਰਬੰਧਕਾਂ ਵੱਲੋਂ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ।ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਖਿਡਾਰੀਆਂ ਲਈ ਇਨਾਮੀ ਰਾਸ਼ੀ ਵੀ ਰੱਖੀ ਗਈ, ਤਾਂ ਜੁ ਖਿਡਾਰੀਆਂ ਦਾ ਹੌਸਲਾ ਵਧਾਇਆ ਜਾ ਸਕੇ ਅਤੇ ਉਨ੍ਹਾਂ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਵਧੀਆ ਪ੍ਰਦਰਸ਼ਨ ਕਰਨ ਲਈ ਉਤਸ਼ਾਹਤ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਕਬੱਡੀ ਪੰਜਾਬ ਦੀ ਵਿਰਾਸਤੀ ਖੇਡ ਹੈ, ਜੋ ਨੌਜਵਾਨਾਂ ਵਿੱਚ ਹੌਸਲੇ, ਅਨੁਸ਼ਾਸਨ, ਮਿਹਨਤ ਤੇ ਟੀਮ ਭਾਵਨਾ ਦੀ ਭਾਵਨਾ ਪੈਦਾ ਕਰਦੀ ਹੈ।ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਅਤੇ ਖੇਡਾਂ ਦੇ ਖੇਤਰ ਵਿੱਚ ਮਿਹਨਤ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਖਣ ਦੀ ਸਭ ਤੋ ਵਡਮੁਲਾ ਯੋਗਦਾਨ ਪਾਉਂਦੀ ਹੈ। ਇਸ ਨਾਲ ਨੌਜਵਾਨਾਂ ਨੂੰ ਸਹੀ ਸੇਧ ਮਿਲਦੀ ਹੈ। ਅੰਤ ਵਿੱਚ ਉਨ੍ਹਾਂ ਨੇ ਟੂਰਨਾਮੈਂਟ ਦੇ ਸਮੂਹ ਪ੍ਰਬੰਧਕਾਂ, ਖਿਡਾਰੀਆਂ ਤੇ ਪਿੰਡ ਵਾਸੀਆਂ ਨੂੰ ਇਸ ਸਫ਼ਲ ਉਪਰਾਲੇ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਖੇਡ ਸਮਾਗਮ ਕਰਾਉਂਦੇ ਰਹਿਣ ਦੀ ਅਪੀਲ ਕੀਤੀ।

ਕੌਂਸਲਰ ਸਿਮਰਨਜੀਤ ਸਿੰਘ ਵੱਲੋਂ ਸਿਵਲ ਹਸਪਤਾਲ ਦਾ ਦੌਰਾ

ਕੋਟਕਪੂਰਾ (ਰਛਪਾਲ ਭੁੱਲਰ)-ਬੁੱਧਵਾਰ ਨੂੰ ਸਥਾਨਕ ਸ਼ਹਿਰ ਦੇ ਵਾਰਡ ਨੰਬਰ 4 ਤੋਂ ਐੱਮ.ਸੀ. ਸਿਮਰਨਜੀਤ ਸਿੰਘ ਵਿਰਦੀ ਨੇ ਬਾਬਾ ਦਿਆਲ ਸਿੰਘ ਸਿਵਲ ਹਸਪਤਾਲ ਕੋਟਕਪੂਰਾ ਦਾ ਉਚੇਚੇ ਤੌਰ 'ਤੇ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ ਵਿਖੇ ਦਾਖ਼ਲ ਅਤੇ ਇਲਾਜ ਲਈ ਆਏ ਮਰੀਜ਼ਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਜਾਣਿਆ। ਦੌਰੇ ਦੌਰਾਨ ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਸਾਂ ਵੱਲੋਂ ਹਸਪਤਾਲ ਦੇ ਪ੍ਰਬੰਧਾਂ, ਸਫ਼ਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਲੈ ਕੇ ਕੁੱਝ ਸ਼ਿਕਾਇਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ। ਮਰੀਜ਼ਾਂ ਦੀਆਂ ਇਹ ਸਮੱਸਿਆਵਾਂ ਸੁਣਨ ਤੋਂ ਬਾਅਦ, ਉਨ੍ਹਾਂ ਨੇ ਤੁਰੰਤ ਮੌਕੇ 'ਤੇ ਮੌਜੂਦ ਡਿਊਟੀ ਡਾਕਟਰਾਂ ਅਤੇ ਹਸਪਤਾਲ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ।ਇਸ ਮੌਕੇ ਉਨ੍ਹਾਂ ਨੇ ਆਖਿਆ ਕਿ ਹਸਪਤਾਲ ਵਿੱਚ ਆਉਣ ਵਾਲੇ ਹਰ ਮਰੀਜ਼ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਮਰੀਜ਼ਾਂ ਦੀਆਂ ਸ਼ਿਕਾਇਤਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਵਾਉਣਗੇ।

ਕੇ ਐੱਸ ਬੀ ਸਕੂਲ ਦਾ ਸਾਲਾਨਾ ਖੇਡ ਮੇਲਾ ਸ਼ਾਨੋ-ਸ਼ੌਕਤ ਨਾਲ ਸੰਪੰਨ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਕੇ ਐੱਸ ਬੀ ਵਰਲਡ ਸਕੂਲ, ਪਾਤੜਾਂ ਵਿਖੇ ਵਿਦਿਆਰਥੀਆਂ ਦੀਆਂ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ, ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਅਤੇ ਅਨੁਸ਼ਾਸਨ ਤੇ ਟੀਮ ਭਾਵਨਾ ਦਾ ਸੰਚਾਰ ਕਰਨ ਦੇ ਉਦੇਸ਼ ਨਾਲ ਤਿੰਨ ਰੋਜ਼ਾ ਸਾਲਾਨਾ ਖੇਡ ਮੇਲਾ ਬੜੇ ਉਤਸ਼ਾਹ, ਜੋਸ਼ ਅਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਸ ਖੇਡ ਮੇਲੇ ਵਿੱਚ ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਭਾਗ ਲੈਂਦਿਆਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਤਿੰਨ ਦਿਨਾਂ ਦੌਰਾਨ ਵੱਖ-ਵੱਖ ਉਮਰ ਵਰਗਾਂ ਦੇ ਵਿਦਿਆਰਥੀਆਂ ਲਈ ਐਥਲੈਟਿਕਸ, ਬਾਸਕਟਬਾਲ, ਬੈਡਮਿੰਟਨ, ਟੇਬਲ ਟੈਨਿਸ ਅਤੇ ਸ਼ਤਰੰਜ ਸਮੇਤ ਕਈ ਖੇਡ ਮੁਕਾਬਲੇ ਕਰਵਾਏ ਗਏ। ਐਥਲੈਟਿਕਸ ਵਿੱਚ 100, 200, 400, 600, 800 ਅਤੇ 1500 ਮੀਟਰ ਦੌੜਾਂ, ਰਿਲੇਅ ਦੌੜ, ਲੰਬੀ ਛਾਲ, ਉੱਚੀ ਛਾਲ, ਸ਼ਾਟ ਪੁੱਟ, ਡਿਸਕਸ ਥ੍ਰੋ, ਜੈਵਲਿਨ ਥ੍ਰੋ ਅਤੇ ਰੱਸਾਕਸ਼ੀ ਦੇ ਮੁਕਾਬਲੇ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ। ਸਕੂਲ ਦੇ ਪ੍ਰਧਾਨ ਗੁਰਲਾਡ ਸਿੰਘ ਕਾਹਲੋਂ, ਵਾਈਸ ਪ੍ਰੈਜ਼ੀਡੈਂਟ ਮੈਡਮ ਪੁਸ਼ਪਿੰਦਰ ਕੌਰ ਅਤੇ ਚੇਅਰਪਰਸਨ ਮੈਡਮ ਰੀਨਾ ਚੀਮਾ ਨੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਖੇਡਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਮੈਡਮ ਅਨੀਤਾ ਸਹੂੰਜਾ, ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਡੀ ਏ ਵੀ ਕਕਰਾਲਾ ਦੇ ਪਹਿਲਵਾਨਾਂ ਨੇ ਕੌਮੀ ਪੱਧਰ 'ਤੇ ਗੱਡੇ ਜਿੱਤ ਦੇ ਝੰਡੇ

ਸਮਾਣਾ (ਗੁਰਪਿਆਰ ਸਿੰਘ ਬੱਲ, ਇੱਕਬਾਲ ਸਿੰਘ ਬੱਲ)- ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਦੇ ਪਹਿਲਵਾਨਾਂ ਨੇ ਦਿੱਲੀ/ਨੋਇਡਾ ਵਿਖੇ 24 ਤੋਂ 26 ਅਕਤੂਬਰ 2026 ਤੱਕ ਕਰਵਾਏ ਗਏ ਕੌਮੀ ਡੀ.ਏ.ਵੀ. ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 3 ਸੋਨੇ, 1 ਚਾਂਦੀ ਅਤੇ 5 ਕਾਂਸੀ ਦੇ ਤਗਮਿਆਂ ਸਮੇਤ ਕੁੱਲ 9 ਤਗਮੇ ਜਿੱਤ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਦੇਸ਼ ਭਰ ਦੇ ਡੀ.ਏ.ਵੀ. ਅਦਾਰਿਆਂ ਦੇ ਹਜ਼ਾਰਾਂ ਵਿਦਿਆਰਥੀਆਂ ਦੀ ਭਾਗੀਦਾਰੀ ਵਾਲੇ ਇਨ੍ਹਾਂ ਮੁਕਾਬਲਿਆਂ ਵਿੱਚ ਮਿਲੀ ਇਹ ਪ੍ਰਾਪਤੀ ਸਕੂਲ ਅਤੇ ਇਲਾਕੇ ਲਈ ਮਾਣ ਵਾਲੀ ਗੱਲ ਹੈ।ਸੋਨੇ ਦੇ ਤਗਮੇ ਜਿੱਤਣ ਵਾਲੀਆਂ ਵਿਦਿਆਰਥਣਾਂ ਵਿੱਚ ਸੱਤਵੀਂ ਜਮਾਤ ਦੀ ਹਰਜੋਤ ਕੌਰ ਨੇ ਅੰਡਰ-14 ਦੇ 54 ਕਿਲੋਗ੍ਰਾਮ ਭਾਰ ਵਰਗ ਵਿੱਚ, ਅੱਠਵੀਂ ਜਮਾਤ ਦੀ ਪਰਮੀਤ ਕੌਰ ਨੇ ਅੰਡਰ-14 ਦੇ 58 ਕਿਲੋਗ੍ਰਾਮ ਭਾਰ ਵਰਗ ਵਿੱਚ ਅਤੇ ਨੌਵੀਂ ਜਮਾਤ ਦੀ ਸਾਕਸ਼ੀ ਨੇ ਅੰਡਰ-17 ਦੇ 65 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨੇ ਦੇ ਤਗਮੇ ਜਿੱਤੇ। ਬਾਰ੍ਹਵੀਂ ਜਮਾਤ ਦੇ ਸੁਮਿਤ ਨੇ ਅੰਡਰ-19 ਦੇ 61 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦਾ ਤਗਮਾ ਹਾਸਲ ਕੀਤਾ।ਕਾਂਸੀ ਦੇ ਤਗਮੇ ਜਿੱਤਣ ਵਾਲੇ ਖਿਡਾਰੀਆਂ ਵਿੱਚ ਨੌਵੀਂ ਜਮਾਤ ਦੀ ਅਨੁਰੀਤ ਕੌਰ ਨੇ ਅੰਡਰ-17 ਦੇ 40 ਕਿਲੋਗ੍ਰਾਮ, ਅੱਠਵੀਂ ਜਮਾਤ ਦੀ ਕੈਮਰੀਨ ਕੌਰ ਨੇ ਅੰਡਰ-17 ਦੇ 43 ਕਿਲੋਗ੍ਰਾਮ, ਅੱਠਵੀਂ ਜਮਾਤ ਦੇ ਕੇਸ਼ਵ ਸ਼ਰਮਾ ਨੇ ਅੰਡਰ-14 ਦੇ 62 ਕਿਲੋਗ੍ਰਾਮ, ਬਾਰ੍ਹਵੀਂ ਜਮਾਤ ਦੇ ਹਰਜੋਤ ਸਿੰਘ ਨੇ ਅੰਡਰ-19 ਦੇ 97 ਕਿਲੋਗ੍ਰਾਮ ਅਤੇ ਦਸਵੀਂ ਜਮਾਤ ਦੇ ਮਨਿੰਦਰ ਸਿੰਘ ਨੇ ਅੰਡਰ-19 ਦੇ 79 ਕਿਲੋਗ੍ਰਾਮ ਭਾਰ ਵਰਗ ਵਿੱਚ ਕਾਂਸੀ ਦੇ ਤਗਮੇ ਜਿੱਤੇ। ਇਸ ਤੋਂ ਇਲਾਵਾ, ਬਾਰ੍ਹਵੀਂ ਜਮਾਤ ਦੇ ਪਰਮਿੰਦਰ ਸਿੰਘ ਨੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੂਬਾ ਪੱਧਰੀ ਕਬੱਡੀ ਮੁਕਾਬਲਿਆਂ ਵਿੱਚ ਕਾਂਸੀ ਦਾ ਤਗਮਾ ਜਿੱਤ ਕੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਹੋਰ ਵਾਧਾ ਕੀਤਾ।ਸਕੂਲ ਪਹੁੰਚਣ 'ਤੇ ਸਾਰੇ ਕੌਮੀ ਪੱਧਰ ਦੇ ਤਗਮਾ ਜੇਤੂ ਖਿਡਾਰੀਆਂ ਦਾ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਲਗਨ ਦੀ ਪ੍ਰਸ਼ੰਸਾ ਕੀਤੀ। ਪਿਛਲੇ ਸਾਲ ਸੋਨੇ ਦੇ ਤਗਮੇ ਜਿੱਤਣ ਵਾਲੀਆਂ ਸਾਕਸ਼ੀ, ਕੈਮਰੀਨ ਕੌਰ ਅਤੇ ਸਮਰਜੀਤ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਖੇਡ ਪ੍ਰਾਪਤੀਆਂ ਦੇ ਸਨਮਾਨ ਵਜੋਂ 5,100 ਰੁਪਏ ਪ੍ਰਤੀ ਵਿਦਿਆਰਥੀ ਨਕਦ ਇਨਾਮ ਦਿੱਤਾ ਜਾਵੇਗਾ।

20 ਨੂੰ ਸਜਾਈ ਜਾਵੇਗੀ ਵਿਸ਼ਾਲ ਨਿਸ਼ਾਨ ਯਾਤਰਾ

ਨਾਭਾ (ਅਮਨ ਗਰਗ)-ਸ਼੍ਰੀ ਸ਼ਿਆਮ ਪਰਿਵਾਰ ਸੰਘ (ਰਜਿ.) ਨਾਭਾ ਵੱਲੋਂ ਸ਼੍ਰੀ ਸ਼ਿਆਮ ਬਾਬਾ ਦੇ ਪਾਵਨ ਜਨਮ ਉਤਸਵ ਨੂੰ ਸਮਰਪਿਤ 20 ਨਵੰਬਰ 2026, ਦਿਨ ਸ਼ੁੱਕਰਵਾਰ ਨੂੰ ਨਾਭਾ ਸ਼ਹਿਰ ਵਿੱਚ ਵਿਸ਼ਾਲ ਨਿਸ਼ਾਨ ਯਾਤਰਾ ਅਤੇ ਛੇਵੇਂ ਸਾਲਾਨਾ ਸ਼੍ਰੀ ਸ਼ਿਆਮ ਵੰਦਨਾ ਮਹੋਤਸਵ ਅਤੇ ਭੰਡਾਰੇ ਦਾ ਆਯੋਜਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕੀਤਾ ਜਾ ਰਿਹਾ ਹੈ।

ਇਸ ਧਾਰਮਿਕ ਸਮਾਗਮ ਨੂੰ ਲੈ ਕੇ ਸੰਘ ਦੇ ਮੈਂਬਰਾਂ ਅਤੇ ਸ਼ਿਆਮ ਭਗਤਾਂ ਵੱਲੋਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ। ਸੰਘ ਦੇ ਪ੍ਰਧਾਨ ਸੁਮਿਤ ਗੋਇਲ ਸ਼ੈਂਟੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੀ ਸ਼ਿਆਮ ਬਾਬਾ ਦਾ ਜਨਮ ਉਤਸਵ ਸ਼ਰਧਾ, ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।

ਨਿਸ਼ਾਨ ਯਾਤਰਾ 20 ਨਵੰਬਰ ਨੂੰ ਦੁਪਹਿਰ 3 ਵਜੇ ਪਟਿਆਲਾ ਗੇਟ, ਨਾਭਾ ਤੋਂ ਸ਼ੁਰੂ ਹੋਵੇਗੀ। ਯਾਤਰਾ ਭੀਖੀ ਮੋੜ, ਸਦਰ ਬਾਜ਼ਾਰ, ਦੇਵੀ ਦਿਵਾਲਾ ਚੌਕ, ਭਾਵੜਾ ਬਾਜ਼ਾਰ ਅਤੇ ਮੈਹਸ ਗੇਟ ਤੋਂ ਹੁੰਦੀ ਹੋਈ ਸ਼੍ਰੀ ਹਨੂਮਾਨ ਮੰਦਰ, ਬਠਿੰਡੀਆ ਮੁਹੱਲਾ ਵਿਖੇ ਪਹੁੰਚੇਗੀ।

ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਦੋਰਾਹਾ (ਹਰਮਿੰਦਰ ਸੇਠ)-ਸੇਵਾ ਮੁਕਤ ਪ੍ਰਿੰਸੀਪਲ ਮੇਜਰ ਸਿੰਘ ਮਕਸੂਦੜਾ ਦੇ ਭਤੀਜੇ ਦਵਿੰਦਰ ਸਿੰਘ ਨਕਸ਼ੇ ਵਾਲੇ (ਸਲੂਣ ਐਸੋਸੀਏਟਸ) ਜੈਪੁਰਾ ਰੋਡ ਦੋਰਾਹਾ ਨੇ ਗੁਰੂ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਲੰਗਰ ਲਗਾਏ। ਸਵੇਰ ਵੇਲੇ ਗੁਰੂਦੁਆਰਾ ਸਾਹਿਬ ਵਿਖੇ ਮਿਸੀ ਰੋਟੀ ਉਪਰੰਤ ਜੈਪੁਰਾ ਰੋਡ ਤੇ ਚੋਲਾਂ ਦਾ ਲੰਗਰ ਲਾ ਕੇ ਗੁਰੂ ਜੀ ਪ੍ਰਤੀ ਸ਼ਰਧਾ ਅਤੇ ਸਤਿਕਾਰ ਨਾਲ ਭੇਟ ਕੀਤਾ ਗਿਆ। ਸੰਗਤਾਂ ਨੇ ਲੰਗਰ ਛਕਿਆ ਤੇ ਗੁਰੂ ਜੀ ਨੂੰ ਯਾਦ ਕੀਤਾ। ਇਸ ਸਮੇਂ ਕਾਲਾ ਦਬੁਰਜੀ, ਪਾਲ ਪਾਲਸਟੂਡੀਓ, ਗੁਗੀ ਰਾਂਣੋ, ਹਰਵਿੰਦਰ ਹੈਪੀ, ਮਾਸਟਰ ਤੇਜਾ ਸਿੰਘ, ਗੁਰਪ੍ਰੀਤ ਚੰਣਕੋਈਆਂ, ਪਿਆਰਾ ਸਿੰਘ ਮਾਲੇਰਕੋਟਲਾ, ਜਸਵਿੰਦਰ ਸਿੰਘ ਐੱਸ ਡੀ ਓ, ਮੈਡਮ ਗੁਰਚਰਨ ਕੌਰ, ਹਰਜੀਤ ਕੌਰ ਚਾਪੜਾ, ਰਛਪਾਲ ਕੌਰ ਏ ਓ, ਅਨੂ ਮਲਹੋਤਰਾ, ਹਰਪ੍ਰੀਤ ਕੌਰ ਰਾਮਪੁਰ, ਮਨਜੀਤ ਕੌਰ ਮੁੱਲਾਂਪੁਰ, ਰਣਜੀਤ ਮਾਂਨੀ ਮੁੱਲਾਂਪੁਰ, ਬਿੱਲੂ ਪ੍ਰਾਪਰਟੀ ਡੀਲਰ, ਗੁਰਦੀਪ ਢੀਂਡਸ਼ਾ, ਮਨੇਜਰ ਜਗਮੀਤ ਸਿੰਘ, ਡਾ. ਗੁਰਮਨਪ੍ਰੀਤ ਸਿੰਘ. ਡਾ. ਮਨਦੀਪ ਕੌਰ, ਮੁਨੀਸ਼ ਮਲਹੋਤਰਾ ਅਕਾਊਂਟੈਂਟ, ਕੁਲਵੰਤ ਸਿੰਘ ਕਾਲੂ ਐਮ.ਸੀ. ਡਾ. ਮਲਕੀਤ ਸਿੰਘ, ਗੁਲਵੰਤ ਸਿੰਘ, ਕ੍ਰਿਸ਼ਨਾ ਦੇਵੀ ਬੀ ਪੀ ਈ ਓ ਨਿਰਮਲ ਸਿੰਘ ਐਸ ਡੀ ਓ ਹਾਜ਼ਰ ਸਨ।

ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਥਾਣਿਆਂ ਦੇ ਘਿਰਾਓ ਦਾ ਐਲਾਨ

ਮਜੀਠਾ (ਸੋਇਮ ਆਨੰਦ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪੁਲਸੀਆ ਜਬਰ ਵਿਰੁੱਧ ਪੰਜਾਬ ਭਰ ਦੇ ਥਾਣਿਆਂ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਹੈ।ਜਥੇਬੰਦੀ ਦੇ ਸੱਦੇ 'ਤੇ ਕਿਸਾਨਾਂ ਅਤੇ ਔਰਤਾਂ ਦਾ ਵੱਡਾ ਕਾਫ਼ਲਾ ਪੁਲਸ ਦੇ ਨਾਕਿਆਂ ਨੂੰ ਪਾਰ ਕਰਦਾ ਹੋਇਆ ਮਾਨਸਾ ਵਿਖੇ ਚੱਲ ਰਹੇ ਧਰਨੇ ਵਿੱਚ ਸ਼ਾਮਲ ਹੋਇਆ। ਜਥੇਬੰਦੀ ਨੇ ਪਿੰਡ ਭੰਮਾ ਕਲਾਂ ਦੇ ਦਲਜੀਤ ਸਿੰਘ ਦੀ ਨਸ਼ੇ ਕਾਰਨ ਹੋਈ ਮੌਤ ਤੋਂ ਬਾਅਦ ਇਨਸਾਫ਼ ਲਈ ਕੀਤੇ ਜਾ ਰਹੇ ਪ੍ਰਦਰਸ਼ਨ ਦੌਰਾਨ ਪੁਲਸ ਵੱਲੋਂ ਕਥਿਤ ਤੌਰ 'ਤੇ ਜਬਰੀ ਲਾਸ਼ ਖੋਹਣ ਦੀ ਸਖ਼ਤ ਨਿਖੇਧੀ ਕੀਤੀ।ਪੁਲਸ ਅੰਮ੍ਰਿਤਸਰ ਦਿਹਾਤੀ ਦੇ ਚਾਰ ਥਾਣਿਆਂ ਅੱਗੇ ਜੱਥੇਬੰਦੀ ਨੇ ਧਰਨੇ ਦਿੱਤੇ ਮਜੀਠਾ ਥਾਣੇ ਦੌਰਾਨ ਲੱਗੇ ਧਰਨੇ ਤੇ ਬਾਬਾ ਜਗਜੀਵਨ ਸਿੰਘ ਤਲਵੰਡੀ ਨੇ ਕਿਹਾ ਕਿ ਪੀੜਤ ਪਰਵਾਰ ਨੂੰ ਇਨਸਾਫ਼ ਦੇਣ ਦੀ ਬਜਾਏ ਪੁਲਸ ਵੱਲੋਂ ਧਰਨਾਕਾਰੀਆਂ ਨੂੰ ਦਬਾਉਣ ਅਤੇ ਸੰਘਰਸ਼ ਨੂੰ ਖਦੇੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਪਰਗਟ ਧਰਮਕੋਟ ਨੇ ਮੰਗ ਕੀਤੀ ਕਿ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟੇ ਦੇ ਪਰਵਾਰ ਨੂੰ ਇਨਸਾਫ਼ ਦਿੱਤਾ ਜਾਵੇ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਪਸਾਰ ਲਈ ਜ਼ਿੰਮੇਵਾਰ ਪੁਲਸ, ਸਿਆਸੀ ਆਗੂਆਂ ਅਤੇ ਨਸ਼ਾ ਤਸਕਰਾਂ ਦੇ ਕਥਿਤ ਗੱਠਜੋੜ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾਈ ਜਾਵੇ।ਜਥੇਬੰਦੀ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਨੂੰ ਰਾਜਨੀਤਕ ਅਤੇ ਪ੍ਰਸ਼ਾਸਨਿਕ ਸਰਪ੍ਰਸਤੀ ਦੇਣ ਵਾਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ।

ਨਸ਼ਿਆਂ ਦੇ ਮੁੱਦੇ ਨੂੰ ਸਿਰਫ਼ ਪੁਲਸੀਆ ਕਾਰਵਾਈ ਤੱਕ ਸੀਮਤ ਕਰਨ ਦੀ ਬਜਾਏ ਇਸ ਦੇ ਪਿੱਛੇ ਕੰਮ ਕਰਦੇ ਗੱਠਜੋੜ ਨੂੰ ਬੇਨਕਾਬ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ।

ਬੀਕੇਯੂ ਏਕਤਾ ਉਗਰਾਹਾਂ ਨੇ ਐਲਾਨ ਕੀਤਾ ਕਿ ਪੁਲਸੀਆ ਜਬਰ, ਨਸ਼ਾ ਤਸਕਰੀ ਅਤੇ ਪੀੜਤ ਪਰਿਵਾਰਾਂ ਨਾਲ ਬੇਇਨਸਾਫ਼ੀ ਵਿਰੁੱਧ ਸੰਘਰਸ਼ ਜਾਰੀ ਰਹੇਗਾ ਅਤੇ ਇਨਸਾਫ਼ ਮਿਲਣ ਤੱਕ ਆਵਾਜ਼ ਬੁਲੰਦ ਕੀਤੀ ਜਾਂਦੀ ਰਹੇਗੀ ਇਸ ਮੌਕੇ ਦਲਬੀਰ ਸਿੰਘ ਜਗਪ੍ਰੀਤ ਸਿੰਘ ਗੁਰਮੁਖ ਸਿੰਘ ਮਨਦੀਪ ਸਿੰਘ ਜੋਗਿੰਦਰ ਸਿੰਘ ਗੁਰਿੰਦਰਜੀਤ ਸਿੰਘ ਅਮਨਦੀਪ ਸਿੰਘ ਮਨਪ੍ਰੀਤ ਸਿੰਘ ਸੋਨਾ ਹਮਜਾ ਆਦਿ ਹਾਜ਼ਰ ਸਨ।

4 ਕਿੱਲੋ 29 ਗ੍ਰਾਮ ਹੈਰੋਇਨ ਸਮੇਤ ਦੋ ਕਾਬੂ

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਹਰੀਕੇ ਪੁਲਸ ਵੱਲੋਂ ਕੀਤੀ ਗਈ ਨਾਕਾਬੰਦੀ ਦੌਰਾਨ ਦੋ ਮੋਟਰਸਾਈਕਲ ਸਵਾਰ ਵਿਅਕਤੀਆਂ ਨੂੰ ਕਾਬੂ ਕਰਨ ਅਤੇ ਉਨ੍ਹਾਂ ਕੋਲੋਂ 4 ਕਿੱਲੋ 29 ਗ੍ਰਾਮ ਹੈਰੋਇਨ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ। ਪੁਲਸ ਨੇ ਮੁਲਜ਼ਮਾਂ ਕੋਲੋਂ ਦੋ ਮੋਬਾਈਲ ਫੋਨ ਅਤੇ 700 ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਹੈ। ਪੁਲਸ ਵੱਲੋਂ ਦੋਵਾਂ ਮੁਲਜ਼ਮਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਦਿਆਂ ਮਾਮਲੇ ਦੀ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਤਿਉਹਾਰਾਂ ਦੇ ਮੱਦੇਨਜ਼ਰ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਅਤੇ ਸ਼ੱਕੀ ਵਿਅਕਤੀਆਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕੀਤੀ ਜਾ ਰਹੀ ਸੀ। ਇਸੇ ਲੜੀ ਤਹਿਤ ਡੀ ਐਸ ਪੀ ਪੱਟੀ ਰਵੀ ਸ਼ੇਰ ਸਿੰਘ ਦੀ ਅਗਵਾਈ ਹੇਠ ਥਾਣਾ ਹਰੀਕੇ ਦੇ ਮੁੱਖ ਅਫ਼ਸਰ ਇੰਸਪੈਕਟਰ ਪ੍ਰਭਜੀਤ ਸਿੰਘ ਗਿੱਲ ਦੀ ਟੀਮ ਵੱਲੋਂ ਪੁਲ ਬੂਹ ਨਾਕੇ 'ਤੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਸੀ। ਇਸ ਦੌਰਾਨ ਪਿੰਡ ਜੋਣੇ ਕੇ ਵੱਲੋਂ ਆ ਰਹੇ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਨੂੰ ਰੋਕ ਕੇ ਉਨ੍ਹਾਂ ਦੀ ਜਾਂਚ ਕੀਤੀ ਗਈ। ਪੁਲਸ ਅਨੁਸਾਰ, ਜਦੋਂ ਉਨ੍ਹਾਂ ਦੇ ਬੈਗਾਂ ਦੀ ਤਲਾਸ਼ੀ ਲਈ ਗਈ ਤਾਂ ਕਥਿਤ ਤੌਰ 'ਤੇ 4 ਕਿੱਲੋ 29 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਤੋਂ ਇਲਾਵਾ ਦੋ ਮੋਬਾਈਲ ਫੋਨ ਅਤੇ 700 ਰੁਪਏ ਦੀ ਨਕਦੀ ਵੀ ਪੁਲਸ ਨੇ ਆਪਣੇ ਕਬਜ਼ੇ ਵਿੱਚ ਲੈ ਲਈ।ਪੁਲਸ ਵੱਲੋਂ ਜਾਰੀ ਜਾਣਕਾਰੀ ਮੁਤਾਬਕ ਕਾਬੂ ਕੀਤੇ ਗਏ ਵਿਅਕਤੀਆਂ ਦੀ ਪਛਾਣ ਦੇਵ ਪੁੱਤਰ ਦੀਪਕ ਵਾਸੀ ਗੋਨਿਆਣਾ ਰੋਡ ਸ੍ਰੀ ਮੁਕਤਸਰ ਸਾਹਿਬ ਅਤੇ ਲਵਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਪਿੰਡੀ ਬਲੋਚਨ ਜ਼ਿਲ੍ਹਾ ਫ਼ਰੀਦਕੋਟ ਵਜੋਂ ਹੋਈ ਹੈ। ਜ਼ਿਲ੍ਹਾ ਪੁਲਸ ਮੁਖੀ ਸੁਰਿੰਦਰ ਲਾਂਬਾ ਨੇ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਗਈ ਹੈ ਅਤੇ ਉਨ੍ਹਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਮੁਤਾਬਕ ਮੁਲਜ਼ਮਾਂ ਤੋਂ ਪੁੱਛਗਿੱਛ ਦੌਰਾਨ ਮਿਲਣ ਵਾਲੀ ਜਾਣਕਾਰੀ ਦੇ ਆਧਾਰ 'ਤੇ ਨਸ਼ੇ ਦੀ ਸਪਲਾਈ ਦੇ ਸਰੋਤਾਂ ਅਤੇ ਇਸ ਨਾਲ ਜੁੜੇ ਹੋਰ ਵਿਅਕਤੀਆਂ ਬਾਰੇ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

ਰੈਵਿਨਿਊ ਪਟਵਾਰ ਯੂਨੀਅਨ ਦੀ ਹੜਤਾਲ ਛੇਵੇਂ ਦਿਨ 'ਚ ਸ਼ਾਮਲ

ਮਜੀਠਾ (ਸੋਇਮ ਆਨੰਦ) ਐਸ.ਡੀ.ਐਮ ਮਜੀਠਾ ਵੱਲੋ ਤਹਿਸੀਲ ਮਜੀਠਾ ਵਿਖੇ ਕੰਮ ਕਰਦੇ ਪਟਵਾਰੀਆਂ ਖਿਲਾਫ ਕੀਤੀ ਗਈ ਕਥਿਤ ਬਦਸਲੂਕੀ ਕਰਕੇ ਦੀ ਰੈਵਿਨਿਊ ਪਟਵਾਰ ਯੂਨੀਅਨ ਮਜੀਠਾ ਵੱਲੋਂ ਐਸ.ਡੀ.ਐਮ ਦਫਤਰ ਮਜੀਠਾ ਵਿਖੇ 23 ਅਕਤੂਬਰ ਤੋਂ ਕੰਮਕਾਰ ਬੰਦ ਕਰਕੇ ਲਗਾਤਾਰ ਹੜਤਾਲ ਕੀਤੀ ਗਈ ਜੋ ਛੇਵੇਂ ਦਿਨ 'ਚ ਸ਼ਾਮਲ ਹੋ ਗਈ।ਪਟਵਾਰੀਆਂ ਦੀ ਹੜਤਾਲ ਕਾਰਨ ਵਿਦਿਆਰਥੀਆਂ ਦੇ ਸਰਟੀਫਿਕੇਟ, ਰਜਿਸਟਰੀਆਂ, ਇੰਤਕਾਲ, ਆੜਰਹਿਣ ਆਦਿ ਸਰਕਾਰੀ ਕੰਮ ਪ੍ਰਭਾਵਿਤ ਹੋ ਰਹੇ ਹਨ ਅਤੇ ਆਮ ਜਨਤਾ ਦਾ ਕਾਫੀ ਨੁਕਸਾਨ ਹੋ ਰਿਹਾ ਹੈ।ਜਿਸ ਵਾਸਤੇ ਪਟਵਾਰੀਆਂ ਨੇ ਐਸ.ਡੀ.ਐਮ ਮਜੀਠਾ ਨੂੰ ਜਿੰਮੇਵਾਰ ਠਹਿਰਾਇਆ ਕਿਉਂਕਿ ਐਸ.ਡੀ.ਐਮ ਮਜੀਠਾ ਆਪਣੇ ਅੜੀਅਲ ਵਤੀਰੇ ਕਰਕੇ ਗਲਬਾਤ ਕਰਨ ਲਈ ਤਿਆਰ ਨਹੀ ਹਨ।ਇਸ ਮੌਕੇ ਪਟਵਾਰ ਯੂਨੀਅਨ ਦੇ ਆਗੂਆਂ ਵਿਚ ਤਹਿਸੀਲ ਪ੍ਰਧਾਨ ਮਨਬੀਰ ਸਿੰਘ ਮੱਲ੍ਹੀ, ਚਾਨਣ ਸਿੰਘ ਖਹਿਰਾ ਸਾਬਕਾ ਸੂਬਾ ਪ੍ਰਧਾਨ, ਕਰਨ ਖੋਸਲਾ ਜਨਰਲ ਸਕੱਤਰ, ਜਸਵਿੰਦਰ ਸਿੰਘ ਬੇਦੀ ਖਜਾਨਚੀ, ਨਰਿੰਦਰ ਕੁਮਾਰ ਦਫਤਰ ਕਾਨੂੰਗੋ, ਬਿਕਰਮਜੀਤ ਸਿੰਘ ਕਾਨੂੰਗੋ, ਹਰਪ੍ਰੀਤ ਸਿੰਘ ਪਟਵਾਰੀ, ਹਰਵਿੰਦਰ ਸਿੰਘ, ਆਨੰਦ ਜੋਤੀ ਪਟਵਾਰੀ, ਹਰਨੂਰ ਸਿੰਘ, ਸੁਰੇਸ਼ ਕੁਮਾਰ, ਜਗਪ੍ਰੀਤ ਪਿਸੰਘ ਪਟਵਾਰੀ, ਆਦਿ ਹਾਜ਼ਰ ਸਨ।

ਮੈਂਬਰ ਪਾਰਲੀਮੈਂਟ ਰੰਧਾਵਾ ਵੱਲੋਂ ਪੁਲਸ ਥਾਣਾ ਕਲਾਨੌਰ ਦਾ ਘਿਰਾਓ

ਕਲਾਨੌਰ (ਮਨਦੀਪ ਕੋਹਲੀ)- ਕਲਾਨੌਰ ਦੇ ਪੁਲਸ ਥਾਣਾ ਵਿੱਚ ਵੀਰਵਾਰ ਕਾਂਗਰਸੀ ਵਰਕਰਾਂ ਵੱਲੋਂ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਤੇ ਉਹਨਾਂ ਦੇ ਬੇਟੇ ਉਦੇ ਰੰਧਾਵਾ ਦੀ ਮੌਜੂਦਗੀ ਵਿੱਚ ਜੰਮ ਕੇ ਹੰਗਾਮਾ ਕੀਤਾ ਗਿਆ।

ਕਾਂਗਰਸੀ ਵਰਕਰਾਂ 'ਤੇ ਹੋ ਰਹੇ ਨਜਾਇਜ਼ ਪਰਚਿਆਂ ਦੇ ਵਿਰੋਧ ਵਿੱਚ ਗੁਰਦਾਸਪੁਰ ਤੋਂ ਮੈਂਬਰ ਪਾਰਲੀਮੈਂਟ ਰੰਧਾਵਾ ਵੱਲੋਂ ਸੈਂਕੜੇ ਵਰਕਰਾਂ ਸਮੇਤ ਪੁਲਸ ਥਾਣਾ ਕਲਾਨੌਰ ਦਾ ਘਿਰਾਓ ਕੀਤਾ ਗਿਆ ਜਿਸ ਤੋਂ ਬਾਅਦ ਮਾਹੌਲ ਤਣਾਉਪੂਰਨ ਹੁੰਦਾ ਨਜ਼ਰ ਆਇਆ ਅਤੇ ਸੁਖਜਿੰਦਰ ਸਿੰਘ ਰੰਧਾਵਾ, ਉਦੇ ਸਿੰਘ ਰੰਧਾਵਾ ਸਮੇਤ ਵਰਕਰ ਪੁਲਸ ਥਾਣਾ ਕਲਾਨੌਰ ਦੇ ਮੇਨ ਗੇਟ ਨੂੰ ਧੱਕਾ ਮਾਰ ਕੇ ਤੋੜਦੇ ਹੋਏ ਅੰਦਰ ਦਾਖਲ ਹੋਏ ਅਤੇ ਪੁਲਸ ਥਾਣੇ ਦੀਆਂ ਛੱਤਾਂ ਉੱਤੇ ਚੜ੍ਹ ਗਏ ਜਦ ਕਿ ਡੀ ਐਸ ਪੀ ਅਮੋਲਕ ਸਿੰਘ ਅਤੇ ਐਸ ਐਚ ਓ ਅਮਨਦੀਪ ਸਿੰਘ ਵੀ ਛੱਤਾਂ 'ਤੇ ਚੜ੍ਹੇ ਹੋਏ ਸਨ। ਦੋਵਾਂ ਧਿਰਾਂ 'ਚ ਤਿੱਖੀ ਬਹਿਸਬਾਜ਼ੀ ਹੋਈ ਅਤੇ ਧੱਕਾ ਮੁੱਕੀ ਦੀ ਨੌਬਤ ਵੀ ਆ ਗਈ। ਇਸ ਤੋਂ ਬਾਅਦ ਸੁਖਜਿੰਦਰ ਸਿੰਘ ਰੰਧਾਵਾ ਨੇ ਵਰਕਰਾਂ ਸਮੇਤ ਜ਼ਬਰਦਸਤ ਨਾਅਰੇਬਾਜ਼ੀ ਕਰਦਿਆਂ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦੀ ਆਲੋਚਨਾ ਕੀਤੀ। ਇਸ ਮੌਕੇ ਰਜੇਸ਼ ਕੁਮਾਰ ਟੋਨੀ ਸੱਚਰ ਕਲਾਨੌਰ, ਗੌਰਵ ਸਲਹੋਤਰਾ ਕਲਾਨੌਰ, ਹਰਵਿੰਦਰ ਸਿੰਘ ਅਲਾਵਲਪੁਰ, ਹਰਪਾਲ ਸਿੰਘ, ਗੁਰਮੀਤ ਸਿੰਘ ਮਾਨਪੁਰ, ਮੰਨੂੰ ਸਰਜੇ ਚੱਕ, ਬੀਰ ਸਿੰਘ ਸੌਤਾ, ਅਮਰਜੀਤ ਖੁੱਲਰ ਤੋਂ ਇਲਾਵਾ ਸੈਂਕੜਿਆਂ ਦੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

ਪੜੇਵੀ ਪਿੜ ਦਾ ਮੇਲਾ ਸ਼ਾਨੋ-ਸ਼ੌਕਤ ਨਾਲ ਮਨਾਇਆ

ਚਵਿੰਡਾ ਦੇਵੀ (ਖ਼ੁਸ਼ਹਾਲ ਸੁੰਦਰ) ਇਤਿਹਾਸਕ ਕਸਬਾ ਚਵਿੰਡਾ ਦੇਵੀ ਵਿਖੇ ਪੜੇਵੀ ਪਿੜ ਦਾ ਮੇਲਾ ਬੜੀ ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਹਲਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਦੌਰਾਨ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜਾਦਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਤਲਬੀਰ ਸਿੰਘ ਗਿੱਲ ਨੇ ਮੇਲੇ ਦੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਚਵਿੰਡਾ ਦੇਵੀ ਪੁਲਸ ਚੌਕੀ ਦੇ ਇੰਚਾਰਜ ਅਮਨਜੀਤ ਸਿੰਘ ਦੀ ਵੀ ਸ਼ਲਾਘਾ ਕੀਤੀ। ਮੇਲੇ ਦੌਰਾਨ ਖੇਡ ਪ੍ਰੇਮੀਆਂ ਅਤੇ ਇਲਾਕਾ ਨਿਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਸਾਬਕਾ ਸਰਪੰਚ ਸਵਰਨਜੀਤ ਸਿੰਘ ਪਿੰਡ ਚਵਿੰਡਾ ਦੇਵੀ, ਸਰਦਾਰ ਪਰਗਟ ਸਿੰਘ ਚੁਗਾਵਾਂ, ਮੈਂਬਰ ਪੰਚਾਇਤ ਜੰਗ ਸਿੰਘ ਜੰਗੀ ਅਤੇ ਕਰਨਬੀਰ ਸਿੰਘ ਸਮੇਤ ਪਿੰਡ ਚਵਿੰਡਾ ਦੇਵੀ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

ਬਾਬਾ ਬੁੱਢਾ ਕਾਲਜ ਬੀੜ ਸਾਹਿਬ ਦੀ ਵਾਲੀਬਾਲ ਟੀਮ ਨੇ ਤੀਸਰਾ ਸਥਾਨ ਕੀਤਾ ਹਾਸਲ

ਝਬਾਲ, ਸਰਾਏ ਅਮਾਨਤ ਖਾਂ (ਮੱਖਣ ਮਨੋਜ/ਹਰਜਿੰਦਰ ਸਿੰਘ ਸੋਨੀ)-ਸੰਤ ਬਾਬਾ ਖੜਕ ਸਿੰਘ ਦੁਆਰਾ ਸਥਾਪਤ ਅਤੇ ਮੌਜੂਦਾ ਸਰਪ੍ਰਸਤ ਬਾਬਾ ਸੰਤੋਖ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਵਿਦਿਅਕ ਸੰਸਥਾ ਬਾਬਾ ਬੁੱਢਾ ਕਾਲਜ ਬੀੜ ਸਾਹਿਬ ਦੀ ਵਾਲੀਬਾਲ ਟੀਮ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅੰਤਰ ਕਾਲਜ ਮੁਕਾਬਲਿਆਂ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ।ਬਾਬਾ ਬੁੱਢਾ ਕਾਲਜ ਦੀ ਟੀਮ ਨੇ ਇਹਨਾਂ ਮੁਕਾਬਲਿਆਂ ਵਿਚ ਸੀ.ਟੀ.ਕਾਲਜ ਜਲੰਧਰ, ਬੀ.ਯੂ.ਸੀ.ਕਾਲਜ ਬਟਾਲਾ ਅਤੇ ਐਸ.ਐਨ.ਕਾਲਜ ਅੰਮ੍ਰਿਤਸਰ ਨੂੰ ਹਰਾ ਕੇ ਇਹ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਨੇ ਦੱਸਿਆ ਕੇ ਟੀਮ ਦਾ ਪ੍ਰਦਰਸ਼ਨ ਬਹੁਤ ਸ਼ਾਨਦਾਰ ਰਿਹਾ ਅਤੇ ਟੀਮ ਦੇ ਖਿਡਾਰੀ ਮਨਪ੍ਰੀਤ ਸਿੰਘ ਅਤੇ ਸ਼ਨੀਦੇਵ ਦੀ ਚੋਣ ਅੰਤਰ ਯੂਨੀਵਸਿਟੀ ਦੇ ਕੈਂਪ ਲਈ ਕੀਤੀ ਗਈ।ਉਹਨਾਂ ਕਿਹਾ ਕਿ ਇਸ ਜਿੱਤ ਦਾ ਸਿਹਰਾ ਖਿਡਾਰੀਆਂ ਦੀ ਮਿਹਨਤ, ਲਗਨ ਟੀਮ ਇੰਚਾਰਜ ਪ੍ਰੋ ਸੁਰਿੰਦਰ ਸਿੰਘ, ਸਮੁੱਚਾ ਸਟਾਫ ਅਤੇ ਪ੍ਰਬੰਧਕੀ ਕਮੇਟੀ ਨੂੰ ਜਾਂਦਾ ਹੈ। ਇਸ ਮੌਕੇ ਕਾਲਜ ਸਕੱਤਰ ਜਗੀਰ ਸਿੰਘ ਨੇ ਖਿਡਾਰੀਆਂ ਨੂੰ ਇਸ ਜਿੱਤ ਲਈ ਵਧਾਈ ਦਿਤੀ। ਇਸ ਮੌਕੇ ਸੁਪਰਡੈਂਟ ਤਜਿੰਦਰ ਸਿੰਘ, ਡਾ.ਅਮਰਬੀਰ ਸਿੰਘ, ਪ੍ਰੋ ਇੰਦਰਜੀਤ ਸਿੰਘ, ਪ੍ਰੋ: ਅੰਮ੍ਰਿਤਪਾਲ ਸਿੰਘ, ਸੁਖਬੀਰ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋਫੈਸਰ ਅਕਵਿੰਦਰ ਕੌਰ, ਪ੍ਰੋ: ਹਰਪ੍ਰੀਤ ਕੌਰ, ਪ੍ਰੋ: ਚੰਦਪ੍ਰੀਤ ਕੌਰ, ਪ੍ਰੋ ਸਿਮਰਨਜੀਤ ਕੌਰ, ਪ੍ਰੋ: ਪਲਵਿੰਦਰ ਕੌਰ, ਪ੍ਰੋ: ਕਵਲਪ੍ਰੀਤ ਕੌਰ, ਪ੍ਰੋ: ਰਮਨਦੀਪ ਕੌਰ, ਡਾ. ਰਾਜਵਿੰਦਰ ਕੌਰ ਆਦਿ ਮੌਜੂਦ ਸਨ।

ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਕਰਾਫਟ ਵਰਕ ਮੁਕਾਬਲੇ ਕਰਵਾਏ

ਧਾਰੀਵਾਲ (ਮਨਦੀਪ ਵਿੱਕੀ) - ਗੁਰੂ ਗੋਬਿੰਦ ਸਿੰਘ (ਜੀ.ਜੀ.ਐਸ.) ਮਾਡਰਨ ਸਕੂਲ ਬਖਤਪੁਰ ਵਿਖੇ ਸਕੂਲ ਦੇ ਲੀਗਲ ਲਿਟਰੇਸੀ ਕਲੱਬ ਅਤੇ ਈਕੋ ਕਲੱਬ ਵੱਲੋਂ ਮਹਾਂਰਿਸ਼ੀ ਬਾਲਮੀਕ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਾਫਟ ਮੁਕਾਬਲੇ ਕਰਵਾਏ ਗਏ।ਪ੍ਰਿੰਸੀਪਲ ਮੈਡਮ ਸਿੰਘ ਚਾਹਲ ਨੇ ਦੱਸਿਆ ਕਿ ਅਸੀਂ ਘਰਾਂ ਵਿੱਚ ਅਕਸਰ ਵਾਧੂ ਘਾਟੂ ਸਮਾਨ ਨੂੰ ਕਚਰੇ ਵਿੱਚ ਸੁੱਟ ਦਿੰਦੇ ਹਾਂ ਜਦ ਕਿ ਉਹਨਾ ਵਿੱਚੋਂ ਬਹੁਤਾ ਸਮਾਨ ਦੁਬਾਰਾ ਵਰਤੋਂ ਦੇ ਯੋਗ ਬਣਾਇਆ ਜਾ ਸਕਦਾ ਹੈ।ਇਸ ਸੋਚ 'ਤੇ ਪਹਿਰਾ ਦਿੰਦੇ ਹੋਏ ਸੰਸਥਾ ਵਿਖੇ ਐਸੇ ਸਮਾਨ ਨੂੰ ਇਕੱਠਾ ਕਰਕੇ ਅਲੱਗ ਅਲੱਗ ਮਟੀਰੀਅਲ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਕੇਜੀ ਗਰੁੱਪ ਵਿੱਚੋਂ ਗੁਰਤੇਜ ਸਿੰਘ ਨੇ ਪਹਿਲਾ, ਗੁਰਸਾਹਿਬਜੀਤ ਸਿੰਘ ਨੇ ਦੂਜਾ, ਸਾਂਚੀ ਤੇ ਜਸਮੀਤ ਕੌਰ ਨੇ ਤੀਜਾ; ਸਬ-ਜੂਨੀਅਰ ਗਰੁੱਪ ਵਿੱਚੋਂ ਦਿਲਪ੍ਰੀਤ ਕੌਰ ਨੇ ਪਹਿਲਾ, ਸੁਖਮਨਦੀਪ ਕੌਰ ਨੇ ਦੂਜਾ ਅਤੇ ਹਰਜਸਪ੍ਰੀਤ ਕੌਰ ਨੇ ਤੀਜਾ; ਜੂਨੀਅਰ ਗਰੁੱਪ ਵਿੱਚੋਂ ਮਿਰਨਜੀਤ ਕੌਰ ਪਸ਼ਨਾਵਾਲ ਨੇ ਪਹਿਲਾ, ਸੁਪਰੀਤ ਕੌਰ ਤੇ ਨਵਨੀਤ ਕੌਰ ਪਸ਼ਨਾਵਾਲ ਨੇ ਦੂਜਾ ਅਤੇ ਜੀਆ, ਗੁਰਨੂਰ ਕੌਰ ਸਰਸਪੁਰ ਤੇ ਅਜ਼ਾਦਪ੍ਰੀਤ ਕੌਰ ਨੇ ਤੀਜਾ; ਸੀਨੀਅਰ ਗਰੁੱਪ ਵਿੱਚੋਂ ਗੁਰਲੀਨਪ੍ਰੀਤ ਕੌਰ ਨੇ ਪਹਿਲਾ, ਸਿਮਰਨਜੀਤ ਕੌਰ ਭੁੱਲਰੀ ਨੇ ਦੂਜਾ ਅਤੇ ਸਿਮਰਨਜੀਤ ਕੌਰ ਬਖਤਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਡਾਇਰੈਕਟਰ ਡਾ. ਮਹਿੰਦਰਪਾਲ ਸਿੰਘ ਕਲੇਰ ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਸਹਿ-ਕਿਰਿਆਵਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ।ਇਸ ਮੌਕੇ ਪ੍ਰਧਾਨ ਰਣਜੀਤ ਕੌਰ ਅਤੇ ਸਕੂਲ ਅਧਿਆਪਕਾਂ ਨੇ ਇਹਨਾ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ।

ਝੂਠ ਦੇ ਸਹਾਰੇ ਪੰਜਾਬ 'ਚ ਪੈਰ ਜਮਾਉਣ ਦੀ ਕੋਸ਼ਿਸ਼ ਕਰ ਰਹੀ ਹੈ ਭਾਜਪਾ : ਸ਼ਮਸ਼ੇਰ ਸਿੰਘ

ਦੀਨਾਨਗਰ : (ਬਲਵਿੰਦਰ ਸਿੰਘ ਬਿੱਲਾ)- ਹਲਕਾ ਦੀਨਾਨਗਰ ਨਾਲ ਸਬੰਧਤ ਆਮ ਆਦਮੀ ਪਾਰਟੀ ਦੇ ਇੱਕ ਸਾਬਕਾ ਯੂਥ ਆਗੂ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਸ਼ੁਰੂ ਹੋਇਆ ਸਿਆਸੀ ਘਮਸਾਨ ਹੁਣ ਪੂਰੀ ਤਰ੍ਹਾਂ ਭੜਕ ਗਿਆ ਹੈ।ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਭਾਜਪਾ ਵੱਲੋਂ ਕੀਤੇ ਗਏ 'ਮੈਗਾ ਜੁਆਇਨਿੰਗ' ਦੇ ਦਾਅਵਿਆਂ ਨੂੰ ਸਿਰੇ ਤੋਂ ਨਕਾਰਦਿਆਂ ਵਿਰੋਧੀ ਧਿਰ 'ਤੇ ਤਿੱਖੇ ਸਿਆਸੀ ਹਮਲੇ ਕੀਤੇ ਹਨ। ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਪੱਤਰਕਾਰ ਮਿਲਣੀ ਦੌਰਾਨ ਸੰਬੋਧਨ ਕਰਦਿਆਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਖਾਸ ਕਰਕੇ ਦੀਨਾਨਗਰ ਹਲਕੇ ਵਿੱਚ ਆਪਣਾ ਆਧਾਰ ਗੁਆ ਚੁੱਕੀ ਹੈ ਅਤੇ ਹੁਣ ਉਹ ਪਾਰਟੀ ਵਿੱਚੋਂ ਨਕਾਰੇ ਜਾ ਚੁੱਕੇ ਆਗੂਆਂ ਦੇ ਸਿਰ 'ਤੇ ਆਪਣੀ ਸਿਆਸੀ ਜ਼ਮੀਨ ਤਲਾਸ਼ਣ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ। ਭਾਜਪਾ ਵਿੱਚ ਸ਼ਾਮਲ ਹੋਏ ਅੰਗਰੇਜ਼ ਸਿੰਘ ਅਤੇ ਉਨ੍ਹਾਂ ਨਾਲ 40 ਤੋਂ ਵੱਧ ਸਰਪੰਚਾਂ ਦੇ ਜਾਣ ਦੇ ਦਾਅਵੇ 'ਤੇ ਬੋਲਦਿਆਂ ਹਲਕਾ ਇੰਚਾਰਜ ਨੇ ਕਿਹਾ ਕਿ ਇਹ ਦਾਅਵਾ ਹਾਸੋਹੀਣਾ ਅਤੇ ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਹੈ।ਉਨ੍ਹਾਂ ਕਿਹਾ ਕਿ ਭਾਜਪਾ ਲੀਡਰਸ਼ਿਪ ਨੂੰ ਦੀਨਾਨਗਰ ਦੇ ਲੋਕਾਂ ਸਾਹਮਣੇ ਉਨ੍ਹਾਂ 40 ਸਰਪੰਚਾਂ ਦੇ ਨਾਮ ਅਤੇ ਪਿੰਡਾਂ ਦੀ ਸੂਚੀ ਜਨਤਕ ਕਰਨੀ ਚਾਹੀਦੀ ਹੈ, ਨਹੀਂ ਤਾਂ ਆਪਣੀ ਝੂਠੀ ਸਿਆਸਤ ਲਈ ਜਨਤਾ ਤੋਂ ਮੁਆਫੀ ਮੰਗਣੀ ਚਾਹੀਦੀ ਹੈ।

ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਆਗੂ ਕਾਮਰੇਡ ਗੁਰਚਰਨ ਗਾਂਧੀ ਦਾ ਦੇਹਾਂਤ

ਧਾਰੀਵਾਲ/ਕਾਹਨੂੰਵਾਨ (ਮਨਦੀਪ ਵਿੱਕੀ) - ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੇ ਸੂਬਾ ਆਗੂ ਅਤੇ ਉੱਘੀ ਸਾਹਿਤਕ ਸ਼ਖ਼ਸੀਅਤ ਕਾਮਰੇਡ ਗੁਰਚਰਨ ਸਿੰਘ ਗਾਂਧੀ (76) ਦਾ ਸੰਖੇਪ ਬਿਮਾਰੀ ਕਾਰਨ ਲੰਘੇ ਕੱਲ੍ਹ ਦੇਰ ਸ਼ਾਮ ਨੂੰ ਦੇਹਾਂਤ ਹੋ ਗਿਆ। ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਕਾਹਨੂੰਵਾਨ ਦੇ ਨੇੜਲੇ ਪਿੰਡ ਕੋਟ ਖਾਨ ਮੁਹੰਮਦ ਦੇ ਰਹਿਣ ਵਾਲੇ ਗੁਰਚਰਨ ਸਿੰਘ ਗਾਂਧੀ ਸਾਹਿਤਕ ਮੈਗਜ਼ੀਨ 'ਸੂਹੀ ਸਵੇਰ' ਦੇ ਸੰਪਾਦਕ ਵੀ ਸਨ। ਉਨ੍ਹਾਂ ਦੇ ਅਚਾਨਕ ਚਲੇ ਜਾਣ ਨਾਲ ਪੂਰੇ ਇਲਾਕੇ ਅਤੇ ਰਾਜਨੀਤਕ ਤੇ ਸਾਹਿਤਕ ਹਲਕਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਉਨ੍ਹਾਂ ਦੇ ਸਪੁੱਤਰ ਰਜਿੰਦਰ ਸਿੰਘ ਗਾਂਧੀ ਨੇ ਦੱਸਿਆ ਕਿ ਉਨ੍ਹਾਂ ਪਿਤਾ ਕਾਮਰੇਡ ਗੁਰਚਰਨ ਸਿੰਘ ਗਾਂਧੀ ਦੀ ਅੰਤਿਮ ਇੱਛਾ ਅਨੁਸਾਰ, ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਖੋਜ ਕਾਰਜਾਂ ਲਈ ਦਾਨ ਕਰ ਦਿੱਤਾ ਗਿਆ ਹੈ।

ਕਾਮਰੇਡ ਗੁਰਚਰਨ ਸਿੰਘ ਗਾਂਧੀ ਇੱਕ ਪ੍ਰਤੀਬੱਧ ਇਨਕਲਾਬੀ ਵਿਚਾਰਧਾਰਾ ਦੇ ਮਾਲਕ ਸਨ, ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਲੋਕ ਹਿੱਤਾਂ ਅਤੇ ਮਜ਼ਦੂਰਾਂ-ਕਿਰਤੀਆਂ ਦੀ ਆਵਾਜ਼ ਬੁਲੰਦ ਕਰਨ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਦੇ ਚਲੇ ਜਾਣ ਨਾਲ ਪਾਰਟੀ, ਖੇਤਰ ਅਤੇ ਸਾਹਿਤਕ ਜਗਤ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੌਰਾਨ ਪਾਰਟੀ (ਸੀ ਪੀ ਆਈ) ਦੇ ਆਗੂਆਂ ਅਤੇ ਵਰਕਰਾਂ ਨੇ ਉਨ੍ਹਾਂ ਦੇ ਜੱਦੀ ਪਿੰਡ ਕੋਟ ਖਾਨ ਮੁਹੰਮਦ ਵਿਖੇ ਪਹੁੰਚ ਕੇ ਕਾਮਰੇਡ ਗਾਂਧੀ ਦੀ ਮ੍ਰਿਤਕ ਦੇਹ 'ਤੇ ਪਾਰਟੀ ਦਾ ਲਾਲ ਝੰਡਾ ਪਾ ਕੇ ਨਿੱਘੀ ਸ਼ਰਧਾਂਜਲੀ ਭੇਂਟ ਕੀਤੀ, ਜਿਸ ਤੋਂ ਬਾਅਦ ਮ੍ਰਿਤਕ ਦੇਹ ਨੂੰ ਖੋਜ ਕਾਰਜਾਂ ਲਈ ਸਤਿਕਾਰ ਸਹਿਤ ਅੰਮ੍ਰਿਤਸਰ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪ੍ਰਿੰਸੀਪਲ ਸੁਖਬੀਰ ਸਿੰਘ ਨੂਰ, ਕਾਮਰੇਡ ਜਰਨੈਲ ਸਿੰਘ ਸੰਧੂ, ਕਾਮਰੇਡ ਸੋਮਨਾਥ, ਕਾਮਰੇਡ ਕਿਸ਼ਨ ਚੰਦ ਬਲਵੰਡਾ, ਕਾਮਰੇਡ ਰਣਜੀਤ ਸਿੰਘ ਡੋਗਰਮਹੇਸ਼, ਕਾਮਰੇਡ ਸਵਿੰਦਰ ਸਿੰਘ ਵੜੈਚ, ਕਾਮਰੇਡ ਜਸਵੰਤ ਸਿੰਘ ਅਤੇ ਕਾਮਰੇਡ ਜਸਵੀਰ ਸਿੰਘ ਫੇਰੋਚੇਚੀ, ਕਾਮਰੇਡ ਜੋਗਾ ਸਿੰਘ ਬਲੱਗਣ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਸਾਥੀ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

2027 'ਚ ਪੰਜਾਬ 'ਚ ਕਾਂਗਰਸ ਦੀ ਸਰਕਾਰ ਬਣੇਗੀ : ਅਜਨਾਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਲੋਕਾਂ ਵਲੋਂ ਪਿਛਲੇ ਦੋ ਤਿੰਨ ਮਹੀਨਿਆਂ ਤੋਂ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਹੋਰਾਂ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕਰਨ ਦੇ ਰੁਝਾਨ ਤੋਂ ਸਪੱਸ਼ਟ ਹੈ ਕਿ 2027 ਵਿੱਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ।ਇਸ ਗੱਲ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਹਰਪ੍ਰਤਾਪ ਅਜਨਾਲਾ ਨੇ ਸੰਗਰੂਰ ਵਿਖੇ 4 ਨਵੰਬਰ ਨੂੰ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੀ ਪ੍ਰਧਾਨਗੀ ਹੇਠ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਸਬੰਧੀ ਐਮ ਆਰ ਪੈਲਸ ਅਜਨਾਲਾ ਵਿਖੇ ਕੀਤੀ ਗਈ ਭਰਵੀਂ ਮੀਟਿੰਗ ਸਮੇਂ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਮੀਟਿੰਗ ਸਮੇਂ ਐਸ ਆਈ ਆਰ ਅਧੀਨ ਕੱਟੀਆਂ ਗਈਆਂ ਵੋਟਾਂ ਅਤੇ 4 ਨਵੰਬਰ ਦੀ ਸੰਗਰੂਰ ਰੈਲੀ ਸੰਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕਰਨ ਦੇ ਨਾਲ ਨਾਲ ਕੱਟੀਆਂ ਵੋਟਾਂ ਬਣਾਉਣ ਅਤੇ 4 ਨਵੰਬਰ ਦੀ ਸੰਗਰੂਰ ਰੈਲੀ ਦੀਆਂ ਤਿਆਰੀਆਂ ਸੰਬੰਧੀ ਰੂਪ ਰੇਖਾ ਉਲੀਕੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਹਰਪ੍ਰਤਾਪ ਅਜਨਾਲਾ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਵਾਲੀ ਇਹ ਰੈਲੀ ਕਾਂਗਰਸੀ ਵਰਕਰਾਂ ਵਿੱਚ ਨਵਾਂ ਜੋਸ਼ ਭਰਨ ਦੇ ਨਾਲ-ਨਾਲ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਅਜਨਾਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਰਿਕਾਰਡ ਤੋੜ ਬਹੁਮਤ ਨਾਲ ਜਿੱਤ ਹਾਸਲ ਕਰਕੇ ਸਰਕਾਰ ਬਣਾਉਣਗੇ।ਇਸ ਸਮੇਂ ਭਲਾ ਪਿੰਡ ਦੇ ਸਾਬਕਾ ਸਰਪੰਚ ਸਕੱਤਰ ਸਿੰਘ, ਆੜ੍ਹਤੀ ਬਲਬੀਰ ਸਿੰਘ ਸਹਿਤ 100 ਵਿਅਕਤੀ ਆਮ ਆਦਮੀ ਪਾਰਟੀ ਨੂੰ ਛੱਡ ਕੇ ਕਾਂਗਰਸ ਵਿੱਚ ਸ਼ਾਮਿਲ ਹੋਏ। ਇਸ ਮੌਕੇ ਕੰਵਰਪ੍ਰਤਾਪ ਸਿੰਘ ਅਜਨਾਲਾ, ਸ਼ਹਿਰੀ ਪ੍ਰਧਾਨ ਦਵਿੰਦਰ ਸਿੰਘ ਡੈਮ, ਬਲਾਕ ਪ੍ਰਧਾਨ ਰਣਜੀਤ ਸਿੰਘ ਭੱਖਾ, ਸਾਬਕਾ ਚੇਅਰਮੈਨ ਦਿਲਬਾਗ ਸਿੰਘ ਫਿਰਵਰਾ, ਸਰਪੰਚ ਰਾਜਵਿੰਦਰ ਸਿੰਘ ਸੋਨਾ, ਪਰਸ਼ੋਤਮ ਸਿੰਘ ਬਾਠ, ਅਮਨਦੀਪ ਸਿੰਘ ਝੰਡੇਰ, ਬਲਾਕ ਪ੍ਰਧਾਨ ਅਰਵਿੰਦਰਪਾਲ ਸਿੰਘ ਜੈਂਟੀ, ਚੇਅਰਮੈਨ ਦਲਜੀਤ ਸਿੰਘ ਸੋਨੂ, ਚੇਅਰਮੈਨ ਹਰਪਾਲ ਸਿੰਘ ਖਾਨੋਵਾਲ, ਸਾਬਕਾ ਬਲਾਕ ਪ੍ਰਧਾਨ ਰਾਜਵੀਰ ਸਿੰਘ ਮੱਧੂਛਾਂਗਾ, ਸਾਬਕਾ ਯੂਥ ਪ੍ਰਧਾਨ ਮਨਪ੍ਰੀਤ ਸਿੰਘ ਸਾਰੰਗਦੇਵ, ਕਰਮਵੀਰ ਸਿੰਘ, ਮਨੀ ਆੜ੍ਹਤੀਆ, ਤਾਜ ਗਿੱਲ, ਸਤਨਾਮ ਸਿੰਘ ਲਸ਼ਕਰੀ ਨੰਗਲ, ਯੂਥ ਪ੍ਰਧਾਨ ਸਰਬਜੋਤ ਸਿੰਘ ਮਾਹਲ, ਯੂਥ ਪ੍ਰਧਾਨ ਮਨਬੀਰ ਸਿੰਘ ਸੰਸਰਾ, ਬਲਾਕ ਪ੍ਰਧਾਨ ਐਸ.ਸੀ. ਵਿੰਗ ਮਸਤਾਨ ਸਾਰੰਗਦੇਵ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

'ਤੂੰ ਬੁੱਲ੍ਹੇ ਵਾਂਗੂ ਬੋਲ' ਦਾ ਮੰਚਨ ਭਲਕੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਕਜੀਤ ਸਿੰਘ)-ਵਿਰਸਾ ਵਿਹਾਰ ਸੁਸਾਇਟੀ ਅੰਮ੍ਰਿਤਸਰ ਵੱਲੋਂ ਮੰਚ-ਰੰਗਮੰਚ ਅੰਮ੍ਰਿਤਸਰ ਦੇ ਸਹਿਯੋਗ ਨਾਲ ਪਿਛਲੀ ਦਿਨੀਂ ਵਿਛੋੜਾ ਦੇ ਗਏ ਵਿਰਸਾ ਵਿਹਾਰ ਦੇ ਫਾਊਂਡਰ ਮੈਂਬਰ ਤੇ ਸ਼੍ਰੋਮਣੀ ਕਵੀ ਅਜਾਇਬ ਸਿੰਘ ਹੁੰਦਲ ਨੂੰ ਸਮਰਪਤ ਪੰਜਾਬੀ ਨਾਟਕ 'ਤੂੰ ਬੁੱਲੇ ਵਾਂਗੂੰ ਬੋਲ' ਦਾ ਮੰਚਨ 31 ਅਕਤੂਬਰ ਸ਼ਾਮ 6 ਵਜੇ ਵਿਰਸਾ ਵਿਹਾਰ ਦੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਕੀਤਾ ਜਾਵੇਗਾ।

ਇਹ ਨਾਟਕ ਡਾ. ਸਵਰਾਜਬੀਰ ਦਾ ਲਿਖਿਆ ਅਤੇ ਕੇਵਲ ਧਾਲੀਵਾਲ ਦਾ ਡਿਜ਼ਾਇਨ ਤੇ ਨਿਰਦੇਸ਼ਤ ਕੀਤਾ ਹੈ।

ਇਹ ਜਾਣਕਾਰੀ ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ ਤੇ ਸਕੱਤਰ ਰਮੇਸ਼ ਯਾਦਵ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ। ਇਹ ਨਾਟਕ ਬਿਨਾਂ ਕਿਸੇ ਟਿਕਟ ਅਤੇ ਬਿਨਾਂ ਪਾਸ ਦੇ ਮੁਫ਼ਤ ਵਿਖਾਇਆ ਜਾਵੇਗਾ। ਸਮੂਹ ਲੇਖਕਾਂ, ਨਾਟ ਪ੍ਰੇਮੀਆਂ ਤੇ ਦਰਸ਼ਕਾਂ ਨੂੰ ਹਾਰਦਿਕ ਸੱਦਾ ਹੈ।

ਸੁਹਾਗਣਾਂ ਨੇ ਕਰਵਾ ਚੌਥ ਦਾ ਵਰਤ ਸ਼ਰਧਾ ਤੇ ਪ੍ਰੇਮ ਨਾਲ ਮਨਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਕਸਬਾ ਡੇਰਾ ਬਾਬਾ ਨਾਨਕ ਵਿੱਚ ਸੁਹਾਗਣਾਂ ਵੱਲੋਂ ਕਰਵਾ ਚੌਥ ਦਾ ਵਰਤ ਬੜੀ ਸ਼ਰਧਾ ਤੇ ਪ੍ਰੇਮ ਨਾਲ ਮਨਾਇਆ ਗਿਆ । ਸੁਹਾਗਣਾਂ ਵੱਲੋਂ ਸਵੇਰੇ ਤੜਕੇ 4 ਵਜੇ ਤੋਂ ਹੀ ਇਸ ਵਰਤ ਨੂੰ ਰੱਖਦਿਆਂ ਬੜੀ ਸ਼ਰਧਾ ਵਿਖਾਈ ਗਈ । ਇਸ ਮੌਕੇ ਗਲੀ ਹਾਂਡਿਆਂ ਵਾਲੀ ਅਤੇ ਗਲੀ ਸਰਾਫ਼ਾ ਵਾਲੀ ਦੀਆਂ ਸੁਹਾਗਣਾਂ ਤਿਆਰ ਹੋ ਕੇ ਇੱਕ ਜਗ੍ਹਾ ਬੈਠ ਗਈਆਂ, ਜਿੱਥੇ ਸੀਤਲਾ ਮਾਤਾ ਮੰਦਰ ਦੇ ਮੁੱਖ ਪੁਜਾਰੀ ਪੰਡਿਤ ਬੂਵਨ ਸ਼ਾਸਤਰੀ ਦੀ ਪਤਨੀ ਸੁਨੀਤਾ ਸ਼ਰਮਾ ਨੇ ਸੁਹਾਗਣਾਂ ਨੂੰ ਕਰਵਾ ਚੌਥ ਦੀ ਕਥਾ ਸੁਣਾਈ ।ਇਸ ਮੌਕੇ ਸੁਹਾਗਣਾਂ ਵੱਲੋਂ ਆਪਸੀ ਥਾਲੀਆਂ ਵਟਾ ਕੇ ਦੀਪਕ ਜਗਾ ਕੇ ਬੇਰੀ ਦੇ ਰੁੱਖ ਨੂੰ ਜਲ ਚੜ੍ਹਾਇਆ ਗਿਆ ਤੇ ਆਪਣੇ ਪਤੀ ਦੀ ਲੰਮੀ ਉਮਰ ਦੀ ਕਾਮਨਾ ਕਰਦਿਆਂ ਪੂਜਾ ਅਰਚਨਾ ਕੀਤੀ ਗਈ ।ਇਸ ਦਿਨ ਸੁਹਾਗਣਾਂ ਸੁੰਦਰ ਕੱਪੜੇ ਪਹਿਨਦੀਆਂ ਹਨ ਤੇ ਸ਼ਿੰਗਾਰ ਕਰਦੀਆਂ ਹਨ ਤੇ ਸਾਰਾ ਦਿਨ ਬਿਨਾਂ ਕੁਝ ਖਾਣ ਪੀਣ ਤੋਂ ਕਰਵਾ ਚੌਥ ਵਰਤ ਦੀ ਕਥਾ ਸੁਣਨ ਤੋਂ ਬਾਅਦ ਪੂਜਾ ਅਰਚਨਾ ਕਰਦੀਆਂ ਹਨ । ਰਾਤ ਨੂੰ ਸੁਹਾਗਣਾਂ ਚੰਦਰਮਾ ਨੂੰ ਅਰਗ ਦੇ ਕੇ ਆਪਣੇ ਪਤੀ ਦੀ ਆਰਤੀ ਕਰਦੀਆਂ ਹਨ, ਫਿਰ ਉਨ੍ਹਾਂ ਦੇ ਪਤੀ ਆਪਣੀ ਪਤਨੀ ਨੂੰ ਪਾਣੀ ਪਿਲਾ ਕੇ ਵਰਤ ਦੀ ਸਮਾਪਤੀ ਕਰਾਉਂਦੇ ਹਨ ਤੇ ਉਸ ਤੋਂ ਬਾਅਦ ਸੁਹਾਗਣਾਂ ਵੱਲੋਂ ਖਾਣਾ ਖਾਧਾ ਜਾਂਦਾ ਹੈ । ਇਸ ਮੌਕੇ ਰਜਨੀ ਵਰਮਾ, ਨੀਲਮ ਚੋਪੜਾ, ਰਾਧਿਕਾ ਘਈ, ਗੀਤੂ ਮਹਾਜਨ, ਸੋਨੂੰ, ਸ਼ਮ੍ਹਾਂ ਲੂਥਰਾ, ਪੂਨਮ ਲੂਥਰਾ, ਸਿਮਰਨ, ਈਸ਼ਾ, ਭੂਮੀ, ਮਮਤਾ ਸ਼ਰਮਾ, ਅੰਜੂ ਮਰਵਾਹਾ, ਨੀਲਮ ਬੇਦੀ, ਗੀਨਾ ਕੁਮਾਰੀ, ਬਬੀਤਾ ਕੁਮਾਰੀ, ਕਵਿਤਾ ਸ਼ਰਮਾ, ਜੋਤੀ ਬੇਦੀ, ਆਦਿ ਹਾਜ਼ਰ ਸਨ।

ਸੈਦਪੁਰ ਤੋਂ 82ਵੀਂ ਤੀਰਥ ਯਾਤਰਾ ਬੱਸ ਸੰਗਤ ਨੂੰ ਲੈ ਕੇ ਰਵਾਨਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਸੈਦਪੁਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕੇ ਦੀ 82ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਬੱਸ ਰਾਹੀਂ ਪਿੰਡ ਸੈਦਪੁਰ ਦੀ ਸੰਗਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰੇਗੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋਂ ਹੁਣ ਤੱਕ 82ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨੂੰ ਸੂਬੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਯਾਤਰੀ ਇਸ ਉਪਰਾਲੇ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਲਈ ਸੁਵਿਧਾਵਾਂ ਪ੍ਰਦਾਨ ਕਰਨ ਵਾਸਤੇ ਵਚਨਬੱਧ ਹੈ।ਇਸ ਮੌਕੇ ਬਲਵਿੰਦਰ ਕੌਰ, ਸਰਪੰਚ ਸਰਬਜੀਤ ਕੌਰ, ਚੇਅਰਮੈਨ ਲਖਵਿੰਦਰ ਸਿੰਘ ਉਸਮਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਲੋਕਤੰਤਰ ਬਚਾਓ, ਅਰਾਜਕਤਾ ਹਟਾਓ ਰੈਲੀ ਲੋਕਾਂ ਦੇ ਹੱਕਾਂ ਦੀ ਆਵਾਜ਼ : ਵਿਨੇ ਚੌਧਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਉਪ ਪ੍ਰਧਾਨ ਵਿਨੇ ਚੌਧਰੀ ਨੇ ਕਿਹਾ ਕਿ ਲੋਕਤੰਤਰ ਬਚਾਓ, ਅਰਾਜਕਤਾ ਹਟਾਓ ਰੈਲੀ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ, ਲੋਕਤੰਤਰੀ ਅਧਿਕਾਰਾਂ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਲੈ ਕੇ ਉੱਠ ਰਹੇ ਸਵਾਲਾਂ ਨੂੰ ਬੁਲੰਦ ਕਰਨ ਦਾ ਇੱਕ ਮਹੱਤਵਪੂਰਨ ਮੰਚ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਿਹਤਰ ਬਣਾਉਣ, ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਕਿਸਾਨਾਂ ਤੇ ਵਪਾਰੀਆਂ ਦੀਆਂ ਮੁਸ਼ਕਲਾਂ ਦੂਰ ਕਰਨ ਲਈ ਹੁਣ ਤੱਕ ਕਿਹੜੇ ਠੋਸ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਵਿੱਚ ਲੋਕਤੰਤਰੀ ਜਾਗਰੂਕਤਾ ਵਧਾਉਣ ਅਤੇ ਸਰਕਾਰ ਤੋਂ ਲੋਕਹਿੱਤ ਦੇ ਮੁੱਦਿਆਂ 'ਤੇ ਜਵਾਬ ਮੰਗਣ ਦਾ ਇੱਕ ਸ਼ਾਂਤੀਪੂਰਨ ਉਪਰਾਲਾ ਹੈ।

ਸਵਦੇਸ਼ੀ ਦੀਵਾਲੀ ਮੇਲਾ ਸ਼ੁਰੂ

ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਦੀ ਧਰਤੀ 'ਤੇ ਪਹਿਲੀ ਵਾਰ ਹੋਣ ਜਾ ਰਹੇ 'ਸਵਦੇਸ਼ੀ ਦੀਵਾਲੀ ਮੇਲੇ' ਦਾ ਉਦਘਾਟਨ ਰਾਜ ਸਭਾ ਮੈਂਬਰ ਤਰੁਣ ਚੁੱਘ, ਸਵਦੇਸ਼ੀ ਜਾਗਰਣ ਮੰਚ ਦੇ ਅਖਿਲ ਭਾਰਤੀ ਪ੍ਰਬੰਧਕ ਕਸ਼ਮੀਰੀ ਲਾਲ, ਖੇਤਰੀ ਪ੍ਰਬੰਧਕ ਵਿਨੈ, ਰਾਸ਼ਟਰੀ ਟਰੇਡਰ ਵੈਲਫੇਅਰ ਬੋਰਡ ਦੇ ਚੇਅਰਮੈਨ ਸੁਨੀਲ ਸਿੰਘ ਸਿੰਘੀ, ਸਵਦੇਸ਼ੀ ਜਾਗਰਣ ਮੰਚ ਪੰਜਾਬ ਦੀ ਕਨਵੀਨਰ ਡਾ. ਨੇਹਾ ਤੇਜਪਾਲ, ਮੇਲਾ ਸਰਪ੍ਰਸਤ ਰਾਜੀਵ ਅਨੇਜਾ, ਮੇਲਾ ਪ੍ਰਮੁੱਖ ਰਾਜਿੰਦਰ ਮਰਵਾਹਾ ਵੱਲੋਂ ਕੀਤਾ ਗਿਆ। ਇਹ ਮੇਲਾ 7 ਨਵੰਬਰ ਤਕ ਚੱਲੇਗਾ। ਇਸ ਮੌਕੇ ਸਵਦੇਸ਼ੀ ਜਾਗਰਣ ਮੰਚ ਦੇ ਅਖਿਲ ਭਾਰਤੀ ਪ੍ਰਬੰਧਕ ਕਸ਼ਮੀਰੀ ਲਾਲ ਨੇ ਕਿਹਾ ਕਿ ਭਾਰਤ ਵਿਚ ਐਲਨ ਮਸਕ ਦੀ ਸਟਾਰਲਿੰਕ ਕੰਪਨੀ ਨੂੰ ਨਹੀਂ ਆਉਣਾ ਚਾਹੀਦਾ। ਉਨ੍ਹਾਂ ਕਿਹਾ ਕਿ ਬਾਪੂ ਗਾਂਧੀ ਦੇ ਚਰਖੇ ਤੋਂ ਲੈ ਕੇ ਚੰਦਰਯਾਨ ਦੀ ਕਹਾਣੀ ਸਵਦੇਸ਼ੀ ਦੀ ਹੀ ਤਾਕਤ ਹੈ। ਇਸ ਤੋਂ ਪਹਿਲਾਂ ਤਰੁਣ ਚੁੱਘ ਨੇ ਕਿਹਾ ਕਿ ਸਵਦੇਸ਼ੀ ਦੀਵਾਲੀ ਮੇਲੇ ਵਿਚ ਸਾਰੇ ਅੰਮ੍ਰਿਤਸਰ ਸ਼ਹਿਰ ਵਾਸੀਆਂ ਨੂੰ ਹਿੱਸਾ ਲੈਣਾ ਚਾਹੀਦਾ ਹੈ, ਜਿਸ ਨਾਲ ਦੇਸ਼ ਵਿਚ ਬਣੀਆਂ ਹੋਈਆਂ ਵਸਤੂਆਂ ਦਾ ਉਤਪਾਦਨ, ਵਿਕਰੀ ਤੇ ਗਲੋਬਲ (ਵਿਸ਼ਵ) ਪੱਧਰ 'ਤੇ ਦੇਸ਼ ਤਰੱਕੀ ਕਰੇਗਾ। ਇਸ ਮੌਕੇ ਰਾਮ ਗੋਪਾਲ, ਸੀ.ਏ. ਭਾਵੇਸ਼ ਮਹਾਜਨ, ਸੀ.ਏ. ਅਮਿਤ ਹਾਂਡਾ, ਬਖਸ਼ੀ ਰਾਮ ਅਰੋੜਾ, ਕੌਂਸਲਰ ਸ਼ਰੁਤੀ ਵਿਜ, ਪਰਮਜੀਤ ਬੱਤਰਾ, ਕੌਂਸਲਰ ਕ੍ਰਿਤੀ ਅਰੋੜਾ, ਕੌਂਸਲਰ ਅਮਨ ਐਰੀ, ਕੁਮਾਰ ਅਮਿਤ, ਸੁਖਮਿੰਦਰ ਸਿੰਘ ਪਿੰਟੂ ਆਦਿ ਹਾਜ਼ਰ ਸਨ।

ਡੇਅਰੀ ਉਦਮ ਸਿਖਲਾਈ ਕੋਰਸ 10 ਤੋਂ

ਗੁਰਦਾਸਪੁਰ (ਜਨਕ ਮਹਾਜਨ)-ਗੁਰਚਰਨ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ 4 ਹਫਤੇ ਦਾ ਡੇਅਰੀ ਉਦਮ ਸਿਖਲਾਈ ਕੋਰਸ 10 ਨਵੰਬਰ ਤੋਂ 11 ਦਸੰਬਰ (ਚਾਰ ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10 ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸੰਬੰਧਤ ਹੋਣ ਅਤੇ ਪਹਿਲਾਂ ਘੱਟੋ-ਘੱਟ 5 ਪਸ਼ੂ ਰੱਖੇ ਹੋਣ, ਸਿਖਲਾਈ ਵਿਚ ਭਾਗ ਲੈ ਸਕਦੇ ਹਨ । ਇਹ ਜਾਣਕਾਰੀ ਡੇਅਰੀ ਵਿਕਾਸ ਇੰਸਪੈਕਟਰ ਗੁਰਦਾਸਪੁਰ ਨੇ ਦਿੱਤੀ ।ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਕੋਰਸ ਵਿਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਰਾਂ ਵੱਲੋਂ ਪਸ਼ੂਆਂ ਦੀ ਸਾਂਭ-ਸੰਭਾਲ, ਵੱਖ-ਵੱਖ ਬਿਮਾਰੀਆਂ, ਮਸਨੂਈ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ । ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦਾ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ । ਉਨ੍ਹਾਂ ਦੱਸਿਆ ਕਿ ਸਿਖਲਾਈ ਕੋਰਸ ਲਈ ਚਾਹਵਾਨ ਫਾਰਮਰਜ਼ 4 ਨਵੰਬਰ ਤੱਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਿਖੇ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ ।

ਮੁਕਾਬਲਿਆਂ 'ਚ ਹਾਵਰਡ ਲੇਨ ਸੀਨੀਅਰ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਝਬਾਲ : (ਹਰਜਿੰਦਰ ਸਿੰਘ ਸੋਨੀ) ਹਾਵਰਡ ਲੇਨ ਸੀਨੀਅਰ ਸਕੂਲ ਠੱਠਾ (ਝਬਾਲ) ਦੇ ਵਿਦਿਆਰਥੀਆਂ ਨੇ ਬਾਬਾ ਬੁੱਢਾ ਸਾਹਿਬ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀੜ ਬਾਬਾ ਬੁੱਢਾ ਸਾਹਿਬ ਦੇ ਮੀਰੀ-ਪੀਰੀ ਹਾਲ ਵਿਖੇ ਕਰਵਾਏ ਗਏ ਦਸਤਾਰ ਸਜਾਵਟ ਅਤੇ ਸਵਾਲ-ਜਵਾਬ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ, ਸਿੱਖ ਇਤਿਹਾਸ ਪ੍ਰਤੀ ਰੁਚੀ ਅਤੇ ਸਿੱਖ ਵਿਰਸੇ ਨਾਲ ਜੁੜੇ ਹੋਣ ਦਾ ਸਬੂਤ ਦਿੱਤਾ।

ਦਸਤਾਰ ਸਜਾਵਟ ਮੁਕਾਬਲੇ ਵਿੱਚ ਦਸਵੀਂ ਜਮਾਤ ਦੇ ਵਿਦਿਆਰਥੀ ਮਨਤਾਜ ਸਿੰਘ ਨੇ ਪਹਿਲਾ ਸਥਾਨ, ਸ਼ਿਵਰਾਜ ਸਿੰਘ ਨੇ ਦੂਜਾ ਸਥਾਨ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀ ਰਣਵੀਰ ਸਿੰਘ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।

ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਸਕੂਲ ਦੀ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਸਾਹਿਬ ਵੱਲੋਂ ਵਿਦਿਆਰਥੀਆਂ ਨੂੰ ਉਹਨਾਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਅੱਗੇ ਹੋਰ ਵਧੀਆ ਕਰਨ ਦੀ ਪ੍ਰੇਰਨਾ ਦਿੱਤੀ।

ਧਾਰਮਿਕ ਮੁਕਾਬਲੇ ਚੜ੍ਹਦੀ ਕਲਾ ਨਾਲ ਸੰਪਨ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ ਰਜਿ. ਪੰਜਾਬ ਵੱਲੋਂ ਗੁਰੂ ਪਾਤਸ਼ਾਹ ਜੀ ਦੇ ਆਗਿਆਕਾਰੀ ਗੁਰਸਿੱਖ ਬਾਬਾ ਬਿਧੀ ਚੰਦ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਗੁਰਦੁਆਰਾ ਭੱਠ ਸਾਹਿਬ ਪੱਟੀ ਵਿਖੇ ਸਥਿਤ ਦੀਵਾਨ ਹਾਲ ਵਿੱਚ ਬਾਬਾ ਅਵਤਾਰ ਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ, ਬਾਬਾ ਯਾਦਵਿੰਦਰ ਸਿੰਘ ਦੇ ਸਹਿਯੋਗ ਸਦਕਾ ਬੱਚਿਆਂ ਦੇ ਧਾਰਮਿਕ ਮੁਕਾਬਲੇ ਦਸਤਾਰ ਦੁਮਾਲਾ ਕੈਲੀਗ੍ਰਾਫੀ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਮਲੀਨੀਅਨ ਪਬਲਿਕ ਸਕੂਲ, ਬਾਬਾ ਬਸਤਾ ਸਿੰਘ ਸੀਨੀਅਰ ਸੈਕੰਡਰੀ ਸਕੂਲ ਕੈਰੋਂ, ਬੀਬੀ ਚਰਨਜੀਤ ਕੌਰ ਕਾਨਵੈਂਟ ਸਕੂਲ ਨੰਦਪੁਰ, ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਬੀਬੀ ਰਜਨੀ ਸੀਨੀਅਰ ਸੈਕੰਡਰੀ ਸਕੂਲ, ਸਕੂਲ ਆਫ ਐਮੀਨਸ, ਸ੍ਰੀ ਗੰਡੂ ਮੱਲ ਸੀਨੀਅਰ ਸੈਕੰਡਰੀ ਕੰਨਿਆ ਸਕੂਲ, ਆਰੀਆ ਗਰਲਜ ਸਕੂਲ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਦੂਨ ਪਬਲਿਕ ਸਕੂਲ ਪੱਟੀ ਦੇ ਤਕਰੀਬਨ 300 ਬੱਚਿਆਂ ਨੇ ਭਾਗ ਲਿਆ। ਦਸਤਾਰ ਦੁਮਾਲਾ ਮੁਕਾਬਲੇ ਦੇ ਜੇਤੂ ਬੱਚਿਆਂ ਨੂੰ ਦਸਤਾਰਾਂ ਅਤੇ ਕੱਪਾਂ ਨਾਲ, ਕੈਲੀਗ੍ਰਾਫੀ ਅਤੇ ਪੇਂਟਿੰਗ ਮੁਕਾਬਲੇ ਦੇ ਜੇਤੂ ਬੱਚਿਆਂ ਨੂੰ ਸ਼ੀਲਡਾਂ ਨਾਲ ਸਨਮਾਨਿਤ ਕੀਤਾ ਗਿਆ।ਮੁਕਾਬਲੇ ਵਿੱਚ ਸੋਸਾਇਟੀ ਵੱਲੋਂ ਉਚੇਚੇ ਤੌਰ 'ਤੇ ਪਹੁੰਚੇ ਭਾਈ ਜਗਜੀਤ ਸਿੰਘ ਅਹਿਮਦਪੁਰ, ਭਾਈ ਅਮਨਦੀਪ ਸਿੰਘ ਸਭਰਾ, ਭਾਈ ਹਰਚਰਨ ਸਿੰਘ ਉਬੋਕੇ, ਭਾਈ ਹਰਪ੍ਰੀਤ ਸਿੰਘ, ਭਾਈ ਆਕਾਸ਼ਦੀਪ ਸਿੰਘ ਨੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਬਾਬਾ ਬਿਧੀ ਚੰਦ ਜੀ ਗੁਰੂ ਜੀ ਦੀ ਸ਼ਰਨ ਵਿੱਚ ਆਉਣ ਤੋਂ ਪਹਿਲਾਂ ਸਮਾਜਿਕ ਕੁਰੀਤੀਆਂ ਵਿੱਚ ਬੁਰੀ ਤਰ੍ਹਾਂ ਫਸ ਚੁੱਕੇ ਸਨ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਅਵਤਾਰ ਸਿੰਘ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਵੱਲੋਂ ਨੌਜਵਾਨਾਂ ਨੂੰ ਬਾਬਾ ਬਿਧੀ ਚੰਦ ਜੀ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਆਪਣੇ ਜੀਵਨ ਨੂੰ ਗੁਰੂ ਅਨੁਸਾਰੀ ਬਣਾਉਣ ਦੀ ਪ੍ਰੇਰਨਾ ਦਿੱਤੀ।

ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਨੇ ਅੱਜ ਦੇ ਧਾਰਮਿਕ ਮੁਕਾਬਲਿਆਂ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਕਰਨ ਵਾਲੇ ਅਧਿਆਪਕ ਸਾਹਿਬਾਨ ਅਤੇ ਪ੍ਰਬੰਧਕ ਜਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹੋ ਜਿਹੇ ਕਾਰਜ ਸੰਗਤਾਂ ਦੇ ਸਹਿਯੋਗ ਨਾਲ ਹੀ ਸਫਲ ਹੁੰਦੇ ਹਨ। ਸਕੂਲ ਦੇ ਅਧਿਆਪਕ ਸਾਹਿਬਾਨ ਦਾ ਗੁਰੂ ਦੀ ਬਖਸ਼ਿਸ਼ ਸਿਰਪਾਓ ਅਤੇ ਸ਼ੀਲਡਾਂ ਦੀ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਸ਼ਰਾਬ ਤਿਆਰ ਕਰਨ ਵਾਲੇ ਕੈਮੀਕਲ ਸਮੇਤ ਦੋ ਕਾਬੂ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਅੰਮ੍ਰਿਤਸਰ ਦਿਹਾਤੀ ਪੁਲਸ ਨੇ ਜ਼ਹਿਰੀਲੀ ਸ਼ਰਾਬ ਤਿਆਰ ਕਰਨ ਵਾਲੇ ਗਰੋਹ ਦੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 30 ਲੱਖ ਬੂੰਦਾਂ (ਐਮ.ਐਲ.) ਈਥੇਨੋਲ ਕੈਮੀਕਲ ਬਰਾਮਦ ਕੀਤਾ ਹੈ।

ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐਸ.ਐਸ.ਪੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਬੁੱਧਵਾਰ ਰਾਤ ਥਾਣਾ ਬਿਆਸ ਦੀ ਪੁਲਸ ਨੂੰ ਇਤਲਾਹ ਮਿਲੀ ਸੀ ਕਿ ਜਲੰਧਰ ਤੋਂ ਅੰਮ੍ਰਿਤਸਰ ਆ ਰਹੇ ਟਰੱਕ ਵਿਚ ਭਾਰੀ ਮਾਤਰਾ ਵਿਚ ਈਥੇਨੋਲ ਕੈਮੀਕਲ ਦੀ ਤਸਕਰੀ ਹੋ ਰਹੀ ਹੈ। ਇਸ 'ਤੇ ਥਾਣਾ ਬਿਆਸ ਦੀ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਉਕਤ ਟਰੱਕ ਨੂੰ ਰੋਕ ਕੇ ਚੈਕਿੰਗ ਕਰਨ 'ਤੇ ਉਸ 'ਚੋਂ ਪਲਾਸਟਿਕ ਦੇ 88 ਕੈਨ ਬਰਾਮਦ ਕੀਤੇ। ਹਰ ਇਕ ਕੈਨ ਵਿਚ 35 ਲੀਟਰ ਈਥੇਨੋਲ ਕੈਮੀਕਲ ਸੀ। ਇਸ ਤਰ੍ਹਾਂ ਟਰੱਕ ਵਿਚੋਂ ਕੁੱਲ 30,80,000 ਬੂੰਦਾਂ ਈਥੇਨੋਲ ਕੈਮੀਕਲ ਬਰਾਮਦ ਕੀਤਾ ਗਿਆ। ਇਸ 'ਤੇ ਟਰੱਕ ਵਿਚ ਸਵਾਰ ਰਾਜਵਿੰਦਰ ਸਿੰਘ ਵਾਸੀ ਪਿੰਡ ਮੱਤੇਵਾਲ ਤੇ ਉਸ ਦੇ ਸਹਾਇਕ ਨਾਬਾਲਗ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਕੈਮੀਕਲ ਨਾਲ ਤਿਓਹਾਰਾਂ ਦੇ ਸਮੇਂ ਵਿਚ ਜ਼ਹਿਰੀਲੀ ਸ਼ਰਾਬ ਤਿਆਰ ਕੀਤੀ ਜਾਣੀ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਵਿਰੁੱਧ ਥਾਣਾ ਬਿਆਸ ਵਿਚ ਮਾਮਲਾ ਦਰਜ ਕਰ ਲਿਆ ਗਿਆ ਹੈ।

ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਵਿਖੇ ਕਾਮਰਸ ਕੁਇਜ਼ ਮੁਕਾਬਲਾ ਕਰਵਾਇਆ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਸਕੂਲ, ਮਹਿਤਾ ਵਿਖੇ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਅਤੇ ਉਨ੍ਹਾਂ ਦੀ ਬੌਧਿਕ ਯੋਗਤਾ ਨੂੰ ਨਿਖਾਰਨ ਦੇ ਉਦੇਸ਼ ਨਾਲ ਕੁਇਜ਼ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਦੌਰਾਨ ਟੀਮ ਡੀ ਨੇ ਪਹਿਲਾ ਸਥਾਨ ਹਾਸਲ ਕੀਤਾ, ਜਿਸ ਵਿੱਚ ਦੀਪ ਰਾਜ ਸਿੰਘ, ਹਰਜੋਤ ਸਿੰਘ ਅਤੇ ਅਨਮੋਲ ਸਿੰਘ ਸ਼ਾਮਲ ਸਨ। ਟੀਮ ਈ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਿਸ ਵਿੱਚ ਗੁਰਸੇਵਕ ਸਿੰਘ, ਸੁਖਮਨਦੀਪ ਸਿੰਘ ਅਤੇ ਗੁਰਚਰਨ ਸਿੰਘ ਸ਼ਾਮਲ ਸਨ। ਇਸੇ ਤਰ੍ਹਾਂ ਟੀਮ ਬੀ ਨੇ ਤੀਜਾ ਸਥਾਨ ਹਾਸਲ ਕੀਤਾ, ਜਿਸ ਵਿੱਚ ਅਭਿਜੋਤ ਕੌਰ, ਰਾਜਨਦੀਪ ਕੌਰ ਅਤੇ ਰਾਜਪ੍ਰੀਤ ਕੌਰ ਸ਼ਾਮਲ ਸਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਾਮਰਸ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਵਿੱਦਿਅਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਮੈਡਮ ਕੁਲਦੀਪ ਕੌਰ, ਸੁਖਦੇਵ ਸਿੰਘ, ਅਤੇ ਕਾਮਰਸ ਵਿਭਾਗ ਦੇ ਮੈਂਬਰ ਮਹਿਕਪ੍ਰੀਤ ਕੌਰ, ਜੈਸਮੀਨ ਕੌਰ, ਦਮਨਪ੍ਰੀਤ ਕੌਰ, ਗੁਰਸ਼ਰਨਪ੍ਰੀਤ ਕੌਰ, ਆਦਿ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ।

ਜ਼ਿਲ੍ਹੇ ਅੰਦਰ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਪਿੰਡ ਪੱਧਰੀ ਮੁਹਿੰਮ ਵਿੱਢੀ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਪਿੰਡ ਪੱਧਰ ਤੱਕ ਮੁਹਿੰਮ ਵਿੱਢੀ ਗਈ ਹੈ, ਜਿਸ ਦੇ ਚੱਲਦਿਆਂ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਵੱਲੋਂ ਝੋਨੇ ਦੀ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਜਾ ਰਹੀ ਹੈ।ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਗੁਰਦਾਸਪੁਰ ਡਾ. ਸ਼ਹਿਬਾਜ ਸਿੰਘ ਚੀਮਾ ਨੇ ਦੱਸਿਆ ਕਿ ਪਿੰਡਾਂ ਵਿਚ ਕੀਤੀਆਂ ਜਾ ਰਹੀਆਂ ਮੀਟਿੰਗਾਂ ਤਹਿਤ ਬਲਾਕ ਕਾਹਨੂੰਵਾਨ ਦੇ ਪਿੰਡ ਨੂਨ ਵਿਖੇ ਕਿਸਾਨਾਂ ਨੂੰ ਮਿਲ ਕੇ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਗਈ ਅਤੇ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਪ੍ਰੇਰਿਤ ਕੀਤਾ ਗਿਆ । ਇਸ ਮੌਕੇ ਕਲੱਸਟਰ ਇੰਚਾਰਜ ਯਸ਼ਪਾਲ ਵੀ ਮੌਜੂਦ ਸਨ । ਇਸ ਮੌਕੇ ਕਿਸਾਨਾਂ ਨੂੰ ਦੱਸਿਆ ਗਿਆ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਵਿਗਿਆਨਕ ਤਰੀਕਿਆਂ ਨਾਲ ਖੇਤਾਂ ਵਿਚ ਹੀ ਇਸ ਦਾ ਪ੍ਰਬੰਧਨ ਕਰਨ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ, ਮਿੱਟੀ ਵਿਚ ਜੈਵਿਕ ਪਦਾਰਥਾਂ ਦੀ ਮਾਤਰਾ ਵਧਦੀ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ । ਇਸ ਤੋਂ ਇਲਾਵਾ ਮਿੱਟੀ ਵਿਚ ਪੌਸ਼ਟਿਕ ਤੱਤਾਂ ਦੀ ਉਪਲਬਧਤਾ ਵਧਣ ਨਾਲ ਰਸਾਇਣਕ ਖਾਦਾਂ ਦੀ ਲੋੜ ਘਟਾਉਣ ਅਤੇ ਫ਼ਸਲਾਂ ਦਾ ਝਾੜ ਵਧਾਉਣ ਵਿਚ ਵੀ ਮਦਦ ਮਿਲਦੀ ਹੈ । ਉਨ੍ਹਾਂ ਨੇ ਕਿਸਾਨਾਂ ਅਤੇ ਪਿੰਡਾਂ ਦੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਪ੍ਰਬੰਧਨ ਸਬੰਧੀ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐਨ.ਜੀ.ਟੀ) ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣ ।

ਰਿਵਾਈਵਿੰਗ ਗ੍ਰੀਨ ਰੈਵੋਲਿਊਸ਼ਨ ਸੈੱਲ ਨੇ ਸਰਵਿਸ ਪ੍ਰੋਵਾਈਡਰਾਂ ਦੀ ਟਰੇਨਿੰਗ ਕਰਵਾਈ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਰਿਵਾਈਵਿੰਗ ਗ੍ਰੀਨ ਰੈਵੋਲਿਊਸ਼ਨ ਸੈੱਲ (ਆਰਜੀਆਰ ਸੈਲ) ਵੱਲੋਂ ਕਾਰਜਕਾਰੀ ਡਾਇਰੈਕਟਰ ਡਾਕਟਰ ਬਲਜਿੰਦਰ ਸਿੰਘ ਸੈਣੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਬਲਾਕ ਖੇਤੀਬਾੜੀ ਦਫ਼ਤਰ ਅਜਨਾਲਾ ਦੇ ਸਹਿਯੋਗ ਨਾਲ ਪਾਣੀ ਦੀ ਬੱਚਤ ਅਤੇ ਪਰਾਲੀ ਦਾ ਸੁਚੱਜਾ ਪ੍ਰਬੰਧਨ ਪ੍ਰੋਜੈਕਟ ਤਹਿਤ ਸਰਵਿਸ ਪ੍ਰੋਵਾਈਡਰਾਂ ਲਈ ਟਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸ ਟਰੇਨਿੰਗ ਦਾ ਮੁੱਖ ਉਦੇਸ਼ ਸਰਵਿਸ ਪ੍ਰੋਵਾਈਡਰਾਂ ਨੂੰ ਖੇਤੀਬਾੜੀ ਦੀਆਂ ਆਧੁਨਿਕ ਤਕਨੀਕਾਂ, ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਪਾਣੀ ਦੀ ਸੰਭਾਲ ਸਬੰਧੀ ਜਾਗਰੂਕ ਕਰਨਾ ਸੀ।ਇਸ ਮੌਕੇ ਆਰਜੀਆਰ ਸੈਲ ਦੇ ਜ਼ਿਲ੍ਹਾ ਮੈਨੇਜਰ ਜੋਧਬੀਰ ਸਿੰਘ ਨੇ ਪ੍ਰੋਜੈਕਟ ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਪਾਣੀ ਦੀ ਬੱਚਤ ਕਰਨ, ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੁਚੱਜੇ ਢੰਗ ਨਾਲ ਸੰਭਾਲਣ ਅਤੇ ਖੇਤੀਬਾੜੀ ਦੇ ਸਰੋਤਾਂ ਦੀ ਕੁਸ਼ਲ ਵਰਤੋਂ ਕਰਨ ਲਈ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਸਰਵਿਸ ਪ੍ਰੋਵਾਈਡਰ ਆਧੁਨਿਕ ਖੇਤੀ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਟਰੇਨਿੰਗ ਦੌਰਾਨ ਖੇਤੀਬਾੜੀ ਅਫ਼ਸਰ ਡਾ. ਅਜਮੇਰ ਸਿੰਘ ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਵੱਖ-ਵੱਖ ਖੇਤੀਬਾੜੀ ਮਸ਼ੀਨਾਂ ਅਤੇ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਖੇਤੀਬਾੜੀ ਅਫ਼ਸਰ ਡਾ. ਗੁਰਿੰਦਰ ਸਿੰਘ ਨੇ ਕਣਕ ਦੀਆਂ ਵੱਖ-ਵੱਖ ਕਿਸਮਾਂ ਅਤੇ ਉਨ੍ਹਾਂ ਦੀ ਕਾਸ਼ਤ ਸਬੰਧੀ ਮਹੱਤਵਪੂਰਨ ਨੁਕਤਿਆਂ ਬਾਰੇ ਜਾਣੂ ਕਰਵਾਇਆ।ਇਸੇ ਤਰ੍ਹਾਂ ਫੀਲਡ ਅਫ਼ਸਰ ਸ੍ਰੀ ਹਰਮਨਪ੍ਰੀਤ ਸਿੰਘ ਨੇ ਬੀਜ ਸੋਧ ਦੀ ਮਹੱਤਤਾ, ਇਸ ਦੇ ਲਾਭਾਂ ਅਤੇ ਫ਼ਸਲਾਂ ਨੂੰ ਸ਼ੁਰੂਆਤੀ ਬਿਮਾਰੀਆਂ ਤੋਂ ਬਚਾਉਣ ਵਿੱਚ ਇਸ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਬਲਾਕ ਖੇਤੀਬਾੜੀ ਅਫ਼ਸਰ ਡਾ. ਗੁਰਜੋਧ ਸਿੰਘ ਨੇ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਖੇਤੀਬਾੜੀ ਸਕੀਮਾਂ ਬਾਰੇ ਚਾਨਣਾ ਪਾਇਆ ਅਤੇ ਸਰਵਿਸ ਪ੍ਰੋਵਾਈਡਰਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਕਿਸਾਨਾਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਸਰਵਿਸ ਪ੍ਰੋਵਾਈਡਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਾਣੀ ਦੀ ਸੰਭਾਲ, ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਣਾਉਣ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕਰਨ ਅਤੇ ਪੰਜਾਬ ਦੀ ਖੇਤੀ ਨੂੰ ਵਾਤਾਵਰਣ-ਅਨੁਕੂਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

ਸੂਬਾ ਪੱਧਰੀ ਪੈਨਸ਼ਨਰ ਦਿਹਾੜਾ 17 ਦਸੰਬਰ ਨੂੰ

ਜਲੰਧਰ/ਮਹਿਟੀਆਣਾ (ਰਾਜੇਸ਼ ਥਾਪਾ/ਜਗਤਾਰ ਸਿੰਘ ਭੁੰਗਰਨੀ) ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਮਹੀਨਾਵਾਰ ਮੀਟਿੰਗ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਦਿਨੀਂ ਮਾਨਸਾ ਵਿਖੇ ਨਸ਼ਿਆਂ ਦੇ ਖਿਲਾਫ ਲੜਾਈ ਲੜਦੇ ਹੋਏ ਆਪਣੀ ਜਾਨ ਕੁਰਬਾਨ ਕਰਨ ਵਾਲੇ ਸ਼ਹੀਦ ਪਰਵਿੰਦਰ ਸਿੰਘ ਝੋਟਾ ਅਤੇ ਹੋਰ ਵੱਖ ਵੱਖ ਵਿਅਕਤੀਆਂ ਦੇ ਸਦੀਵੀ ਵਿਛੋੜਾ ਦੇ ਜਾਣ ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾ ਚੇਅਰਮੈਨ ਕਾਮਰੇਡ ਗੁਰਦੀਪ ਸਿੰਘ ਮੋਤੀ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ,ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ,ਸੂਬਾਈ ਸੀਨੀਅਰ ਮੀਤ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ, ਸਵਰਨ ਸਿੰਘ ਹਠੂਰ, ਅਵਤਾਰ ਸਿੰਘ ਤਾਰੀ, ਡਾਕਟਰ ਦਰਸ਼ਨ ਸਿੰਘ ਚੀਮਾ ਕਾਲਾ ਅਫਗਾਨਾ, ਕੁਲਵੰਤ ਸਿੰਘ ਚਾਨੀ, ਪ੍ਰਿਤਪਾਲ ਸਿੰਘ ਪੰਡੋਰੀ, ਸਵਰਨ ਸਿੰਘ ਤਰਨ ਤਾਰਨ, ਅੰਗਰੇਜ਼ ਸਿੰਘ ਸ੍ਰੀ ਮੁਕਤਸਰ ਸਾਹਿਬ, ਅਮਰੀਕ ਸਿੰਘ ਬਟਾਲਾ, ਪ੍ਰੇਮ ਕੁਮਾਰ ਨਵਾਂ ਸ਼ਹਿਰ, ਵਿਜੇ ਕੁਮਾਰ ਸ਼ਰਮਾ ਜਲੰਧਰ , ਬਲਰਾਜ ਸਿੰਘ ਭੰਗੂ ਅੰਮ੍ਰਿਤਸਰ, ਕੁਲਵੰਤ ਸਿੰਘ ਘੁੱਕੇਵਾਲੀ, ਬਲਵੰਤ ਸਿੰਘ ਸੰਧੂ ਫਿਰੋਜ਼ਪੁਰ , ਮਾਸਿਕ ਵੈਂਟਨਰੀ ਰਸਾਲੇ ਦੇ ਸੰਪਾਦਕ ਬਿਹਾਰੀ ਲਾਲ ਛਾਬੜਾ, ਮਹਿੰਦਰ ਸਿੰਘ ਰੋਪੜ ਤੇ

ਬਚਿੱਤਰ ਸਿੰਘ ਧੋਥੜ ਮੋਗਾ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਪਿਛਲੇ ਸਮੇਂ ਦੌਰਾਨ ਹੋਏ ਵੱਖ ਵੱਖ ਐਕਸ਼ਨਾਂ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਕੀਤੀ ਗਈ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕਰਦੇ ਹੋਏ ਸਰਕਾਰ ਤੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਡੀ ਏ ਦੀਆਂ ਸਾਰੀਆਂ ਕਿਸ਼ਤਾਂ ਦੇਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਤੋਂ ਲਗਾਤਾਰ ਟਾਲ ਮਟੋਲ ਕੀਤੀ ਜਾ ਰਹੀ ਹੈ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਤੋਂ ਵੀ ਸਰਕਾਰ ਮੁਨਕਰ ਹੋ ਗਈ ਹੈ। ਸਰਕਾਰ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਵਿਰੁੱਧ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਝੂਠੇ ਹਲਫੀਆ ਬਿਆਨ ਪੇਸ਼ ਕਰਨ ਅਤੇ ਅਦਾਲਤ ਨੂੰ ਗੁਮਰਾਹ ਕਰਨ ਦੇ ਦੋਸ਼ਾਂ ਤਹਿਤ ਅਦਾਲਤੀ ਮਾਨਹਾਨੀ ਦੇ ਦੋਸ਼ਾਂ ਤਹਿਤ ਮਾਨਯੋਗ ਉੱਚ ਅਦਾਲਤ ਵਿੱਚ ਸੁਣਵਾਈਆਂ ਚੱਲ ਰਹੀਆਂ ਹਨ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਵੱਲੋਂ ਉਲੀਕੇ ਗਏ ਸਾਰੇ ਐਕਸ਼ਨ ਪ੍ਰੋਗਰਾਮਾਂ ਅਨੁਸਾਰ ਮਿਤੀ 29 ਅਤੇ 30 ਅਕਤੂਬਰ ਨੂੰ ਜ਼ਿਲ੍ਹਾ ਪੱਧਰ ਤੇ ਮੀਟਿੰਗਾਂ ਕਰਨ,13 ਨਵੰਬਰ ਤੋਂ 19 ਨਵੰਬਰ ਤੱਕ ਸੈਕਟਰ 34 ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਪੱਕੇ ਮੋਰਚੇ, 1ਦਸੰਬਰ ਤੋਂ 5 ਦਸੰਬਰ ਤੱਕ ਆਮ ਆਦਮੀ ਪਾਰਟੀ ਦੇ ਸਮੂਹ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਸਾਹਮਣੇ ਰੋਸ ਪ੍ਰਦਰਸ਼ਨ ਕਰਕੇ ਪੁਤਲੇ ਫੂਕਣ, ਫੁੱਲ ਚੁਗਣ, 6 ਦਸੰਬਰ ਨੂੰ ਬੁੱਢਾ ਨਾਲਾ ਲੁਧਿਆਣਾ ਵਿਖੇ ਸਰਕਾਰ ਦੇ ਫੁੱਲ ਸੁੱਟਣ ਅਤੇ 13 ਦਸੰਬਰ ਨੂੰ ਸ਼ੰਭੂ ਬਾਰਡਰ ਤੋਂ ਬਾਘਾ ਬਾਰਡਰ ਤੱਕ ਮਨੁੱਖੀ ਚੇਨ ਬਣਾਉਣ ਦੇ ਦਿੱਤੇ ਗਏ ਸੰਘਰਸ਼ ਦੇ ਪ੍ਰੋਗਰਾਮਾਂ ਵਿੱਚ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਦੌਰਾਨ ਇਹ ਵੀ ਫੈਸਲਾ ਕੀਤਾ ਗਿਆ ਕਿ 17 ਦਸੰਬਰ ਨੂੰ ਸੂਬਾ ਪੱਧਰੀ ਪੈਨਸ਼ਨਰ ਦਿਹਾੜਾ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਮਨਾਇਆ ਜਾਵੇਗਾ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਅਜਮੇਰ ਸਿੰਘ ਅਖਾੜਾ ਮੋਗਾ, ਭੁਪਿੰਦਰ ਸਿੰਘ ਭਿੰਦਾ, ਮੋਹਨਜੀਤ ਸਿੰਘ ਗਰੇਵਾਲ ਲੁਧਿਆਣਾ, ਬਲਵਿੰਦਰ ਸਿੰਘ ਬਟਾਲਾ, ਮੁਖਤਿਆਰ ਸਿੰਘ ਫਿਰੋਜ਼ਪੁਰ , ਚਮਕੌਰ ਸਿੰਘ ਮੋਗਾ, ਜਸਵੀਰ ਸਿੰਘ ਲੁਧਿਆਣਾ, ਸੰਤੋਖ ਸਿੰਘ ਜਲੰਧਰ, ਗੁਰਮੁੱਖ ਸਿੰਘ ਜਲੰਧਰ, ਜਗਦੀਸ਼ ਸਿੰਘ ਜਗਰਾਉਂ, ਬਲਜੀਤ ਸਿੰਘ ਬਿੱਲੂ ਜਗਰਾਉਂ, ਗੁਰਦਰਸ਼ਨ ਸਿੰਘ ਢਿੱਲੋਂ ਸ੍ਰੀ ਮੁਕਤਸਰ ਸਾਹਿਬ, ਦਲਜੀਤ ਸਿੰਘ ਨਵਾਂ ਸ਼ਹਿਰ, ਸਵਰਨ ਸਿੰਘ ਜੰਡਿਆਲਾ ਅਤੇ ਦਲਜੀਤ ਸਿੰਘ ਜਗਰਾਉਂ ਆਦਿ ਹਾਜ਼ਰ ਸਨ।

ਭਗਵਾਨ ਵਿਸ਼ਵਕਰਮਾ ਦੇ ਪੂਜਨ ਦਿਵਸ ਸੰਬੰਧੀ ਮੀਟਿੰਗ

ਕਰਤਾਰਪੁਰ (ਹਰਮੇਸ਼ ਦੱਤ) ਦੇਵਸ਼ਿਲਪੀ ਭਗਵਾਨ ਸ੍ਰੀ ਵਿਸ਼ਵਕਰਮਾ ਦਾ ਪੂਜਨ ਦਿਵਸ ਮਨਾਉਣ ਸਬੰਧੀ ਰਾਮਗੜ੍ਹੀਆ ਸ੍ਰੀ ਵਿਸ਼ਵਕਰਮਾ ਭਵਨ ਵਿਖੇ ਪ੍ਰਧਾਨ ਗੁਰਦੇਵ ਸਿੰਘ ਸੱਗੂ ਅਤੇ ਚੇਅਰਮੈਨ ਸਰਬਜੀਤ ਸਿੰਘ ਧੀਮਾਨ ਦੀ ਦੇਖ-ਰੇਖ ਹੇਠ ਇੱਕ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਦਾਨ ਪਾਤਰ ਵਿੱਚ ਇਕੱਠੀ

ਹੋਈ ਰਾਸ਼ੀ ਨੂੰ ਸਾਰੇ ਮੈਂਬਰਾਂ ਦੀ ਹਾਜ਼ਰੀ ਵਿੱਚ ਗਿਣਿਆ ਗਿਆ। ਇਸ ਉਪਰੰਤ ਭਗਵਾਨ ਵਿਸ਼ਵਕਰਮਾ ਦਾ ਪੂਜਨ ਦਿਵਸ ਮਨਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ 9 ਨਵੰਬਰ ਨੂੰ ਭਗਵਾਨ ਵਿਸ਼ਵਕਰਮਾ ਦਾ ਪੂਜਨ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਦਿਨ ਸਵੇਰੇ ਸਭ ਤੋਂ ਪਹਿਲਾਂ ਭਗਵਾਨ ਵਿਸ਼ਵਕਰਮਾ ਨੂੰ ਇਸ਼ਨਾਨ ਕਰਵਾਇਆ ਜਾਵੇਗਾ। ਸਵੇਰੇ 9:30 ਵਜੇ ਹਵਨ-ਯੱਗ ਹੋਵੇਗਾ, ਜਦਕਿ 10:30 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਇਸ ਤੋਂ ਬਾਅਦ ਆਰਤੀ ਅਤੇ ਅਰਦਾਸ ਹੋਵੇਗੀ। ਸੰਗਤ ਲਈ ਚਾਹ-ਪਕੌੜਿਆਂ ਦਾ ਲੰਗਰ ਵਰਤਾਇਆ ਜਾਵੇਗਾ ਅਤੇ ਦੁਪਹਿਰ 1 ਵਜੇ ਵਿਸ਼ਾਲ ਭੰਡਾਰਾ ਲਗਾਇਆ ਜਾਵੇਗਾ।ਇਸ ਵਾਰ ਝੰਡੇ ਦੀ ਰਸਮ ਸਮਾਜ ਸੇਵਕ ਮਾਸਟਰ ਅਮਰੀਕ ਸਿੰਘ ਵੱਲੋਂ ਅਦਾ ਕੀਤੀ ਜਾਵੇਗੀ। ਹਵਨ-ਯੱਗ ਵਿੱਚ ਜੈਪਾਲ ਸਿੰਘ ਲਾਲੀ, ਪ੍ਰਧਾਨ ਗੁਰਦੇਵ ਸਿੰਘ ਸੱਗੂ, ਰਾਮੇਸ਼ਵਰ ਚੰਦੇਲ ਅਤੇ ਦੀਪਕ ਸ਼ਰਮਾ ਮੁੱਖ ਯਜਮਾਨ ਵਜੋਂ ਸ਼ਾਮਲ ਹੋਣਗੇ।ਮੀਟਿੰਗ ਵਿੱਚ ਪ੍ਰਧਾਨ ਗੁਰਦੇਵ ਸਿੰਘ ਸੱਗੂ, ਚੇਅਰਮੈਨ ਸਰਬਜੀਤ ਸਿੰਘ ਧੀਮਾਨ, ਓਂਕਾਰ ਸਿੰਘ ਬਿਲਖੂ, ਨਰਿੰਦਰ ਸਿੰਘ, ਕੁਲਦੀਪ ਸਿੰਘ, ਜੈਪਾਲ ਸਿੰਘ ਲਾਲੀ, ਸੁਖਦੇਵ ਸਿੰਘ ਮਨਕੂ, ਤਰਸੇਮ ਸਿੰਘ, ਸਰਵਣ ਸਿੰਘ, ਸਤਪਾਲ ਸਿੰਘ, ਰਾਕੇਸ਼ ਕੁਮਾਰ ਕੇਸ਼ਾ, ਉਮੇਸ਼ ਫੂਲ, ਰਾਮੇਸ਼ਵਰ ਚੰਦੇਲ, ਵਿਪਨ ਚੰਦੇਲ, ਪ੍ਰਮੋਦ ਕੁਮਾਰ ਚੰਦੇਲ, ਪ੍ਰਮੋਦ ਕੁਮਾਰ ਧੀਮਾਨ, ਅਨਿਲ ਭਾਰਦਵਾਜ, ਹਨੀਸ਼ ਧੀਮਾਨ, ਪਵਨ ਠਾਕੁਰ, ਅੰਮ੍ਰਿਤ ਨਾਮਧਾਰੀ, ਨਿਖਿਲ ਕੌਂਜੀਆ, ਸੁਖਵਿੰਦਰ ਆਸੀ, ਰਾਕੇਸ਼ ਦੇਵਗਨ, ਰਾਜਿੰਦਰ ਪਰਾਸ਼ਰ, ਅਮਰਜੀਤ ਸਿੰਘ, ਸੋਨੂੰ ਸ਼ਿਪਰਾ, ਸਰਬਜੀਤ ਸਿੰਘ ਅਰੋੜਾ, ਸੁਰਜੀਤ ਸਿੰਘ ਅਰੋੜਾ, ਆਜ਼ਾਦ ਵੀਰ, ਮੁਕੁਲ, ਨੈਤਿਕ, ਪ੍ਰਿੰਸ, ਰਵਜੋਤ ਸਿੰਘ, ਦਾਨਿਸ਼, ਜਤਿਨ ਮਿੱਠੂ, ਆਸਾ ਸਿੰਘ ਸਹਿਰਾ, ਕੁਲਵਿੰਦਰ ਸਿੰਘ ਸ਼ਿੰਦੂ, ਸ਼ੇਰ ਸਿੰਘ ਨੰਦਰਾ ਅਤੇ ਮਨਜੀਤ ਫੂਲ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਰਾਹੁਲ ਵੱਲੋਂ ਪ੍ਰਧਾਨ ਮੰਤਰੀ ਪ੍ਰਤੀ ਵਰਤੀ ਭਾਸ਼ਾ ਨੂੰ ਲੈ ਕੇ ਅਸੰਤੋਸ਼ : ਰਾਣਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਮਾਜਿਕ ਅਤੇ ਕੁਦਰਤੀ ਵਾਤਾਵਰਣ ਪ੍ਰੇਮੀ ਪੀ ਕੇ ਰਾਣਾ ਉਰਫ਼ ਠਾਕੁਰ ਵੀਰ ਪ੍ਰਤਾਪ ਰਾਣਾ ਨੇ ਕਿਹਾ

ਕਿ ਹਾਲ ਹੀ ਵਿੱਚ ਜਨਤਕ ਬਿਆਨਬਾਜ਼ੀ ਦੌਰਾਨ ਰਾਹੁਲ ਗਾਂਧੀ ਅਤੇ ਹੋਰ ਕਾਂਗਰਸੀ ਆਗੂਆਂ ਵੱਲੋਂ ਪ੍ਰਧਾਨ ਮੰਤਰੀ ਅਤੇ ਸੀਨੀਅਰ ਅਧਿਕਾਰੀਆਂ ਪ੍ਰਤੀ ਵਰਤੀ ਗਈ ਭਾਸ਼ਾ ਨੂੰ ਲੈ ਕੇ ਲੋਕਾਂ ਵਿੱਚ ਅਸੰਤੋਸ਼ ਦੇਖਣ ਨੂੰ ਮਿਲ ਰਿਹਾ ਹੈ।ਪੀ ਕੇ ਰਾਣਾ ਨੇ ਕਿਹਾ ਕਿ ਲੋਕਤੰਤਰ ਵਿੱਚ ਅਸਹਿਮਤੀ ਅਤੇ ਸਰਕਾਰ ਦੀ ਆਲੋਚਨਾ ਦਾ ਪੂਰਾ ਅਧਿਕਾਰ ਹੈ, ਪਰ ਭਾਸ਼ਾ ਦੀ ਮਰਿਆਦਾ ਬਣਾਈ ਰੱਖਣਾ ਵੀ ਓਨਾ ਹੀ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਰਾਜਨੀਤਿਕ ਆਗੂਆਂ ਨੂੰ ਮੁੱਦਿਆਂ ਅਤੇ ਨੀਤੀਆਂ 'ਤੇ ਚਰਚਾ ਕਰਨੀ ਚਾਹੀਦੀ ਹੈ, ਨਾ ਕਿ ਨਿੱਜੀ ਟਿੱਪਣੀਆਂ ਅਤੇ ਅਪਮਾਨਜਨਕ ਸ਼ਬਦਾਂ ਰਾਹੀਂ ਜਨਤਕ ਚਰਚਾ ਨੂੰ ਪ੍ਰਭਾਵਿਤ ਕਰਨਾ ਚਾਹੀਦਾ ਹੈ। ਸਨਮਾਨਜਨਕ ਸੰਵਾਦ ਹੀ ਲੋਕਤੰਤਰ ਦੀ ਅਸਲ ਤਾਕਤ ਹੈ।

ਨਸ਼ਿਆਂ ਨੂੰ ਠੱਲ੍ਹ ਪਾਉਣ ਤੇ ਰੁਜ਼ਗਾਰ ਦੇਣ ਨੂੰ ਤਰਜੀਹ ਦੇਣ ਸਿਆਸੀ ਆਗੂ : ਮਾਂਗਟ

ਬਲਾਚੌਰ (ਜਸਵਿੰਦਰ ਬੈਂਸ)- ਮਿਸਲ ਦੁਆਬਾ ਦੇ ਨੌਜਵਾਨ ਆਗੂ ਤੇਜੀ ਮਾਂਗਟ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਹਲਕੇ ਵਿੱਚ ਨਸ਼ਿਆਂ ਦੀ ਵਧ ਰਹੀ ਸਮੱਸਿਆ ਅਤੇ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਹਲਕੇ ਦੇ ਕਈ ਪਰਿਵਾਰ ਨਸ਼ਿਆਂ ਕਾਰਨ ਆਪਣੇ ਨੌਜਵਾਨ ਪੁੱਤਾਂ ਨੂੰ ਗੁਆਉਣ ਦੇ ਦਰਦ ਵਿੱਚੋਂ ਲੰਘ ਰਹੇ ਹਨ, ਜਦਕਿ ਦੂਜੇ ਪਾਸੇ ਲੋਕਾਂ ਨੂੰ ਆਪਣੇ ਚੁਣੇ ਹੋਏ ਨੁਮਾਇੰਦਿਆਂ ਤੋਂ ਇਹ ਉਮੀਦ ਹੈ ਕਿ ਉਹ ਨੌਜਵਾਨਾਂ ਦੀਆਂ ਜ਼ਿੰਦਗੀਆਂ ਬਚਾਉਣ ਅਤੇ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਬਣਾਉਣ ਲਈ ਠੋਸ ਕਦਮ ਚੁੱਕਣਗੇ। ਤੇਜੀ ਮਾਂਗਟ ਨੇ ਕਿਹਾ ਕਿ ਸਿਆਸਤ ਦਾ ਅਸਲ ਮਕਸਦ ਲੋਕਾਂ ਦੀ ਸੇਵਾ ਕਰਨਾ ਅਤੇ ਸਮਾਜ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੋਣਾ ਚਾਹੀਦਾ ਹੈ, ਨਾ ਕਿ ਸਿਰਫ਼ ਕਾਰੋਬਾਰੀ ਹਿੱਤਾਂ ਨੂੰ ਤਰਜੀਹ ਦੇਣਾ। ਅੱਜ ਲੋੜ ਹੈ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਯੋਜਨਾਵਾਂ ਬਣਾਈਆਂ ਜਾਣ, ਨਸ਼ਾ ਤਸਕਰੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਇਲਾਜ ਤੇ ਮੁੜ ਵਸੇਬੇ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ।

ਕਿਤਾਬ 'ਜੈਨ ਜ਼ੀ : ਦੇਸ਼ ਦਾ ਭਵਿੱਖ ਬਨਾਮ ਸਿਆਸਤ ਦੇ ਮੋਹਰੇ' ਨੌਜਵਾਨਾਂ ਨੂੰ ਆਦਰਸ਼ ਰਾਜਨੀਤੀ ਦੀ ਸੇਧ ਦੇਵੇਗੀ : ਧਾਮੀ

ਮਹਿਟੀਆਣਾ (ਜਗਤਾਰ ਸਿੰਘ ਭੁੰਗਰਨੀ)- ਲੇਖਕ ਸੰਜੀਵ ਤਲਵਾੜ ਦੀ ਕਿਤਾਬ 'ਜੈਨ ਜ਼ੀ : ਦੇਸ਼ ਦਾ ਭਵਿੱਖ ਬਨਾਮ ਸਿਆਸਤ ਦੇ ਮੋਹਰੇ' ਸਿਆਸਤ ਵਿੱਚ ਆਦਰਸ਼ਾਂ ਦੀ ਮਹੱਤਤਾ, ਨੌਜਵਾਨਾਂ ਦੀ ਭੂਮਿਕਾ ਅਤੇ ਰਾਜਨੀਤਿਕ ਪਾਰਟੀਆਂ ਵਿੱਚ ਕੰਮ ਕਰਨ ਵਾਲੇ ਵਰਕਰਾਂ ਦੀ ਸਥਿਤੀ ਬਾਰੇ ਗੰਭੀਰ ਚਰਚਾ ਨੂੰ ਸਾਹਮਣੇ ਲਿਆਉਂਦੀ ਹੈ। ਇਹ ਵਿਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਤਾਬ ਸੰਬੰਧੀ ਕਰਵਾਏ ਗਏ ਸਮਾਗਮ ਦੌਰਾਨ ਪ੍ਰਗਟ ਕੀਤੇ। ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਆਦਰਸ਼ਾਂ ਦੀ ਪਾਲਣਾ ਤੋਂ ਬਿਨਾਂ ਰਾਜਨੀਤੀ ਲੋਕ ਭਲਾਈ ਦਾ ਸਾਧਨ ਨਹੀਂ ਬਣ ਸਕਦੀ ਅਤੇ ਰਾਜਨੀਤਿਕ ਪਾਰਟੀ ਹੇਠ ਜਾਂ ਉਸ ਵਿੱਚ ਕੰਮ ਕਰਨ ਵਾਲੇ ਨੌਜਵਾਨ ਵਰਕਰ। ਉਨ੍ਹਾਂ ਕਿਹਾ ਕਿ ਸੰਜੀਵ ਤਲਵਾਰ ਨੇ ਆਪਣੀ ਕਿਤਾਬ ਰਾਹੀਂ ਨੌਜਵਾਨਾਂ ਨੂੰ ਆਦਰਸ਼ ਰਾਜਨੀਤੀ ਦੀ ਸੇਧ ਦੇਣ ਦੇ ਨਾਲ-ਨਾਲ ਰਾਜਨੀਤਿਕ ਪਾਰਟੀਆਂ ਵਿੱਚ ਵਰਕਰਾਂ ਦੇ ਹੋ ਰਹੇ ਸ਼ੋਸ਼ਣ ਅਤੇ ਉਨ੍ਹਾਂ ਨਾਲ ਜੁੜੀਆਂ ਸਮੱਸਿਆਵਾਂ ਵੱਲ ਵੀ ਧਿਆਨ ਦਿਵਾਇਆ ਹੈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਖ਼ਜ਼ਾਨਚੀ ਅਤੇ ਸਾਬਕਾ ਰਾਜ ਮੰਤਰੀ ਐਨ.ਕੇ. ਸ਼ਰਮਾ ਨੇ ਕਿਹਾ ਕਿ ਇਹ ਕਿਤਾਬ ਰਾਜਨੀਤੀ ਵਿੱਚ ਕੰਮ ਕਰਨ ਵਾਲੇ ਨੌਜਵਾਨਾਂ ਲਈ ਮਾਰਗ ਦਰਸ਼ਕ ਸਾਬਤ ਹੋ ਸਕਦੀ ਹੈ। ਸੈਨੇਟ ਮੈਂਬਰ ਸੰਜੀਵ ਸੀਕਰੀ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਰਾਜਨੀਤੀ ਵਿੱਚ ਆਉਣ ਵਾਲੇ ਨੌਜਵਾਨਾਂ ਸਾਹਮਣੇ ਇੱਕ ਅਹਿਮ ਸਵਾਲ ਇਹ ਹੁੰਦਾ ਹੈ ਕਿ ਉਹ ਕਿਸ ਨੂੰ ਆਪਣਾ ਰਾਜਨੀਤਿਕ ਗੁਰੂ ਮੰਨਣ ਅਤੇ ਕਿਸ ਤੋਂ ਸੇਧ ਲੈਣ। ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਗੜ੍ਹਸ਼ੰਕਰ ਦੇ ਇੰਚਾਰਜ ਸਰਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ,ਸ਼੍ਰੋਮਣੀ ਅਕਾਲੀ ਦਲ ਦੇ ਪੰਜਾਬ ਦੇ ਉਪ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਅਤੇ ਸਤਿੰਦਰ ਪਾਲ ਸਿੰਘ ਢੱਟ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਹੋਇਆਂ ਨੌਜਵਾਨਾਂ ਦੀ ਰਾਜਨੀਤੀ ਵਿੱਚ ਭੂਮਿਕਾ, ਆਦਰਸ਼ਾਂ ਦੀ ਅਹਿਮੀਅਤ, ਰਾਜਨੀਤਿਕ ਵਰਕਰਾਂ ਦੇ ਹੱਕਾਂ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਦੇਣ ਵਰਗੇ ਵਿਸ਼ਿਆਂ ਨੂੰ ਪ੍ਰਮੁੱਖਤਾ ਨਾਲ ਉਭਾਰਿਆ।

ਪ੍ਰੋ. ਬਲਜੀਤ ਕੌਰ ਵੱਲੋਂ ਜੀ ਐੱਨ ਡੀ ਯੂ ਕਾਲਜ ਦੇ ਪੰਜਾਬੀ ਵਿਭਾਗ ਨੂੰ 50 ਦੇ ਕਰੀਬ ਖੋਜ ਨਿਬੰਧ ਭੇਟ

ਜਲੰਧਰ (ਨ ਜ਼ ਸ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਸਾਹੋਵਾਲੀ ਰੋਡ ਦੇ ਪੰਜਾਬੀ ਵਿਭਾਗ ਵਿੱਚ ਖੋਜ ਕਾਰਜਾਂ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਕਾਦਮਿਕ ਸਮੱਗਰੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪ੍ਰੋ. (ਡਾ.) ਬਲਜੀਤ ਕੌਰ, ਸਾਬਕਾ ਡੀਨ, ਗੁਰੂ ਨਾਨਕ ਦੇਵ ਯੂਨੀਵਰਸਿਟੀ ਰਿਜਨਲ ਕੈਂਪਸ, ਲੁਧਿਆਣਾ ਰੋਡ, ਵੱਲੋਂ ਐਮ.ਫਿਲ. (ਪੰਜਾਬੀ) ਅਤੇ ਪੀ ਐੱਚ ਡੀ ਦੇ ਲਗਭਗ 50 ਖੋਜ ਨਿਬੰਧ ਕਾਲਜ ਦੇ ਪੰਜਾਬੀ ਵਿਭਾਗ ਨੂੰ ਭੇਟ ਕੀਤੇ ਗਏ। ਇਹ ਖੋਜ ਨਿਬੰਧ ਉਨ੍ਹਾਂ ਦੀ ਰਹਿਨੁਮਾਈ/ਨਿਗਰਾਨੀ ਹੇਠ ਤਿਆਰ ਕੀਤੇ ਗਏ ਸਨ। ਇਸ ਉਪਰਾਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਉੱਤੇ ਕੀਤੇ ਗਏ ਖੋਜ ਕਾਰਜਾਂ ਤੱਕ ਪਹੁੰਚ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਇਨ੍ਹਾਂ ਤੋਂ ਲਾਹਾ ਲੈ ਕੇ ਆਪਣੇ ਅਕਾਦਮਿਕ ਅਤੇ ਖੋਜ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਣ। ਇਸ ਮੌਕੇ ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਕੌਰ ਨੇ ਪ੍ਰੋ. (ਡਾ.) ਬਲਜੀਤ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖਿਆ ਸੰਸਥਾਵਾਂ ਵਿੱਚ ਗਿਆਨ ਅਤੇ ਖੋਜ ਸਮੱਗਰੀ ਦੀ ਸਾਂਝ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਖੋਜ ਨਿਬੰਧ ਸਿਰਫ਼ ਕਿਸੇ ਵਿਸ਼ੇ ਬਾਰੇ ਜਾਣਕਾਰੀ ਦਾ ਸਰੋਤ ਹੀ ਨਹੀਂ ਹੁੰਦੇ, ਸਗੋਂ ਇਹ ਵਿਦਿਆਰਥੀਆਂ ਨੂੰ ਨਵੇਂ ਵਿਚਾਰਾਂ ਨਾਲ ਜੋੜਨ, ਵਿਸ਼ਿਆਂ ਦਾ ਡੂੰਘਾਈ ਨਾਲ ਅਧਿਐਨ ਕਰਨ ਅਤੇ ਖੋਜ ਦੀ ਵਿਗਿਆਨਕ ਪਹੁੰਚ ਵਿਕਸਿਤ ਕਰਨ ਵਿੱਚ ਵੀ ਸਹਾਇਤਾ ਕਰਦੇ ਹਨ।ਡਾ. ਨਵਜੋਤ ਕੌਰ ਨੇ ਕਿਹਾ ਕਿ ਪ੍ਰੋ. (ਡਾ.) ਬਲਜੀਤ ਕੌਰ ਵੱਲੋਂ ਪੰਜਾਬੀ ਵਿਭਾਗ ਨੂੰ ਲਗਭਗ 50 ਖੋਜ ਨਿਬੰਧ ਭੇਟ ਕਰਨਾ ਇੱਕ ਸ਼ਲਾਘਾਯੋਗ ਅਕਾਦਮਿਕ ਉਪਰਾਲਾ ਹੈ। ਇਸ ਨਾਲ ਕਾਲਜ ਦੇ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਆਪਣੇ ਵਿਸ਼ਿਆਂ ਦੀ ਚੋਣ, ਖੋਜ ਵਿਧੀਆਂ ਨੂੰ ਸਮਝਣ, ਪਹਿਲਾਂ ਹੋਏ ਖੋਜ ਕਾਰਜਾਂ ਦਾ ਅਧਿਐਨ ਕਰਨ ਅਤੇ ਨਵੇਂ ਖੋਜ-ਪੱਖਾਂ ਦੀ ਪਛਾਣ ਕਰਨ ਵਿੱਚ ਮਦਦ ਮਿਲੇਗੀ।ਇਸ ਮੌਕੇ ਪੰਜਾਬੀ ਵਿਭਾਗ ਦੇ ਇੰਚਾਰਜ ਡਾ. ਲਖਵੀਰ ਸਿੰਘ ਨੇ ਵੀ ਪ੍ਰੋ. (ਡਾ.) ਬਲਜੀਤ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਭਾਗ ਨੂੰ ਪ੍ਰਾਪਤ ਹੋਏ ਇਹ ਖੋਜ ਨਿਬੰਧ ਵਿਦਿਆਰਥੀਆਂ ਅਤੇ ਖੋਜਾਰਥੀਆਂ ਲਈ ਲਾਭਦਾਇਕ ਸਾਬਤ ਹੋਣਗੇ। ਡਾ. ਲਖਵੀਰ ਸਿੰਘ ਨੇ ਕਿਹਾ ਕਿ ਵਿਭਾਗ ਵੱਲੋਂ ਪ੍ਰਾਪਤ ਹੋਈ ਇਸ ਖੋਜ ਸਮੱਗਰੀ ਨੂੰ ਵਿਦਿਆਰਥੀਆਂ ਅਤੇ ਖੋਜਾਰਥੀਆਂ ਦੇ ਅਧਿਐਨ ਲਈ ਲਾਹੇਵੰਦ ਬਣਾਇਆ ਜਾਵੇਗਾ।

2027 'ਚ ਫਿਰ ਬਣੇਗੀ ਮਾਨ ਸਰਕਾਰ : ਇੰਦਰਜੀਤ ਕੌਰ ਮਾਨ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਨਕੋਦਰ ਵਿਧਾਨ ਸਭਾ ਹਲਕੇ ਦੇ ਪਿੰਡ ਸਰੀਂਹ ਵਿਖੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਲੋਕ ਮਿਲਣੀ ਵਿੱਚ ਸ਼ਾਮਲ ਹੋਣ ਲਈ ਪਹੁੰਚੇ ਹਲਕੇ ਦੇ ਲੋਕਾਂ ਦਾ ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਆਪਣੇ ਕੀਮਤੀ ਸਮੇਂ ਵਿੱਚੋਂ ਸਮਾਂ ਕੱਢ ਕੇ ਲੋਕ ਮਿਲਣੀ ਵਿੱਚ ਸ਼ਮੂਲੀਅਤ ਕਰਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਲੋਕ ਮਿਲਣੀ ਵਿੱਚ ਲੋਕਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਇਹ ਸਾਬਤ ਕਰਦੀ ਹੈ ਕਿ ਲੋਕਾਂ ਦਾ ਵਿਸ਼ਵਾਸ ਅਤੇ ਸਮਰਥਨ ਹਮੇਸ਼ਾ ਮਾਨ ਸਰਕਾਰ ਨਾਲ ਹੈ। ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਦਾ ਇਹ ਉਤਸ਼ਾਹ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੇ ਹੌਸਲੇ ਨੂੰ ਹੋਰ ਮਜ਼ਬੂਤ ਕਰਦਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਵਚਨਬੱਧ ਹੈ। ਲੋਕ ਮਿਲਣੀਆਂ ਦਾ ਮਕਸਦ ਲੋਕਾਂ ਨਾਲ ਸਿੱਧਾ ਸੰਵਾਦ ਕਾਇਮ ਕਰਨਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਰਕਾਰ ਤੱਕ ਪਹੁੰਚਾਉਣਾ ਹੈ। ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਨਕੋਦਰ ਹਲਕੇ ਦੇ ਲੋਕਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਉਹ ਦਿਲੋਂ ਧੰਨਵਾਦੀ ਹਨ ਅਤੇ ਉਨ੍ਹਾਂ ਨੂੰ ਭਰੋਸਾ ਹੈ ਕਿ ਲੋਕਾਂ ਦੇ ਇਸ ਪਿਆਰ ਅਤੇ ਵਿਸ਼ਵਾਸ ਨਾਲ ਪਾਰਟੀ ਇੱਕ ਵਾਰ ਫਿਰ ਸ਼ਾਨਦਾਰ ਜਿੱਤ ਦਰਜ ਕਰੇਗੀ। ਉਨ੍ਹਾਂ ਨੇ '2027 ਵਿੱਚ ਫਿਰ ਬਣੇਗੀ ਮਾਨ ਸਰਕਾਰ' ਦਾ ਨਾਅਰਾ ਦਿੰਦਿਆਂ ਪਾਰਟੀ ਦੀ ਅਗਲੀ ਸਰਕਾਰ ਬਣਨ ਦਾ ਭਰੋਸਾ ਪ੍ਰਗਟਾਇਆ।

ਬੀ ਵੋਕ ਦੇ ਵਿਦਿਆਰਥਣਾਂ ਨੇ 'ਵਰਸਿਟੀ 'ਚ ਮੈਰਿਟ ਸਥਾਨ ਕੀਤੇ ਹਾਸਿਲ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਬੀ.ਵੋਕ (ਸਾਫਟਵੇਅਰ ਡਿਵੈਲਪਮੈਂਟ) ਸਮੈਸਟਰ ਚੌਥਾ ਦਾ ਨਤੀਜਾ ਸ਼ਾਨਦਾਰ ਰਿਹਾ। ਗੁਰੂ ਨਾਨਕ ਦੇਵ ਯੂਨੀਵਰਸਿਟੀ

ਅੰਮ੍ਰਿਤਸਰ ਦੁਆਰਾ ਐਲਾਨੇ ਗਏ ਨਤੀਜਿਆਂ ਵਿਚੋਂ ਵਿਦਿਆਰਥਣ ਅੰਜਲੀ ਨੇ 10 ਵਿਚੋਂ 8.00 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਤਮੰਨਾ ਸੈਣੀ ਨੇ 7.91 ਐਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਪ੍ਰੀਖਿਆਵਾਂ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਂਦੇ ਹਨ, ਉਨ੍ਹਾਂ ਨੂੰ ਵਿਸ਼ੇਸ਼ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ, ਮੁਖੀ ਕੰਪਿਊਟਰ ਸਾਇੰਸ ਤੇ ਆਈ.ਟੀ. ਵਿਭਾਗ, ਪ੍ਰੋ. ਨਵਨੀਤ ਕੌਰ, ਪ੍ਰੋ. ਰਤਨਾਕਰ ਮਾਨ ਅਤੇ ਪ੍ਰੋ. ਜਸਦੀਪ ਸਿੰਘ ਵੀ ਮੌਜੂਦ ਸਨ।

ਸੰਯੁਕਤ ਕਿਸਾਨ ਮੋਰਚੇ ਵੱਲੋਂ ਡਿਪਟੀ ਕਮਿਸ਼ਨਰ ਨਾਲ ਮੀਟਿੰਗ

ਬੰਗਾ (ਅਵਤਾਰ ਕਲੇਰ)- ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਡਿਪਟੀ ਕਮਿਸ਼ਨਰ, ਬਿਜਲੀ ਵਿਭਾਗ ਦੇ ਅਧਿਕਾਰੀਆਂ, ਗੰਨਾ ਮਿੱਲ ਅਧਿਕਾਰੀਆਂ ਅਤੇ ਸਮੂਹ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਹੋਈ। ਇਸ ਮੀਟਿੰਗ ਦੌਰਾਨ ਬਿਜਲੀ ਵਿਭਾਗ ਅਤੇ ਮਿੱਲ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਇਹ ਜਾਣਕਾਰੀ ਦਿੱਤੀ ਗਈ ਕਿ ਮਿੱਲ ਨੂੰ ਚਾਲੂ ਕਰਨ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਘਬਰਾਉਣ ਦੀ ਲੋੜ ਨਹੀਂ ਹੈ। ਪਰੰਤੂ ਕਿਸਾਨਾਂ ਵੱਲੋਂ ਇਹ ਪ੍ਰਗਟਾਵਾ ਕੀਤਾ ਗਿਆ ਕਿ ਜਦੋਂ ਤੱਕ ਮਿੱਲ ਦੇ ਬਿਜਲੀ ਪਲਾਂਟ ਵੱਲੋਂ ਪੈਦਾ ਕੀਤੀ ਗਈ ਬਿਜਲੀ ਦੀ, ਬਿਜਲੀ ਵਿਭਾਗ ਵੱਲੋਂ ਵਾਪਸੀ ਬਿਜਲੀ ਲੈਣ ਵਾਸਤੇ ਬਿਜਲੀ ਕੁਨੈਕਸ਼ਨ ਚਾਲੂ ਨਹੀਂ ਕੀਤਾ ਜਾਂਦਾ ਉਦੋਂ ਤੱਕ ਗੰਨਾ ਮਿੱਲ ਕਿਸਾਨਾਂ ਦੇ ਗੰਨੇ ਦੀ ਫ਼ਸਲ ਨੂੰ ਪੂਰੀ ਤਰ੍ਹਾਂ ਨਾਲ ਨਹੀਂ ਪੀੜ ਸਕਦੀ, ਜਿਸ ਕਰਕੇ ਕਿਸਾਨਾਂ ਦਾ ਨੁਕਸਾਨ ਹੋ ਸਕਦਾ ਹੈ ਅਤੇ ਕਿਸਾਨਾਂ ਨੂੰ ਆਪਣਾ ਗੰਨਾ ਬਾਹਰ ਦੀਆਂ ਮਿੱਲਾਂ ਵੱਲ ਲੈ ਕੇ ਜਾਣਾ ਪਵੇਗਾ।

ਡਿਪਟੀ ਕਮਿਸ਼ਨਰ ਸਾਹਿਬ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਅਤੇ ਕਿਹਾ ਕਿ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਮਿੱਲ ਦੇ ਅਧਿਕਾਰੀਆਂ ਅਤੇ ਬਿਜਲੀ ਮਹਿਕਮੇ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਇਸ ਨੂੰ ਸਰਕਾਰ ਦੇ ਸਾਹਮਣੇ ਲਿਆਂਦਾ ਜਾਵੇਗਾ, ਜਿਸ ਤੋਂ ਬਾਅਦ ਮਿੱਲ ਨੂੰ ਹਰ ਹਾਲਤ ਵਿੱਚ ਚਾਲੂ ਕਰਨ ਦਾ ਭਰੋਸਾ ਦਿਵਾਇਆ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਚਰਨਜੀਤ ਸਿੰਘ ਦੌਲਤ ਪੁਰ, ਆਲ ਇੰਡੀਆ ਕਿਸਾਨ ਸਭਾ (1936) ਦੇ ਆਗੂ ਜਸਵਿੰਦਰ ਸਿੰਘ ਭੰਗਲ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਹਰਮੇਸ਼ ਸਿੰਘ ਢੇਸੀ,ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਸੁਜੋਂ,ਕੁਲਦੀਪ ਸਿੰਘ ਦੌੜਕਾ,ਹਰਪਰਭ ਮਹਿਲ ਸਿੰਘ ਬੀ ਕੇ ਯੂ ਰਾਜੇਵਾਲ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਜਰਨੈਲ ਸਿੰਘ ਰਾਣੇਵਾਲ, ਸੁਰਿੰਦਰ ਸਿੰਘ ਮਹਿਰਮਪੁਰ, ਬੀ ਕੇ ਯੂ ਰਾਜੇਵਾਲ ਦੇ ਆਗੂ ਸੁਰਜੀਤ ਸਿੰਘ ਘੱਕੇਵਾਲ , ਬੀ ਕੇ ਯੂ ਕਾਦੀਆਂ ਦੇ ਆਗੂ ਸੁਖਦੀਪ ਸਿੰਘ ਅਤੇ ਜੀਵਨ ਰਾਮ ਬੁਰਜ ਟਹਿਲ ਦਾਸ ਨੇ ਮੀਟਿੰਗ ਵਿੱਚ ਹਿੱਸਾ ਲਿਆ।

ਕਰਵਾ ਚੌਥ 'ਤੇ ਮਹਿੰਦੀ ਪ੍ਰਤੀਯੋਗਤਾ ਕਰਵਾਈ

ਦਸੂਹਾ (ਕਰਨੈਲ ਮਾਂਗਟ)- ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਦੇ ਅਧੀਨ ਅਤੇ ਬੀਬੀ ਅਮਰ ਕੌਰ ਜੀ ਐਜੂਕੇਸ਼ਨਲ ਸੋਸਾਇਟੀ ਵੱਲੋਂ ਸਥਾਪਿਤ ਕੇ ਐਮ ਐਸ ਕਾਲਜ ਆਫ਼ ਆਈ.ਟੀ. ਐਂਡ ਮੈਨੇਜਮੈਂਟ, ਚੌਧਰੀ ਬੰਤਾ ਸਿੰਘ ਕਲੋਨੀ, ਦਸੂਹਾ ਵਿਖੇ ਕਰਵਾ ਚੌਥ ਦੇ ਮੌਕੇ 'ਤੇ ਫੈਸ਼ਨ ਡਿਜ਼ਾਈਨ ਵਿਭਾਗ ਅਤੇ ਬਿਊਟੀਸ਼ੀਅਨ ਵਿਭਾਗ ਵੱਲੋਂ ਮਹਿੰਦੀ ਪ੍ਰਤੀਯੋਗਿਤਾ ਕਰਵਾਈ ਗਈ। ਇਹ ਪ੍ਰਤੀਯੋਗਿਤਾ ਕਾਲਜ ਦੀ ਲਾਇਬ੍ਰੇਰੀ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਕਾਲਜ ਦੇ ਵੱਖ-ਵੱਖ ਵਿਭਾਗਾਂ ਦੀਆਂ ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਪ੍ਰਤੀਯੋਗਿਤਾ ਵਿੱਚ ਨੇਹਾ (ਐਮ ਐਸ ਸੀ ਫੈਸ਼ਨ ਡਿਜ਼ਾਈਨ, ਪਹਿਲਾ ਸਮੈਸਟਰ) ਨੇ ਪਹਿਲਾ ਸਥਾਨ, ਕਰਨਦੀਪ ਕੌਰ (ਬੀ ਐਸ ਸੀ ਮੈਡੀਕਲ ਲੈਬ ਸਾਇੰਸ, ਤੀਜਾ ਸਮੈਸਟਰ) ਨੇ ਦੂਜਾ ਸਥਾਨ, ਮੁਸਕਾਨ (ਬੀ.ਐਸ.ਸੀ. ਫੈਸ਼ਨ ਡਿਜ਼ਾਈਨ, ਪਹਿਲਾ ਸਮੈਸਟਰ) ਨੇ ਤੀਜਾ ਸਥਾਨ ਅਤੇ ਸਿਮਰਨ ਕੌਰ (ਬੀ.ਕਾਮ., ਪਹਿਲਾ ਸਮੈਸਟਰ) ਨੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਮਾਨਵ ਸੈਣੀ ਨੇ ਕਿਹਾ ਕਿ ਅਜਿਹੀਆਂ ਸਹਿ-ਵਿੱਦਿਅਕ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਨ੍ਹਾਂ ਨਾਲ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਵਿੱਚ ਵਾਧਾ ਹੁੰਦਾ ਹੈ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਮੌਕੇ ਮਿਲਦੇ ਹਨ। ਡੀਨ ਅਕਾਦਮਿਕ ਡਾ. ਰਾਜੇਸ਼ ਕੁਮਾਰ ਨੇ ਵੀ ਇਸ ਗਤੀਵਿਧੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥਣਾਂ ਦੇ ਹੁਨਰ ਨੂੰ ਨਿਖਾਰਨ ਅਤੇ ਉਨ੍ਹਾਂ ਵਿੱਚ ਰਚਨਾਤਮਕ ਸੋਚ ਵਿਕਸਿਤ ਕਰਨ ਲਈ ਲਾਹੇਵੰਦ ਸਾਬਤ ਹੁੰਦੇ ਹਨ। ਇਸ ਪ੍ਰਤੀਯੋਗਿਤਾ ਦਾ ਆਯੋਜਨ ਫੈਸ਼ਨ ਵਿਭਾਗ ਦੀ ਮੁਖੀ ਮਨਜੀਤ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੇ ਸਫਲ ਆਯੋਜਨ ਵਿੱਚ ਮਿਸ ਨੀਤੂ ਅਤੇ ਮਿਸ ਮੁਸਕਾਨ ਨੇ ਅਹਿਮ ਯੋਗਦਾਨ ਪਾਇਆ।

ਬਾਕਸਿੰਗ ਚੈਂਪੀਅਨਸ਼ਿਪ 'ਚ ਦਿਵਿਆਂਸ਼ ਨੇ ਜਿੱਤਿਆ ਸੋਨ ਤਮਗਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਹੁਸ਼ਿਆਰਪੁਰ ਦੀ 12ਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਦਿਵਿਆਂਸ਼ ਜਗੋਤਰਾ ਨੇ ਇੰਟਰ-ਸਕੂਲ ਸਟੇਟ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤ ਕੇ ਸਕੂਲ ਅਤੇ ਹੁਸ਼ਿਆਰਪੁਰ ਦਾ ਨਾਮ ਰੌਸ਼ਨ ਕੀਤਾ ਹੈ। ਉਸ ਦੀ ਇਸ ਪ੍ਰਾਪਤੀ ਨਾਲ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਦਿਵਿਆਂਸ਼ ਦੀ ਇਸ ਕਾਮਯਾਬੀ ਨੂੰ ਉਸ ਦੀ ਸਖ਼ਤ ਮਿਹਨਤ, ਨਿਰੰਤਰ ਅਭਿਆਸ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਦਾ ਨਤੀਜਾ ਦੱਸਦਿਆਂ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਰਸ਼ਮੀ ਸ਼ਰਮਾ ਨੇ ਉਸ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਸਬਰ, ਹੌਸਲੇ, ਅਨੁਸ਼ਾਸਨ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੀਆਂ ਹਨ। ਦਿਵਿਆਂਸ਼ ਦੀ ਪ੍ਰਾਪਤੀ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਦਿਵਿਆਂਸ਼ ਭਵਿੱਖ ਵਿੱਚ ਵੀ ਆਪਣੀ ਮਿਹਨਤ ਅਤੇ ਲਗਨ ਨਾਲ ਨਵੀਆਂ ਪ੍ਰਾਪਤੀਆਂ ਦਰਜ ਕਰੇਗਾ। ਇਸ ਮੌਕੇ ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਚੰਦਰ ਮੋਹਨ ਨੇ ਵੀ ਦਿਵਿਆਂਸ਼ ਦੀ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੋਨ ਤਮਗਾ ਜਿੱਤਣਾ ਉਸ ਦੀ ਲਗਨ, ਨਿਰੰਤਰ ਯਤਨਾਂ ਅਤੇ ਆਤਮ-ਵਿਸ਼ਵਾਸ ਦਾ ਪ੍ਰਮਾਣ ਹੈ।

ਅਵਤਾਰ ਸਿੰਘ ਰਸੂਲਪੁਰ ਗ੍ਰਿਫਤਾਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਪੇਂਡੂ ਮਜ਼ਦੂਰ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਅਤੇ ਸੂਬਾ ਕਮੇਟੀ ਮੈਂਬਰ ਸਾਥੀ ਹੰਸ ਰਾਜ ਪੱਬਵਾਂ ਨੇ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਅਵਤਾਰ ਸਿੰਘ ਰਸੂਲਪੁਰ ਨੂੰ ਜਗਰਾਓਂ ਪੁਲਸ ਵਲੋਂ ਗਿਰਫ਼ਤਾਰ ਕਰ ਲਿਆ ਗਿਆ।ਪਤਾ ਲੱਗਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਮਾਲਪੁਰਾ (ਜਗਰਾਓਂ) ਲੋਕ-ਮਿਲਣੀ ਕਰਨ ਆਉਣਾ ਸੀ, ਜਿਸ ਕਾਰਨ ਪੰਜਾਬ ਪੁਲਸ ਨੂੰ ਡਰ ਪੈਦਾ ਹੋ ਗਿਆ ਕਿ ਸਾਡੀਆਂ ਲੋਕ ਵਿਰੋਧੀ ਨੀਤੀਆਂ ਕਾਰਨ, ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟੇ ਨੂੰ ਇਨਸਾਫ਼ ਦੁਆਉਣ ਲਈ ਅਤੇ ਪੁਲਸ ਵਲੋਂ ਧਰਨੇ ਵਾਲੀ ਜਗ੍ਹਾ ਦਾਖ਼ਲ ਹੋਕੇ ਲੋਕਾਂ ਤੇ ਬੇਤਹਾਸ਼ਾ ਜ਼ੁਲਮ ਦੇ ਖ਼ਿਲਾਫ਼ ਸਾਥੀ ਅਵਤਾਰ ਸਿੰਘ ਸਾਥੀਆਂ ਸਮੇਤ ਸੰਘਰਸ਼ ਕਰਨਗੇ। ਧਰਨੇ ਦੀ ਅਗਵਾਈ ਕਰ ਰਹੇ ਆਗੂਆਂ ਨੂੰ ਗਿਰਫ਼ਤਾਰ ਵੀ ਕੀਤਾ ਗਿਆ। ਅਵਤਾਰ ਸਿੰਘ ਰਸੂਲਪੁਰ ਜੋ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਹਨ, ਉਨ੍ਹਾਂ ਦੀ ਵੀ ਗਿਰਫ਼ਤਾਰੀ ਕੀਤੀ ਗਈ। ਪੇਂਡੂ ਮਜ਼ਦੂਰ ਯੂਨੀਅਨ ਇਸ ਸਾਰੇ ਘਟਨਾਕ੍ਰਮ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਸਾਥੀ ਨੂੰ ਰਿਹਾਅ ਕਰਨ ਦੀ ਮੰਗ ਕਰਦੀ ਹੈ।

ਕੀਰਤਨ ਦਰਬਾਰ ਅੱਜ

ਆਦਮਪੁਰ (ਪਰਮਜੀਤ ਸਿੰਘ)- ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦਿਵਸ ਨੂੰ ਸਮਰਪਿਤ 15ਵਾਂ ਮਹਾਨ ਕੀਰਤਨ ਦਰਬਾਰ 30 ਅਕਤੂਬਰ ਨੂੰ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ (ਜ਼ਿਲ੍ਹਾ ਜਲੰਧਰ) ਵਿਖੇ ਐਨ ਆਰ ਆਈ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਸੰਬੰਧੀ ਪੋਸਟਰ ਰਿਲੀਜ਼ ਕਰਦੇ ਪ੍ਰਧਾਨ ਹਰਬੰਸ ਸਿੰਘ ਨੰਬਰਦਾਰ ਨੇ ਦੱਸਿਆ ਕਿ ਆਦਮਪੁਰ ਤੋਂ ਭੋਗਪੁਰ ਜੀ ਟੀ ਰੋਡ 'ਤੇ ਸਥਿਤ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਸ਼ਾਮ 6 ਵਜੇ ਤੋਂ ਰਾਤ 12 ਵਜੇ ਤੱਕ ਗੁਰਬਾਣੀ ਕੀਰਤਨ ਧਾਰਮਿਕ ਦੀਵਾਨ ਸਜਾਏ ਜਾਣਗੇ।ਇਸ ਮੌਕੇ ਭਾਈ ਜੋਗਿੰਦਰ ਸਿੰਘ ਰਿਆੜ ਲੁਧਿਆਣੇ ਵਾਲੇ,ਭਾਈ ਜਸਵੀਰ ਸਿੰਘ ਹਜ਼ੂਰੀ ਰਾਗੀ ਜੱਥਾ, ਮੀਰੀ ਪੀਰੀ ਖਾਲਸਾ ਜੱਥਾ ਜਮਨਾ ਨਗਰ ਜਗਾਧਰੀ, ਢਾਡੀ ਜੱਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾ ਵਲੋਂ ਗੁਰਬਾਣੀ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕਰਨਗੇ।ਸਟੇਜ ਸਕੱਤਰ ਦੀ ਸੇਵਾ ਤਰਸੇਮ ਸਿੰਘ ਡੀਂਗਰੀਆਂ ਵਲੋਂ ਨਿਭਾਈ ਜਾਵੇਗੀ।ਇਸ ਮੌਕੇ ਰੈੱਡ ਗ੍ਰੰਥੀ ਜਸਵੀਰ ਸਿੰਘ, ਨੰਬਰਦਾਰ ਹਰਬੰਸ ਸਿੰਘ,ਨੰਬਰਦਾਰ ਇੰਦਰਜੀਤ ਸਿੰਘ, ਸਾਬਕਾ ਸਰਪੰਚ ਕੇਵਲ ਸਿੰਘ, ਜਗਜੀਤ ਸਿੰਘ ਯੂ ਐਸ ਏ,ਅਮਨਦੀਪ ਸਿੰਘ ਢਿੱਲੋਂ ਸਲਾਲਾ, ਸਾਧੂ ਸਿੰਘ, ਵਿੰਦਰ ਸਲਾਲਾ,ਜਗਵਿੰਦਰ ਸਿੰਘ ਸਿੱਧੂ, ਅਮਰਜੀਤ ਸਿੰਘ, ਸਮਸ਼ੇਰ ਸਿੰਘ, ਇੰਦਰਜੀਤ ਸਿੰਘ, ਸੁਰਿੰਦਰ ਸਿੰਘ, ਅਮਨਦੀਪ ਸਿੰਘ, ਰਣਜੀਤ ਸਿੰਘ ਘੰਟੀ ਹਾਜ਼ਰ ਸਨ।

ਕਰਵਾ ਚੌਥ ਮੌਕੇ ਕਰਵਾਇਆ ਮਹਿੰਦੀ ਮੁਕਾਬਲਾ

ਚੰਡੀਗੜ੍ਹ (ਸੁਰਜੀਤ ਸੁਮਨ)- 'ਪੰਜਾਬੀ ਭਾਈਚਾਰੇ ਵਿੱਚ ਔਰਤਾਂ ਵੱਲੋਂ ਕਰਵਾਚੌਥ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਇਹ ਤਿਉਹਾਰ ਹੀ ਹਨ, ਸਾਡੀ ਨੀਰਸ ਜ਼ਿੰਦਗੀ ਤੇ ਮਨੁੱਖੀ ਮਨਾਂ ਵਿੱਚ ਉਤਸ਼ਾਹ ਭਰਦੇ ਹਨ। ਉਂਝ ਤਿਉਹਾਰ ਸਾਨੂੰ ਮਿਲਵਰਤਣ ਨਾਲ ਰਹਿਣਾ ਵੀ ਸਿਖਾਉਂਦੇ ਹਨ। ਜੇਕਰ ਮਨੁੱਖ ਦੀ ਜ਼ਿੰਦਗੀ ਵਿੱਚ ਤਿਉਹਾਰ ਨਾ ਹੁੰਦੇ, ਤਾਂ ਉਸ ਨੇ ਬੇਰੋਕ ਕੰਮ ਦੇ ਬੋਝ ਹੇਠ ਦਬ ਕੇ ਰਹਿ ਜਾਣਾ ਸੀ। ਇਹ ਵਿਚਾਰ ਏ.ਪੀ.ਜੀ. ਪਬਲਿਕ ਸਕੂਲ ਦੇ ਸੰਚਾਲਕ ਜਸਬੀਰ ਚੰਦਰ ਨੇ ਪ੍ਰਗਟਾਏ। ਇਸ ਮੌਕੇ ਇਸ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਮਹਿੰਦੀ ਮੁਕਾਬਲੇ ਵਿੱਚ ਭਾਗ ਲਿਆ ਗਿਆ, ਜਿਸ ਦਾ ਮੁੱਖ ਉਦੇਸ਼ ਭਾਰਤੀ ਸਭਿਆਚਾਰ ਵਿੱਚ ਚੰਗੀਆਂ ਪ੍ਰੰਪਰਾਵਾਂ ਨੂੰ ਅਗਾਂਹ ਤੋਰਦਿਆਂ ਜ਼ਿੰਦਗੀ ਵਿੱਚ ਖੇੜਾ ਲਿਆਉਣਾ ਹੈ। ਮਹਿੰਦੀ ਮੁਕਾਬਲੇ ਵਿੱਚ ਭਾਗ ਲੈ ਰਹੀਆਂ ਲੜਕੀਆਂ ਨੇ ਹਸਤ ਕਲਾ ਨਾਲ ਮਹਿੰਦੀ ਦੇ ਮਨਮੋਹਕ ਡਿਜ਼ਾਈਨ ਬਣਾਏ। ਫੁੱਲਾਂ ਦੇ ਸੁੰਦਰ ਨਮੂਨਿਆਂ, ਬਾਰੀਕ ਕਲਾਕਾਰੀ ਤੇ ਰਵਾਇਤੀ ਡਿਜ਼ਾਈਨਾਂ ਨੇ ਮੁਕਾਬਲੇ ਨੂੰ ਹੋਰ ਆਕਰਸ਼ਨ ਬਖ਼ਸ਼ਿਆ। ਸਕੂਲ ਪ੍ਰਿੰਸੀਪਲ ਜਸਬੀਰ ਚੰਦਰ ਨੇ ਇਨ੍ਹਾਂ ਵਿਦਿਆਰਥਣਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਹੌਸਲਾ-ਅਫਜ਼ਾਈ ਕੀਤੀ।

ਜ਼ਿਲ੍ਹਾ ਪੱਧਰੀ ਖੇਡਾਂ 'ਚ 30 ਮੈਡਲ ਜਿੱਤ ਕੇ ਨਵਾਂ ਰਿਕਾਰਡ ਕੀਤਾ ਸਥਾਪਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬੀਤੇ ਹਫਤੇ 70 ਵੀਆਂ ਜਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ (ਅੰਡਰ ਇਲੈਵਨ) ਦਾ ਆਯੋਜਨ ਲਾਜਵੰਤੀ ਸਟੇਡੀਅਮ ਹੁਸ਼ਿਆਰਪੁਰ ਵਿਖੇ ਕੀਤਾ ਗਿਆ।ਜਿਸ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੇੜ੍ਹਪੱਤੀ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਜਸਵੀਰ ਸਿੰਘ ਨੇ ਦੱਸਿਆ ਕਿ ਸਕੂਲ ਨੇ ਪਿਛਲੇ ਪੰਜ ਸਾਲਾਂ ਤੋਂ ਆਪਣਾ ਜਿਲ੍ਹਾ ਪੱਧਰੀ ਖੇਡਾਂ ਵਿੱਚ ਦਬਦਬਾ ਕਾਇਮ ਰੱਖਿਆ ਹੈ। ਉਹਨਾਂ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਨਿੱਖੜਵਾਂ ਅੰਗ ਹਨ ਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਹਨਾਂ ਖੇਡ ਮੁਕਾਬਲਿਆਂ ਵਿੱਚ ਖੋ-ਖੋ ਕੁੜੀਆਂ ਨੇ ਜਿਲ੍ਹੇ ਵਿੱਚ ਪਹਿਲਾ ਸਥਾਨ ਤੇ ਖੋ-ਖੋ ਮੁੰਡੇ ਦੂਜੇ ਸਥਾਨ ਤੇ ਰਹੇ ।ਸਕੂਲ ਨੇ ਪਹਿਲੀ ਵਾਰ ਅਥਲੈਟਿਕਸ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਜਿਸ ਦੇ ਤਹਿਤ 600 ਮੀਟਰ ਦੌੜ ਵਿੱਚ ਸਕੂਲ ਦੀ ਵਿਦਿਆਰਥਣ ਜੀਆ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ।ਰਿਲੇਅ ਰੇਸ ਕੁੜੀਆਂ 400 ਮੀਟਰ ਕੁੜੀਆਂ ਵਿੱਚ ਦੂਜਾ ਸਥਾਨ ਹਾਸਲ ਕਰ ਚਾਂਦੀ ਦਾ ਤਗ਼ਮਾ ਜਿੱਤਿਆ ।400ਮੀਟਰ ਦੌੜ ਕੁੜੀਆਂ ਵਿੱਚ ਪੂਨਮਲਤਾ ਨੇ ਤੀਜਾ ਸਥਾਨ ਹਾਸਲ ਕਰ ਤਾਂਬੇ ਦਾ ਤਗ਼ਮਾ ਜਿੱਤਿਆ।ਪ੍ਰਿੰਸੀਪਲ ਰਜੇਸ਼ ਸਿੰਘ ਨੇ ਕਿਹਾ ਕਿ ਸਕੂਲ ਕੋਲ ਬਿਨਾਂ ਖੇਡ ਮੈਦਾਨ ਦੇ ਇਹ ਸਫਲਤਾ ਆਪਣੇ ਆਪ ਵਿੱਚ ਹੀ ਨਿਵੇਕਲੀ ਹੈ। ਬੀ ਐਨ ਓ ਅਮਿਤ ਰਾਣਾ ਤੇ ਸੀ ਐਚ ਟੀ ਸਰਬਜੀਤ ਪਾਲ ਨੇ ਕਿਹਾ ਕਿ ਇਹ ਸਫਲਤਾ ਕੋਚ ਤੇ ਅਧਿਆਪਕ ਚਮਨ ਲਾਲ,ਅਧਿਆਪਕਾ ਸਰੋਜ ਕੁਮਾਰੀ, ਭੁਵਨੇਸ਼ਵਰੀ ਦੇਵੀ, ਕਵਿਤਾ ,ਪ੍ਰਿਆ, ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਸਕੂਲ ਦੇ ਅਧਿਆਪਕਾਂ ਚਮਨ ਲਾਲ ਨੇ ਬਤੌਰ ਕੋਚ ਜਿੱਥੇ ਮੈਦਾਨ ਵਿੱਚ ਖੂਬ ਪਸੀਨਾ ਵਹਾਇਆ ਉੱਥੇ ਸਰੋਜ ਕੁਮਾਰੀ,ਭੁਵਨੇਸ਼ਵਰੀ ਦੇਵੀ,ਕਵਿਤਾ ਅਤੇ ਪ੍ਰਿਆ ਨੇ ਅਣਥੱਕ ਮਿਹਨਤ ਦਾ ਨਤੀਜਾ ਹੈ। ਜ਼ਿਕਰਯੋਗ ਹੈ ਕਿ ਇਹਨਾਂ ਖੇਡਾਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੇੜ੍ਹਪੱਤੀ ਨੇ ਕੁੱਲ 30 ਮੈਡਲ ਪ੍ਰਾਪਤ ਕਰ ਖੇਡਾਂ ਵਿੱਚ ਨਵਾਂ ਇਤਿਹਾਸ ਸਿਰਜਿਆ ਹੈ।ਇਸ ਮੌਕੇ ਤੇ ਸਤੀਸ਼ ਕੁਮਾਰ,ਦਵਿੰਦਰ ਸਿੰਘ,ਊਸ਼ਾ ਦੇਵੀ ਤੇ ਅਨੀਤਾ ਦੇਵੀ ਚੇਅਰਮੈਨ ਅੰਜਨਾ ਦੇਵੀ,ਪੰਚ ਰੀਟਾ ਦੇਵੀ, ਤਿਲਕ ਰਾਜ ਤੇ ਸਰਪੰਚ ਨਰਿੰਦਰ ਸਿੰਘ ਵੀ ਹਾਜ਼ਰ ਸਨ।

ਆਦੋਆਨਾ ਨੂੰ ਗੁੱਜਰ ਮਹਾਂਸਭਾ ਦਾ ਰਾਸ਼ਟਰੀ ਪ੍ਰਧਾਨ ਚੁਣਿਆ ਜਾਣਾ ਮਾਣ ਵਾਲੀ ਗੱਲ : ਜਲਾਲਪੁਰ

ਬਲਾਚੌਰ (ਜਸਵਿੰਦਰ ਬੈਂਸ)- ਗੁੱਜਰ ਮਹਾਸਭਾ ਵੱਲੋਂ ਪੰਜਾਬ ਦੇ ਬਲਾਚੌਰ ਹਲਕੇ ਨਾਲ ਸਬੰਧਤ ਨੌਜਵਾਨ ਆਗੂ ਰਾਹੁਲ ਚੌਧਰੀ ਆਦੋਆਨਾ ਨੂੰ ਰਾਸ਼ਟਰੀ ਪ੍ਰਧਾਨ ਚੁਣੇ ਜਾਣ 'ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਸਤਨਾਮ ਚੇਚੀ ਜਲਾਲਪੁਰ ਆਪਣੇ ਸਾਥੀਆਂ ਸਮੇਤ ਪਿੰਡ ਆਦੋਆਨਾ ਵਿਖੇ ਰਾਹੁਲ ਚੌਧਰੀ ਦੇ ਗ੍ਰਹਿ ਵਿਖੇ ਪਹੁੰਚੇ। ਉਨ੍ਹਾਂ ਨੇ ਰਾਹੁਲ ਚੌਧਰੀ ਨੂੰ ਗੁੱਜਰ ਮਹਾਸਭਾ ਦਾ ਰਾਸ਼ਟਰੀ ਪ੍ਰਧਾਨ ਚੁਣੇ ਜਾਣ 'ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਸਾਂਝੀ ਕੀਤੀ।

ਇਸ ਮੌਕੇ ਸਤਨਾਮ ਚੇਚੀ ਜਲਾਲਪੁਰ ਨੇ ਕਿਹਾ ਕਿ ਇਹ ਸਮੁੱਚੇ ਬਲਾਚੌਰ ਹਲਕੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਪੂਰੇ ਭਾਰਤ ਦੇਸ਼ ਵਿੱਚੋਂ ਪੰਜਾਬ ਦੇ ਬਲਾਚੌਰ ਹਲਕੇ ਦੇ ਨੌਜਵਾਨ ਆਗੂ ਰਾਹੁਲ ਚੌਧਰੀ ਆਦੋਆਨਾ ਨੂੰ ਗੁੱਜਰ ਮਹਾਸਭਾ ਵੱਲੋਂ ਰਾਸ਼ਟਰੀ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪ ਕੇ ਮਾਣ ਬਖ਼ਸ਼ਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਰਾਹੁਲ ਚੌਧਰੀ ਆਦੋਆਨਾ ਲਈ ਹੀ ਨਹੀਂ, ਸਗੋਂ ਪੂਰੇ ਇਲਾਕੇ ਅਤੇ ਗੁੱਜਰ ਸਮਾਜ ਲਈ ਵੀ ਮਾਣ ਅਤੇ ਖੁਸ਼ੀ ਦਾ ਮੌਕਾ ਹੈ। ਇਸ ਮੌਕੇ ਚੌਧਰੀ ਹਰਮੇਸ਼ ਭਾਟੀਆ, ਦਵਿੰਦਰ ਚੌਧਰੀ, ਦੇਵਰਾਜ ਭਾਟੀਆ, ਚੌਧਰੀ ਵਿੱਕੀ ਰਤੇਵਾਲ, ਚੌਧਰੀ ਸੰਜੂ, ਬਲਜੀਤ ਚੌਧਰੀ, ਆਕਾਸ਼ ਚੌਧਰੀ ਤੇ ਹੋਰ ਸਾਥੀ ਹਾਜ਼ਰ ਸਨ।

ਭਗਵਤੀ ਜਾਗਰਣ 14 ਨਵੰਬਰ ਨੂੰ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਕੰਧਾਲੀ ਨੌਰੰਗ ਪੁਰ ਵਿਖੇ ਬਾਬਾ ਸਿੱਧ ਚਰਨੋ ਕੱਲਬ ਦੇ ਸਹਿਯੋਗ ਨਾਲ ਸਾਲਾਨਾ ਦੀ ਤਰ੍ਹਾਂ 14 ਨਵੰਬਰ ਦਿਨ ਸਨੀਚਰਵਾਰ ਨੂੰ ਸਾਲਾਨਾ ਦੀ ਤਰ੍ਹਾਂ ਭਗਵਤੀ ਜਾਗਰਣ ਕਰਵਾਇਆ ਜਾ ਰਿਹਾ ਹੈ। ਇਸ ਸੰਬਧੀ ਪ੍ਰਧਾਨ ਕਮਲਜੀਤ ਸਿੰਘ ਅਤੇ ਸੁਰਿੰਦਰਪਾਲ ਸਿੰਘ ਨੇ ਦਸਿਆ ਕਿ ਭਗਵਤੀ ਜਾਗਰਣ ਮੌਕੇ ਅਤੁੱਟ ਲੰਗਰ ਵਰਤਾਇਆ ਜਾਵੇਗਾ ਅਤੇ ਪੰਜਾਬ ਦੀ ਮਸ਼ਹੂਰ ਜਾਗਰਣ ਪਾਰਟੀ ਦੇ ਕਲਾਕਾਰ ਕੁਲਦੀਪ ਕੁਕੀ ਜਾਗਰਣ ਪਾਰਟੀ ਸਾਰੀ ਰਾਤ ਮਾਤਾ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ ਤੇ ਇਸ ਇਲਾਕੇ ਦੀਆਂ ਸੰਗਤਾਂ ਵੱਧ ਚੜਕੇ ਹਾਜ਼ਰੀ ਭਰਨਗੀਆਂ।

ਅਮਿਤ ਸ਼ਾਹ ਤੋਂ ਅਧਿਆਪਕ ਭਵਨ ਬਣਾਉਣ ਦੀ ਕੀਤੀ ਮੰਗ

ਚੰਡੀਗੜ੍ਹ (ਸੁਰਜੀਤ ਸੁਮਨ)- ਚੰਡੀਗੜ੍ਹ ਦੇ ਸਾਬਕਾ ਅਧਿਆਪਕਾਂ ਦੀ ਜਥੇਬੰਦੀ ਦੀ ਇੱਕ ਵਿਸ਼ੇਸ਼ ਮੀਟਿੰਗ ਸੈਣੀ ਭਵਨ ਸੈਕਟਰ-24 ਚੰਡੀਗੜ੍ਹ ਵਿਖੇ ਜਥੇਬੰਦੀ ਦੇ ਪ੍ਰਧਾਨ ਬਹਾਦਰ ਸਿੰਘ ਗੋਸਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਯੂ ਟੀ ਤੋਂ ਸੇਵਾ ਮੁਕਤ ਬਹੁਤ ਸਾਰੇ ਅਧਿਆਪਕਾਂ ਤੇ ਅਫਸਰਾਂ ਨੇ ਭਾਗ ਲਿਆ। ਇਸ ਵਿਸ਼ੇਸ਼ ਮੀਟਿੰਗ ਵਿਚ ਜਥੇਬੰਦੀ ਦੇ ਸਮੂਹ ਮੈਂਬਰਾਂ ਵਲੋਂ ਇਸ ਗੱਲ 'ਤੇ ਦੁੱਖ ਪ੍ਰਗਟ ਕੀਤਾ ਗਿਆ ਕਿ ਚੰਡੀਗੜ੍ਹ ਨੂੰ ਭਾਵੇਂ ਸੁੰਦਰ ਸ਼ਹਿਰ ਤੇ ਸਿੱਖਿਆ ਸਾਗਰ ਦਾ ਰੁਤਬਾ ਮਿਲਿਆ ਹੋਇਆ ਹੈ, ਪਰ ਅਧਿਆਪਕਾਂ ਲਈ ਇੱਥੇ ਕੋਈ ਵੀ ਅਧਿਆਪਕ ਭਵਨ ਨਹੀਂ ਹੈ। ਉਨ੍ਹਾਂ ਨੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ, ਜਿਹੜੇ 1 ਨਵੰਬਰ 2026 ਦੇ ਸ਼ੁਭ ਮੌਕੇ ਤੇ ਚੰਡੀਗੜ੍ਹ ਆ ਰਹੇ ਹਨ, ਨੂੰ ਅਪੀਲ ਕੀਤੀ ਕਿ ਉਹ ਚੰਡੀਗੜ੍ਹ ਨੂੰ "ਅਧਿਆਪਕ ਭਵਨ" ਦਾ ਤੋਹਫਾ ਦੇ ਕੇ ਜਾਣ, ਜਿਸ ਲਈ ਯੂ.ਟੀ. ਦੇ ਅਧਿਆਪਕ ਲੰਬੇ ਸਮੇਂ ਤੋਂ ਮੰਗ ਕਰਦੇ ਆ ਰਹੇ ਹਨ। ਇਸ ਮੀਟਿੰਗ ਵਿੱਚ ਸਾਬਕਾ ਅਧਿਆਪਕਾਂ ਤੇ ਅਫਸਰਾਂ ਕ੍ਰਿਸ਼ਨ ਕੁਮਾਰ ਤੇਜਪਾਲ, ਡਾ. ਗੁਲਜ਼ਾਰ ਸਿੰਘ, ਵਿਕਰਮਜੀਤ ਕੌਰ, ਨਿਰਮਲ ਸੈਣੀ, ਹਰਬੰਸ ਕੌਰ, ਜਨਰਲ ਸਕੱਤਰ ਸੁਮੇਸ਼ ਵਰਮਾ, ਗਿਆਨ ਚੰਦ, ਗੁਰਪਾਲ ਸਿੰਘ, ਰੋਹਿਨੀ ਸ਼ਰਮਾ, ਤਰਜੀਤ ਸਿੰਘ ਅਤੇ ਜੀਤ ਸਿੰਘ ਸੋਮਲ ਸ਼ਾਮਲ ਸਨ।

ਮਿਸ਼ਨ 2027 ਦੀਆਂ ਤਿਆਰੀਆਂ ਤੇਜ਼, ਸਾਬਕਾ ਵਿਧਾਇਕ ਵੱਲੋਂ ਅਹਿਮ ਮੀਟਿੰਗ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ/ਪ੍ਰਦੀਪ ਸਿੰਘ ਅਟਵਾਲ)- ਪੰਜਾਬ ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਵੱਲੋਂ ਹਲਕਾ ਸੁਲਤਾਨਪੁਰ ਲੋਧੀ ਵਿੱਚ ਸਿਆਸੀ ਸਰਗਰਮੀਆਂ ਤੇਜ਼ ਕਰਦਿਆਂ ਪਿੰਡ ਹਰਨਾਮਪੁਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ।ਇਸ ਮੌਕੇ ਪਿੰਡ ਦੇ ਮੋਹਤਬਰਾਂ ਅਤੇ ਸਾਥੀਆਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਮਿਸ਼ਨ 2027 ਨੂੰ ਲੈ ਕੇ ਅਗਲੀ ਰਣਨੀਤੀ, ਲੋਕਾਂ ਨਾਲ ਸੰਪਰਕ ਮਜ਼ਬੂਤ ਕਰਨ ਅਤੇ ਹਲਕੇ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਬਲਕਾਰ ਸਿੰਘ ਭਲਵਾਨ, ਜਸਪਾਲ ਸਿੰਘ ਹਰਨਾਮਪੁਰ, ਜਸਵੀਰ ਸਿੰਘ ਟੂਰਨਾ, ਜਸਵਿੰਦਰ ਸਿੰਘ ਟੂਰਨਾ, ਛੁੰਮਣ ਸਿੰਘ, ਜਗਤਾਰ ਸਿੰਘ, ਜਸਵੰਤ ਸਿੰਘ ਚੰਦੀ, ਧੰਨਾ ਸ਼ਾਹ, ਬਲਵੰਤ ਸਿੰਘ, ਕੁਲਦੀਪ ਸਿੰਘ, ਸੁਖਵਿੰਦਰ ਸਿੰਘ, ਹਰਪਾਲ ਸਿੰਘ ਟੂਰਨਾ, ਸ਼ਿੰਗਾਰਾ ਸਿੰਘ, ਕਰਨੈਲ ਸਿੰਘ, ਹਰਵਿੰਦਰ ਸਿੰਘ ਅਤੇ ਸਾਧੂ ਸਿੰਘ ਸਮੇਤ ਪਿੰਡ ਦੇ ਹੋਰ ਸਾਥੀ ਮੌਜੂਦ ਸਨ। ਇਸ ਤੋਂ ਇਲਾਵਾ ਸਾਬਕਾ ਜ਼ਿਲ੍ਹਾ ਪ੍ਰਧਾਨ ਰਮੇਸ਼ ਡਡਵਿੰਡੀ, ਬਲਦੇਵ ਸਿੰਘ ਰੰਗੀਲਪੁਰ, ਅਮਰ ਸਿੰਘ ਮੰਡ, ਮੋਨੂੰ ਭੰਡਾਰੀ, ਹਰਨੇਕ ਸਿੰਘ ਵਿਰਦੀ, ਪਰਮਿੰਦਰ ਸਿੰਘ ਪਿੰਦਾ, ਗੁਰਪ੍ਰੀਤ ਸਿੰਘ ਭਿੰਡਰ, ਸੁਰਜੀਤ ਸਿੰਘ, ਬਲਵੀਰ ਸਿੰਘ ਸੰਧਾ ਅਤੇ ਬਲਜਿੰਦਰ ਸਿੰਘ ਪੀ.ਏ. ਸਮੇਤ ਹੋਰ ਸਾਥੀ ਵੀ ਹਾਜ਼ਰ ਸਨ।

ਰਿਸ਼ਵਤ ਮੰਗਣ ਵਾਲਿਆਂ ਦੀ ਵਿਜੀਲੈਂਸ ਬਿਊਰੋ ਨੂੰ ਲੋਕ ਸ਼ਿਕਾਇਤ ਕਰਨ : ਸੇਖੋਂ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਵਿਜੀਲੈਂਸ ਬਿਊਰੋ ਵੱਲੋਂ 1 ਨਵੰਬਰ 2026 ਤੱਕ ਮਨਾਏ ਜਾ ਰਹੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਤਹਿਤ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਵਿਜੀਲੈਂਸ ਬਿਊਰੋ ਯੂਨਿਟ ਹੁਸ਼ਿਆਰਪੁਰ ਦੇ ਡੀਐੱਸਪੀ ਮਨਦੀਪ ਸਿੰਘ ਸੇਖੋਂ ਨੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਆਪਣੇ ਫਰਜ਼ ਨਿਭਾਉਣ ਲਈ ਪ੍ਰੇਰਿਤ ਕੀਤਾ। ਸੈਮੀਨਾਰ ਵਿੱਚ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਚੰਦਰ ਮੋਹਨ, ਆਰ ਟੀ ਏ ਅਮਨਦੀਪ ਕੌਰ, ਤਹਿਸੀਲਦਾਰ ਮਨਦੀਪ ਸਿੰਘ, ਜੀ.ਆਰ.ਐੱਸ. ਕੁੰਤਕ ਪਾਠਕ ਅਤੇ ਬੀ ਡੀ ਪੀ ਓ ਦਫ਼ਤਰ ਹੁਸ਼ਿਆਰਪੁਰ ਤੋਂ ਜੀ.ਆਰ.ਐੱਸ. ਚਰਨਜੀਤ ਸਿੰਘ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਇਲਾਵਾ ਯੂਨੀਵਰਸਿਟੀ ਦੇ ਸਟਾਫ਼ ਮੈਂਬਰਾਂ ਅਤੇ ਲਗਭਗ 200 ਵਿਦਿਆਰਥੀਆਂ ਨੇ ਭਾਗ ਲਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡੀ ਐੱਸ ਪੀ ਮਨਦੀਪ ਸਿੰਘ ਸੇਖੋਂ ਨੇ ਕਿਹਾ ਕਿ ਇੱਕ ਸਾਫ਼-ਸੁਥਰੇ, ਪਾਰਦਰਸ਼ੀ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਲਈ ਹਰੇਕ ਵਿਅਕਤੀ ਨੂੰ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਵਿਜੀਲੈਂਸ ਬਿਊਰੋ ਦੀ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕਿਸੇ ਸਰਕਾਰੀ ਕੰਮ ਨੂੰ ਕਰਨ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਇਸ ਸਬੰਧੀ ਵਿਜੀਲੈਂਸ ਬਿਊਰੋ ਕੋਲ ਸ਼ਿਕਾਇਤ ਕੀਤੀ ਜਾ ਸਕਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਰਿਸ਼ਵਤਖੋਰੀ ਦੇ ਮਾਮਲਿਆਂ ਨੂੰ ਸਾਹਮਣੇ ਲਿਆਉਣ ਵਿੱਚ ਸਹਿਯੋਗ ਕਰਨ, ਤਾਂ ਜੋ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾ ਸਕੇ।

ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣਗੀਆਂ : ਚੇਚੀ

ਪੋਜੇਵਾਲ, ਬਲਾਚੌਰ (ਰਾਮ ਲਾਲ, ਜਸਵਿੰਦਰ ਬੈਂਸ)- ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਐਡਵੋਕੇਟ ਸੰਜੀਵ ਚੇਚੀ ਵੱਲੋਂ ਬਲਾਚੌਰ ਦੇ ਮਾਰਕੀਟ ਕਮੇਟੀ ਦਫ਼ਤਰ ਵਿਖੇ ਸ਼ਹਿਰ ਵਾਸੀਆਂ ਨਾਲ ਲੋਕ ਮਿਲਣੀ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਪਹੁੰਚੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਜ਼ਰੂਰਤਾਂ ਅਤੇ ਸੁਝਾਅ ਧਿਆਨ ਨਾਲ ਸੁਣੇ। ਇਸ ਮੌਕੇ ਐਡਵੋਕੇਟ ਸੰਜੀਵ ਚੇਚੀ ਨੇ ਲੋਕਾਂ ਨਾਲ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਬਲਾਚੌਰ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਵੱਲੋਂ ਧਿਆਨ ਵਿੱਚ ਲਿਆਂਦੀਆਂ ਗਈਆਂ ਸਮੱਸਿਆਵਾਂ ਨੂੰ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਸ਼ਹਿਰਾਂ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਵਾਉਣਾ ਹੀ ਲੋਕ ਨੁਮਾਇੰਦਿਆਂ ਦੀ ਅਸਲ ਜ਼ਿੰਮੇਵਾਰੀ ਹੈ।

ਜਨਮ ਦਿਨ ਮੁਬਾਰਕ

ਰਹਿਤਾਬ ਸਿੰਘ
ਭੀਖੀ